ਸ਼ਨੀਵਾਰ, 18 ਨਵੰਬਰ, 2023
3 ਮੱਘਰ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 168

# ਨਵਾਂ ਜ਼ਮਾਨਾ

DAILY NAWAN ZAMANA • SATURDAY, 18 NOVEMBER, 2023
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ  Regd. No : Pb/JL-123/2021-23, (R.N.I.)-00068/57  E-mail : nawanzamana@gmail.com  www.nawanzamana.in  ਸਫ਼ੇ : 12

## ਪੰਜਾਬ ਨੂੰ ਮੈਡੀਕਲ ਸਿੱਖਿਆ ਦੇ ਗੜ੍ਹ ਵਜੋਂ ਵਿਕਸਤ ਕੀਤਾ ਜਾਵੇਗਾ : ਮੁੱਖ ਮੰਤਰੀ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਨਰਿੰਦਰਜੀਤ ਸਿੰਘ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁੱਕਰਵਾਰ ਨੂੰ ਐਲਾਨ ਕੀਤਾ ਕਿ ਮੈਡੀਕਲ ਸਿੱਖਿਆ ਖ਼ੇਤਰ ਨੂੰ ਵੱਡਾ ਹੁਲਾਰਾ ਦਿੰਦਿਆਂ ਪੰਜਾਬ ਨੂੰ ਮੈਡੀਕਲ ਸਿੱਖਿਆ ਦੇ ਗੜ੍ਹ ਵਜੋਂ ਵਿਕਸਤ ਕੀਤਾ ਜਾਵੇਗਾ। ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ ਦੇ ਸ਼ਤਾਬਦੀ ਜਸ਼ਨਾਂ ਦੌਰਾਨ ਓ ਪੀ ਡੀ ਬਲਾਕ ਤੇ ਸਟੇਟ ਕੈਂਸਰ ਇੰਸਟੀਚਿਊਟ ਵਿੱਚ ਓ ਟੀ ਕੰਪਲੈਕਸ, ਰੇਡੀਏਸ਼ਨ ਥੈਰੇਪੀ ਬਲਾਕ, ਸੀਨੀਅਰ ਰੈਜ਼ੀਡੈਂਟ ਹੋਸਟਲ ਬਲਾਕ, ਨਰਸਿੰਗ ਹੋਸਟਲ ਬਲਾਕ, ਲੜਕਿਆਂ ਦਾ ਹੋਸਟਲ ਤੇ ਈ-ਹਸਪਤਾਲ ਪ੍ਰਾਜੈਕਟ ਵਿੱਚ ਆਡੀਟੋਰੀਅਮ ਲੋਕਾਂ ਨੂੰ ਸਮਰਪਤ ਕਰਨ ਮਗਰੋਂ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਪਹਿਲਾਂ ਹੀ ਇਸ ਦਿਸ਼ਾ ਵਿੱਚ ਪੁਰਜ਼ੋਰ ਕੋਸ਼ਿਸ਼ਾਂ ਕਰ ਰਹੀ ਹੈ। ਉਨ੍ਹਾ ਕਿਹਾ ਕਿ ਇਸ ਮੰਤਵ ਲਈ ਫੰਡਾਂ ਦੀ ਕੋਈ ਘਾਟ ਨਹੀਂ ਹੈ ਅਤੇ ਇਸ ਨੇਕ ਕਾਰਜ ਨੂੰ ਨੇਪਰੇ ਚਾੜ੍ਹਨ 'ਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾ ਕਿਹਾ ਕਿ ਇਸ ਖ਼ੇਤਰ 'ਚ ਪੰਜਾਬ ਕੋਲ ਬੇਹੱਦ ਸੰਭਾਵਨਾਵਾਂ ਹਨ ਅਤੇ ਸੂਬੇ 'ਚ ਮੈਡੀਕਲ ਟੂਰਿਜ਼ਮ ਨੂੰ ਤਰੱਕੀ ਦੇਣੀ ਯਕੀਨੀ ਬਣਾਉਣ ਉਤੇ ਜ਼ੋਰ ਦਿੱਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਵਿੱਚ ਹੀ ਨਾਗਰਿਕ ਸੇਵਾਵਾਂ ਮੁਹੱਈਆ ਕਰਨ ਲਈ ਸੂਬਾ ਸਰਕਾਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ 27 ਨਵੰਬਰ ਤੋਂ ਇਕ ਨਿਵੇਕਲੀ ਪਹਿਲ ਦੀ ਸ਼ੁਰੂਆਤ ਕਰੇਗੀ। ਇਸ ਮੁਹਿੰਮ ਤਹਿਤ 40 ਤੋਂ 42 ਸੇਵਾਵਾਂ ਬਿਨਾਂ ਕਿਸੇ ਦਿੱਕਤ ਦੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਵਿੱਚ ਹੀ ਮੁਹੱਈਆ ਹੋਣਗੀਆਂ। ਮੁੱਖ ਮੰਤਰੀ ਨੇ ਇਹ ਵੀ ਐਲਾਨ ਕੀਤਾ ਕਿ 26 ਜਨਵਰੀ ਤੋਂ ਪੰਜਾਬ ਦੇ ਸਾਰੇ ਤਹਿਸੀਲ ਤੇ ਜ਼ਿਲ੍ਹਾ ਪੱਧਰ ਦੇ ਹਸਪਤਾਲ ਐਕਸਰੇ ਮਸ਼ੀਨਾਂ ਨਾਲ ਲੈਸ ਹੋਣਗੇ। ਉਨ੍ਹਾ ਕਿਹਾ ਕਿ ਆਗਾਮੀ ਗਣਤੰਤਰ ਦਿਵਸ ਤੋਂ ਇਹ ਸਹੂਲਤ ਸਾਰੇ ਹਸਪਤਾਲਾਂ 'ਚ ਮੁਹੱਈਆ ਹੋਵੇਗੀ ਅਤੇ ਇਨ੍ਹਾਂ ਮਸ਼ੀਨਾਂ ਨੂੰ ਚਲਾਉਣ ਲਈ ਅਪਰੇਟਰ ਵੀ ਤਾਇਨਾਤ ਕੀਤੇ ਜਾਣਗੇ। ਡਾਕਟਰਾਂ ਵੱਲੋਂ ਲਿਖੀਆਂ ਸਾਰੀਆਂ ਦਵਾਈਆਂ ਹੁਣ ਹਸਪਤਾਲਾਂ ਦੇ ਅੰਦਰ ਹੀ ਉਪਲਬਧ ਹੋਣਗੀਆਂ, ਜਿਸ ਨਾਲ ਲੋਕਾਂ ਦੀ ਲੁੱਟ ਬੰਦ ਹੋਵੇਗੀ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ 'ਚ ਮੈਡੀਕਲ ਸਿੱਖਿਆ ਨੂੰ ਵੱਡਾ ਹੁਲਾਰਾ ਦੇਣ ਲਈ ਸੂਬਾ ਸਰਕਾਰ ਨੇ ਆਉਣ ਵਾਲੇ ਪੰਜ ਸਾਲਾਂ ਵਿੱਚ 16 ਨਵੇਂ ਮੈਡੀਕਲ ਕਾਲਜਾਂ ਦੇ ਨਿਰਮਾਣ ਦਾ ਫੈਸਲਾ ਕੀਤਾ ਹੈ, ਜਿਸ ਨਾਲ ਪੰਜਾਬ 'ਚ ਮੈਡੀਕਲ ਕਾਲਜਾਂ ਦੀ ਕੁੱਲ ਗਿਣਤੀ ਵਧ ਕੇ 25 ਹੋ ਜਾਵੇਗੀ ਅਤੇ ਸੂਬੇ ਦੇ ਹਰੇਕ ਜ਼ਿਲ੍ਹੇ 'ਚ ਇਕ ਮੈਡੀਕਲ ਕਾਲਜ ਦੀਆਂ ਸੇਵਾਵਾਂ ਯਕੀਨੀ ਬਣਨਗੀਆਂ। ਉਨ੍ਹਾ ਕਿਹਾ ਕਿ ਅਜਿਹਾ ਇਕ ਮੈਡੀਕਲ ਕਾਲਜ ਹੁਸ਼ਿਆਰਪੁਰ ਵਿਖੇ ਸ਼ਨੀਵਾਰ ਨੂੰ ਇਕ ਪ੍ਰੋਗਰਾਮ ਦੌਰਾਨ ਲੋਕਾਂ ਨੂੰ ਸਮਰਪਤ ਕੀਤਾ ਜਾਵੇਗਾ। ਮਾਨ ਨੇ ਕਿਹਾ ਕਿ ਲੋਕਾਂ ਨੂੰ ਮਿਆਰੀ ਡਾਕਟਰੀ ਸਹੂਲਤਾਂ ਯਕੀਨੀ ਬਣਾਉਣ ਲਈ ਹੋਰ ਮੈਡੀਕਲ ਕਾਲਜ ਵੀ ਛੇਤੀ ਖੋਲ੍ਹੇ ਜਾਣਗੇ।

ਇਸ ਤੋਂ ਪਹਿਲਾਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਸਮੂਹ ਪਤਵੰਤਿਆਂ ਨੂੰ ਜੀ ਆਇਆਂ ਆਖਿਆ।

## ਮਜ਼ਦੂਰਾਂ ਦੇ ਸੁਰੰਗ ਵਿੱਚੋਂ ਬਾਹਰ ਆਉਣ ਦੀਆਂ ਉਮੀਦਾਂ ਵਧੀਆਂ

**ਉੱਤਰਕਾਸ਼ੀ** : ਸਿਲਕਿਆਰਾ ਸੁਰੰਗ ਵਿਚ ਨਵੀਂ ਅਤੇ ਤਾਕਤਵਰ ਡ੍ਰਿਲਿੰਗ ਮਸ਼ੀਨ ਸ਼ੁੱਕਰਵਾਰ ਸਵੇਰ ਤੱਕ 22 ਮੀਟਰ ਮਲਬੇ ਵਿਚ ਚਲੀ ਗਈ, ਜਿਸ ਨਾਲ ਪਿਛਲੇ ਪੰਜ ਦਿਨਾਂ ਤੋਂ ਇਸ ਵਿਚ ਫਸੇ 40 ਮਜ਼ਦੂਰਾਂ ਦੇ ਜਲਦੀ ਬਾਹਰ ਆਉਣ ਦੀਆਂ ਉਮੀਦਾਂ ਵਧ ਗਈਆਂ ਹਨ। ਸੁਰੰਗ 'ਚ 45 ਤੋਂ 60 ਮੀਟਰ ਤੱਕ ਮਲਬਾ ਹੈ, ਜਿਸ 'ਚ ਡ੍ਰਿਲਿੰਗ ਕੀਤੀ ਜਾਣੀ ਹੈ। ਯੋਜਨਾ ਇਹ ਹੈ ਕਿ ਡ੍ਰਿਲਿੰਗ ਰਾਹੀਂ ਮਲਬੇ 'ਚ ਰਸਤਾ ਬਣਾ ਕੇ 800 ਮਿਲੀਮੀਟਰ ਅਤੇ 900 ਮਿਲੀਮੀਟਰ ਵਿਆਸ ਦੀਆਂ ਕਈ ਵੱਡੀਆਂ ਪਾਈਪਾਂ ਨੂੰ ਇੱਕ ਤੋਂ ਬਾਅਦ ਇੱਕ ਇਸ ਤਰ੍ਹਾਂ ਪਾਇਆ ਜਾਵੇਗਾ ਕਿ ਮਲਬੇ ਦੇ ਇਕ ਪਾਸੇ ਤੋਂ ਦੂਜੇ ਪਾਸੇ ਹੋਰ ਸੁਰੰਗ ਬਣ ਜਾਵੇ ਅਤੇ ਮਜ਼ਦੂਰ ਇਸ ਵਿੱਚੋਂ ਲੰਘ ਕੇ ਬਾਹਰ ਆ ਸਕਣ।



## ਨੂਹ 'ਚ ਆਗੂਆਂ ਨੇ ਸਥਿਤੀ ਵਿਗੜਨੋਂ ਬਚਾਈ



**ਗੁਰੂਗਰਾਮ** : ਹਰਿਆਣਾ ਦੇ ਨੂਹ ਕਸਬੇ ਦੇ ਪਾਂਡੂ ਰਾਮ ਚੌਕ ਇਲਾਕੇ 'ਚ ਵੀਰਵਾਰ ਰਾਤ ਬੱਚਿਆਂ ਵੱਲੋਂ ਕਥਿਤ ਪਥਰਾਅ ਕਾਰਨ ਤਨਾਅ ਪੈਦਾ ਹੋ ਗਿਆ। ਰੋਸ ਵਜੋਂ ਸ਼ੁੱਕਰਵਾਰ ਸਵੇਰੇ ਦੁਕਾਨਦਾਰਾਂ ਨੇ ਦੁਕਾਨਾਂ ਨਹੀਂ ਖੋਲ੍ਹੀਆਂ। ਵਿਧਾਇਕ ਆਫਤਾਬ ਅਹਿਮਦ, ਭਾਜਪਾ ਦੇ ਸਾਬਕਾ ਵਿਧਾਇਕ ਚੌਧਰੀ ਜ਼ਾਕਿਰ ਹੁਸੈਨ, ਜ਼ਿਲ੍ਹਾ ਭਾਜਪਾ ਪ੍ਰਧਾਨ ਨਰਿੰਦਰ ਪਟੇਲ ਤੇ ਕਈ ਹੋਰ ਆਗੂਆਂ ਤੇ ਅਫਸਰਾਂ ਨੇ ਨਵੀਂ ਧਰਮਸ਼ਾਲਾ ਵਿਚ ਦੁਕਾਨਦਾਰਾਂ ਨਾਲ ਮੀਟਿੰਗ ਕਰਕੇ ਆਪਸੀ ਸਹਿਮਤੀ ਨਾਲ ਬਾਜ਼ਾਰ ਖੁਲ੍ਹਵਾਇਆ। ਪੁਲਸ ਨੇ ਦੱਸਿਆ ਕਿ ਰਾਤੀਂ ਕਰੀਬ 8 ਵਜੇ ਰਾਮ ਅਵਤਾਰ ਆਪਣੇ ਪਰਿਵਾਰ ਤੇ 70-80 ਮਹਿਲਾਵਾਂ ਨਾਲ ਨੇੜਲੇ ਕੈਲਾਸ਼ ਮੰਦਰ ਵਿਚ ਕੂਆਂ ਪੂਜਨ ਕਰਨ ਜਾ ਰਿਹਾ ਸੀ। ਜਦੋਂ ਉਹ ਮਦਰੱਸੇ ਕੋਲੋਂ ਲੰਘੇ ਤਾਂ ਬੱਚਿਆਂ ਨੇ ਉਨ੍ਹਾਂ 'ਤੇ ਪਥਰਾਅ ਕਰ ਦਿੱਤਾ। ਤਿੰਨ ਮਹਿਲਾਵਾਂ ਜ਼ਖਮੀ ਹੋ ਗਈਆਂ। ਨੂਹ ਪੁਲਸ ਦੇ ਲੋਕ ਸੰਪਰਕ ਅਧਿਕਾਰੀ ਕ੍ਰਿਸ਼ਨ ਕੁਮਾਰ ਨੇ ਦੱਸਿਆ ਕਿ ਮਦਰੱਸਾ ਸਟਾਫ ਨੇ ਮੰਨਿਆ ਕਿ ਬੱਚਿਆਂ ਨੇ ਗਲਤੀ ਕੀਤੀ। ਉਹ ਰੋੜਿਆਂ ਤੇ ਚੱਪਲਾਂ ਨਾਲ ਖੇਡ ਰਹੇ ਸਨ। ਜੁੱਤੀ ਤੇ ਰੋੜੇ ਲੰਘ ਰਹੇ ਲੋਕਾਂ 'ਤੇ ਡਿੱਗ ਗਏ। ਮੌਲਵੀ ਜ਼ਾਹਿਦ ਹੁਸੈਨ ਨੇ ਕਿਹਾ ਕਿ ਉਹ ਇਸ ਲਈ ਕਈ ਵਾਰ ਮੁਆਫੀ ਮੰਗ ਚੁੱਕੇ ਹਨ। ਉਹ ਭਾਈਚਾਰਾ ਖਰਾਬ ਨਹੀਂ ਹੋਣ ਦੇਣਾ ਚਾਹੁੰਦੇ। ਜੇ ਮੁਆਫੀ ਕਬੂਲ ਨਹੀਂ ਤਾਂ ਉਹ ਬੱਚਿਆਂ ਨੂੰ ਪੁਲਸ ਹਵਾਲੇ ਕਰਨ ਲਈ ਤਿਆਰ ਹਨ। ਪਰ ਸ਼ੋਭਾ ਯਾਤਰਾ ਕੱਢ ਰਹੇ ਲੋਕਾਂ ਨੇ ਦੋਸ਼ ਲਾਇਆ ਕਿ ਉਨ੍ਹਾਂ 'ਤੇ ਪਥਰਾਅ ਕੀਤਾ ਗਿਆ। ਉਨ੍ਹਾਂ ਦੇ ਕਹਿਣ 'ਤੇ ਪੁਲਸ ਨੇ ਐੱਫ ਆਈ ਆਰ ਦਰਜ ਕਰਕੇ ਤਿੰਨ ਬੱਚਿਆਂ ਨੂੰ ਹਿਰਾਸਤ 'ਚ ਲੈ ਲਿਆ ਹੈ। ਨੂਹ ਵਿਚ 31 ਜੁਲਾਈ ਨੂੰ ਹੋਈ ਫਿਰਕੂ ਹਿੰਸਾ 'ਚ ਦੋ ਹੋਮਗਾਰਡਾਂ ਸਣੇ 6 ਵਿਅਕਤੀ ਮਾਰੇ ਗਏ ਸਨ। ਉਦੋਂ ਬ੍ਰਿਜਮੰਡਲ ਜਲਾਭਿਸ਼ੇਕ ਯਾਤਰਾ 'ਤੇ ਪਥਰਾਅ ਹੋਇਆ ਸੀ।

## ਦਿੱਲੀ ਦੀ ਹਾਲਤ ਹੋਰ ਖਰਾਬ



**ਨਵੀਂ ਦਿੱਲੀ** : ਦਿੱਲੀ ਦੀ ਹਵਾ ਦੀ ਗੁਣਵੱਤਾ ਸ਼ੁੱਕਰਵਾਰ 'ਗੰਭੀਰ' ਤੋਂ 'ਬਹੁਤ ਗੰਭੀਰ' ਸ਼੍ਰੇਣੀ ਵਿਚ ਪੁੱਜ ਗਈ। ਇਸ ਹਾਲਾਤ 'ਚ ਵਾਹਨਾਂ ਲਈ ਕਲੀ-ਜੋਟਾ ਯੋਜਨਾ ਲਾਗੂ ਕੀਤੀ ਜਾ ਸਕਦੀ ਹੈ। ਸ਼ਹਿਰ ਦਾ ਏਅਰ ਕੁਆਲਿਟੀ ਇੰਡੈਕਸ ਸਵੇਰੇ 7 ਵਜੇ 437 ਸੀ, ਜਦੋਂ ਕਿ ਵੀਰਵਾਰ ਸ਼ਾਮ 4 ਵਜੇ ਇਹ 419 ਸੀ।

## ਬੀ ਐੱਨ ਜੀ ਨਹੀਂ ਰਹੇ



**ਚੰਡੀਗੜ੍ਹ** : ਕੌਮਾਂਤਰੀ ਪ੍ਰਸਿੱਧੀ ਵਾਲੇ ਕਲਾ ਇਤਿਹਾਸਕਾਰ ਬ੍ਰਜਿੰਦਰ ਨਾਥ ਗੋਸਵਾਮੀ ਦਾ ਸ਼ੁੱਕਰਵਾਰ ਇੱਥੇ ਲੰਬੀ ਬਿਮਾਰੀ ਕਾਰਨ ਦੇਹਾਂਤ ਹੋ ਗਿਆ। ਪਦਮਸ੍ਰੀ ਅਤੇ ਪਦਮ ਭੂਸ਼ਣ ਪੁਰਸਕਾਰ ਪ੍ਰਾਪਤ 90 ਸਾਲਾ ਗੋਸਵਾਮੀ ਨੂੰ ਕਲਾ ਦੇ ਖੇਤਰ 'ਚ ਪਿਆਰ ਨਾਲ ਬੀ ਐੱਨ ਜੀ ਵਜੋਂ ਜਾਣਿਆ ਜਾਂਦਾ ਸੀ। ਉਨ੍ਹਾ 26 ਤੋਂ ਵੱਧ ਕਿਤਾਬਾਂ ਲਿਖੀਆਂ।

## 6 ਦਹਿਸ਼ਤਗਰਦ ਹਲਾਕ

**ਸ੍ਰੀਨਗਰ** : ਜੰਮੂ-ਕਸ਼ਮੀਰ ਦੇ ਕੁਲਗਾਮ ਜ਼ਿਲ੍ਹੇ 'ਚ ਸੁਰੱਖਿਆ ਬਲਾਂ ਨਾਲ ਮੁਕਾਬਲੇ 'ਚ ਲਸ਼ਕਰ-ਏ-ਤੋਇਬਾ ਦੇ ਪੰਜ ਦਹਿਸ਼ਤਗਰਦ ਮਾਰੇ ਗਏ। ਪੁਲਸ ਮੁਤਾਬਕ ਪੰਜ ਲਾਸ਼ਾਂ ਨੂੰ ਡਰੋਨ ਰਾਹੀਂ ਦੇਖਿਆ ਗਿਆ। ਮੁਕਾਬਲਾ ਵੀਰਵਾਰ ਰਾਤ ਸ਼ੁਰੂ ਹੋਇਆ ਸੀ ਤੇ ਸ਼ੁੱਕਰਵਾਰ ਤੜਕੇ ਕੁਲਗਾਮ ਦੇ ਨੇਹਾਮਾ ਪਿੰਡ ਵਿਚ ਦਹਿਸ਼ਤਗਰਦ ਮਾਰੇ ਗਏ। ਰਾਜੌਰੀ ਵਿਚ ਸ਼ੁੱਕਰਵਾਰ ਹੋਏ ਮੁਕਾਬਲੇ ਵਿਚ ਵੀ ਇਕ ਦਹਿਸ਼ਤਗਰਦ ਮਾਰਿਆ ਗਿਆ।

## ਪਿਕਅੱਪ ਖੱਡ 'ਚ, 8 ਮੌਤਾਂ

**ਨੈਨੀਤਾਲ** : ਉਤਰਾਖੰਡ ਦੇ ਨੈਨੀਤਾਲ ਜ਼ਿਲ੍ਹੇ ਵਿਚ ਸ਼ੁੱਕਰਵਾਰ ਚੇਦਾਖਾਨ-ਮਿਦਾਰ ਸੜਕ 'ਤੇ ਪਿਕਅੱਪ ਦੇ ਖੱਡ ਵਿਚ ਡਿੱਗਣ ਕਾਰਨ 8 ਯਾਤਰੀਆਂ ਦੀ ਮੌਤ ਹੋ ਗਈ, ਜਦਕਿ ਤਿੰਨ ਹੋਰ ਜ਼ਖ਼ਮੀ ਹੋ ਗਏ। ਮਰਨ ਵਾਲਿਆਂ 'ਚ ਪਤੀ-ਪਤਨੀ ਤੇ ਉਨ੍ਹਾਂ ਦਾ ਬੱਚਾ ਵੀ ਸ਼ਾਮਲ ਹੈ। ਨੈਨੀਤਾਲ ਦੇ ਐੱਸ ਐੱਸ ਪੀ ਪ੍ਰਹਿਲਾਦ ਨਾਰਾਇਣ ਮੀਨਾ ਨੇ ਦੱਸਿਆ ਕਿ ਹਾਦਸਾ ਸਵੇਰੇ 8 ਵਜੇ ਮੋਟਰਸਾਈਕਲ ਨੂੰ ਬਚਾਉਂਦਿਆਂ ਵਾਪਰਿਆ। ਉਸ ਸਮੇਂ ਗੱਡੀ ਪਟਲੋਟ ਤੋਂ ਅਮਜਦ ਪਿੰਡ ਜਾ ਰਹੀ ਸੀ।

## ਮੀਡੀਆ ਏ ਆਈ ਤੇ ਡੀਪ ਫੇਕ ਬਾਰੇ ਜਾਗਰੂਕ ਕਰੇ : ਮੋਦੀ

**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਪੱਤਰਕਾਰਾਂ ਨੂੰ ਅਪੀਲ ਕੀਤੀ ਕਿ ਉਹ ਲੋਕਾਂ ਨੂੰ 'ਆਰਟੀਫੀਸ਼ੀਅਲ ਇੰਟੈਲੀਜੈਂਸ' (ਏ ਆਈ) ਅਤੇ 'ਡੀਪ ਫੇਕ' ਬਾਰੇ ਜਾਗਰੂਕ ਕਰਨ। ਉਨ੍ਹਾ ਇੱਥੇ ਪਾਰਟੀ ਦੇ ਮੁੱਖ ਦਫਤਰ ਵਿਖੇ ਭਾਜਪਾ ਦੇ ਦੀਵਾਲੀ ਮਿਲਨ ਪ੍ਰੋਗਰਾਮ 'ਚ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਕਿਹਾ-ਮੈਂ ਹਾਲ ਹੀ 'ਚ ਵੀਡੀਓ ਦੇਖੀ, ਜਿੱਥੇ ਮੈਂ ਗਾ ਰਿਹਾ ਸੀ, ਜਿਹੜੇ ਮੈਨੂੰ ਪਸੰਦ ਕਰਦੇ ਹਨ, ਉਨ੍ਹਾਂ ਨੇ ਇਸ ਨੂੰ ਹੋਰਾਂ ਨਾਲ ਸਾਂਝਾ ਕਰ ਦਿੱਤਾ। ਅਜਿਹੀ ਤਕਨੀਕ ਤੋਂ ਪੈਦਾ ਹੋਣ ਵਾਲੇ ਖਤਰਿਆਂ ਬਾਰੇ ਮੀਡੀਆ ਲੋਕਾਂ ਨੂੰ ਜਾਗਰੂਕ ਕਰੇ।

## ਕੈਨੇਡਾ 'ਚ ਪੰਜਾਬੀ ਨੌਜਵਾਨ ਦੀ ਹੱਤਿਆ



**ਰਾਏਕੋਟ** : ਕੈਨੇਡਾ ਦੇ ਮਿਸੀਸਾਗਾ 'ਚ ਵੀਰਵਾਰ ਰਾਤ ਕਰੀਬ 11 ਵਜੇ ਨੱਥੋਵਾਲ ਦੇ ਨੌਜਵਾਨ ਜਗਰਾਜ ਸਿੰਘ (28) ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ। ਉਹ ਕਰੀਬ 3 ਮਹੀਨੇ ਪਹਿਲਾਂ ਪੜ੍ਹਾਈ ਲਈ ਕੈਨੇਡਾ ਗਿਆ ਸੀ। ਉਹ ਪੜ੍ਹਾਈ ਦੇ ਨਾਲ-ਨਾਲ ਮਿਸੀਸਾਗਾ ਦੇ ਯਾਰਡ ਉੱਪਰ ਸਕਿਓਰਿਟੀ ਗਾਰਡ ਦਾ ਕੰਮ ਕਰਦਾ ਸੀ, ਜਿੱਥੇ ਰਾਤ ਸਮੇਂ ਦੋ ਹਥਿਆਰਬੰਦ ਵਿਅਕਤੀਆਂ ਨੇ ਉਸ ਨੂੰ ਗੋਲੀਆਂ ਮਾਰ ਕੇ ਮਾਰ ਦਿੱਤਾ। ਜਗਰਾਜ ਸਿੰਘ ਦੇ ਪਿਤਾ ਬਲਵੀਰ ਸਿੰਘ ਦੀ ਪਹਿਲਾਂ ਹੀ ਮੌਤ ਹੋ ਚੁੱਕੀ ਹੈ ਅਤੇ ਮਾਤਾ ਸੁਖਦੀਪ ਕੌਰ ਨੇ ਸਖ਼ਤ ਮਿਹਨਤ ਨਾਲ ਪਾਲਣ-ਪੋਸ਼ਣ ਕੀਤਾ ਸੀ।

## ਅਵਾਰਾ ਕੁੱਤਿਆਂ ਨੇ ਬੱਚਾ ਖਾਧਾ

**ਜ਼ੀਰਾ (ਨਰਿੰਦਰ ਅਨੇਜਾ)**-ਨੇੜਲੇ ਪਿੰਡ ਸ਼ਾਹ ਵਾਲਾ 'ਚ ਭੱਠੇ 'ਤੇ ਕੰਮ ਕਰਦੇ ਪ੍ਰਵਾਸੀ ਦੇ ਇੱਕ ਸੱਤ ਸਾਲ ਦੇ ਮਾਸੂਮ ਬੱਚੇ ਰੌਸ਼ਨ ਨੂੰ ਅਵਾਰਾ ਕੁੱਤਿਆਂ ਨੇ ਨੋਚ ਨੋਚ ਕੇ ਖਾ ਲਿਆ ਤੇ ਦੂਸਰੇ ਨੂੰ ਗੰਭੀਰ ਰੂਪ 'ਚ ਜ਼ਖ਼ਮੀ ਕਰ ਦਿੱਤਾ। 24 ਘੰਟੇ ਬੀਤਣ ਦੇ ਬਾਵਜੂਦ ਪ੍ਰਸ਼ਾਸਨ ਜਾਂ ਭੱਠੇ ਦੇ ਮਾਲਕ ਨੇ ਉਨ੍ਹਾਂ ਨਾਲ ਦੁੱਖ ਸਾਂਝਾ ਕਰਨਾ ਵੀ ਮੁਨਾਸਿਬ ਨਹੀਂ ਸਮਝਿਆ।

## ਬਾਇਡਨ ਚੀਨ ਨਾਲ ਸੰਬੰਧਾਂ ਨੂੰ ਜ਼ਿੰਮੇਵਾਰੀ ਨਾਲ ਸੰਭਾਲਣ ਦੇ ਇੱਛੁਕ

**ਸਾਨ ਫਰਾਂਸਿਸਕੋ** : ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਨਾਲ ਮੁਲਾਕਾਤ ਤੋਂ ਇਕ ਦਿਨ ਬਾਅਦ ਅਮਰੀਕੀ ਰਾਸ਼ਟਰਪਤੀ ਜੋਅ ਬਾਇਡਨ ਨੇ ਕਿਹਾ ਕਿ ਉਹ ਚੀਨ ਨਾਲ ਸੰਬੰਧਾਂ ਨੂੰ ਜ਼ਿੰਮੇਵਾਰੀ ਨਾਲ ਸੰਭਾਲਣ ਦਾ ਇਰਾਦਾ ਰੱਖਦੇ ਹਨ। ਉਨ੍ਹਾ ਏਸ਼ੀਆ ਪ੍ਰਸ਼ਾਂਤ ਆਰਥਿਕ ਸਹਿਯੋਗ (ਏ ਪੀ ਈ ਸੀ) ਦੇ ਸੀ ਈ ਓਜ਼ ਦੇ ਸੰਮੇਲਨ 'ਚ ਕਿਹਾ-ਮੇਰਾ ਇਰਾਦਾ ਅਮਰੀਕਾ ਅਤੇ ਚੀਨ ਦਰਮਿਆਨ ਮੁਕਾਬਲੇ ਨੂੰ ਜ਼ਿੰਮੇਵਾਰੀ ਨਾਲ ਸੰਭਾਲਣਾ ਹੈ। ਇਸ ਬਾਰੇ ਕੱਲ੍ਹ ਮੇਰੇ ਅਤੇ ਜਿਨਪਿੰਗ ਵਿਚਕਾਰ ਸੰਖੇਪ ਗੱਲਬਾਤ ਹੋਈ ਸੀ। ਸਾਰੀ ਦੁਨੀਆ ਸਾਡੇ ਤੋਂ ਇਹੀ ਆਸ ਰੱਖਦੀ ਹੈ ਤੇ ਮੇਰਾ ਵਾਅਦਾ ਹੈ ਕਿ ਅਜਿਹਾ ਕੀਤਾ ਜਾਵੇਗਾ।

## 123456 ਵਾਲਿਓ ਬਚ ਕੇ

**ਨਵੀਂ ਦਿੱਲੀ** : ਸਭ ਤੋਂ ਆਮ ਪਾਸਵਰਡ 123456 ਹੈ ਅਤੇ ਹੈਕਰ ਇਸ ਨੂੰ ਸਕਿੰਟ ਤੋਂ ਘੱਟ ਸਮੇਂ 'ਚ ਤੋੜ ਦੇਵੇਗਾ। ਨੋਰਡਪਾਸ, ਸਾਫਟਵੇਅਰ ਕੰਪਨੀ, ਜੋ ਉਪਭੋਗਤਾਵਾਂ ਨੂੰ ਉਨ੍ਹਾਂ ਦੇ ਪਾਸਵਰਡਾਂ ਬਾਰੇ ਮਦਦ ਦਿੰਦੀ ਹੈ, ਵੱਲੋਂ ਕਰਵਾਏ ਅਧਿਐਨ ਅਨੁਸਾਰ ਪਾਸਵਰਡ 123456 ਪੰਜਤਾਲੀ ਲੱਖ ਖਾਤਿਆਂ ਲਈ ਰੱਖਿਆ ਗਿਆ ਸੀ। ਪਨਾਮਾ-ਅਧਾਰਤ ਕੰਪਨੀ ਦੀ ਵੈੱਬਸਾਈਟ ਅਨੁਸਾਰ ਦੂਜੇ ਅਤੇ ਤੀਜੇ ਸਭ ਤੋਂ ਪ੍ਰਸਿੱਧ ਪਾਸਵਰਡ ਐਡਮਿਨ ਅਤੇ 12345678 ਸਨ, ਜੋ ਕ੍ਰਮਵਾਰ 40 ਲੱਖ ਅਤੇ 13.7 ਲੱਖ ਖਾਤਿਆਂ 'ਚ ਵਰਤੇ ਗਏ ਸਨ। ਵੈੱਬਸਾਈਟ ਅਨੁਸਾਰ ਭਾਰਤ 'ਚ ਸਭ ਤੋਂ ਆਮ ਪਾਸਵਰਡ 123456 ਹੈ, ਜੋ 3.6 ਲੱਖ ਖਾਤਿਆਂ 'ਚ ਰੱਖਿਆ ਗਿਆ ਹੈ। ਇਸ ਤੋਂ ਬਾਅਦ 'ਐਡਮਿਨ' 1.2 ਲੱਖ ਖਾਤਿਆਂ 'ਚ ਵਰਤਿਆ ਗਿਆ। ਪਾਸਵਰਡ ਮੈਨੇਜਰ ਕੰਪਨੀ ਨੇ ਖਾਤਾਧਾਰਕਾਂ ਨੂੰ ਅਜਿਹੇ ਗੁੰਝਲਦਾਰ ਪਾਸਵਰਡ ਵਰਤਣ ਦੀ ਸਲਾਹ ਦਿੱਤੀ ਹੈ ਜੋ ਘੱਟੋ-ਘੱਟ 20 ਅੱਖਰਾਂ ਦੇ ਹੋਣ ਅਤੇ ਇਸ 'ਚ ਵੱਡੇ ਅਤੇ ਛੋਟੇ ਅੱਖਰਾਂ, ਨੰਬਰਾਂ ਅਤੇ ਵਿਸ਼ੇਸ਼ ਚਿੰਨ੍ਹਾਂ ਦਾ ਮਿਸ਼ਰਣ ਸ਼ਾਮਲ ਹੋਵੇ। ਕੰਪਨੀ ਨੇ ਪਾਸਵਰਡ ਉਪਭੋਗਤਾਵਾਂ ਨੂੰ ਕਈ ਵੈਬਸਾਈਟਾਂ ਜਾਂ ਸੇਵਾਵਾਂ 'ਚ ਇੱਕੋ ਪਾਸਵਰਡ ਦੀ ਵਰਤੋਂ ਨਾ ਕਰਨ ਲਈ ਵੀ ਕਿਹਾ ਹੈ।

## ਅੱਜ ਹੁਸ਼ਿਆਰਪੁਰ 'ਚ 'ਵਿਕਾਸ ਕ੍ਰਾਂਤੀ ਰੈਲੀ'



**ਚੰਡੀਗੜ੍ਹ (ਗੁਰਜੀਤ ਬਿੱਲਾ)**

ਆਮ ਆਦਮੀ ਪਾਰਟੀ (ਆਪ) ਸਰਕਾਰ ਵੱਲੋਂ 18 ਨਵੰਬਰ ਨੂੰ ਹੁਸ਼ਿਆਰਪੁਰ ਵਿੱਚ ਇੱਕ ਵਿਸ਼ਾਲ 'ਵਿਕਾਸ ਕ੍ਰਾਂਤੀ ਰੈਲੀ' ਦਾ ਆਯੋਜਨ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਭਗਵੰਤ ਮਾਨ ਦੋਆਬੇ 'ਚ ਕਰੀਬ 900 ਕਰੋੜ ਰੁਪਏ ਦੇ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ। ਪੰਜਾਬ ਸਰਕਾਰ ਦੇ ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨ 'ਆਪ' ਦੇ ਕੌਮੀ ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਹੋਣਗੇ। ਸ਼ੁੱਕਰਵਾਰ ਨੂੰ ਬੁਲਾਰੇ ਗੋਬਿੰਦਰ ਮਿਤਲ ਨਾਲ ਮੀਡੀਆ ਨੂੰ ਜਾਣਕਾਰੀ ਦਿੰਦਿਆਂ 'ਆਪ' ਪੰਜਾਬ ਦੇ ਮੁੱਖ ਬੁਲਾਰੇ ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਪੰਜਾਬ ਨੂੰ ਵਿਕਾਸ ਦੇ ਨਵੇਂ ਰਾਹ 'ਤੇ ਲਿਜਾਣ ਲਈ 'ਆਪ' ਦੀ ਪੰਜਾਬ ਸਰਕਾਰ ਵਿਕਾਸ ਕ੍ਰਾਂਤੀ ਲਿਆ ਰਹੀ ਹੈ। ਉਨ੍ਹਾ ਕਿਹਾ ਕਿ ਪਹਿਲੇ ਦਿਨ ਤੋਂ ਹੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਹਰ ਵਰਗ ਅਤੇ ਸਮਾਜ ਦੀ ਭਲਾਈ ਲਈ ਕੰਮ ਕਰ ਰਹੀ ਹੈ। ਇਸ 'ਵਿਕਾਸ ਕ੍ਰਾਂਤੀ ਰੈਲੀ' 'ਚ 867.68 ਕਰੋੜ ਰੁਪਏ ਦੇ ਪ੍ਰੋਜੈਕਟ ਗਤੀਸ਼ੀਲ ਹੋਣਗੇ। ਦੋਵੇਂ ਮੁੱਖ ਮੰਤਰੀ ਹੁਸ਼ਿਆਰਪੁਰ ਵਿੱਚ ਨਵੇਂ ਸਰਕਾਰੀ ਮੈਡੀਕਲ ਹਸਪਤਾਲ ਦਾ ਨੀਂਹ ਪੱਥਰ ਰੱਖਣਗੇ। ਮੁੱਖ ਮੰਤਰੀ ਇੱਕ ਆਰਮੀ ਟਰੇਨਿੰਗ ਇੰਸਟੀਚਿਊਟ ਦਾ ਨੀਂਹ ਪੱਥਰ ਵੀ ਰੱਖਣਗੇ। ਹੁਸ਼ਿਆਰਪੁਰ ਦੇ ਦੋ ਪਿੰਡਾਂ ਵਿੱਚ ਸੀਵਰੇਜ ਅਤੇ ਵਾਟਰ ਸੈਨੀਟੇਸ਼ਨ ਦੇ ਨਵੇਂ ਪ੍ਰੋਜੈਕਟ ਲੱਗਣਗੇ। ਹੁਸ਼ਿਆਰਪੁਰ ਦੇ 23 ਪਿੰਡਾਂ ਵਿੱਚ ਖਾਲੀ ਪਈ ਪੰਚਾਇਤੀ ਜ਼ਮੀਨ ਨੂੰ ਖੇਡ ਮੈਦਾਨਾਂ ਵਿੱਚ ਤਬਦੀਲ ਕੀਤਾ ਜਾਵੇਗਾ।

## ਜੂਏ 'ਚ ਪਤਨੀ ਦਾਅ 'ਤੇ ਲਾਉਣ ਵਾਲਾ ਗ੍ਰਿਫਤਾਰ

**ਝਾਂਸੀ** : ਜ਼ਿਲ੍ਹਾ ਝਾਂਸੀ ਦੇ ਮੌਰਾਨੀਪੁਰ ਕਸਬੇ 'ਚ ਜੂਏ 'ਚ ਪਤਨੀ ਨੂੰ ਦਾਅ 'ਤੇ ਲਗਾਉਣ ਵਾਲੇ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਪੁਲਸ ਨੇ ਦੱਸਿਆ ਕਿ ਮੁੱਖ ਮੁਲਜ਼ਮ ਦੇ ਨਾਲ ਦੋ ਹੋਰਾਂ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਹੈ। ਔਰਤ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਅਨੁਸਾਰ ਉਸ ਦਾ ਪਤੀ, ਜੋ ਦਿੱਲੀ 'ਚ ਕੰਮ ਕਰਦਾ ਹੈ, ਸ਼ਰਾਬ ਅਤੇ ਜੂਏ ਦਾ ਆਦੀ ਹੈ। ਉਹ ਦੀਵਾਲੀ ਮਨਾਉਣ ਲਈ ਪਿੰਡ ਮੌਰਾਨੀਪੁਰ ਆਇਆ ਸੀ। ਉਹ ਆਪਣੇ ਦੋਸਤਾਂ ਨਾਲ ਜੂਆ ਖੇਡਣ ਗਿਆ ਅਤੇ ਪੈਸੇ ਹਾਰ ਗਿਆ।

ਇਸ ਤੋਂ ਬਾਅਦ ਉਸ ਨੇ ਦੋ ਹੋਰਾਂ ਸ੍ਰੀਕਾਂਤ ਪਾਤਸਾਰੀਆ ਅਤੇ ਗੋਤੀਰਾਮ ਤੋਂ ਉੱਚੇ ਵਿਆਜ 'ਤੇ 3,000 ਰੁਪਏ ਉਧਾਰ ਲਏ ਤੇ ਉਹ ਵੀ ਹਾਰ ਗਿਆ। ਕਰਜ਼ਾ ਮੋੜਨ 'ਚ ਅਸਮਰੱਥਾ ਜ਼ਾਹਰ ਕਰਨ 'ਤੇ ਪੈਸੇ ਦੇਣ ਵਾਲੇ ਦੋਹਾਂ ਵਿਅਕਤੀਆਂ ਨੇ ਉਸ ਨੂੰ ਆਪਣੀ ਪਤਨੀ ਨੂੰ ਰਾਤ ਲਈ ਉਨ੍ਹਾਂ ਕੋਲ ਭੇਜਣ ਲਈ ਕਿਹਾ, ਜਿਸ 'ਤੇ ਉਹ ਸਹਿਮਤ ਹੋ ਗਿਆ। ਮੌਰਾਨੀਪੁਰ ਦੇ ਪੁਲਸ ਅਧਿਕਾਰੀ ਨੇ ਦੱਸਿਆ ਕਿ ਉਹ ਘਰ ਪਰਤਿਆ ਅਤੇ ਆਪਣੀ ਪਤਨੀ 'ਤੇ ਦੋਵਾਂ ਵਿਅਕਤੀਆਂ ਨਾਲ ਰਾਤ ਬਿਤਾਉਣ ਲਈ ਦਬਾਅ ਪਾਉਣਾ ਸ਼ੁਰੂ ਕਰ ਦਿੱਤਾ, ਜਿਸ ਤੋਂ ਬਾਅਦ ਉਹ ਸ਼ਿਕਾਇਤ ਦਰਜ ਕਰਵਾਉਣ ਲਈ ਸਿਟੀ ਕੋਤਵਾਲੀ ਪਹੁੰਚੀ।

## ਹਰਿਆਣਾ 'ਚ ਨਿੱਜੀ ਖੇਤਰ 'ਚ ਮੂਲਵਾਸੀਆਂ ਨੂੰ 75 ਫੀਸਦੀ ਰਿਜ਼ਰਵੇਸ਼ਨ ਰੱਦ

**ਚੰਡੀਗੜ੍ਹ** : ਹਰਿਆਣਾ ਦੇ ਮੂਲਵਾਸੀਆਂ ਨੂੰ ਨਿੱਜੀ ਖੇਤਰ ਦੀਆਂ ਨੌਕਰੀਆਂ 'ਚ 75 ਫੀਸਦੀ ਰਿਜ਼ਰਵੇਸ਼ਨ ਦੇਣ ਦਾ ਫੈਸਲਾ ਹਾਈ ਕੋਰਟ ਨੇ ਰੱਦ ਕਰ ਦਿੱਤਾ ਹੈ। ਫਰੀਦਾਬਾਦ ਤੇ ਗੁਰੂਗ੍ਰਾਮ ਦੇ ਉਦਯੋਗਪਤੀਆਂ ਨੇ ਇਸਨੂੰ ਇਸ ਆਧਾਰ 'ਤੇ ਚੁਣੌਤੀ ਦਿੱਤੀ ਸੀ ਕਿ ਇਸ ਨਾਲ ਉਤਪਾਦਕਤਾ ਤੇ ਕੰਮ ਦੀ ਗੁਣਵੱਤਾ 'ਤੇ ਮਾੜਾ ਪ੍ਰਭਾਵ ਪਵੇਗਾ।

ਹਰਿਆਣਾ ਦੀ ਭਾਜਪਾ ਸਰਕਾਰ ਵਿਚ ਭਾਈਵਾਲ ਜਨਨਾਇਕ ਜਨਤਾ ਪਾਰਟੀ ਦੇ ਦਬਾਅ ਹੇਠ ਇਹ ਫੈਸਲਾ ਕੀਤਾ ਗਿਆ ਸੀ। ਜਨਨਾਇਕ ਜਨਤਾ ਪਾਰਟੀ ਰਾਜਸਥਾਨ ਚੋਣਾਂ 'ਚ ਵੀ ਇਹ ਵਾਅਦਾ ਕਰ ਰਹੀ ਹੈ।

## ਮੱਧ ਪ੍ਰਦੇਸ਼ ਤੇ ਛੱਤੀਸਗੜ੍ਹ 'ਚ ਵੋਟਾਂ ਦਾ ਕੰਮ ਨਿੱਬੜਿਆ



ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਸ਼ਿਵ ਰਾਜ ਸਿੰਘ ਚੌਹਾਨ ਵੋਟ ਪਾਉਣ ਤੋਂ ਬਾਅਦ ਬੱਚੇ ਨੂੰ ਦੁਲਾਰਦੇ ਹੋਏ।

**ਨਵੀਂ ਦਿੱਲੀ** : ਮੱਧ ਪ੍ਰਦੇਸ਼ ਅਸੰਬਲੀ ਦੀਆਂ ਸਾਰੀਆਂ 230 ਸੀਟਾਂ ਲਈ ਸ਼ੁੱਕਰਵਾਰ ਸ਼ਾਮ ਪੰਜ ਵਜੇ ਤਕ 71.16 ਫੀਸਦੀ ਪੋਲਿੰਗ ਹੋਈ। ਆਗਰ ਮਾਲਵਾ ਜ਼ਿਲ੍ਹੇ ਵਿਚ ਸਭ ਤੋਂ ਵੱਧ 82 ਫੀਸਦੀ ਵੋਟਾਂ ਪਈਆਂ। ਰਾਜਨਗਰ ਹਲਕੇ ਵਿਚ ਦੋ ਗਰੁੱਪਾਂ ਦੀ ਲੜਾਈ 'ਚ ਕਾਂਗਰਸੀ ਉਮੀਦਵਾਰ ਦਾ ਹਮਾਇਤੀ ਮਾਰਿਆ ਗਿਆ। ਕੇਂਦਰੀ ਖੇਤੀ ਮੰਤਰੀ ਨਰਿੰਦਰ ਸਿੰਘ ਤੋਮਰ ਦੇ ਹਲਕੇ ਵਿਚ ਲੜਾਈ 'ਚ ਦੋ ਵਿਅਕਤੀ ਜ਼ਖ਼ਮੀ ਹੋ ਗਏ। ਛੱਤੀਸਗੜ੍ਹ ਵਿਚ ਦੂਜੇ ਪੜਾਅ 'ਚ 70 ਸੀਟਾਂ ਲਈ ਸ਼ਾਮ ਪੰਜ ਵਜੇ ਤਕ 67.34 ਫੀਸਦੀ ਵੋਟਾਂ ਪਈਆਂ। ਪੋਲਿੰਗ ਖਤਮ ਹੋਣ ਤੋਂ ਬਾਅਦ ਨਕਸਲ ਪ੍ਰਭਾਵਤ ਗਰੀਆਬੰਦ ਦੇ ਬਿੰਦਰਾਨਵਾਗੜ੍ਹ ਵਿਚ ਨਕਸਲੀਆਂ ਵੱਲੋਂ ਕੀਤੇ ਧਮਾਕੇ ਨਾਲ ਆਈ ਟੀ ਬੀ ਪੀ ਦਾ ਜਵਾਨ ਜੋਗਿੰਦਰ ਸਿੰਘ ਸ਼ਹੀਦ ਹੋ ਗਿਆ।

## ਏ ਐੱਸ ਆਈ ਦੀ ਹੱਤਿਆ



**ਅੰਮ੍ਰਿਤਸਰ** : ਥਾਣਾ ਜੰਡਿਆਲਾ ਅਧੀਨ ਪੈਂਦੀ ਨਵਾਂ ਪਿੰਡ ਪੁਲਸ ਚੌਕੀ ਦੇ ਏ ਐਸ ਆਈ ਸਵਰੂਪ ਸਿੰਘ ਦੀ ਕੁਝ ਵਿਅਕਤੀਆਂ ਨੇ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ। ਐਸ ਪੀ ਗੁਰਪ੍ਰਤਾਪ ਸਹੋਤਾ ਨੇ ਦੱਸਿਆ ਕਿ ਸਵਰੂਪ ਸਿੰਘ ਵੀਰਵਾਰ ਸ਼ਾਮ ਡਿਊਟੀ ਖਤਮ ਕਰਕੇ ਚਲਾ ਗਿਆ ਸੀ ਤੇ ਰਾਤ 9 ਵਜੇ ਬਾਈਕ 'ਤੇ ਕਿਸੇ ਕੰਮ ਲਈ ਘਰੋਂ ਨਿਕਲਿਆ ਸੀ। ਕੁਝ ਦੇਰ ਬਾਅਦ ਉਸ ਦਾ ਫੋਨ ਬੰਦ ਹੋ ਗਿਆ ਅਤੇ ਪਰਿਵਾਰਕ ਮੈਂਬਰ ਉਸ ਨੂੰ ਪੂਰੀ ਰਾਤ ਭਾਲ ਲੱਭਦੇ ਰਹੇ। ਸ਼ੁੱਕਰਵਾਰ ਦੀ ਸਵੇਰ ਉਸਦੀ ਲਾਸ਼ ਖਾਨਕੋਟ ਨਵਾਂ ਪਿੰਡ ਡਰੇਨ ਨੇੜਿਓਂ ਬਰਾਮਦ ਹੋਈ। ਸੂਤਰਾਂ ਮੁਤਾਬਕ ਪੁਲਸ ਨੇ ਤਿੰਨ ਮੁਲਜ਼ਮਾਂ ਦੀ ਪਛਾਣ ਕਰ ਲਈ ਹੈ। ਇਕ ਮੁਲਜ਼ਮ ਦੇ ਘਰੋਂ ਖੂਨ ਨਾਲ ਲੱਥ-ਪੱਥ ਕੱਪੜੇ ਵੀ ਮਿਲੇ ਦੱਸੇ ਜਾਂਦੇ ਹਨ।

## 3 ਬੱਚਿਆਂ ਸਣੇ ਨਹਿਰ 'ਚ ਛਾਲ ਮਾਰ ਕੇ ਖ਼ੁਦਕੁਸ਼ੀ

**ਮੁਕਤਸਰ (ਸ਼ਮਿੰਦਰਪਾਲ/ਪੂਜਾ)**



ਜੈਰੂਪਾ ਰਾਮ

ਨੇੜਲੇ ਪਿੰਡ ਭੁੱਲਰ ਨਾਲ ਲੰਘਦੀ ਰਾਜਸਥਾਨ ਫੀਡਰ ਵਿਚ ਸ਼ੁੱਕਰਵਾਰ ਸਵੇਰੇ ਇਕ ਵਿਅਕਤੀ ਨੇ ਤਿੰਨ ਬੱਚਿਆਂ ਸਮੇਤ ਨਹਿਰ ਵਿਚ ਛਾਲ ਮਾਰ ਕੇ ਖੁਦਕੁਸ਼ੀ ਕਰ ਲਈ ਹੈ। ਰਾਹਗੀਰਾਂ ਨੇ ਸਾਰਿਆਂ ਨੂੰ ਨਹਿਰ ਵਿਚ ਡਿੱਗਦਿਆਂ ਨੂੰ ਦੇਖਿਆ। ਨਹਿਰ ਕੰਢਿਓਂ ਮੋਬਾਇਲ, ਪਰਸ ਅਤੇ ਲਿਫਾਫੇ ਵਿਚ ਦੋ ਕੰਬਲ ਅਧਾਰ ਕਾਰਡ, ਵੋਟਰ ਕਾਰਡ ਆਦਿ ਮਿਲੇ। ਵਿਅਕਤੀ ਦੀ ਪਛਾਣ ਜੈਰੂਪਾ ਰਾਮ (36) ਪੁੱਤਰ ਭੰਵਰਾ ਰਾਮ ਵਾਸੀ ਪਿੰਡ ਵਾਟੇਰਾ ਤਹਿਸੀਲ ਰਾਉਤਾ, ਜ਼ਿਲ੍ਹਾ ਜਲੌਰ (ਰਾਜਸਥਾਨ) ਵਜੋਂ ਹੋਈ ਹੈ। ਇਸ ਦੌਰਾਨ ਉਸ ਦੇ ਫੋਨ ਦੀ ਘੰਟੀ ਵੱਜੀ ਤਾਂ ਮ੍ਰਿਤਕ ਦੇ ਭਰਾ ਨਾਲ ਗੱਲਬਾਤ ਕਰਨ 'ਤੇ ਪਤਾ ਲੱਗਾ ਕਿ ਉਹ ਵੀਰਵਾਰ ਆਪਣੇ ਪੁੱਤਰ ਸੁਰੇਸ਼ (10), ਰਾਹੁਲ (8) ਅਤੇ ਬੇਟੀ 5 ਕੁ ਸਾਲ ਨੂੰ ਨਾਲ ਲੈ ਕੇ ਬਾਘੋੜਾ (ਰਾਜਸਥਾਨ ਵਿਚ ਮੰਡੀ) ਗਿਆ ਸੀ। ਥਾਣਾ ਸਦਰ ਮੁਕਤਸਰ ਦੀ ਪੁਲਸ ਮੌਕੇ ਉੱਤੇ ਪੁੱਜ ਗਈ ਅਤੇ ਸਾਮਾਨ ਕਬਜ਼ੇ ਵਿਚ ਲੈ ਕੇ ਲੋੜੀਂਦੀ ਕਾਰਵਾਈ ਸ਼ੁਰੂ ਕਰ ਦਿੱਤੀ।

## ਅੱਜ-ਨਾਮਾ

ਮੁੱਕਦਾ ਸਮਝ ਲਉ ਧਰਤ ਦੇ ਹੇਠ ਪਾਣੀ,
ਸਕਣੇ ਲੰਘ ਵੀ ਬਹੁਤ ਨਹੀਂ ਸਾਲ ਬੇਲੀ।
ਹਾਲਤ ਮਾਲਵੇ ਦੀ ਬਾਹਲੀ ਬੁਰੀ ਕਹਿੰਦੇ,
ਚੰਗਾ ਨਹੀਂਉਂ ਦੋਆਬੇ ਵਿੱਚ ਹਾਲ ਬੇਲੀ।
ਬੈਠਾ ਈ ਜੜ੍ਹੀਂ ਪੰਜਾਬ ਦੇ ਫਸਲ ਚੱਕਰ,
ਰਹੇ ਨਹੀਂ ਪਹਿਲੜੇ ਖਾਲ-ਨਕਾਲ ਬੇਲੀ।
ਜਿਹੜੇ ਅੱਜ ਦਾ ਫਾਇਦਾ ਬੱਸ ਸੋਚਦੇ ਈ,
ਕਰਨਗੇ ਬਾਅਦ ਕੀ ਉਨ੍ਹਾਂ ਦੇ ਬਾਲ ਬੇਲੀ।
ਅਗਲੀ ਪੀੜ੍ਹੀ ਦੀ ਚਾਹੁੰਦੇ ਹੋ ਖੈਰ ਜੇਕਰ,
ਛੱਡਣੀ ਥੋੜ੍ਹੀ ਜਿਹੀ ਪਊ ਕੁਝ ਸੌਖ ਬੇਲੀ।
ਨਹੀਂ ਤਾਂ ਜਿਹੜੇ ਹਾਲਾਤ ਆ ਬਣੀ ਜਾਂਦੇ,
ਅਗਲੀਆਂ ਪੀੜ੍ਹੀਆਂ ਨੂੰ ਹੋਊ ਔਖ ਬੇਲੀ।

-ਤੀਸ ਮਾਰ ਖਾਂ

## ਸੂਬਾ ਸਰਕਾਰ ਲੋਕ ਹਿੱਤਾਂ ਵੱਲ ਧਿਆਨ ਕੇਂਦਰਤ ਕਰੇ : ਅਰਸ਼ੀ

**ਬੁਢਲਾਡਾ (ਅਸ਼ੋਕ ਲਾਕੜਾ)**



ਸਰਕਾਰ ਲੋਕਾਂ ਦੇ ਹਿੱਤਾਂ ਦਾ ਧਿਆਨ ਛੱਡ ਸਰਮਾਏਦਾਰ ਪੱਖੀ ਨੀਤੀਆਂ ਲਾਗੂ ਕਰ ਰਹੀ ਹੈ ਅਤੇ ਆਪਣੇ ਆਦਰਸ਼ਾਂ ਨੂੰ ਭੁੱਲ ਚੁੱਕੀ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਨੈਸ਼ਨਲ ਕੌਂਸਲ ਮੈਂਬਰ ਅਤੇ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਸਿੰਘ ਅਰਸ਼ੀ ਨੇ ਸਬ-ਡਵੀਜ਼ਨ ਬੁਢਲਾਡਾ 'ਚ ਪਾਰਟੀ ਦੀ ਜਨਰਲ ਬਾਡੀ ਦੀ 25 ਨਵੰਬਰ ਨੂੰ ਫਰੀਦਕੋਟ ਰੈਲੀ ਦੀ ਤਿਆਰੀ ਸੰਬੰਧੀ ਮੀਟਿੰਗ ਵਿੱਚ ਸ਼ਾਮਲ ਸਾਥੀਆਂ ਨੂੰ ਸੰਬੋਧਨ ਕਰਦਿਆਂ ਕੀਤਾ। ਕਾਮਰੇਡ ਅਰਸ਼ੀ ਨੇ ਕਿਹਾ ਕਿ ਧਾਰਮਕ, ਜਾਤੀ ਵਿਤਕਰੇ ਦੇ ਸ਼ਿਕਾਰ ਮਜ਼ਦੂਰਾਂ 'ਤੇ ਹੋ ਰਹੇ ਸਮਾਜਕ, ਰਾਜਨੀਤਕ ਅਤੇ ਆਰਥਕ ਹਮਲਿਆਂ ਨੂੰ ਰੋਕਣ ਲਈ ਮਜ਼ਦੂਰ ਜਮਾਤ ਦੀ ਲਾਮਬੰਦੀ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾ 8 ਘੰਟਿਆਂ ਤੋਂ 12 ਘੰਟੇ ਦਿਹਾੜੀ ਵਿੱਚ ਵਾਧੇ ਦੇ ਜਾਰੀ ਕੀਤੇ ਨੋਟੀਫਿਕੇਸ਼ਨ ਦੀ ਨਿਖੇਧੀ ਕਰਦਿਆਂ ਕਿਹਾ ਕਿ ਇਸ ਨਾਲ ਮਜ਼ਦੂਰ ਜਮਾਤ ਤੇ ਕਿਰਤੀ ਲੋਕਾਂ ਦੇ ਸ਼ੋਸ਼ਨ ਵਿੱਚ ਵਾਧਾ ਹੋਵੇਗਾ, ਜੋ ਕੇਵਲ ਸਰਮਾਏਦਾਰ ਘਰਾਣਿਆਂ ਤੇ ਵੱਡੇ ਕਾਰਖਾਨੇਦਾਰਾਂ ਨੂੰ ਲਾਭ ਪਹੁੰਚਾਏਗਾ। ਜਿਸ ਨੂੰ ਰੱਦ ਕਰਾਉਣ ਲਈ ਸੰਘਰਸ਼ ਨੂੰ ਹੋਰ ਤਿੱਖਾ ਕਰਨਾ ਹੋਵੇਗਾ। ਪੰਜਾਬ ਖੇਤ ਮਜ਼ਦੂਰ ਸਭਾ ਦੇ ਮੀਤ ਪ੍ਰਧਾਨ ਕਾਮਰੇਡ ਕ੍ਰਿਸ਼ਨ ਚੌਹਾਨ, ਜਥੇਬੰਦੀ ਦੇ ਜ਼ਿਲ੍ਹਾ ਜਨਰਲ ਸਕੱਤਰ ਸੀਤਾ ਰਾਮ ਗੋਬਿੰਦਪੁਰਾ ਨੇ 25 ਨਵੰਬਰ ਦੀ ਰੈਲੀ ਦੀ ਸਫਲਤਾ ਲਈ ਹਰ ਪੱਖ ਤੋਂ ਸਹਿਯੋਗ ਦੀ ਅਪੀਲ ਕੀਤੀ। ਸੀ ਪੀ ਆਈ ਸਬ-ਡਵੀਜ਼ਨ ਬੁਢਲਾਡਾ ਦੇ ਸਕੱਤਰ ਕਾਮਰੇਡ ਵੇਦ ਪ੍ਰਕਾਸ਼ ਬੁਢਲਾਡਾ ਨੇ ਵਿਸ਼ਵਾਸ ਦਿਵਾਇਆ ਤੇ ਕਿਹਾ ਕਿ ਸਬ- ਡਵੀਜ਼ਨ 'ਚੋਂ 400 ਸਾਥੀਆਂ ਦਾ ਜਥਾ ਰੈਲੀ 'ਚ ਸ਼ਾਮਲ ਹੋਵੇਗਾ। ਜਿਸ ਦੀ ਤਿਆਰੀ ਸੰਬੰਧੀ ਪਬਲਿਕ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ। ਮੀਟਿੰਗ ਮੌਕੇ ਹੋਰਨਾਂ ਤੋਂ ਇਲਾਵਾ ਮਲਕੀਤ ਸਿੰਘ ਮੰਦਰਾਂ, ਸਾਬਕਾ ਸਰਪੰਚ ਹਰਕੇਸ਼ ਸਿੰਘ ਮੰਡੇਰ, ਗੁਰਦਾਸ ਸਿੰਘ ਟਾਹਲੀਆਂ, ਮਨਜੀਤ ਕੌਰ ਗਾਮੀਵਾਲਾ, ਮਲਕੀਤ ਸਿੰਘ ਬਖਸ਼ੀਵਾਲਾ, ਸੁਖਦੇਵ ਸਿੰਘ ਬੋੜਾਵਾਲ, ਹਰਮੀਤ ਸਿੰਘ, ਚੀਮਨ ਲਾਲ ਕਾਕਾ, ਬੰਬੂ ਸਿੰਘ, ਹਰਦਿਆਲ ਸਿੰਘ, ਕਾਮਰੇਡ ਰਾਏਕੇ, ਝੰਡਾ ਸਿੰਘ, ਕੁਲਦੀਪ ਸਿੰਘ ਸਤੀਕੇ, ਦਰਸ਼ਨ ਸਿੰਘ ਗੁਰਨੇ ਖੁਰਦ, ਪਵਨ ਕੁਮਾਰ ਤੇ ਗਰੀਬਾਂ ਸਿੰਘ ਨੇ ਵੀ ਸੰਬੋਧਨ ਕੀਤਾ।

## ਕਣਕ ਹੇਠਲਾ ਰਕਬਾ ਘਟਿਆ



**ਨਵੀਂ ਦਿੱਲੀ** : ਖੇਤੀਬਾੜੀ ਮੰਤਰਾਲੇ ਦੇ ਅੰਕੜਿਆਂ ਮੁਤਾਬਕ ਚੱਲ ਰਹੇ ਹਾੜ੍ਹੀ ਸੀਜ਼ਨ ਦੌਰਾਨ ਹੁਣ ਤੱਕ ਕਣਕ ਦਾ ਰਕਬਾ 5 ਫੀਸਦੀ ਘਟ ਕੇ 86.02 ਲੱਖ ਹੈਕਟੇਅਰ ਰਹਿ ਗਿਆ ਹੈ। ਮੰਤਰਾਲੇ ਨੇ ਕਿਹਾ—ਪਿਛਲੇ ਸਾਲ ਇਸ ਸਮੇਂ ਦੌਰਾਨ 91.02 ਲੱਖ ਹੈਕਟੇਅਰ ਦੇ ਮੁਕਾਬਲੇ ਇਸ ਵਾਰ 86.02 ਲੱਖ ਹੈਕਟੇਅਰ 'ਚ ਬੀਜਾਈ ਹੋਈ ਹੈ। ਇਸ ਤਰ੍ਹਾਂ ਪਿਛਲੇ ਸਾਲ ਦੇ ਮੁਕਾਬਲੇ 5.01 ਲੱਖ ਹੈਕਟੇਅਰ ਘੱਟ ਬੀਜਾਈ ਹੋਈ ਹੈ। ਯੂ ਪੀ (3.87 ਲੱਖ ਹੈਕਟੇਅਰ), ਪੰਜਾਬ (2.28 ਲੱਖ ਹੈਕਟੇਅਰ), ਹਰਿਆਣਾ (2.14 ਲੱਖ ਹੈਕਟੇਅਰ) ਅਤੇ ਗੁਜਰਾਤ (0.71 ਲੱਖ ਹੈਕਟੇਅਰ) 'ਚ ਕਣਕ ਦੀ ਬੀਜਾਈ ਹੇਠਲਾ ਰਕਬਾ ਘਟਿਆ ਹੈ, ਜਦ ਕਿ ਮੱਧ ਪ੍ਰਦੇਸ਼ (3.44 ਲੱਖ ਹੈਕਟੇਅਰ) ਅਤੇ ਰਾਜਸਥਾਨ (0.68 ਲੱਖ ਹੈਕਟੇਅਰ) 'ਚ ਬੀਜਾਈ ਵੱਧ ਹੋਈ ਹੈ।

18-NOV-PAGE-1.qxd 11/17/2023 8:47 PM Page 2



## ਸਰਬਤ ਦੇ ਭਲੇ ਲਈ ਸ੍ਰੀ ਅਖੰਡ ਪਾਠ ਸਾਹਿਬ ਦੇ ਪ੍ਰਕਾਸ਼ ਕਰਵਾਏ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਗੁਰਦੁਆਰਾ ਸਾਹਿਬ ਦੇ ਪ੍ਰਧਾਨ ਕੁਲਦੀਪ ਸਿੰਘ ਢੰਡਰੀਆਂ ਪੁੱਤਰ ਅਜੈਬ ਸਿੰਘ ਵਿਰਕ ਨੇ ਆਪਣੇ ਘਰ ਵਿਖੇ ਸੁੱਖ-ਸ਼ਾਂਤੀ, ਪਰਿਵਾਰ ਦੀ ਚੜ੍ਹਦੀ ਕਲਾ ਤੇ ਸਰਬਤ ਦੇ ਭਲੇ ਲਈ ਸ੍ਰੀ ਅਖੰਡ ਪਾਠ ਸਾਹਿਬ ਦੇ ਪ੍ਰਕਾਸ਼ ਕਰਵਾਏ। ਇਨ੍ਹਾਂ ਪਾਠਾਂ ਦੇ ਭੋਗ ਸਮੇਂ ਕੈਬਨਿਟ ਮੰਤਰੀ ਅਮਨ ਅਰੋੜਾ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਭਾਈ ਬਲਵਿੰਦਰ ਸਿੰਘ, ਭਾਈ ਜਸਵੀਰ ਸਿੰਘ ਜੱਸੀ, ਸ਼੍ਰੋ.ਅ.ਦ. (ਸੰਯੁਕਤ) ਦੇ ਆਗੂ ਅਮਨਵੀਰ ਸਿੰਘ ਚੈਰੀ, ਸੂਬਾ ਸਕੱਤਰ ਡਾ. ਰੂਪ ਸਿੰਘ ਸ਼ੇਰੋਂ, ਸਰਪੰਚ ਗੁਰਚਰਨ ਸਿੰਘ ਵਿਰਕ, ਬਿੰਦਰ ਸਿੰਘ, ਮਨਜੀਤ ਸਿੰਘ, ਜੋਗਿੰਦਰ ਸਿੰਘ, ਜੋਗਾ ਸਿੰਘ, ਗਹਿਲਾ ਸਿੰਘ, ਗੁਰਵਿੰਦਰ ਸਿੰਘ ਨੰਬਰਦਾਰ, ਰਾਜਵਿੰਦਰ ਸਿੰਘ, ਅਮਰਜੀਤ ਸਿੰਘ, ਜਸਵਿੰਦਰ ਸਿੰਘ, ਇੰਦਰਜੀਤ ਸਿੰਘ ਖਹਿਰਾ, ਕਸ਼ਮੀਰ ਸਿੰਘ ਠੇਕੇਦਾਰ ਆਦਿ ਹਾਜ਼ਰ ਸਨ। ਇਸ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

## ਐਕਸਪਰਟ ਨੇ ਲਵਾਇਆ ਕੈਨੇਡਾ ਦਾ ਸਟੱਡੀ ਵੀਜ਼ਾ




**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਸ਼ਹਿਰ ਵਿੱਚ ਸਥਿਤ ਐਕਸਪਰਟ ਇਮੀਗ੍ਰੇਸ਼ਨ ਐਂਡ ਐਜੂਕੇਸ਼ਨ ਸੰਸਥਾ ਪਿਛਲੇ ਲੰਮੇ ਸਮੇਂ ਤੋਂ ਵਿਦਿਆਰਥੀਆਂ ਨੂੰ ਆਈਲਟਸ ਦੀ ਕੋਚਿੰਗ ਦੇਣ ਦੇ ਨਾਲ ਨਾਲ ਵਿਦਿਆਰਥੀਆਂ ਦਾ ਵਿਦੇਸ਼ ਜਾ ਕੇ ਪੜ੍ਹਾਈ ਕਰਨ ਦਾ ਸੁਪਨਾ ਸਾਕਾਰ ਕਰ ਰਹੀ ਹੈ। ਸੰਸਥਾ ਦੇ ਮੁਖੀ ਦੇਵਾਂਸ਼ ਗੋਇਲ ਨੇ ਦੱਸਿਆ ਕਿ ਸਾਡੀ ਸੰਸਥਾ ਵੱਲੋਂ ਅਮਰਜੋਤ ਸਿੰਘ ਪੁੱਤਰ ਅਜਮੇਰ ਸਿੰਘ ਵਾਸੀ ਕੋਕਰੀ ਵਹਿਣੀਵਾਲ ਦਾ ਕੈਨੇਡਾ ਦਾ ਸਟੱਡੀ ਵੀਜ਼ਾ 13 ਦਿਨਾਂ ਦੇ ਅੰਦਰ ਲਵਾ ਕੇ ਉਸ ਦਾ ਵਿਦੇਸ਼ ਜਾਣ ਦਾ ਸੁਪਨਾ ਸਾਕਾਰ ਕੀਤਾ ਹੈ। ਇਸ ਖੁਸ਼ੀ ਦੇ ਮੌਕੇ 'ਤੇ ਅਮਰਜੋਤ ਸਿੰਘ ਤੇ ਉਨ੍ਹਾਂ ਦੇ ਪਰਿਵਾਰ ਨੇ ਸੰਸਥਾ ਦੇ ਹੈੱਡ ਦੇਵਾਂਸ਼ ਗੋਇਲ ਦਾ ਧੰਨਵਾਦ ਕੀਤਾ ਤੇ ਆਪਣਾ ਵੀਜ਼ਾ ਪ੍ਰਾਪਤ ਕੀਤਾ। ਇਸ ਮੌਕੇ ਸੰਸਥਾ ਦਾ ਸਮੁੱਚਾ ਸਟਾਫ਼ ਹਾਜ਼ਰ ਸੀ।

## ਗਊਸ਼ਾਲਾ ਕਮੇਟੀ ਵੱਲੋਂ ਗੋਪਾਅਸ਼ਟਮੀ ਉਤਸਵ 20 ਨੂੰ, ਪ੍ਰਭਾਤ ਫੇਰੀਆਂ ਸ਼ੁਰੂ



**ਨਾਭਾ (ਵਰਿੰਦਰ ਵਰਮਾ)**-ਗਊਸ਼ਾਲਾ ਕਮੇਟੀ ਨਾਭਾ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੋਪਾਅਸ਼ਟਮੀ ਦਾ ਸ਼ੁੱਭ ਉਤਸਵ ਪ੍ਰਧਾਨ ਅਮਨ ਗੁਪਤਾ ਦੀ ਅਗਵਾਈ ਹੇਠ ਗਊਸ਼ਾਲਾ ਦੁਲੱਦੀ ਗੇਟ ਵਿਖੇ ਮਨਾਇਆ ਜਾ ਰਿਹਾ ਹੈ। ਇਸ ਦੀ ਜਾਣਕਾਰੀ ਦਿੰਦਿਆਂ ਕਮੇਟੀ ਪ੍ਰਧਾਨ ਅਮਨ ਗੁਪਤਾ ਨੇ ਦੱਸਿਆ ਕਿ ਗੋਪਾਅਸ਼ਟਮੀ ਦੇ ਮੱਦੇਨਜ਼ਰ ਸਵੇਰ 20 ਨਵੰਬਰ ਤੱਕ ਪ੍ਰਭਾਤ ਫੇਰੀ ਕੱਢੀ ਜਾਵੇਗੀ। ਉਨ੍ਹਾ ਕਿਹਾ ਕਿ ਗੋਪਾਅਸ਼ਟਮੀ ਦਾ ਉਤਸਵ 20 ਨਵੰਬਰ ਨੂੰ ਅਯੋਜਨ ਕੀਤਾ ਜਾ ਰਿਹਾ ਹੈ। ਇਸ ਉਤਸਵ 'ਚ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ ਅਤੇ ਮਾਂ ਗੀਤਾ ਭਾਰਤੀ ਜੀ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ। ਉਨ੍ਹਾ ਦੱਸਿਆ ਕਿ ਇਸ ਉਤਸਵ ਮੌਕੇ ਗਊ ਪੂਜਾ ਸਵੇਰੇ 9:00 ਵਜੇ, ਝੰਡੇ ਦੀ ਰਸਮ ਸਵੇਰੇ 10:00 ਵਜੇ, ਭਜਨ ਸੰਧਿਆ ਸ਼ਾਮ ਨੂੰ 4:00 ਵਜੇ ਤੋਂ ਹਰੀ ਇੱਛਾ ਤੱਕ ਹੋਵੇਗੀ। ਉਨ੍ਹਾ ਕਿਹਾ ਕਿ ਇਸ ਭਜਨ ਸੰਧਿਆ ਵਿੱਚ ਅਮਿਤ ਸਾਵਰੀਆ, ਸਿਮਰਨ ਸਾਵਰੀਆ ਵੱਲੋਂ ਆਪਣੇ ਭਜਨਾਂ ਰਾਹੀਂ ਗਊ ਭਗਤਾਂ ਨੂੰ ਨਿਹਾਲ ਕੀਤਾ ਜਾਵੇਗਾ। ਇਸ ਮੌਕੇ ਕਮੇਟੀ ਜਨਰਲ ਸਕੱਤਰ ਸੁਭਾਸ਼ ਸਹਿਗਲ, ਓਮ ਪ੍ਰਕਾਸ਼ ਠੇਕੇਦਾਰ, ਪ੍ਰੇਮ ਚੰਦ, ਅਵਿਨਾਸ਼ ਅਰੋੜਾ, ਸੰਜੀਵ ਜਿੰਦਲ, ਰੋਹਿਤ ਜਿੰਦਲ, ਅਸ਼ਵਨੀ ਸਚਦੇਵਾ, ਵਿਮਲ ਗਾਬਾ, ਰਕੇਸ਼ ਸਹਿਗਲ, ਸੋਨੂੰ ਧੀਮਾਨ, ਗੋਰਾ ਮਾਝੀ ਵਾਲੇ ਆਦਿ ਹਾਜ਼ਰ ਸਨ।

## ਕਰਤਾਰ ਸਿੰਘ ਸਰਾਭਾ ਦਾ ਸ਼ਹੀਦੀ ਦਿਵਸ ਮਨਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸ਼ਹੀਦ ਕਰਤਾਰ ਸਿੰਘ ਸਰਾਭਾ ਯਾਦਗਾਰੀ ਕਲੱਬ ਵੱਲੋਂ ਯਾਦਗਾਰੀ ਪਾਰਕ ਮਹਿਲ ਕਲਾਂ ਸੋਢੇ ਵਿਖੇ ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ। ਇਸ ਮੌਕੇ ਕਲੱਬ ਪ੍ਰਧਾਨ ਮਲਕੀਤ ਸਿੰਘ ਸੋਢਾ, ਬੇਅੰਤ ਸਿੰਘ ਮਿੱਠੂ, ਗੁਰਪ੍ਰੀਤ ਸਿੰਘ ਗਰੇਵਾਲ, ਸਰਬਜੀਤ ਸਿੰਘ ਸੰਭੂ, ਮੰਗਤ ਸਿੰਘ ਸਿੱਧੂ, ਜਸਵਿੰਦਰ ਸਿੰਘ ਬੁੱਟਰ ਨੇ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਨੇ ਬਾਲ ਉਮਰ 'ਚ ਫਾਂਸੀ ਦਾ ਰੱਸਾ ਚੁੰਮ ਕੇ ਦੇਸ਼ ਨੂੰ ਅੰਗਰੇਜ਼ੀ ਸਾਮਰਾਜ ਤੋਂ ਅਜ਼ਾਦ ਕਰਵਾਉਣ ਲਈ ਆਪਣੀ ਸ਼ਹਾਦਤ ਦਿੱਤੀ। ਸ਼ਹੀਦਾਂ ਦੇ ਅਧੂਰੇ ਮਿਸ਼ਨ ਦੀ ਪੂਰਤੀ ਲਈ ਸਾਰਿਆਂ ਨੂੰ ਇਕਜੁੱਟ ਹੋ ਕੇ ਹੰਭਲਾ ਮਾਰਨਾ ਚਾਹੀਦਾ, ਸ਼ਹੀਦ ਸਰਾਭਾ ਦਾ ਜੀਵਨ ਸਾਡੇ ਸਾਰਿਆਂ ਲਈ ਪ੍ਰੇਰਨਾ ਸਰੋਤ ਹੈ, ਇਸ ਤੋਂ ਪ੍ਰੇਰਨਾ ਲੈ ਕੇ ਸਾਡੀ ਨੌਜਵਾਨ ਪੀੜ੍ਹੀ ਨੂੰ ਸ਼ਹੀਦਾਂ ਦੇ ਸੁਪਨਿਆਂ ਦਾ ਸਮਾਜ ਸਿਰਜਣ ਲਈ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਡਾ: ਦਲਵਾਰ ਸਿੰਘ, ਭਾਈ ਜਗਸੀਰ ਸਿੰਘ ਖਾਲਸਾ, ਡਾ: ਅਮਰਜੀਤ ਸਿੰਘ, ਹਰੀ ਸਿੰਘ ਕਟਹਿਰੀਆ, ਗੁਰਦੀਪ ਸਿੰਘ ਸੋਢਾ, ਵਿੱਕੀ ਸੋਢਾ, ਪ੍ਰਧਾਨ ਮੋਹਿਤ ਗਰਗ ਹੀਰਾ, ਜੰਗ ਸਿੰਘ ਸੋਢਾ, ਮਨਪ੍ਰੀਤ ਸਿੰਘ ਸਰੋਏ ਆਦਿ ਹਾਜ਼ਰ ਸਨ।

## ਪੰਜ ਸਾਲ ਗੈਪ ਦੇ ਬਾਵਜੂਦ ਇੰਗਲਿਸ਼ ਸਟੂਡੀਓ ਨੇ ਲਗਵਾਇਆ ਕੈਨੇਡਾ ਦਾ ਸਟੱਡੀ ਵੀਜ਼ਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਇੰਗਲਿਸ਼ ਸਟੂਡੀਓ ਸੰਸਥਾ ਜੋ ਕਿ ਬਾਘਾ ਪੁਰਾਣਾ ਵਿਚ ਕੋਟਕਪੂਰਾ ਰੋਡ ਉਤੇ ਪੈਟਰੋਲ ਪੰਪ ਦੇ ਸਾਹਮਣੇ ਸਥਿਤ ਹੈ। ਇਹ ਸੰਸਥਾ ਲਗਾਤਾਰ ਰਫਿਊਜ਼ ਹੋਏ ਗੈਪ ਵਾਲੇ ਕੇਸਾਂ ਨੂੰ ਹੱਲ ਕਰ ਰਹੀ ਹੈ ਅਤੇ ਵਿਦਿਆਰਥੀਆਂ ਦੇ ਬਾਹਰਲੇ ਦੇਸ਼ਾਂ ਵਿਚ ਜਾ ਕੇ ਪੜ੍ਹਾਈ ਕਰਨ ਦੇ ਸੁਪਨਿਆਂ ਨੂੰ ਪੂਰਾ ਕਰ ਰਹੀ ਹੈ। ਇਸ ਵਾਰ ਸੰਸਥਾ ਨੇ ਵਿਦਿਆਰਥੀ ਅਕਾਸ਼ਦੀਪ ਸਿੰਘ ਸਪੁੱਤਰ ਹਰਜਿੰਦਰ ਸਿੰਘ ਵਾਸੀ ਬਾਘਾ ਪੁਰਾਣਾ ਦਾ ਇਕ ਰਫਿਊਜ਼ਲ ਅਤੇ ਪੜ੍ਹਾਈ ਵਿਚ ਪੰਜ ਸਾਲ ਦੇ ਗੈਪ ਦੇ ਬਾਵਜੂਦ ਕੈਨੇਡਾ ਦੇ ਸ਼ਹਿਰ ਸਰੀ ਵਿਚ ਸਥਿਤ ਵੈਸਟਰਨ ਕਮਿਊਨਿਟੀ ਕਾਲਜ ਦਾ ਸਟੱਡੀ ਵੀਜ਼ਾ ਬਹੁਤ ਹੀ ਘੱਟ ਸਮੇਂ ਵਿਚ ਲਗਵਾ ਕੇ ਦਿੱਤਾ। ਸੰਸਥਾ ਦੇ ਮੁਖੀ ਪੰਕਜ ਬਾਂਸਲ ਅਤੇ ਗੌਰਵ ਕਾਲੜਾ ਨੇ ਉਨ੍ਹਾਂ ਨੂੰ ਵਧਾਈ ਦਿੰਦੇ ਹੋਏ ਉਜਵਲ ਭਵਿੱਖ ਦੀ ਕਾਮਨਾ ਕੀਤੀ।

## ਡੀ ਸੀ ਵੱਲੋਂ ਪਰਾਲੀ ਸਾੜਨ ਤੋਂ ਰੋਕਣ ਲਈ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਝੋਨੇ ਅਤੇ ਬਾਸਮਤੀ ਦੀ ਪਰਾਲੀ ਨੂੰ ਸਾੜਨ ਤੋਂ ਰੋਕਣ ਲਈ ਡਾ.ਰੂਹੀ ਦੁੱਗ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਦੀ ਪ੍ਰਧਾਨਗੀ ਹੇਠ ਰੀਵਿਊ ਮੀਟਿੰਗ ਦਫਤਰ ਡਿਪਟੀ ਕਮਿਸ਼ਨਰ ਵਿਖੇ ਹੋਈ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੁਪਰੀਮ ਕੋਰਟ ਅਤੇ ਨੈਸ਼ਨਲ ਗਰੀਨ ਟ੍ਰਿਬਿਊਨਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ ਲਈ ਲਈ ਪਹਿਲਾਂ ਹੀ ਦਿਸ਼ਾ ਨਿਰਦੇਸ਼ ਜਾਰੀ ਕੀਤੇ ਹੋਏ ਹਨ। ਉਨ੍ਹਾ ਜ਼ਿਲ੍ਹੇ ਦੇ ਨੋਡਲ ਅਧਿਕਾਰੀਆਂ ਅਤੇ ਕਲਸਟਰ ਅਫਸਰਾਂ ਨੂੰ ਹਦਾਇਤ ਕੀਤੀ ਕਿ ਜਿਨ੍ਹਾਂ ਖੇਤਾਂ ਵਿੱਚ ਪਰਾਲੀ ਦੀਆਂ ਗੰਢਾਂ ਬਣ ਗਈਆਂ ਹਨ, ਉਹ ਚੁਕਵਾਈਆਂ ਜਾਣ ਤਾਂ ਜੋ ਕਿਸਾਨਾਂ ਨੂੰ ਕਣਕ ਦੀ ਬਿਜਾਈ ਕਰਨ ਸਮੇਂ ਕੋਈ ਮੁਸ਼ਕਲ ਪੇਸ਼ ਨਾ ਆਵੇ। ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਪਰਾਲੀ ਅਤੇ ਪਰਾਲੀ ਦੀ ਰਹਿੰਦ ਖੂੰਹਦ ਨੂੰ ਅੱਗ ਨਾ ਲਗਾਈ ਜਾਵੇ ਬਲਕਿ ਇਸ ਨੂੰ ਖੇਤਾਂ ਵਿੱਚ ਵਾਹ ਕੇ ਕਣਕ ਦੀ ਬਿਜਾਈ ਕੀਤੀ ਜਾਵੇ ਤਾਂ ਜੋ ਜ਼ਮੀਨ ਵਿਚ ਜੈਵਿਕ ਖਾਦਾਂ ਦੀ ਕੋਈ ਕਮੀ ਨਾ ਆਵੇ। ਡਿਪਟੀ ਕਮਿਸਨਰ ਨੇ ਕਿਹਾ ਕਿ ਇਸ ਲਈ ਪਿੰਡਾਂ ਵਿਚ ਮਸ਼ੀਨਾਂ ਉਪਲਬਧ ਹਨ। ਕਿਸਾਨ ਕਿਰਾਏ 'ਤੇ ਮਸ਼ੀਨਾਂ ਵੀ ਲੈ ਸਕਦੇ ਹਨ। ਇਸ ਲਈ ਖੇਤੀਬਾੜੀ ਵਿਭਾਗ ਦੀ ਸਲਾਹ ਲਈ ਜਾ ਸਕਦੀ ਹੈ।

## ਅਗਾਂਹਵਧੂ ਕਿਸਾਨ ਗੁਰਚਰਨ ਸਿੰਘ ਦੂਸਰਿਆਂ ਲਈ ਬਣਿਆ ਰਾਹ ਦਸੇਰਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ੍ਰੀ ਮੁਕਤਸਰ ਸਾਹਿਬ ਬਲਾਕ ਦੇ ਕਿਸਾਨ ਗੁਰਚਰਨ ਸਿੰਘ ਸਿੰਘ ਪੁੱਤਰ ਘੀਲਾ ਸਿੰਘ ਪਿੰਡ ਉਦੇਕਰਨ ਪਿਛਲੇ ਕਈ ਸਾਲਾਂ ਤੋਂ ਪਰਾਲੀ ਦਾ ਪ੍ਰਬੰਧਨ ਆਪਣੇ ਪੱਧਰ 'ਤੇ ਕਰਦਾ ਆ ਰਿਹਾ ਹੈ ਅਤੇ ਝੋਨੇ ਦੀ ਪਰਾਲੀ ਨੂੰ ਖੇਤਾਂ ਵਿੱਚ ਵਾਹ ਕੇ ਕਣਕ ਦੀ ਬਿਜਾਈ ਕਰ ਰਿਹਾ ਹੈ। ਝੋਨੇ ਅਤੇ ਬਾਸਮਤੀ ਦੀ ਪਰਾਲੀ ਨੂੰ ਅੱਗ ਨਹੀਂ ਲਗਾ ਰਿਹਾ ਅਤੇ ਵਾਤਾਵਰਣ ਨੂੰ ਸਾਫ ਸੁਥਰਾ ਰੱਖਣ ਵਿੱਚ ਆਪਣਾ ਯੋਗਦਾਨ ਪਾ ਰਿਹਾ ਹੈ। ਕਿਸਾਨ ਗੁਰਚਰਨ ਸਿੰਘ ਅਨੁਸਾਰ ਉਸ ਨੇ ਇਸ ਵਾਰ ਸਾਢੇ 14 ਏਕੜ ਰਕਬੇ ਵਿੱਚ ਝੋਨੇ ਦੀ ਕਾਸ਼ਤ ਕੀਤੀ ਸੀ ਅਤੇ ਇਸ ਝੋਨੇ ਦੀ ਕਟਾਈ ਬਿਨਾਂ ਐਸ.ਐਮ.ਐਸ ਕੰਬਾਇਨ ਨਾਲ ਕੀਤੀ ਹੈ। ਪਰਾਲੀ ਦਾ ਨਿਪਟਾਰਾ ਉਸ ਨੇ ਮਸ਼ੀਨੀ ਕਟਰ ਕਮ ਸਪਰੈਡਰ, ਮਲਚਰ, ਐਮ.ਬੀ.ਹਲ ਅਤੇ ਦੋ ਵਾਰ ਰੋਟਾਵੇਟਰ ਦੀ ਵਰਤੋਂ ਕਰਨ ਤੋਂ ਬਾਅਦ ਕਣਕ ਦੀ ਬਿਜਾਈ ਕਰ ਰਿਹਾ ਹੈ ਅਤੇ ਪਰਾਲੀ ਦਾ ਨਿਪਟਾਰਾ ਆਪਣੇ ਹੀ ਖੇਤਾਂ ਵਿੱਚ ਹੀ ਕਰ ਰਿਹਾ ਹੈ ਅਤੇ ਇਸ ਤਰ੍ਹਾਂ ਕਣਕ ਦੀ ਬਿਜਾਈ ਕਰਨ ਨਾਲ ਗੁਰਚਰਨ ਸਿੰਘ ਪਰਾਲੀ ਅਤੇ ਪਰਾਲੀ ਦੀ ਰਹਿੰਦ ਖੂੰਹਦ ਨੂੰ ਅੱਗ ਲਗਾਉਣ ਦੀ ਬਜਾਏ ਇਸ ਦਾ ਪ੍ਰਬੰਧਨ ਆਪਣੇ ਹੀ ਖੇਤਾਂ ਵਿੱਚ ਕਰ ਰਿਹਾ ਹੈ ਅਤੇ ਕਣਕ ਲਈ ਉਸ ਨੂੰ ਯੂਰੀਆ ਵਗੈਰਾ ਖਾਦਾਂ ਦੀ ਵੀ ਘੱਟ ਵਰਤੋ ਕਰਨੀ ਪਵੇਗੀ। ਗੁਰਪ੍ਰੀਤ ਸਿੰਘ ਮੁੱਖ ਖੇਤੀਬਾੜੀ ਅਫਸਰ, ਜੋਬਨਦੀਪ ਸਿੰਘ ਏ.ਡੀ.ਓ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਵੀ ਕਿਸਾਨ ਗੁਰਚਰਨ ਸਿੰਘ ਦੀ ਤਰ੍ਹਾਂ ਆਪਣੇ ਖੇਤਾਂ ਵਿੱਚ ਝੋਨੇ ਦੀ ਪਰਾਲੀ ਅਤੇ ਇਸ ਦੀ ਰਹਿੰਦ ਖੂੰਹਦ ਨੂੰ ਅੱਗ ਨਾ ਲਗਾਉਣ ਦੀ ਬਜਾਏ ਇਸ ਦਾ ਨਿਪਟਾਰਾ ਆਪਣੇ ਖੇਤਾਂ ਵਿੱਚ ਹੀ ਕਰਨ।

# 19ਵਾਂ ਮੇਲਾ ਦੇਸ਼ ਭਗਤਾਂ ਦਾ ਸ਼ਾਨੋ-ਸ਼ੌਕਤ ਨਾਲ ਹੋਇਆ ਸਮਾਪਤ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**



ਕਰਤਾਰ ਸਿੰਘ ਸਰਾਭਾ ਤੇ ਗਦਰ ਲਹਿਰ ਦੇ ਸ਼ਹੀਦਾਂ ਦੀ ਯਾਦ ਵਿੱਚ ਦੇਸ਼ ਭਗਤ ਯਾਦਗਾਰ ਲੌਂਗੋਵਾਲ ਵਿਖੇ ਫਿਰਕਾਪਸਤੀ ਖਿਲਾਫ ਚੱਲੀਆਂ ਤੇ ਚੱਲ ਰਹੀਆਂ ਲਹਿਰਾਂ ਨੂੰ ਸਮਰਪਤ ਮਾਲਵੇ ਦਾ ਰਵਾਇਤੀ 19ਵਾਂ ਮੇਲਾ ਦੇਸ਼ ਭਗਤਾਂ ਦਾ ਪੂਰੇ ਸ਼ਾਨੋ ਸ਼ੌਕਤ ਨਾਲ ਸਮਾਪਤ ਹੋਇਆ। ਮੇਲੇ ਵਿੱਚ ਲੋਕ ਕਲਾ ਮੰਚ ਮੁੱਲਾਂਪੁਰ ਵੱਲੋਂ ਹਰਕੇਸ਼ ਚੌਧਰੀ ਦੀ ਨਿਰਦੇਸ਼ਨਾਂ ਹੇਠ ਨਸ਼ਿਆਂ ਦੀ ਤਰਾਸਦੀ ਨੂੰ ਉਭਾਰਦਾ ਤੇ ਇਸ ਖਿਲਾਫ ਸੰਘਰਸ਼ ਦਾ ਹੋਕਾ ਦਿੰਦਾ ਨਾਟਕ "ਅੱਲੜ੍ਹ ਉਮਰਾਂ ਘੁੱਪ ਹਨੇਰੇ" ਤੇ ਸ਼ਹੀਦ ਭਗਤ ਸਿੰਘ ਦੀ ਵਿਚਾਰਧਾਰਾ 'ਤੇ ਆਧਾਰਤ ਇਤਿਹਾਸਕ ਨਾਟਕ 'ਵਿਦਰੋਹੀ' ਦੇ ਮੰਚਨ ਰਾਹੀਂ ਬਰਤਾਨਵੀ ਹਕੂਮਤ ਨੂੰ ਮਲੀਆਮੇਟ ਕਰਨ ਵਾਲੇ ਨਾਇਕਾਂ ਨੂੰ ਲੋਕਾਂ ਦੇ ਰੂਬਰੂ ਕਰਨ ਤੇ ਮੌਜੂਦਾ ਹਾਲਤਾਂ 'ਚ ਇਸ ਦੀ ਮਹੱਤਤਾ ਨੂੰ ਉਭਾਰਨ ਦਾ ਸਫਲ ਮੰਚਨ ਕੀਤਾ ਗਿਆ।

ਸੰਸਥਾ ਦੇ ਜਨਰਲ ਸਕੱਤਰ ਜੁਝਾਰ ਲੌਂਗੋਵਾਲ ਨੇ ਮੰਚ ਸੰਚਾਲਨ ਤੇ ਪ੍ਰਧਾਨ ਮਾਸਟਰ ਬਲਵੀਰ ਲੌਂਗੋਵਾਲ ਨੇ ਜਿੱਥੇ ਸੰਸਥਾ ਦੇ ਉਦੇਸ਼ਾਂ ਬਾਰੇ ਜਾਣੂ ਕਰਵਾਇਆ, ਉਥੇ ਮੁਲਕ ਵਿੱਚ ਰਾਜਕੀ ਸ਼ਹਿ ਪ੍ਰਾਪਤ ਫਿਰਕੂ ਤੇ ਫਾਸ਼ੀਵਾਦੀ ਤਾਕਤਾਂ ਰਾਹੀਂ ਮੁਲਕ ਨੂੰ ਤਬਾਹੀ ਵੱਲ ਧੱਕਣ ਵਾਲੇ ਸਾਮਰਾਜਵਾਦ ਤੇ ਕਾਰਪੋਰੇਟ ਘਰਾਣਿਆਂ ਖਿਲਾਫ ਇਕਜੁੱਟ ਹੋ ਕੇ ਟਾਕਰਾ ਕਰਨ ਤੇ ਪੰਜਾਬ ਦੀ ਜਵਾਨੀ ਨੂੰ ਭਿਆਨਕ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਲਈ ਲਹਿਰ ਉਸਾਰਨ ਦਾ ਸੱਦਾ ਦਿੱਤਾ। ਦਿਨ ਵੇਲੇ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਦੇ ਗਾਇਨ, ਭਾਸ਼ਨ ਤੇ ਕੋਰੀਓਗਰਾਫੀ ਮੁਕਾਬਲੇ ਕਰਵਾਏ ਗਏ। ਕਮੇਟੀ ਵੱਲੋਂ ਸਾਰੇ ਵਿਦਿਆਰਥੀਆਂ ਨੂੰ ਯਾਦਗਾਰੀ ਚਿੰਨ੍ਹਾਂ ਤੇ ਨਕਦ ਰਾਸ਼ੀ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਭੋਲਾ ਸੰਗਰਾਮੀ ਮਾਡਲ ਟਾਊਨ, ਅਰਸ਼ਦੀਪ ਸਿੰਘ (ਲਲਕਾਰ), ਯੁਵਰਾਜ ਸਿੰਘ ਵੱਲੋਂ ਇਨਕਲਾਬੀ ਗੀਤ ਪੇਸ਼ ਕੀਤੇ ਗਏ। ਕਮੇਟੀ ਵੱਲੋਂ ਉੱਘੇ ਪਰਜਾਮੰਡਲੀਏ ਹਰਨਾਮ ਸਿੰਘ ਧਰਮਗੜ੍ਹ ਦੇ ਪਰਵਾਰ ਦਾ ਸਨਮਾਨ ਕੀਤਾ ਗਿਆ। ਕਿਤਾਬਾਂ ਦੀਆਂ ਸਟਾਲਾਂ ਖਿੱਚ ਦਾ ਕੇਂਦਰ ਬਣੀਆਂ ਰਹੀਆਂ, ਲੋਕਾਂ ਵੱਲੋਂ ਸਾਹਿਤਕ, ਇਨਕਲਾਬੀ ਕਿਤਾਬਾਂ ਖ੍ਰੀਦਣ 'ਚ ਰੁਚੀ ਦਿਖਾਈ ਗਈ।

ਇਸ ਮੌਕੇ ਵੱਖ ਵੱਖ ਸੰਸਥਾਵਾਂ ਦੇ ਆਗੂਆਂ ਸਵਰਨਜੀਤ ਸਿੰਘ, ਮਨਧੀਰ ਸਿੰਘ, ਬੀਬੀ ਸਮਿੰਦਰ ਕੌਰ ਗਿੱਲ, ਜਗਦੀਸ਼ ਪਾਪੜਾ, ਹਰਭਗਵਾਨ ਗੁਰਨੇ, ਗੁਰਮੇਲ ਬਖਸ਼ੀਵਾਲਾ, ਪਗਟ ਕਾਲਾਝਾੜ, ਬਲਦੇਵ ਮੰਡੇਰ, ਅੰਮਿਤ ਅਮੀ, ਚਰਨਜੀਤ ਪਟਵਾਰੀ, ਪਾਰਸਦੀਪ, ਵਿਸ਼ਵਕਾਂਤ, ਰਾਕੇਸ਼ ਕੁਮਾਰ, ਬਹਾਲ ਬੇਨੜਾ, ਪ੍ਰਿੰਸੀਪਲ ਵਰਿੰਦਰ ਚੀਮਾ, ਸੁਖਜੀਤ ਚੀਮਾ, ਜਸਵੀਰ ਨਮੋਲ, ਯਾਦਵਿੰਦਰ ਧੂਰੀ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਕਾਰਕੁਨ ਹਾਜ਼ਰ ਸਨ। ਗੁਰਮੇਲ ਸਿੰਘ, ਗੁਰਮੇਲ ਗੇਲੀ, ਲਖਵੀਰ ਲੌਂਗੋਵਾਲ, ਭਾਗ ਸਿੰਘ ਵੱਲੋਂ ਲੰਗਰ ਪ੍ਰਬੰਧਨ, ਕਮਲਜੀਤ ਵਿੱਕੀ, ਮਾਸਟਰ ਅਨਿਲ ਕੁਮਾਰ ਬੱਗਾ ਵੱਲੋਂ ਪੰਡਾਲ ਤੇ ਵਿੱਤ, ਸੁਖਪਾਲ ਬਾਜਵਾ, ਗੁਰਜੀਤ ਸਿੰਘ ਵੱਲੋਂ ਪ੍ਰਿੰਟਿੰਗ ਕਮੇਟੀ ਤੋਂ ਇਲਾਵਾ ਮਾਸਟਰ ਬੀਰਬਲ ਸਿੰਘ, ਮਾਸਟਰ ਚੰਦਰ ਸ਼ੇਖਰ, ਸੰਦੀਪ ਸਿੰਘ, ਰਾਮ ਕੁਮਾਰ, ਸੁਖਬੀਰ ਸਿੰਘ, ਅਮਨਦੀਪ ਸਿੰਘ, ਚਰਨਾ ਸਿੰਘ ਵੱਲੋਂ ਵੱਖ ਵੱਖ ਕਮੇਟੀਆਂ ਵਿੱਚ ਬਾਖੂਬੀ ਸੇਵਾਵਾਂ ਨਿਭਾਈਆਂ ਗਈਆਂ। ਅੰਤ ਵਿੱਚ ਅਕਾਸ਼ ਗੁਜਾਊ ਇਨਕਲਾਬੀ ਨਾਹਰਿਆਂ ਨਾਲ ਮੇਲਾ ਸਮਾਪਤ ਹੋਇਆ।

# ਪੰਜਾਬੀ ਵਿਭਾਗ ਦੇ ਭਾਸ਼ਾ ਮੰਚ ਵੱਲੋਂ ਭਾਸ਼ਣ ਮੁਕਾਬਲੇ



**ਰਾਜਪੁਰਾ (ਰਮੇਸ਼ ਕਟਾਰੀਆ)**

ਸਥਾਨਕ ਪਟੇਲ ਮੈਮੋਰੀਅਲ ਨੈਸ਼ਨਲ ਕਾਲਜ ਵਿਖੇ ਪੰਜਾਬੀ ਵਿਭਾਗ ਦੇ ਭਾਸ਼ਾ ਮੰਚ ਵੱਲੋਂ ' ਮਾਤ ਭਾਸ਼ਾ' ਵਿਸ਼ੇ 'ਤੇ ਡਾ. ਹਰਿੰਦਰਪਾਲ ਕੌਰ , ਭਾਸ਼ਾ ਮੰਚ ਕਨਵੀਨਰ ਅਤੇ ਡਾ. ਮਨਦੀਪ ਸਿੰਘ, ਮੁਖੀ ਪੰਜਾਬੀ ਵਿਭਾਗ ਦੀ ਅਗਵਾਈ ਹੇਠ ਭਾਸ਼ਣ ਮੁਕਾਬਲੇ ਕਰਵਾਏ ਗਏ । ਇਸ ਮੌਕੇ ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਗਾਂਧੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਆਪੋ ਆਪਣੀ ਮਾਂ ਬੋਲੀ 'ਤੇ ਮਾਣ ਕਰਨ ਅਤੇ ਕਾਲਜ ਪੱਧਰ 'ਤੇ ਹੁੰਦੇ ਮੁਕਾਬਲਿਆਂ ਵਾਂਗ ਜ਼ਿੰਦਗੀ ਦੇ ਹਰ ਮੁਕਾਬਲੇ ਨੂੰ ਉਤਸ਼ਾਹ ਤੇ ਲਗਨ ਨਾਲ ਸਰ ਕਰਨ ਲਈ ਕਿਹਾ । ਡਾ. ਮਨਦੀਪ ਸਿੰਘ, ਮੁਖੀ ਪੰਜਾਬੀ ਵਿਭਾਗ ਨੇ ਭਾਸ਼ਣ ਕਲਾ ਦੇ ਗੁਰ ਵਿਦਿਆਰਥੀਆਂ ਨਾਲ ਸਾਂਝੇ ਕੀਤੇ । ਇਨ੍ਹਾਂ ਭਾਸ਼ਣ ਮੁਕਾਬਲਿਆਂ ਵਿੱਚੋਂ ਪਹਿਲਾ ਸਥਾਨ ਵਿਸ਼ਾਲ ਗੁਡਵਾਨੀ, ਬੀ.ਸੀ.ਏ. ਭਾਗ ਪਹਿਲਾ, ਦੂਜਾ ਸਥਾਨ ਹਰਸ਼ਦੀਪ ਕੌਰ, ਬੀ.ਏ. ਭਾਗ ਪਹਿਲਾ, ਤੀਜਾ ਸਥਾਨ ਸਹਿਜਪਰੀਤ ਕੌਰ, ਬੀ.ਏ. ਭਾਗ ਪਹਿਲਾ ਨੇ ਹਾਸਲ ਕੀਤਾ । ਮੰਚ ਸੰਚਾਲਨ ਪ੍ਰੋ. ਦਲਜੀਤ ਸਿੰਘ ਨੇ ਕੀਤਾ । ਇਸ ਮੌਕੇ ਪ੍ਰੋ. ਅਵਤਾਰ ਸਿੰਘ, ਡਾ. ਹਰਜਿੰਦਰ ਕੌਰ, ਪ੍ਰੋ. ਤ੍ਰਿਸ਼ਨਦੀਪ ਸਿੰਘ ਗਰੇਵਾਲ ਤੇ ਕੋਚ ਹਰਪ੍ਰੀਤ ਸਿੰਘ ਮੌਜੂਦ ਸਨ।

## ਫੈਕਲਟੀ ਆਫ਼ ਨਰਸਿੰਗ ਦੇ ਵਿਦਿਆਰਥੀਆਂ ਵੱਲੋਂ ਕੁਸ਼ਟ ਆਸ਼ਰਮ ਦਾ ਦੌਰਾ

**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**




ਜੀ ਐਨ ਐਮ, ਫੈਕਲਟੀ ਆਫ਼ ਨਰਸਿੰਗ, ਦੇਸ਼ ਭਗਤ ਯੂਨੀਵਰਸਿਟੀ, ਮੰਡੀ ਗੋਬਿੰਦਗੜ੍ਹ ਦੇ ਵਿਦਿਆਰਥੀਆਂ ਨੇ ਕੁਸ਼ਟ ਆਸ਼ਰਮ ਖੰਨਾ ਦਾ ਦੌਰਾ ਕੀਤਾ। ਇਸ ਵਿਜ਼ਿਟ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਖਾਣ-ਪੀਣ ਦੀਆਂ ਵਸਤੂਆਂ ਵੰਡੀਆਂ ਅਤੇ ਨਾਲ ਹੀ 5000 ਰੁਪਏ ਦੀ ਨਕਦ ਰਾਸ਼ੀ ਦਾਨ ਵਜੋਂ ਕੁਸ਼ਟ ਆਸ਼ਰਮ ਦੇ ਮੈਂਬਰਾਂ ਨੂੰ ਭੇਟ ਕੀਤੀ। ਪ੍ਰੋ. ਲਵਸਮਪੂਰਨਜੋਤ ਕੌਰ, ਕਾਰਜਕਾਰੀ ਪ੍ਰਿੰਸੀਪਲ, ਨਰਸਿੰਗ ਫੈਕਲਟੀ ਨੇ ਕਿਹਾ ਕਿ ਇਹ ਦੌਰਾ ਡਾ. ਜ਼ੋਰਾ ਸਿੰਘ, ਮਾਣਯੋਗ ਚਾਂਸਲਰ, ਦੇਸ਼ ਭਗਤ ਯੂਨੀਵਰਸਿਟੀ ਅਤੇ ਡਾ. ਸੰਦੀਪ ਸਿੰਘ ਪ੍ਰੈਜ਼ੀਡੈਂਟ ਡੀ.ਬੀ.ਯੂ. ਦੀ ਯੋਗ ਅਗਵਾਈ ਅਤੇ ਸਹਿਯੋਗ ਹੇਠ ਕਰਵਾਇਆ ਗਿਆ ਹੈ। ਪ੍ਰੋ. ਲਵਸਮਪੂਰਨਜੋਤ ਕੌਰ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਕੁਸ਼ਟ ਸੇਵਾ ਆਸ਼ਰਮ ਵਿਖੇ ਸ੍ਰੀ ਅਘੋਰੇਸ਼ਵਰ ਨੇ 1961 ਵਿੱਚ ਐਸੋਸੀਏਸ਼ਨ ਰਾਹੀਂ ਸਮਾਜਿਕ ਕਾਰਜ ਦੀ ਸ਼ੁਰੂਆਤ ਕੀਤੀ ਸੀ। ਅਘੋਰੇਸ਼ਵਰ ਦਾ ਉਦੇਸ਼ ਪੀੜਤਾਂ ਨੂੰ ਪਨਾਹ ਦੇਣਾ ਅਤੇ ਉਨ੍ਹਾਂ ਨੂੰ ਵਿਕਾਸ ਲਈ ਇੱਕ ਸੁਰੱਖਿਅਤ ਮਾਹੌਲ ਪ੍ਰਦਾਨ ਕਰਨਾ ਹੈ। ਕੁਸ਼ਟ ਸੇਵਾ ਆਸ਼ਰਮ ਦਾ ਅਰਥ ਹੈ "ਕੋਹੜ ਦੇ ਰੋਗ ਤੋਂ ਪ੍ਰਭਾਵਿਤ ਪੀੜਤਾਂ ਦੀ ਸੇਵਾ ਲਈ ਆਸ਼ਰਮ"।

ਡਾ. ਜ਼ੋਰਾ ਸਿੰਘ ਚਾਂਸਲਰ, ਦੇਸ਼ ਭਗਤ ਯੂਨੀਵਰਸਿਟੀ ਨੇ ਵਿਦਿਆਰਥੀਆਂ ਨੂੰ ਅਜਿਹਾ ਕਾਰਜ ਉਲੀਕਣ ਲਈ ਵਧਾਈ ਦਿੱਤੀ ਅਤੇ ਦੂਸਰਿਆਂ ਦੀ ਭਲਾਈ ਲਈ ਆਪਣਾ ਯੋਗਦਾਨ ਦਿੰਦੇ ਰਹਿਣ ਲਈ ਪ੍ਰੇਰਿਤ ਕੀਤਾ। ਡਾ ਸੰਦੀਪ ਸਿੰਘ, ਪ੍ਰੈਜ਼ੀਡੈਂਟ, ਡੀ.ਬੀ.ਯੂ ਨੇ ਕੋਆਰਡੀਨੇਟਰ ਹਨੀ ਹਸਤੀਰ (ਨਰਸਿੰਗ ਟਿਊਟਰ) ਅਤੇ ਕਰਨਵੀਰ ਕੌਰ (ਨਰਸਿੰਗ ਟਿਊਟਰ) ਅਤੇ ਵਿਜ਼ਿਟ ਦੇ ਪ੍ਰਬੰਧਕਾਂ ਅਤੇ ਅਜਿਹੇ ਮਨੁੱਖਤਾ ਦੇ ਭਲੇ ਲਈ ਸੋਚਣ ਵਾਲੇ ਵਿਦਿਆਰਥੀਆਂ ਨੂੰ ਵੀ ਸ਼ੁੱਭਕਾਮਨਾਵਾਂ ਦਿੱਤੀਆਂ।

## ਖਾਟੂ ਸ਼ਾਮ ਜੀ ਦਾ ਸਾਲਾਨਾ ਜਾਗਰਣ 23 ਨੂੰ, ਕਾਰਡ ਜਾਰੀ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਕੰਨਿਆ ਮਿੱਤਰ ਮੰਡਲ ਵੱਲੋਂ ਖਾਟੂ ਸ਼ਾਮ ਜੀ ਦਾ ਚੌਥਾ ਵਿਸ਼ਾਲ ਜਾਗਰਣ ਸ੍ਰੀ ਸ਼ਿਵ ਮੰਦਰ ਧਰਮਸ਼ਾਲਾ ਮੋਗਾ ਰੋਡ ਵਿਖੇ 23 ਨਵੰਬਰ ਨੂੰ ਧੂਮਧਾਮ ਨਾਲ ਕਰਵਾਇਆ ਜਾ ਰਿਹਾ ਹੈ। ਜਾਗਰਣ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਧਾਨ ਪੰਕਜ ਗੁਪਤਾ ਤੇ ਮੋਹਿਤ ਸਿੰਗਲਾ ਨੇ ਕਿਹਾ ਕਿ ਉਕਤ ਸਮਾਗਮ ਦਾ ਕਾਰਡ ਅੱਜ ਸੰਸਥਾ ਦੇ ਅਹੁਦੇਦਾਰਾਂ ਅਤੇ ਮੈਂਬਰਾਨਾਂ ਵੱਲੋਂ ਜਾਰੀ ਕੀਤਾ ਗਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਪਹੁੰਚ ਰਹੇ ਕਲਾਕਾਰ ਨੂਰ ਮਹਿਰਾ ਭਜਨ ਗਾਇਨ ਕਰਨਗੇ। ਇਸ ਮੌਕੇ ਖਾਟੂ ਸ਼ਾਮ ਬਾਬਾ ਜੀ ਦਾ ਸੁੰਦਰ ਦਰਬਾਰ ਸਜਾਇਆ ਜਾਵੇਗਾ ਤੇ ਭਗਤਾਂ ਦੇ ਬੈਠਣ ਲਈ ਵਧੀਆ ਪ੍ਰਬੰਧ ਕੀਤੇ ਜਾਣਗੇ ਅਤੇ ਸ੍ਰੀ ਸ਼ਿਵ ਮੰਦਰ ਧਰਮਸ਼ਾਲਾ ਦੀ ਰੰਗ ਬਰੰਗੀਆਂ ਲਾਈਟਾਂ ਨਾਲ ਖੂਬ ਸਜਾਵਟ ਕੀਤੀ ਜਾਵੇਗੀ।



## ਜੋਤ ਸਮਰ ਤੇ ਵਿਰਾਸਤ ਕੌਰ ਵੱਲੋਂ ਪਾਲਕੀ ਸਾਹਿਬ ਵਾਲੀ ਗੱਡੀ ਬਾਬਾ ਮੋਤੀ ਰਾਮ ਮਹਿਰਾ ਟਰੱਸਟ ਨੂੰ ਭੇਟ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਚੈਰੀਟੇਬਲ ਟਰਸਟ ਦੇ ਚੇਅਰਮੈਨ ਨਿਰਮਲ ਸਿੰਘ ਐੱਸ ਐੱਸ ਨੇ ਗੁਰਦੁਆਰਾ ਬਾਬਾ ਮੋਤੀ ਰਾਮ ਮਹਿਰਾ ਲਈ ਮੋਰਿੰਡਾ ਨਿਵਾਸੀ ਜੋਤ ਸਮਰ ਤੇ ਵਿਰਾਸਤ ਕੌਰ ਵੱਲੋਂ ਪਾਲਕੀ ਸਾਹਿਬ ਵਾਲੀ ਵੈਨ ਗੱਡੀ ਭੇਟ ਕਰਨ 'ਤੇ ਉਨ੍ਹਾਂ ਦਾ ਧੰਨਵਾਦ ਕੀਤਾ।

ਚੇਅਰਮੈਨ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਮੱਘਰ ਸੰਗਰਾਂਦ ਦਾ ਦਿਹਾੜਾ ਸ਼ਰਧਾ ਪੂਰਬਕ ਮਨਾਇਆ ਗਿਆ ਤੇ ਸੰਗਤਾਂ ਦੀ ਵਧਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਪ੍ਰਬੰਧਾਂ ਵਿੱਚ ਹੋਰ ਵੀ ਸੁਧਾਰ ਕੀਤੇ ਜਾ ਰਹੇ ਹਨ। ਇਸ ਮੌਕੇ ਗੱਡੀ ਭੇਟ ਕਰਨ ਵਾਲਿਆਂ ਦਾ ਚੇਅਰਮੈਨ ਤੇ ਟਰਸਟੀਆਂ ਵੱਲੋਂ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ, ਜਦੋਂਕਿ ਕੈਪਟਨ ਪਰਮਜੀਤ ਸਿੰਘ ਸਮਰਾਲਾ ਨੇ 1100 ਰੁਪਏ ਦੀ ਸੇਵਾ ਗੁਰੂ ਘਰ ਦੀ ਇਮਾਰਤ ਲਈ ਦਿੱਤੀ। ਇਸ ਮੌਕੇ ਸੁਖਦੇਵ ਸਿੰਘ ਰਾਜ, ਬਲਦੇਵ ਸਿੰਘ ਦੁਸਾਂਝ, ਬਲਦੇਵ ਸਿੰਘ ਲੁਹਾਰਾ, ਗੁਰਮੀਤ ਸਿੰਘ ਸਕੱਤਰ, ਜਸਪਾਲ ਸਿੰਘ ਕਲੌਂਦੀ. ਮੈਨੇਜਰ ਨਵਜੋਤ ਸਿੰਘ, ਬਲਜਿੰਦਰ ਕੌਰ ਪ੍ਰਧਾਨ ਇਸਤਰੀ ਵਿੰਗ, ਰਾਜ ਕੁਮਾਰ ਪਾਤੜਾਂ, ਬਨਾਰਸੀ ਦਾਸ, ਗੁਰਦੇਵ ਸਿੰਘ ਨਾਭਾ, ਕੁਲਦੀਪ ਸਿੰਘ ਜੇ ਈ, ਮਹਿੰਦਰ ਸਿੰਘ ਮੋਰਿੰਡਾ, ਗੁਰਚਰਨ ਸਿੰਘ ਧਨੌਲਾ, ਅਮੀਚੰਦ ਸਿੰਘ ਮਾਛੀਵਾੜਾ, ਜੋਗਿੰਦਰਪਾਲ ਸਿੰਘ, ਹਰਜੀਤ ਸਿੰਘ ਮਜਾਰੀ, ਮੰਗਤ ਸਿੰਘ ਮਹਿਰਾ, ਸੰਤੋਖ ਸਿੰਘ, ਹਰਦੀਪ ਸਿੰਘ ਹੈੱਡ ਗ੍ਰੰਥੀ ਆਦਿ ਹਾਜ਼ਰ ਸਨ।

# ਸੰਤ ਬਾਬਾ ਇਕਬਾਲ ਸਿੰਘ ਬੜੂ ਸਾਹਿਬ ਵਾਲਿਆਂ ਦੀ ਯਾਦ 'ਚ ਸਮਾਗਮ




**ਚੀਮਾ ਮੰਡੀ (ਰਵਿੰਦਰ ਚੀਮਾ)**-ਸ਼੍ਰੋਮਣੀ ਪੰਥ ਰਤਨ ਸੰਤ ਬਾਬਾ ਇਕਬਾਲ ਸਿੰਘ ਬੜੂ ਸਾਹਿਬ ਵਾਲਿਆਂ ਦੀ ਮਿੱਠੀ ਤੇ ਨਿੱਘੀ ਯਾਦ ਨੂੰ ਸਮਰਪਤ ਮਹਾਨ ਗੁਰਮਤਿ ਸਮਾਗਮ ਗੁਰਦੁਆਰਾ ਜਨਮ ਅਸਥਾਨ ਚੀਮਾ ਵਿਖੇ 14 ,15 ਅਤੇ 16 ਨਵੰਬਰ ਨੂੰ ਕਰਵਾਇਆ ਗਿਆ। ਗੁਰਦੁਆਰਾ ਜਨਮ ਅਸਥਾਨ ਚੀਮਾ ਮੰਡੀ ਦੇ ਮੁੱਖ ਸੇਵਾਦਾਰ ਭਾਈ ਜਗਜੀਤ ਸਿੰਘ ਕਾਕਾ ਵੀਰ ਨੇ ਦੱਸਿਆ ਕਿ 14 ਨਵੰਬਰ ਨੂੰ ਤੰਤੀ ਸਾਜ਼ ਜਥਾ ਗੁਰਦੁਆਰਾ ਬੜੂ ਸਾਹਿਬ ਭੁਝੰਗੀ, ਸ਼ਬਦ ਕੀਰਤਨ ਅਨਾਹਦ ਬਾਣੀ ਤੰਤੀ ਸਾਜ਼ ਜਥਾ, ਸੰਤ ਬਾਬਾ ਧਰਮਪ੍ਰੀਤ ਸਿੰਘ ਘਰਾਗਣੇ ਵਾਲੇ, ਢਾਡੀ ਵਾਰਾਂ ਢਾਡੀ ਜਥਾ ਗੁਰਦੁਆਰਾ ਬੜੂ ਸਾਹਿਬ, ਬਾਬਾ ਕਬੀਰਾ ਸਿੰਘ ਅਲਹਰਾ ਵਾਲੇ ਤੇ 15 ਨਵੰਬਰ ਨੂੰ ਸਿੰਘ ਸਾਹਿਬ ਗਿਆਨੀ ਰਘਵੀਰ ਸਿੰਘ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਬਾਬਾ ਗੁਰਜੀਤ ਸਿੰਘ ਹਰੀਗੜ੍ਹ ਵਾਲੇ, ਬਾਬਾ ਗੁਰਜੰਟ ਸਿੰਘ ਮੰਡਵੀ ਵਾਲੇ, ਬਾਬਾ ਮਨਜੋਤ ਸਿੰਘ ਬਡਰੁੱਖਾਂ ਵਾਲੇ ਅਤੇ ਬਾਬਾ ਮਨਮੋਹਣ ਸਿੰਘ ਬਾਰਨ ਵਾਲੇ ਕਥਾ ਵਿਚਾਰਾਂ ਦੀ ਸਾਂਝ ਪਾਈ ਗਈ ਅਤੇ ਉਹਨਾਂ ਦੱਸਿਆ ਕਿ ਅਖੀਰਲੇ ਦਿਨ 16 ਨਵੰਬਰ ਨੂੰ ਸਮਾਗਮ ਵਿੱਚ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ, ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜਥੇਦਾਰ ਤਖਤ ਸ੍ਰੀ ਕੇਸਗੜ੍ਹ ਸਾਹਿਬ, ਭਾਈ ਅਮਨਦੀਪ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਗਿਆਨੀ ਅਤਰ ਸਿੰਘ ਕਥਾਵਾਚਕ ਗੁਰਦੁਆਰਾ ਜੋਤੀ ਸਰੂਪ ਫਤਿਹਗੜ੍ਹ ਸਾਹਿਬ, ਸੰਤ ਬਾਬਾ ਹਰਨਾਮ ਸਿੰਘ ਮੁਖੀ ਦਮਦਮੀ ਟਕਸਾਲ, ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਦਾ ਜਥਾ (ਕਾਰ ਸੇਵਾ ਵਾਲੇ), ਬਾਬਾ ਹਰਨੇਕ ਸਿੰਘ ਲੰਗਰਾਂ ਵਾਲੇ, ਬਾਬਾ ਜਗਜੀਤ ਸਿੰਘ ਹਰਖੋਵਾਲ, ਬਾਬਾ ਜਸਵੰਤ ਸਿੰਘ ਗੁਰਦੁਆਰਾ ਜੋਤੀ ਸਰੂਪ, ਬਾਬਾ ਇੰਦਰਜੀਤ ਸਿੰਘ ਰਤੀਆ, ਬਾਬਾ ਸੁਖਦੇਵ ਸਿੰਘ ਸਿਧਾਣੇ ਵਾਲੇ, ਬਾਬਾ ਜਸਵਿੰਦਰ ਸਿੰਘ ਹਰੇੜੀ ਵਾਲੇ, ਸੁਆਮੀ ਚੰਦਰਮੁਨੀ ਜੀ ਗਊਸ਼ਾਲਾ ਸੇਰੋਂ, ਭਾਈ ਗੋਬਿੰਦ ਸਿੰਘ ਲੌਂਗੋਵਾਲ ਸਾਬਕਾ ਪ੍ਰਧਾਨ ਪ੍ਰਧਾਨ ਐਸ ਜੀ ਪੀ ਸੀ, ਬਾਬਾ ਨਾਮਦੇਵ ਸਿੰਘ ਘੱਗੇ ਵਾਲੇ, ਬਾਬਾ ਜਗਰੂਪ ਸਿੰਘ ਚੌਹਟਾ ਸਾਹਿਬ ਆਦਿ ਸਮਾਗਮ ਦੌਰਾਨ ਸ਼ਾਮਲ ਹੋਏ। ਕਲਗੀਧਰ ਟਰਸਟ ਬੜੂ ਸਾਹਿਬ ਦੇ ਪ੍ਰਧਾਨ ਡਾ. ਦਵਿੰਦਰ ਸਿੰਘ ਸੰਗਤਾਂ ਨਾਲ ਗੁਰਮਤਿ ਬਚਨਾਂ ਦੀ ਸਾਂਝ ਪਾਈ ਅਤੇ ਉਨ੍ਹਾ ਕਿਹਾ ਇਹ ਸਮਾਗਮ ਵਿਸ਼ੇਸ਼ ਤੌਰ 'ਤੇ ਸਰਬ ਸਾਂਝੀਵਾਲਤਾ ਨੂੰ ਸਮਰਪਤ ਰਿਹਾ ਜਿਸ ਵਿੱਚ ਹਰ ਧਰਮ ਦੇ ਸੰਤ ਮਹਾਂਪੁਰਖਾਂ ਨੇ ਸੰਗਤ ਦੇ ਦਰਸ਼ਨ ਕੀਤੇ ਅਤੇ ਸਮੂਹ ਸੰਗਤ ਨੂੰ ਆਪਣੇ ਬਚਨਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਦੇ ਅਖੀਰਲੇ ਦਿਨ ਦੁਪਹਿਰ 12 ਵਜੇ ਤਖਤ ਸ੍ਰੀ ਦਮਦਮਾ ਸਾਹਿਬ ਤੋਂ ਪਹੁੰਚ ਰਹੇ ਪੰਜ ਪਿਆਰੇ ਸਾਹਿਬਾਨਾਂ ਵੱਲੋਂ ਅੰਮ੍ਰਿਤ ਸੰਚਾਰ ਵੀ ਕਰਵਾਇਆ ਗਿਆ ਜਿਸ ਵਿੱਚ 35 ਪ੍ਰਾਣੀਆਂ ਵੱਲੋਂ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ ਗਈ।

## ਕਿੰਡਰ ਗਾਰਟਨ ਸਕੂਲ 'ਚ ਅਥਲੈਟਿਕਸ ਮੀਟ ਸ਼ੁਰੂ




**ਸਮਰਾਲਾ (ਸੁਰਜੀਤ ਸਿੰਘ)**-ਕਿੰਡਰ ਗਾਰਟਨ ਸੀ. ਸੈ. ਸਕੂਲ ਵਿੱਚ ਨਰਸਰੀ ਤੋਂ ਬਾਰਵੀਂ ਤੱਕ ਤਿੰਨ ਰੋਜ਼ਾ ਐਥਲੈਟਿਕਸ ਮੀਟ ਸ਼ੁਰੂ ਕਰਵਾਈ ਗਈ, ਜਿਸ ਵਿੱਚ ਪਹਿਲੇ ਦਿਨ ਨਰਸਰੀ ਤੋਂ ਦੂਜੀ ਕਲਾਸ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਨ੍ਹਾਂ ਖੇਡਾਂ ਵਿੱਚ ਵਿਦਿਆਰਥੀਆਂ ਦੇ ਨਾਲ-ਨਾਲ ਅਧਿਆਪਕਾਂ ਨੇ ਵੀ ਹਿੱਸਾ ਲਿਆ। ਖੇਡਾਂ ਦਾ ਆਰੰਭ ਕਰਨ ਸਮੇਂ ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਰਣਜੋਤ ਕੌਰ ਨੇ ਕਿਹਾ ਕਿ ਖੇਡਾਂ ਮਨੁੱਖੀ ਜੀਵਨ ਦਾ ਮਹੱਤਵਪੂਰਨ ਅੰਗ ਹਨ। ਸਰੀਰ ਤੇ ਆਪਣੇ ਮਨ ਨੂੰ ਤੰਦਰੁਸਤ ਰੱਖਦੀਆਂ ਹਨ। ਖੇਡਾਂ ਦੇ ਆਰੰਭ ਵਿੱਚ ਵਿਦਿਆਰਥੀਆਂ ਵੱਲੋਂ 'ਜੈ ਹੋ' ਗੀਤ 'ਤੇ ਡਾਂਸ ਕੀਤਾ। ਐਥਲੈਟਿਕਸ ਮੀਟ ਵਿੱਚ ਸਪੂਨ ਰੇਸ, ਸੈਕ ਰੇਸ, 30 ਤੇ 40 ਮੀ. ਰੇਸ, ਫਰੋਗ ਰੇਸ, ਬੈਕ ਰੇਸ, ਬਾਸਕਟਬਾਲ ਆਦਿ ਈਵੈਂਟ ਕਰਵਾਏ ਗਏ। ਇਨ੍ਹਾਂ ਈਵੈਂਟਾਂ ਵਿੱਚ ਵਿਦਿਆਰਥੀਆਂ ਨੇ ਵਧ ਚੜ੍ਹ ਕੇ ਹਿੱਸਾ ਲਿਆ। ਖੇਡਾਂ 'ਚ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡਲ ਦਿੱਤੇ ਗਏ। ਡਾਇਰੈਕਟਰ ਸ਼੍ਰੀਮਤੀ ਸਰਬਜੀਤ ਕੌਰ, ਪ੍ਰਿੰਸੀਪਲ ਸ਼੍ਰੀਮਤੀ ਰਣਜੋਤ ਕੌਰ ਨੇ ਜੇਤੂ ਵਿਦਿਆਰਥੀਆਂ ਤੇ ਡੀ ਪੀ ਮੈਡਮ ਹਰਪ੍ਰੀਤ ਕੌਰ ਤੇ ਸੁਖਚੈਨ ਸਿੰਘ ਨੂੰ ਵਧਾਈ ਦਿੱਤੀ।

# ਸਰਕਾਰ ਦੀ ਘਰ-ਘਰ ਆਟਾ ਪਹੁੰਚਾਉਣ ਦੀ ਸਕੀਮ ਹਾਸੋਹੀਣੀ ਲੱਗਦੀ : ਦਿਹਾਤੀ ਮਜ਼ਦੂਰ ਸਭਾ

**ਪਠਾਨਕੋਟ (ਦਵਿੰਦਰ ਸਿੰਘ)**-ਪੰਜਾਬ ਸਰਕਾਰ ਵੱਲੋਂ ਘਰ ਘਰ ਆਟਾ ਪੁਚਾਉਣ ਦੇ ਦਿੱਤੇ ਬਿਆਨ ਤੇ ਪ੍ਰਤੀਕਿਰਿਆ ਜ਼ਾਹਿਰ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਆਗੂ ਕਾਮਰੇਡ ਅਜੀਤ ਰਾਮ ਗੰਦਲਾਂ ਲਾਹੜੀ ਨੇ ਕਿਹਾ ਕਿ ਗਰੀਬ ਲੋਕਾਂ ਦੇ ਨਜਾਇਜ਼ ਕੱਟੇ ਰਾਸ਼ਨ ਕਾਰਡ ਤਾਂ ਬਹਾਲ ਨਹੀਂ ਕੀਤੇ ਜਾ ਰਹੇ, ਆਟਾ ਘਰ ਘਰ ਪੁਜਦਾ ਕਰਨ ਵਾਲੀ ਗੱਲ ਹਾਸੋਹੀਣੀ ਲੱਗਦੀ ਹੈ। ਫਰਜ਼ੀ ਸਰਵੇਖਣ ਦੇ ਅਧਾਰ ਤੇ ਪੰਜਾਬ ਸਰਕਾਰ ਨੇ ਹਜ਼ਾਰਾਂ ਗਰੀਬ ਲੋੜਵੰਦ ਲੋਕਾਂ ਦੇ ਰਾਸ਼ਨ ਕਾਰਡ ਕੱਟ ਦਿੱਤੇ ਸਨ। ਗਰੀਬ ਪਰਿਵਾਰਾਂ ਦੇ ਨਜਾਇਜ਼ ਕੱਟੇ ਰਾਸ਼ਨ ਕਾਰਡਾਂ ਦੀ ਬਹਾਲੀ, ਬਿਨਾਂ ਕਾਰਨ ਕੁਝ ਮੈਂਬਰਾਂ ਦੇ ਕੱਟੇ ਨਾਮ ਮੁੜ ਕਾਰਡਾਂ ਵਿੱਚੋਂ ਸ਼ਾਮਲ ਕਰਾਉਣ ਲਈ, ਪਰਚੀਆਂ ਕੱਟ ਕੇ ਕਣਕ ਦੇਣ ਤੋਂ ਆਨਾ ਕਾਨੀ ਕਰਨ ਵਾਲੇ ਡੀਪੂ ਹੋਲਡਰਾਂ ਦੇ ਲਾਈਸੈਂਸ ਰੱਦ ਕਰੋ। ਬਿਨਾਂ ਜਾਂਚ ਪੜਤਾਲ ਦੇ ਗਰੀਬ ਲੋਕਾਂ ਦੇ ਰਾਸ਼ਨ ਕਾਰਡ ਕੱਟਣ ਵਾਲੇ ਅਧਿਕਾਰੀਆਂ/ਕਰਮਚਾਰੀਆਂ ਨੂੰ ਬਰਖਾਸਤ ਕਰਨ ਅਤੇ ਖਰਾਬ ਕਣਕ ਦੀ ਸਾਫ ਸੁਥਰੀ ਕਣਕ ਦੇਣ ਦਾ ਪ੍ਰਬੰਧ ਕਰਨ ਆਦਿ ਮੰਗਾਂ ਨੂੰ ਲੈ ਕੇ ਦਿਹਾਤੀ ਮਜ਼ਦੂਰ ਸਭਾ ਵੱਲੋਂ ਜ਼ਿਲ੍ਹਾ ਹੈੱਡਕੁਆਰਟਰ ਪਠਾਨਕੋਟ ਵਿਖੇ 4 ਸਤੰਬਰ ਤੋਂ ਲੱਗੇ ਦਿਨ ਰਾਤ ਦੇ ਡੇਢ ਮਹੀਨਾ ਚੱਲੇ ਧਰਨੇ ਸਮੇਂ ਦੌਰਾਨ 16 ਅਕਤੂਬਰ ਨੂੰ ਮੌਜੂਦਾ ਐਸਡੀਐਮ ਪਠਾਨਕੋਟ ਨੇ ਧਰਨੇ ਵਿੱਚ ਬੈਠੇ ਲੋਕਾਂ ਨੂੰ ਭਰੋਸਾ ਦਿਵਾਇਆ ਸੀ ਕਿ ਨਵੰਬਰ ਦੇ ਪਹਿਲੇ ਹਫਤੇ ਵਿੱਚ ਨਵੇਂ ਰਾਸ਼ਨ ਕਾਰਡ ਬਣਾਉਣ ਲਈ ਸਬੰਧੀ ਜਾਣਕਾਰੀ ਦਿੱਤੀ ਜਾਵੇਗੀ। ਪਰੰਤੂ ਅੱਜ ਦਿਹਾਤੀ ਮਜ਼ਦੂਰ ਸਭਾ ਜਿਲ੍ਹਾ ਪਠਾਨਕੋਟ ਦੇ ਕਨਵੀਨਰ ਅਜੀਤ ਰਾਮ ਗੰਦਲਾਂ ਲਾਹੜੀ ਅਤੇ ਪ੍ਰਵੀਨ ਕੁਮਾਰ ਬਮਿਆਲ ਦੀ ਅਗਵਾਈ ਹੇਠ ਮਿਲੇ ਵਫਦ ਨੂੰ ਜਿਲ੍ਹਾ ਅਧਿਕਾਰੀਆਂ ਨੇ ਕੋਈ ਠੋਸ ਜਾਣਕਾਰੀ ਨਹੀਂ ਦਿੱਤੀ। ਆਗੂਆਂ ਨੇ ਯਾਦ ਕਰਾਇਆ ਕਿ ਉਪਰੋਕਤ ਮੰਗਾਂ ਨੂੰ ਲੈ ਕੇ ਜਦੋਂ ਤੋਂ ਦਿਹਾਤੀ ਮਜ਼ਦੂਰ ਸਭਾ ਵਲੋਂ ਜੱਦੋਂ ਜਹਿਦ ਕੀਤੀ ਜਾ ਰਹੀ ਹੈ ਫੂਡ ਤੇ ਸਿਵਲ ਸਪਲਾਈ ਵਿਭਾਗ ਦੇ ਮੰਤਰੀ ਨੇ ਕਈ ਵਾਰ ਬਿਆਨਬਾਜ਼ੀ ਕੀਤੀ ਹੈ ਕਿ ਲੋਕਾਂ ਨੂੰ ਥਾਂ ਥਾਂ ਭਟਕਣ ਦੀ ਲੋੜ ਨਹੀਂ, ਸਤੰਬਰ ਦੇ ਅਖੀਰ ਜਾਂ ਅਕਤੂਬਰ ਦੇ ਵਿੱਚ ਇਸ ਮਾਮਲੇ ਦਾ ਨਿਪਟਾਰਾ ਕਰ ਦਿੱਤਾ ਜਾਵੇਗਾ, ਅੱਜ ਨਵੰਬਰ ਮਹੀਨਾ ਵੀ ਤੀਜੇ ਹਫਤੇ ਵਿੱਚ ਦਾਖਲ ਹੋ ਗਿਆ ਹੈ,ਪਰੰਤੂ ਖੁਰਾਕ ਮੰਤਰੀ ਪੰਜਾਬ ਸਰਕਾਰ ਦਾ ਸਤੰਬਰ-ਅਕਤੂਬਰ ਮਹੀਨਾ ਨਹੀਂ ਆਇਆ। ਫੂਡ ਤੇ ਸਿਵਲ ਸਪਲਾਈ ਵਿਭਾਗ ਦੇ ਦਫਤਰ ਇੱਕ ਲੱਖ ਤੋਂ ਵੱਧ ਗਿਣਤੀ ਵਿਚ ਨਵੇਂ ਰਾਸ਼ਨ ਕਾਰਡ ਬਣਾਉਣ ਲਈ ਫਾਰਮ ਪਹੁੰਚ ਗਏ ਪਰੰਤੂ ਗਾਈਡ ਲਾਈਨ ਨਾ ਦੇ ਕੇ ਲੋਕਾਂ ਨੂੰ ਖੱਜਲ ਕੀਤਾ ਜਾ ਰਿਹਾ ਹੈ। ਦਿਹਾਤੀ ਮਜ਼ਦੂਰ ਸਭਾ ਵਲੋਂ ਪਹਿਲਾਂ ਵੀ ਨਾਲੋਂ ਨਾਲ ਲੋਕਾਂ ਨੂੰ ਪੰਜਾਬ ਸਰਕਾਰ ਅਤੇ ਜਿਲ੍ਹਾ ਪ੍ਰਸ਼ਾਸ਼ਨ ਦੇ ਰਵੱਈਏ ਤੋਂ ਜਾਣੂ ਕਰਵਾਇਆ ਗਿਆ ਹੈ । ਲੋਕਾਂ ਨੂੰ ਅਪੀਲ ਕੀਤੀ ਕਿ ਜਦੋਂ ਵੀ ਪਿੰਡਾਂ ਵਿੱਚ ਮੰਤਰੀ, ਵਿਧਾਇਕ ਜਾਂ ਜਿਲ੍ਹਾ ਅਧਿਕਾਰੀ ਆਉਣ ਤਾਂ ਪੇਸ਼ ਆ ਰਹੀਆਂ ਮੁਸ਼ਕਲਾਂ ਸਬੰਧੀ ਸਵਾਲ ਜਰੂਰ ਕੀਤੇ ਜਾਣ। ਨਜਾਇਜ਼ ਕੱਟੇ ਰਾਸ਼ਨ ਕਾਰਡਾਂ ਦੀ ਬਹਾਲੀ ਲਈ, ਗਰੀਬ ਲੋਕਾਂ ਨੂੰ ਰਹਾਇਸੀ ਪਲਾਟ ਦੇਣ, ਮਨਰੇਗਾ ਵਰਕਰਾਂ ਨੂੰ ਸਾਰਾ ਸਾਲ ਕੰਮ ਦੇਣ ਤੇ ਦਿਹਾੜੀ ਘੱਟੋ ਘੱਟ 700 ਰੁਪਏ ਨਿਸਚਿਤ ਕਰਨ, ਮਨਰੇਗਾ ਸਕੀਮ ਤਹਿਤ ਆਏ ਪੈਸੇ ਦੀ ਘੱਪਲੇਬਾਜ਼ੀ ਕਰਨ ਵਾਲੇ ਦੋਸ਼ੀਆਂ ਖਿਲਾਫ ਕਾਰਵਾਈ ਕਰਨ ਤੇ ਦੁਰਵਰਤੋਂ ਨੂੰ ਰੋਕਣ ਅਤੇ ਮਜ਼ਦੂਰ ਵਰਗ ਨਾਲ ਸਬੰਧਤ ਹੋਰ ਮੰਗਾਂ ਨੂੰ ਲੈ ਕੇ ਪੰਜਾਬ ਦੀਆਂ ਸਮੁੱਚੀਆਂ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਫੈਸਲੇ ਸਬੰਧੀ ਜਾਣਕਾਰੀ ਦਿੰਦਿਆਂ ਸਾਥੀ ਅਜੀਤ ਰਾਮ ਗੰਦਲਾਂ ਲਾਹੜੀ ਅਤੇ ਪ੍ਰਵੀਨ ਕੁਮਾਰ ਬਮਿਆਲ ਨੇ ਦੱਸਿਆ ਕਿ 22 ਨਵੰਬਰ ਤੱਕ ਮਾਝਾ ਮਾਲਵਾ ਤੇ ਦੁਆਬਾ ਖੇਤਰ ਦੀਆਂ ਕਨਵੈਨਸ਼ਨਾਂ ਕਰਨ, 27-28-29 ਨਵੰਬਰ ਨੂੰ ਵਿਧਾਇਕਾਂ ਨੂੰ ਮੰਗ ਪੱਤਰ ਦੇਣ, 11 ਦਸੰਬਰ ਤੋਂ 13 ਦਸੰਬਰ ਤੱਕ ਮੰਤਰੀਆਂ ਦੇ ਘਰਾਂ ਸਾਹਮਣੇ ਤਿੰਨ ਰੋਜ਼ਾ ਧਰਨੇ ਦਿੱਤੇ ਜਾਣਗੇ ਅਤੇ ਪੰਜਾਬ ਸਰਕਾਰ ਨੂੰ ਮਜ਼ਦੂਰਾਂ ਦੀਆਂ ਮੰਗਾਂ ਮੰਨਣ ਲਈ ਮਜਬੂਰ ਕੀਤਾ ਜਾਵੇਗਾ।ਡੈਪੂਟੇਸ਼ਨ ਵਿੱਚ ਉਪਰੋਕਤ ਤੋਂ ਇਲਾਵਾ ਸਾਥੀ ਬਲਕਾਰ ਚੰਦ ਭਰਿਆਲ ਲਾਹੜੀ, ਯਸਪਾਲ, ਸੋਹਨ ਲਾਲ, ਰਾਜਿੰਦਰ ਕੁਮਾਰ, ਬਲਕਾਰ ਚੰਦ ਫੂਲਪਿਆਰਾ ਅਤੇ ਹੋਰ ਸਾਥੀ ਸ਼ਾਮਲ ਸਨ।

# ਪੰਜਾਬ ਸਟੇਟ ਮਨਿਸਟੀਰੀਅਲ ਸਟਾਫ ਕਲਮ ਛੋੜ ਹੜਤਾਲ 20 ਤੱਕ ਰਹੇਗੀ ਜਾਰੀ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਦੀ ਸੂਬਾ ਬਾਡੀ ਵੱਲੋਂ ਸਰਕਾਰੀ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਜਿਵੇ ਕਿ ਪੁਰਾਣੀ ਪੈਨਸ਼ਨ ਬਹਾਲ ਕਰਨ, ਬਕਾਇਆ ਡੀ.ਏ. ਦੀਆਂ ਕਿਸ਼ਤਾਂ, 15 ਜਨਵਰੀ.2015 ਦਾ ਪੱਤਰ ਰੱਦ ਕਰਕੇ ਪ੍ਰੋਬੇਸ਼ਨ ਪੀਰੀਅਡ ਦੌਰਾਨ ਪੂਰੀ ਤਨਖਾਹ ਅਤੇ ਭੱਤਿਆ ਦੀ ਅਦਾਇਗੀ ਕਰਨਾ, 17 ਜੁਲਾਈ 2020 ਨੂੰ ਜਾਰੀ ਪੱਤਰ ਦੇ ਅਨੁਸਾਰ ਕੇਂਦਰੀ ਪੈਟਰਨ ਤੇ ਨਵੀਂ ਭਰਤੀ ਕਰਨ ਦਾ ਪੱਤਰ ਰੱਦ ਕਰਨਾ ਅਤੇ 04-09-14 ਏ.ਸੀ.ਪੀ. ਸਕੀਮ ਬਹਾਲ ਕਰਨਾ ਆਦਿ ਮੰਗਾਂ ਸਬੰਧੀ ਸਰਕਾਰ ਨੂੰ ਮੰਗ ਪੱਤਰ ਦਿੱਤਾ ਗਿਆ ਸੀ ਪ੍ਰੰਤੂ ਸਰਕਾਰ ਵੱਲੋਂ ਮੁਲਾਜਮਾਂ ਦੀਆਂ ਹੱਕੀ ਮੰਗਾ ਪ੍ਰਤੀ ਕੋਈ ਹਾ-ਪੱਖੀ ਹੁੰਗਾਰਾ ਨਾ ਦੇਣ ਕਾਰਣ, ਸੂਬਾ ਬਾਡੀ ਵੱਲੋਂ ਪਹਿਲਾ 08 ਨਵੰਬਰ2023 ਤੋਂ 13 ਨਵੰਬਰ 2023 ਤੱਕ ਕਲਮ ਛੋੜ ਹੜਤਾਲ ਕੀਤੀ ਗਈ ਸੀ, ਪ੍ਰੰਤੂ ਸਰਕਾਰ ਦੇ ਅੜੀਅਲ ਵਤੀਰੇ ਕਾਰਣ ਕਲਮ ਛੋੜ ਹੜਤਾਲ ਦਾ 20 ਨਵੰਬਰ 2023 ਤੱਕ ਵਾਧਾ ਕੀਤਾ ਗਿਆ ਹੈ। ਜਿਸਦੀ ਲੜੀ ਤਹਿਤ ਅੱਜ 17 ਨਵੰਬਰ 2023 ਨੂੰ ਦਸਵੇਂ ਦਿਨ ਵੀ ਦੇ ਜਿਲ੍ਹੇ ਦੇ ਸਮੁੱਚੇ ਦਫ਼ਤਰੀ ਕਾਮਿਆ ਵੱਲੋਂ ਕਲਮਛੋੜ ਹੜਤਾਲ ਕੀਤੀ ਗਈ ਅਤੇ ਦਫਤਰ ਸਿਵਲ ਸਰਜਨ ਅੰਮ੍ਰਿਤਸਰ ਦੇ ਬਾਹਰ ਭਰਵੀਂ ਰੋਸ ਰੈਲੀ ਕਰਕੇ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਜਗਦੀਸ਼ ਠਾਕੁਰ ਜਿਲਾ ਜਨਰਲ ਸਕੱਤਰ ਤੇ ਮਨਦੀਪ ਸਿੰਘ ਚੌਹਾਨ ਜਿਲ੍ਹਾ ਵਿੱਤ ਸਕਤਰ ਵੱਲੋਂ ਦੱਸਿਆ ਗਿਆ ਕਿ ਸਮੁੱਚੇ ਦਫ਼ਤਰੀ ਕਾਮਿਆ ਵੱਲੋਂ ਆਪਣੀਆ ਹੱਕੀ ਮੰਗਾ ਲਈ ਪਿਛਲੇ 10 ਦਿਨਾਂ ਤੋਂ ਪੰਜਾਬ ਦੇ ਸਮੁੱਚੇ ਦਫ਼ਤਰੀ ਕਾਮੇ ਹੜਤਾਲ ਤੇ ਹਨ, ਜੋ 20 ਨਵੰਬਰ ਤੱਕ ਜਾਰੀ ਰਹੇਗੀ। ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ ਜਿਸ ਕਰਕੇ ਆਉਣ ਵਾਲੇ ਦਿਨਾਂ ਵਿੱਚ ਇਸ ਸੰਘਰਸ਼ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ ਅਤੇ ਮੰਗਾ ਪੂਰੀਆਂ ਨਾ ਹੋਣ ਤੱਕ ਮੁਲਜਾਮ ਇਸੇ ਤਰ੍ਹਾਂ ਹੀ ਸੰਘਰਸ਼ ਜਾਰੀ ਰਹੇਗਾ। 20 ਨਵੰਬਰ ਤੋਂ ਬਆਦ ਸੂਬਾ ਬਾਡੀ ਵੱਲੋਂ ਜੋ ਵੀ ਐਕਸ਼ਨ ਦਿੱਤਾ ਜਾਵੇਗਾ, ਉਸ ਨੂੰ ਜਿਲ੍ਹਾ ਅੰਮ੍ਰਿਤਸਰ ਵੱਲੋਂ ਇੰਨ-ਬਿੰਨ ਲਾਗੂ ਕੀਤਾ ਜਾਵੇਗਾ ਇਸ ਮੌਕੇ ਤਜਿੰਦਰ ਸਿੰਘ ਢਿੱਲੋਂ, ਅਤੁੱਲ ਸ਼ਰਮਾਂ, ਅਮਨ ਥਰੀਏਵਾਲ,ਮੁਨੀਸ਼ ਕੁਮਾਰ ਸੂਦ, ਗੁਰਵੇਲ ਸਿੰਘ ਸੇਖੋਂ ,ਕੁਲਦੀਪ ਸਿੰਘ,ਜਰਨੈਲ ਸਿੰਘ ਸਿਹਤ ਵਿਭਾਗ,ਮਨੀਸ਼ ਕੁਮਾਰ, ਗੁਰਮੁੱਖ ਸਿੰਘ ਚਾਹਲ, ਰਣਬੀਰ ਸਿੰਘ ਰਾਣਾ,ਅਮਰਜੀਤ ਸਿੰਘ, ਵਿਕਾਸ ਜੋਸ਼ੀ, ਅਜੈ ਸਰਮਾ, ਹਸ਼ਵਿੰਦਰਪਾਲ ਸਿੰਘ, ਤੇਜਿੰਦਰ ਸਿੰਘ ਛੱਜਲਵੱਡੀ ਤੋਂ ਇਲਾਵਾ ਸਮੂਹ ਵਿਭਾਗਾ ਦੇ ਮਨਿਸਟੀਰੀਅਲ ਕਾਮੇ ਹਾਜ਼ਰ ਸਨ।

# ਨਿੱਗ੍ਰਤ ਔਜਲਾ ਤੇ ਤੇਜਪ੍ਰਤਾਪ ਸਿੰਘ ਚੀਮਾ ਵਿਆਹ ਦੇ ਬੰਧਨ 'ਚ ਬੱਝੇ

**ਭਗਵੰਤ ਮਾਨ, ਸੁਖਬੀਰ, ਜਾਖੜ, ਬਾਜਵਾ ਤੇ ਧਾਮੀ ਨੇ ਦਿੱਤਾ ਅਸ਼ੀਰਵਾਦ**



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**

ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਦੀ ਧੀ ਨਿੱਗ੍ਰਤ ਔਜਲਾ ਅਤੇ ਤੇਜਪ੍ਰਤਾਪ ਸਿੰਘ ਚੀਮਾ ਵਿਆਹ ਦੇ ਬੰਧਨ ਵਿੱਚ ਬੱਝ ਗਏ। ਗੁਰਜੀਤ ਸਿੰਘ ਔਜਲਾ ਅਤੇ ਰਾਵਿੰਦਰ ਸਿੰਘ ਚੀਮਾ ਪਰਿਵਾਰ ਨੂੰ ਵਧਾਈਆਂ ਅਤੇ ਨਵ-ਵਿਆਹੁਤਾ ਜੋੜੀ ਨਿੱਗ੍ਰਤ ਔਜਲਾ ਅਤੇ ਤੇਜ ਪ੍ਰਤਾਪ ਸਿੰਘ ਚੀਮਾ ਨੂੰ ਅਸ਼ੀਰਵਾਦ ਅਤੇ ਵਿਆਹ ਦੀਆਂ ਸ਼ੁਭਕਾਮਨਾਵਾਂ ਦੇਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਸਾਬਾਕਾ ਉਪ-ਮੁੱਖ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਬਿਕਰਮ ਸਿੰਘ ਮਜੀਠੀਆ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਓ.ਪੀ. ਸੋਨੀ, ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ, ਉੱਤਰ-ਪ੍ਰਦੇਸ਼ ਦੇ ਸਾਬਕਾ ਮੁੱਖ ਮੰਤਰੀ ਜਗਦੇਵ ਅੰਬੀਕਾ, ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਮੁਨੀਸ਼ ਤਿਵਾੜੀ, ਰਵਨੀਤ ਸਿੰਘ ਬਿੱਟੂ, ਜਗਵਿੰਦਰਪਾਲ ਸਿੰਘ ਜੱਗਾ ਮਜੀਠਾ, ਸੁਖਪਾਲ ਸਿੰਘ ਭੁੱਲਰ, ਡਾ. ਰਾਜ ਕੁਮਾਰ ਵੇਰਕਾ, ਵਿਕਾਸ ਸੋਨੀ, ਰਮਿੰਦਰ ਆਂਵਲਾ, ਸੀ. ਪੀ. ਨੌਨਿਹਾਲ ਸਿੰਘ, ਪੀ. ਪੀ. ਗੁਰਾਇਆ, ਸੁਨੀਲ ਦੱਤੀ, ਨਵਦੀਪ ਗੋਲਡੀ, ਕਰਮਜੀਤ ਸਿੰਘ ਰਿੰਟੂ, ਮਨਦੀਪ ਮੰਨਾ, ਹਰਮੀਤ ਸਿੰਘ ਸੰਧੂ, ਸੰਨੀ ਜੰਡਿਆਲਾ, ਬਿਕਰਮਜੀਤ ਸਿੰਘ ਚੌਧਰੀ, ਬ੍ਰਮ ਮਹਿੰਦਰਾ, ਬਲਦੇਵ ਰਾਜ ਚਾਵਲਾ, ਰਾਮ ਚਾਵਲਾ, ਵਰੁਣ ਇਲਾਹਾਬਾਦੀ, ਰਾਜੂ ਮਹਾਜਨ, ਮੁਹੰਮਦ ਸਦੀਕ, ਸੁਨੀਲ ਦੱਤੀ, ਅਸ਼ਵਨੀ ਸੇਖੜੀ, ਜੁਗਲ ਕਿਸ਼ੋਰ ਸ਼ਰਮਾ, ਜੋਗਿੰਦਰ ਪਾਲ ਢੀਂਗਰਾ, ਸਾਬਕਾ ਕੈਬਨਿਟ ਮੰਤਰੀ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ, ਵਿਧਾਇਕ ਜਸਵਿੰਦਰ ਸਿੰਘ ਰਮਦਾਸ, ਹਰਿੰਦਰ ਸਿੰਘ, ਸਤਪਾਲ ਸਿੰਘ ਸੋਖੀ, ਜਗਰੂਪ ਸਿੰਘ ਸੇਖਵਾਂ, ਪ੍ਰਵੀਨ ਪੁਰੀ, ਮਨਦੀਪ ਸਿੰਘ ਮੰਨਾ, ਕਰਮਜੀਤ ਸਿੰਘ ਰਿੰਟੂ, ਕੁੰਵਰ ਵਿਜੇ ਪ੍ਰਤਾਪ ਸਿੰਘ, ਭਗਵੰਤਪਾਲ ਸਿੰਘ ਸੱਚਰ, ਹਰਪ੍ਰਤਾਪ ਸਿੰਘ ਅਜਨਾਲਾ ਅਮਿਤਾ ਵੜਿੰਗ, ਹਰਮਿੰਦਰ ਗਿੱਲ, ਤਲਬੀਰ ਗਿੱਲ, ਸੁਖਜਿੰਦਰ ਸਿੰਘ ਲਾਲੀ ਮਜੀਠਾ, ਮੈਂਬਰ ਪਾਰਲੀਮੈਂਟ ਬਿੱਟੂ, ਇੰਦਰਜੀਤ ਸਿੰਘ ਜੀਰਾ, ਰਾਜਿੰਦਰ ਮੋਹਨ ਸਿੰਘ ਛੀਨਾ, ਬੋਨੀ ਅਜਨਾਲਾ, ਰਮਨ ਬਖਸ਼ੀ, ਹਰਪਨ ਔਜਲਾ, ਦਿਨੇਸ਼ ਬੱਸੀ, ਮਿੱਠੂ ਮੈਦਾਨ, ਮੈਂਬਰ ਪਾਰਲੀਮੈਂਟ ਅਮਰ ਸਿੰਘ, ਗੁਰਪ੍ਰੀਤ ਸਿੰਘ ਰੰਧਾਵਾ, ਭੁਪਿੰਦਰ ਸਿੰਘ ਰੰਧਾਵਾ ਤੋਂ ਇਲਾਵਾ ਹੋਰ ਵੀ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂ, ਸਮਾਜਿਕ, ਧਾਰਮਿਕ ਖੇਤਰ ਦੀਆਂ ਉੱਘੀਆਂ ਸ਼ਖਸੀਅਤ ਹਾਜ਼ਰ ਸਨ। ਸ੍ਰੀ ਅਕਾਲ ਤਖਤ ਸਾਹਿਬ ਦੇ ਜੱਥੇਦਾਰ ਰਘੁਬੀਰ ਸਿੰਘ ਵੀ ਉਚੇਚੇ ਤੌਰ 'ਤੇ ਦੋਵਾਂ ਪਰਿਵਾਰਾਂ ਦੀ ਖੁਸ਼ੀ ਵਿੱਚ ਸ਼ਾਮਿਲ ਹੋਣ ਲਈ ਪੁੱਜੇ ਜਦੋਂਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਬਾਬਾ ਕਸ਼ਮੀਰ ਸਿੰਘ ਅਤੇ ਰਾਧਾ ਸੁਆਮੀ ਸਤਿਸੰਗ ਡੇਰਾ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਨੇ ਵੀ ਨਵ-ਵਿਆਹੁਤਾ ਜੋੜੀ ਨੂੰ ਆਪਣੀਆਂ ਸ਼ੁਭਕਾਮਨਾਵਾਂ ਅਤੇ ਔਜਲਾ ਪਰਿਵਾਰ ਨੂੰ

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**
ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

18-NOV-PAGE-3.qxd 11/17/2023 8:31 PM Page 1




GOVT. OF PUNJAB

# ਵਿਕਾਸ ਕ੍ਰਾਂਤੀ

## ਵੱਲ ਵਧਦੇ ਕਦਮ




# ₹867 ਕਰੋੜ

ਦੀ ਲਾਗਤ ਨਾਲ

# ਵਿਕਾਸ ਪ੍ਰਾਜੈਕਟ

**ਮੁੱਖ ਮਹਿਮਾਨ**

**ਸ਼੍ਰੀ ਅਰਵਿੰਦ ਕੇਜਰੀਵਾਲ**
ਮੁੱਖ ਮੰਤਰੀ, ਦਿੱਲੀ

18 ਨਵੰਬਰ, 2023 | ਸਵੇਰੇ 11:00 ਵਜੇ
ਜਲੰਧਰ-ਫ਼ਗਵਾੜਾ ਬਾਈਪਾਸ, ਹੁਸ਼ਿਆਰਪੁਰ
(ਨੇੜੇ ਜੈਂਮਜ਼ ਕੈਂਬਰਿਜ ਇੰਟਰਨੈਸ਼ਨਲ ਸਕੂਲ)



**ਭਗਵੰਤ ਸਿੰਘ ਮਾਨ**
ਮੁੱਖ ਮੰਤਰੀ, ਪੰਜਾਬ

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

18-Nov-PAGE-4.qxd 11/17/2023 8:55 PM Page 1

ਨਵਾਂ ਜ਼ਮਾਨਾ

ਸ਼ਨੀਵਾਰ, 18 ਨਵੰਬਰ 2023

# ਸਲਾਹੁਣਯੋਗ ਫੈਸਲਾ

*ਬਿਹਾਰ ਸਰਕਾਰ ਨੇ ਫਿਰਕੂ ਖਿਚਾਅ ਪੈਦਾ ਹੋਣ ਤੋਂ ਰੋਕਣ ਲਈ ਧਾਰਮਕ ਜਲੂਸਾਂ ਵਿਚ ਤਲਵਾਰਾਂ, ਨੇਜ਼ੇ, ਅਗਨ ਸ਼ਸਤਰ, ਲਾਠੀਆਂ ਤੇ ਹੋਰ ਹਥਿਆਰ ਲੈ ਕੇ ਚੱਲਣ 'ਤੇ ਪਾਬੰਦੀ ਲਾ ਦਿੱਤੀ ਹੈ। ਇਸ ਤੋਂ ਇਲਾਵਾ ਕੰਨ-ਪਾੜਵੇਂ ਸਪੀਕਰਾਂ ਦੀ ਵਰਤੋਂ ਵੀ ਰੋਕ ਦਿੱਤੀ ਹੈ। ਗ੍ਰਹਿ ਵਿਭਾਗ ਦੇ ਸਪੈਸ਼ਲ ਸੈਕਟਰੀ ਕੇ ਐੱਸ ਅਨੁਪਮ ਮੁਤਾਬਕ ਸਾਰੇ ਡਿਪਟੀ ਕਮਿਸ਼ਨਰਾਂ ਤੇ ਪੁਲਸ ਕਪਤਾਨਾਂ ਨੂੰ ਇਹ ਫੈਸਲਾ ਸਖਤੀ ਨਾਲ ਲਾਗੂ ਕਰਵਾਉਣ ਲਈ ਕਹਿ ਦਿੱਤਾ ਗਿਆ ਹੈ। ਅਜਿਹੇ ਫੈਸਲੇ ਲਾਗੂ ਕਰਾਉਣੇ ਔਖੇ ਹੁੰਦੇ ਹਨ ਪਰ ਨਿਤੀਸ਼ ਕੁਮਾਰ ਦੀ ਸਰਕਾਰ ਨੇ ਇਸ ਲਈ ਲੋੜੀਂਦੀ ਸਿਆਸੀ ਇੱਛਾ-ਸ਼ਕਤੀ ਦਿਖਾਈ ਹੈ। ਇਸ ਸਾਲ ਦੇ ਸ਼ੁਰੂ ਵਿਚ ਸੂਬੇ 'ਚ ਧਾਰਮਕ ਜਲੂਸਾਂ ਦੌਰਾਨ ਫਿਰਕੂ ਹਿੰਸਾ ਦੀਆਂ ਕਾਫੀ ਘਟਨਾਵਾਂ ਦੇਖਣ ਵਿਚ ਆਈਆਂ ਸਨ। ਜਲੂਸਾਂ ਵਿਚ ਹਥਿਆਰ ਲੈ ਕੇ ਚੱਲਣ 'ਤੇ ਅਸਲ੍ਹਾ ਐਕਟ ਤਹਿਤ ਰੋਕ ਲਾਈ ਗਈ ਹੈ। ਉਂਜ ਖਾਸ ਧਾਰਮਕ ਰਸਮਾਂ ਦੌਰਾਨ ਹਥਿਆਰ ਕੋਲ ਰੱਖੇ ਜਾ ਸਕਦੇ ਹਨ, ਜਿਵੇਂ ਕਿ ਸਿੱਖਾਂ ਦੇ ਧਾਰਮਕ ਸਮਾਗਮਾਂ ਦੌਰਾਨ ਕ੍ਰਿਪਾਨ ਤੇ ਸ੍ਰੀ ਸਾਹਿਬ 'ਤੇ ਰੋਕ ਨਹੀਂ ਹੋਵੇਗੀ। ਜੇ ਕ੍ਰਿਪਾਨ ਜਾਂ ਹੋਰ ਸ਼ਸਤਰ ਜ਼ਰੂਰੀ ਹੋਵੇਗਾ ਤਾਂ ਉਸ ਨੂੰ ਧਾਰਨ ਕਰਨ ਵਾਲੇ ਨੂੰ ਪ੍ਰਸ਼ਾਸਨ ਤੋਂ ਆਗਿਆ ਲੈਣੀ ਪਵੇਗੀ। ਸਰਕਾਰ ਦੇ ਫੈਸਲੇ ਵਿਚ ਇਹ ਵੀ ਸ਼ਾਮਲ ਹੈ ਕਿ 10 ਤੋਂ 25 ਲੋਕ ਆਪਣੇ ਨਾਂਅ-ਪਤੇ ਤੇ ਆਧਾਰ ਨੰਬਰਾਂ ਨਾਲ ਵਾਅਦਾ ਕਰਨਗੇ ਕਿ ਜਲੂਸ ਦੌਰਾਨ ਅਮਨ-ਕਾਨੂੰਨ ਬਣਾਈ ਰੱਖਣ ਦੀ ਜ਼ਿੰਮੇਵਾਰੀ ਉਨ੍ਹਾਂ ਦੀ ਹੋਵੇਗੀ। ਮਾਈਕਾਂ ਦੀ ਵਰਤੋਂ ਸਿਰਫ ਭੀੜ ਕੰਟਰੋਲ ਕਰਨ ਲਈ ਕੀਤੀ ਜਾਵੇਗੀ ਅਤੇ ਕਿਸੇ ਖਾਸ ਇਲਾਕੇ ਵਿਚ ਸਪੀਕਰਾਂ ਦੀ ਆਵਾਜ਼ ਉੱਚੀ ਕਰਨ ਦੀ ਮਨਾਹੀ ਹੋਵੇਗੀ। ਸੁਪਰੀਮ ਕੋਰਟ ਦੇ ਦਿਸ਼ਾ-ਨਿਰਦੇਸ਼ਾਂ ਮੁਤਾਬਕ ਸਕੂਲਾਂ, ਹਸਪਤਾਲਾਂ ਤੇ ਧਾਰਮਕ ਸਥਾਨਾਂ ਕੋਲ ਉੱਚੀ ਸਪੀਕਰ ਨਹੀਂ ਵਜਾਏ ਜਾਣਗੇ। ਸਰਕਾਰ ਇਹ ਯਕੀਨੀ ਬਣਾਉਣਾ ਚਾਹੁੰਦੀ ਹੈ ਕਿ ਧਾਰਮਕ ਜਲੂਸ ਗੜਬੜ ਤੇ ਨਫਰਤ ਫੈਲਾਉਣ ਦੇ ਸਰੋਤ ਨਾ ਬਣਨ। ਪ੍ਰਸ਼ਾਸਨ ਸਾਰੇ ਜਲੂਸਾਂ ਦੀ ਵੀਡੀਓਗ੍ਰਾਫੀ ਵੀ ਕਰੇਗਾ ਤਾਂ ਕਿ ਸ਼ਰਾਰਤੀਆਂ ਨੂੰ ਨੱਪਿਆ ਜਾ ਸਕੇ।*

*ਜਲੂਸਾਂ 'ਚ ਹਥਿਆਰਾਂ ਦਾ ਬੇਵਜ੍ਹਾ ਪ੍ਰਦਰਸ਼ਨ ਤੇ ਲਾਊਡ-ਸਪੀਕਰ ਉੱਚੀ ਆਵਾਜ਼ ਵਿਚ ਵਜਾਉਣਾ ਅਕਸਰ ਗੜਬੜ ਦਾ ਸਬੱਬ ਬਣਦਾ ਹੈ। ਫਿਰਕੂ ਖਿਚਾਅ ਪੈਦਾ ਕਰਨ ਵਾਲਿਆਂ ਲਈ ਜਲੂਸ ਸਭ ਤੋਂ ਮੁਫੀਦ ਹਥਿਆਰ ਸਾਬਤ ਹੁੰਦੇ ਹਨ। ਬਿਹਾਰ ਸਰਕਾਰ ਨੇ ਹਿੰਮਤ ਦਿਖਾਉਂਦਿਆਂ ਸਲਾਹੁਣਯੋਗ ਫੈਸਲਾ ਲਿਆ ਹੈ। ਹੋਰ ਸਰਕਾਰਾਂ ਵੀ ਅਜਿਹੇ ਫੈਸਲੇ ਅਮਲ ਵਿਚ ਲਿਆਉਣ ਤਾਂ ਫਿਰਕੂ ਹਿੰਸਾ ਰੋਕਣ 'ਚ ਕਾਫੀ ਮਦਦ ਮਿਲ ਸਕਦੀ ਹੈ।*

## ਕ੍ਰਿਪਟੋਕਰੰਸੀ : ਸੁਰੱਖਿਅਤ ਢੰਗ ਨਾਲ ਪੈਸੇ ਦਾ ਲੈਣ ਦੇਣ

2009 ਵਿੱਚ ਬਿਟਕੋਇਨ ਦੀ ਸ਼ੁਰੂਆਤ ਤੋਂ ਲੈ ਕੇ ਕ੍ਰਿਪਟੋਕਰੰਸੀ ਦੀ ਪ੍ਰਸਿੱਧੀ ਤੇਜ਼ੀ ਨਾਲ ਵਧੀ ਹੈ। ਉਸ ਸਮੇਂ ਤੋਂ ਕਈ ਹੋਰ ਨਵੀਆਂ ਕ੍ਰਿਪਟੋਕਰੰਸੀਆਂ ਲਾਂਚ ਕੀਤੀਆਂ ਗਈਆਂ ਹਨ ਅਤੇ ਵਟਾਂਦਰੇ ਦੇ ਮਾਧਿਅਮ ਵਜੋਂ ਵਿਆਪਕ ਤੌਰ 'ਤੇ ਵਰਤੀਆਂ ਜਾਂਦੀਆਂ ਹਨ। ਕ੍ਰਿਪਟੋਕਰੰਸੀ ਇੱਕ ਵਰਚੂਅਲ ਜਾਂ ਡਿਜੀਟਲ ਮੁਦਰਾ ਹੈ ਜੋ ਕ੍ਰਿਪਟੋਗ੍ਰਾਫੀ ਜਾਂ ਏਨਕ੍ਰਿਪਸਨ ਤਕਨੀਕਾਂ ਦੁਆਰਾ ਬਹੁਤ ਜ਼ਿਆਦਾ ਸੁਰੱਖਿਅਤ ਹੈ ਜੋ ਅਜਿਹੀ ਕ੍ਰਿਪਟੋਕਰੰਸੀ ਦੀ ਨਕਲ ਕਰਨਾ ਲਗਭਗ ਅਸੰਭਵ ਬਣਾਉਂਦੀ ਹੈ। ਇਹ ਕ੍ਰਿਪਟੋਕਰੰਸੀ ਐਕਸਚੇਂਜ ਦੇ ਮਾਧਿਅਮ ਵਜੋਂ ਕੰਮ ਕਰਨ ਲਈ ਤਿਆਰ ਕੀਤੀ ਗਈ ਹੈ। ਕ੍ਰਿਪਟੋਕਰੰਸੀ ਆਮ ਤੌਰ 'ਤੇ ਕਿਸੇ ਵੀ ਦੇਸ਼ ਦੀ ਸਰਕਾਰੀ ਏਜੰਸੀ ਦੁਆਰਾ ਜਾਰੀ ਨਹੀਂ ਕੀਤੀ ਜਾਂਦੀ। ਕ੍ਰਿਪਟੋਕਰੰਸੀ ਨੈੱਟਵਰਕਾਂ ਦੀ ਵਿਕੇਂਦਰੀਕ੍ਰਿਤ ਪ੍ਰਕਿਰਤੀ ਇਸ ਨੂੰ ਇਸ 'ਤੇ ਸਰਕਾਰੀ ਰੈਗੂਲੇਟਰੀ ਸੰਸਥਾਵਾਂ ਦੇ ਕਿਸੇ ਵੀ ਨਿਯੰਤਰਣ ਤੋਂ ਬਚਾਉਂਦੀ ਹੈ। ਬਿਟਕੋਇਨ ਪਹਿਲੀ ਕਿਸਮ ਦੀ ਕ੍ਰਿਪਟੋਕਰੰਸੀ ਹੈ ਜੋ ਵਰਤਮਾਨ ਵਿੱਚ ਸਭ ਤੋਂ ਵੱਧ ਵਰਤੀ ਜਾਂਦੀ, ਕੀਮਤੀ ਅਤੇ ਪ੍ਰਸਿੱਧ ਹੈ। ਬਿਟਕੋਇਨ ਤੋਂ ਬਾਅਦ ਕਈ ਹੋਰ ਵਿਕਲਪਿਕ ਕ੍ਰਿਪਟੋਕਰੰਸੀਆਂ ਬਣਾਈਆਂ ਗਈਆਂ ਹਨ। ਇਨ੍ਹਾਂ ਵਿੱਚੋਂ ਕੁਝ ਕ੍ਰਿਪਟੋਕਰੰਸੀਆਂ ਬਿਟਕੋਇਨ ਦੇ ਕਲੋਨ ਜਾਂ ਫੋਰਕਸ ਹਨ, ਜਦੋਂ ਕਿ ਹੋਰ ਸਕ੍ਰੈਚ ਤੋਂ ਬਣਾਈਆਂ ਗਈਆਂ ਨਵੀਆਂ ਕ੍ਰਿਪਟੋਕਰੰਸੀਆਂ ਹਨ। ਕ੍ਰਿਪਟੋਕਰੰਸੀ ਦੇ ਜ਼ਰੀਏ ਦੋ ਧਿਰਾਂ ਵਿਚਕਾਰ ਫੰਡ ਟ੍ਰਾਂਸਫਰ ਕਰਨਾ ਆਸਾਨ ਹੋਵੇਗਾ ਅਤੇ ਕ੍ਰੈਡਿਟ/ਡੈਬਿਟ ਕਾਰਡ ਜਾਂ ਬੈਂਕਾਂ ਵਰਗੀ ਤੀਜੀ ਧਿਰ ਦੀ ਕੋਈ ਲੋੜ ਨਹੀਂ ਹੈ। ਇਹ ਭੇਜਣ ਵਾਲੇ ਅਤੇ ਪ੍ਰਾਪਤ ਕਰਨ ਵਾਲੇ ਦੋਵਾਂ ਲਈ ਪੈਸਾ ਅਤੇ ਸਮਾਂ ਬਚਾਉਣ ਵਿੱਚ ਮਦਦ ਕਰ ਸਕਦੀ ਹੈ ਕਿਉਂਕਿ ਇਹ ਪੂਰੀ ਤਰ੍ਹਾਂ ਇੰਟਰਨੈੱਟ 'ਤੇ ਚਲਾਈ ਜਾਂਦੀ ਹੈ। ਕ੍ਰਿਪਟੋਕਰੰਸੀ ਇੱਕ ਵਿਧੀ 'ਤੇ ਚਲਦੀ ਹੈ ਜਿਸ ਵਿੱਚ ਬਹੁਤ ਘੱਟ ਲੈਣ-ਦੇਣ ਫੀਸ ਸ਼ਾਮਲ ਹੁੰਦੀ ਹੈ। ਕਿਉਂਕਿ ਕ੍ਰਿਪਟੋਕਰੰਸੀ 'ਤੇ ਕੋਈ ਨਿਯਮ ਨਹੀਂ ਹੈ, ਇਸ ਲਈ ਇਹ ਸੰਭਾਵਨਾ ਹੈ ਕਿ ਕ੍ਰਿਪਟੋਕਰੰਸੀ ਦੀ ਵਰਤੋਂ ਗੈਰ-ਕਾਨੂੰਨੀ ਗਤੀਵਿਧੀਆਂ ਜਿਵੇਂ ਕਿ ਮਨੀ ਲਾਂਡਰਿੰਗ, ਟੈਕਸ ਚੋਰੀ ਅਤੇ ਸੰਭਾਵਤ ਤੌਰ 'ਤੇ ਅੱਤਵਾਦ-ਵਿੱਤੀ ਸਹਾਇਤਾ ਲਈ ਕੀਤੀ ਜਾ ਸਕਦੀ।

ਕ੍ਰਿਪਟੋਕਰੰਸੀ ਦਾ ਇੱਕ ਹੋਰ ਨੁਕਸਾਨ ਇਹ ਹੈ ਕਿ ਉਨ੍ਹਾਂ ਨੂੰ ਹਰ ਜਗ੍ਹਾ ਸਵੀਕਾਰ ਨਹੀਂ ਕੀਤਾ ਜਾਂਦਾ ਹੈ। ਹੁਣ ਭਾਰਤ ਸਰਕਾਰ ਨੇ ਲੈਣ-ਦੇਣ ਅਤੇ ਕ੍ਰਿਪਟੋਕਰੰਸੀ ਦੀ ਸਵੀਕ੍ਰਿਤੀ ਲਈ ਇੱਕ ਨਿਯਮ ਤਿਆਰ ਕੀਤਾ ਹੈ ਅਤੇ ਡਿਜੀਟਲ ਕ੍ਰਾਂਤੀ ਦੇ ਨਵੇਂ ਪੜਾਅ ਵਿੱਚ ਦਾਖਲ ਹੋਣ ਵੱਲ ਭਾਰਤ ਦਾ ਪਹਿਲਾ ਕਦਮ ਦੱਸਿਆ ਹੈ। ਹਾਲਾਂਕਿ, ਕ੍ਰਿਪਟੋਕਰੰਸੀ ਭਾਰਤ ਵਿੱਚ ਅਨਿਯੰਤ੍ਰਿਤ ਰਹਿੰਦੀ ਹੈ ਅਤੇ ਕ੍ਰਿਪਟੋਕਰੰਸੀ ਉੱਤੇ ਟੈਕਸ ਲਗਾਉਣਾ ਉਨ੍ਹਾਂ ਨੂੰ ਕਾਨੂੰਨੀ ਨਹੀਂ ਬਣਾਉਂਦਾ। ਕ੍ਰਿਪਟੋਕਰੰਸੀ 'ਤੇ ਪਾਬੰਦੀ ਲਗਾਉਣ ਦੇ ਨਤੀਜੇ ਵਜੋਂ ਭਾਰਤ ਤੋਂ ਪ੍ਰਤਿਭਾ ਅਤੇ ਕਾਰੋਬਾਰ ਦੋਵਾਂ ਦਾ ਨਿਕਾਸ ਹੋ ਸਕਦਾ ਹੈ। ਨਾਲ ਹੀ, ਬਲਾਕਚੈਨ ਅਤੇ ਕ੍ਰਿਪਟੋ ਮਾਹਰ ਉਨ੍ਹਾਂ ਦੇਸ਼ਾਂ ਵਿੱਚ ਜਾ ਸਕਦੇ ਹਨ ਜਿੱਥੇ ਕ੍ਰਿਪਟੋ ਨੂੰ ਨਿਯੰਤ੍ਰਿਤ ਕੀਤਾ ਜਾਂਦਾ ਹੈ। ਜਿਵੇਂ ਕਿ ਕ੍ਰਿਪਟੋਕਰੰਸੀ ਦੀ ਵਰਤੋਂ ਅਤੇ ਸਵੀਕਾਰਤਾ ਪੂਰੀ ਦੁਨੀਆ ਵਿੱਚ ਤੇਜ਼ੀ ਨਾਲ ਵਧ ਰਹੀ ਹੈ, ਟੇਸਲਾ ਅਤੇ ਮਾਸਟਰਕਾਰਡ ਵਰਗੇ ਸਭ ਤੋਂ ਵੱਡੇ ਉਦਯੋਗਾਂ ਨੇ ਕ੍ਰਿਪਟੋਕਰੰਸੀ ਨੂੰ ਅਪਣਾਇਆ ਹੈ। ਕ੍ਰਿਪਟੋਕਰੰਸੀ 'ਤੇ ਪਾਬੰਦੀ ਭਾਰਤ, ਇਸ ਦੇ ਉੱਦਮੀਆਂ ਅਤੇ ਨਾਗਰਿਕਾਂ ਨੂੰ ਪਰਿਵਰਤਨਸ਼ੀਲ ਤਕਨਾਲੋਜੀ ਤੋਂ ਵਾਂਝਾ ਕਰ ਸਕਦੀ ਹੈ। ਜਿਵੇਂ ਕਿ ਕ੍ਰਿਪਟੋਕਰੰਸੀ ਦੇ ਆਪਣੇ ਫਾਇਦੇ ਅਤੇ ਨੁਕਸਾਨ ਹਨ, ਗੰਭੀਰ ਸਮੱਸਿਆਵਾਂ ਨੂੰ ਰੋਕਣ ਲਈ ਕ੍ਰਿਪਟੋਕੁਰੰਸੀ ਦੇ ਨਿਯਮ ਦੀ ਲੋੜ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਕ੍ਰਿਪਟੋਕਰੰਸੀ ਦੀ ਦੁਰਵਰਤੋਂ ਨਾ ਕੀਤੀ ਜਾਵੇ ਸਰਕਾਰ ਨੂੰ ਸਖਤ ਕੇ ਵਾਈ ਸੀ ਨਿਯਮਾਂ, ਰਿਪੋਰਟਿੰਗ ਅਤੇ ਟੈਕਸ ਨੂੰ ਸ਼ਾਮਲ ਕਰਕੇ ਕ੍ਰਿਪਟੋਕਰੰਸੀ ਦੇ ਵਪਾਰ ਨੂੰ ਨਿਯਮਤ ਕਰਨਾ ਚਾਹੀਦਾ ਹੈ। ਕ੍ਰਿਪਟੋਕਰੰਸੀ ਤੇਜ਼ੀ ਨਾਲ ਪ੍ਰਸਿੱਧ ਹੋ ਰਹੀ ਹੈ ਅਤੇ ਕਈ ਵੱਡੇ ਪੱਧਰ ਦੀਆਂ ਕੰਪਨੀਆਂ ਇਸ ਨੂੰ ਸਵੀਕਾਰ ਕਰ ਰਹੀਆਂ ਹਨ। ਇਸ ਤੋਂ ਇਹ ਉਮੀਦ ਕੀਤੀ ਜਾਂਦੀ ਹੈ ਕਿ ਕ੍ਰਿਪਟੋਕਰੰਸੀ ਡਿਜੀਟਲ ਕ੍ਰਾਂਤੀ ਦਾ ਅਗਲਾ ਪੜਾਅ ਹੈ ਅਤੇ ਇਸ ਕ੍ਰਾਂਤੀ ਵਿੱਚ ਆਪਣੀ ਮਨੁੱਖੀ ਪੂੰਜੀ, ਮੁਹਾਰਤ ਅਤੇ ਸਰੋਤਾਂ ਨੂੰ ਚੈਨਲ ਕਰਨ ਦੀ ਸਮਰੱਥਾ ਹੈ। ਭਾਰਤ ਦੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਡਿਜੀਟਲ ਸੰਪਤੀਆਂ 'ਤੇ ਟੈਕਸ ਦੀ ਸ਼ੁਰੂਆਤ ਕੀਤੀ ਜਿਸ ਨਾਲ ਦੇਸ਼ ਵਿੱਚ ਕ੍ਰਿਪਟੋਕਰੰਸੀ ਦੀ ਕਾਨੂੰਨੀ ਮਾਨਤਾ 'ਤੇ ਚਰਚਾ ਵਧ ਗਈ ਹੈ। ਸਮੇਂ-ਸਮੇਂ 'ਤੇ ਭਾਰਤੀ ਰਿਜ਼ਰਵ ਬੈਂਕ (ਆਰ ਬੀ ਆਈ) ਦੇ ਗਵਰਨਰ ਅਤੇ ਹੋਰ ਮੁੱਖ ਮੰਤਰੀਆਂ ਦੇ ਰੁਖ ਨੂੰ ਦੇਖਦੇ ਹੋਏ ਇਹ ਸੁਰੱਖਿਅਤ ਹੋ ਸਕਦਾ ਹੈ ਕਿ ਭਾਰਤ ਵਿੱਚ ਕ੍ਰਿਪਟੋਕਰੰਸੀ 'ਤੇ ਪਾਬੰਦੀ ਨਹੀਂ ਹੈ। 2022 ਤੱਕ ਦੇਸ਼ ਵਿੱਚ ਕ੍ਰਿਪਟੋਕਰੰਸੀ ਅਨਿਯੰਤ੍ਰਿਤ ਸੀ। ਹਾਲਾਂਕਿ ਬਹੁਤ ਸਾਰੇ ਲੋਕਾਂ ਨੇ ਇਸ ਫੈਸਲੇ ਦਾ ਸਮਰਥਨ ਕੀਤਾ ਭਾਰਤ ਸਰਕਾਰ ਨੂੰ ਅਜੇ ਵੀ ਕ੍ਰਿਪਟੋਕਰੰਸੀ ਨੂੰ ਭਾਰਤ ਵਿੱਚ ਕਾਨੂੰਨੀ ਮੰਨੇ ਜਾਣ ਲਈ ਇੱਕ ਅਧਿਕਾਰਤ ਨੋਟ ਜਾਰੀ ਕਰਨਾ ਪਵੇਗਾ।

**ਦਿਨੇਸ਼ ਦਮਾਥੀਆ, 94177-14390**

# .ਗ਼ਦਰੀ ਹਰਨਾਮ ਸਿੰਘ ਟੁੰਡੀਲਾਟ ਧਰਮ ਨਿਰਪੱਖ ਇਨਕਲਾਬੀ

**ਪਿਰਥੀਪਾਲ ਸਿੰਘ ਮਾੜੀਮੇਘਾ**

ਗਦਰੀ ਹਰਨਾਮ ਸਿੰਘ ਟੁੰਡੀਲਾਟ ਇੱਕ ਮਹਾਨ ਦੇਸ਼ ਭਗਤ ਤੇ ਇਨਕਲਾਬੀ ਸਨ। ਉਨ੍ਹਾ ਹਿੰਦੁਸਤਾਨ ਨੂੰ ਅੰਗਰੇਜ਼ਾਂ ਦੀ ਗੁਲਾਮੀ ਤੋਂ ਨਿਜਾਤ ਦਿਵਾਉਣ ਲਈ ਭਰ ਜਵਾਨੀ ਵਿੱਚ ਆਪਣੇ ਆਪ ਨੂੰ ਦੇਸ਼ ਲਈ ਅਰਪਣ ਕਰ ਦਿੱਤਾ।

ਇਸ ਮਹਾਨ ਇਨਕਲਾਬੀ ਦਾ ਜਨਮ 1 ਨਵੰਬਰ 1822 ਈ: ਵਿੱਚ ਇੱਕ ਕਿਸਾਨ ਪ੍ਰਵਾਰ 'ਚ ਗੁਰਦਿੱਤ ਸਿੰਘ ਤੇ ਮਾਤਾ ਜੀਵਨੀ ਦੇ ਘਰ ਹੋਇਆ। ਉਨ੍ਹਾ ਦਾ ਪਿੰਡ ਕੋਟਲਾ ਨੌਧ ਸਿੰਘ, ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਹੈ। ਆਪ ਨੇ ਸਿੱਖਿਆ ਉਰਦੂ ਤੇ ਫਾਰਸੀ ਵਿੱਚ ਪਿੰਡ ਦੀ ਧਰਮਸ਼ਾਲਾ ਤੋਂ ਲਈ। ਆਪ 28 ਨਵੰਬਰ 1902 ਨੂੰ ਪਿਸ਼ਾਵਰ ਜਾ ਕੇ ਫੌਜ ਵਿੱਚ ਭਰਤੀ ਹੋ ਗਏ।

ਜਵਾਨਾਂ ਨੂੰ ਅਫਸਰਾਂ ਦੇ ਬੂਟ ਚਾਟ ਪੰਡਤ, ਭਾਈ ਤੇ ਮੌਲਵੀ ਸਰਕਾਰ ਦਾ ਹਰ ਹੁਕਮ ਮੰਨਣ ਦੀ ਸਹੁੰ ਚੁਕਾਉਂਦੇ ਸਨ। ਹਰਨਾਮ ਸਿੰਘ ਸੋਚੀਂ ਪੈ ਗਿਆ ਕਿ ਜੇ ਸਰਕਾਰ ਆਖੇ ਕਿ ਨਿਹੱਥਿਆਂ 'ਤੇ ਗੋਲੀ ਚਲਾਓ ਤੇ ਫਿਰ ਚਲਾਵਾਂਗੇ। ਜੇ ਸਰਕਾਰ ਆਖੇ ਫਲਾਣੇ ਦੇਸ਼ ਨਾਲ ਯੁੱਧ ਕਰਨ ਜਾਓ ਤੇ ਫਿਰ ਜਾਵਾਂਗਾ, ਇਹ ਕਿਸ ਤਰ੍ਹਾਂ ਹੋ ਸਕਦਾ ਹੈ। ਹਰਨਾਮ ਸਿੰਘ ਦੀ ਸਹੁੰ ਖਾਣ ਦੀ ਵਾਰੀ ਆ ਗਈ। ਉਨ੍ਹਾ ਗੁਟਕਾ ਸਾਹਿਬ ਤੇ ਯੂਨੀਅਨ ਜੈਕ 'ਤੇ ਹੱਥ ਰੱਖਿਆ ਤੇ ਹੌਲੀ ਜਿਹੇ ਬੋਲੇ, 'ਮੈਂ ਸਰਕਾਰ ਦਾ ਹੁਕਮ ਨਹੀਂ ਮੰਨਾਂਗਾ , ਯੋਗ ਹੁਕਮ ਮੰਨਾਂਗਾ, ਮੈਂ ਹਰ ਜਗ੍ਹਾ ਜਾ ਕੇ ਨਹੀਂ ਲੜਾਂਗਾ, ਜਿਥੇ ਠੀਕ ਸਮਝਾਂਗਾ ਉਥੇ ਲੜਾਂਗਾ, ਭਰਾਵਾਂ ਉੱਤੇ ਕਦੀ ਵੀ ਗੋਲੀ ਨਹੀਂ ਚਲਾਵਾਂਗਾ।'

ਨੌਕਰੀ ਦੌਰਾਨ ਇੱਕ ਸੂਬੇਦਾਰ ਨੇ ਸਿਪਾਹੀ ਨੂੰ ਕਿਹਾ, 'ਤੁਮਨੇ ਕੈਸੀ ਚੂਹੜੇ ਮਾਫਕ ਬਰਦੀ ਪਹਿਨੀ ਹੈ।' ਅੱਗੋਂ ਅਣਖੀ ਸਿਪਾਹੀ ਨੇ ਸੂਬੇਦਾਰ ਨੂੰ ਗੋਲੀ ਮਾਰ ਕੇ ਥਾਂ ਹੀ ਢੇਰੀ ਕਰ ਦਿੱਤਾ। ਅੰਗਰੇਜ਼ਾਂ ਨੇ ਉਸ ਸਿਪਾਹੀ ਨੂੰ ਫਾਂਸੀ ਦੇ ਕੇ ਮੌਤ ਦੇ ਘਾਟ ਉਤਾਰ ਦਿੱਤਾ। ਅੰਗਰੇਜ਼ਾਂ ਦੀ ਇਸ ਘਿਨਾਉਣੀ ਹਰਕਤ ਨੂੰ ਵੇਖ ਹਰਨਾਮ ਸਿੰਘ ਨੇ 10 ਫਰਵਰੀ 1906 ਨੂੰ ਨੌਕਰੀ ਛੱਡ ਦਿੱਤੀ।

ਬਾਕੀ ਕਿਰਤੀ ਕਾਮਿਆਂ ਦੀ ਤਰ੍ਹਾਂ ਹਰਨਾਮ ਸਿੰਘ ਵੀ 26 ਜੂਨ 1906 ਨੂੰ ਵਿਦੇਸ਼ ਨੂੰ ਰਵਾਨਾ ਹੋ ਗਏ। ਉਨ੍ਹਾ ਵੇਖਿਆ ਕਿ ਵਿਦੇਸ਼ ਜਾਣ ਲੱਗਿਆਂ ਵੀ ਕਿਰਤੀ ਕਾਮੇ ਜਾਤ, ਧਰਮ, ਨਸਲ ਤੇ ਫਿਰਕੇ ਵਿੱਚ ਵੰਡੇ ਪਏ ਸਨ। ਸਮੁੰਦਰੀ ਘਾਟ ਤੋਂ ਜਹਾਜ਼ 'ਤੇ ਬੈਠਣਾ ਸੀ, ਉਥੇ ਡਬਲ ਰੋਟੀ ਵਿਕਰੇਤੇ ਦੀ ਡਬਲ ਰੋਟੀ ਡਿੱਗ ਪਈ। ਉਹ ਹਰਨਾਮ ਸਿੰਘ ਨੇ ਚੁੱਕ ਲਈ। ਡਬਲ ਰੋਟੀ ਵਿਕਰੇਤਾ ਮੁਸਲਮਾਨ ਸੀ। ਹਰਨਾਮ ਸਿੰਘ ਨੇ ਡਬਲ ਰੋਟੀ ਦੇ ਟੁਕੜੇ ਕੀਤੇ ਤੇ ਚਾਹ ਪੀ ਰਹੇ ਹਿੰਦੀਆਂ ਅੱਗੇ ਜਾ ਰੱਖੀ ਕਿ ਖਾ ਲਵੋ, ਉਹ ਬੋਲੇ, 'ਇਹ ਤਾਂ ਭਿੱਟੀ ਹੋਈ ਰੋਟੀ ਹੈ, ਅਸੀਂ ਨਹੀਂ ਖਾਂਦੇ।' ਹਰਨਾਮ ਸਿੰਘ ਜੀ ਬੋਲੇ, 'ਭਿੱਟੀ ਕਿੱਥੇ ਹੈ? ਨਾ ਇਸ ਦਾ ਰੰਗ ਬਦਲਿਆ ਹੈ ਨਾ ਸੁਆਦ? ਵੇਖੋ ਪਹਿਲਾਂ ਮੈਂ ਖਾਂਦਾ ਹਾਂ।' ਇਹ ਸੁਣ ਕੇ ਸਾਰੇ ਹੱਸ ਪਏ। ਹਰਨਾਮ ਸਿੰਘ ਨੇ ਫਿਰ ਕਿਹਾ-ਅਸੀਂ ਹੁਣ ਅਮਰੀਕਾ ਨੂੰ ਚੱਲੇ ਹਾਂ, ਛੂਤਛਾਤ ਤੇ ਭਿੱਟ-ਸੁਚ ਨੂੰ ਇਸ ਸਮੁੰਦਰ ਵਿੱਚ ਹੀ ਛੱਡ ਦਿਓ। ਇਹ ਸੁਣ ਕੇ ਸਾਰਿਆਂ ਨੇ ਡਬਲ ਰੋਟੀ ਖਾ ਲਈ। ਹਰਨਾਮ ਸਿੰਘ 12 ਜੁਲਾਈ 1909 ਨੂੰ ਵੈਨਕੂਵਰ ਪਹੁੰਚ ਗਏ ਤੇ ਕੁਝ ਸਮਾਂ ਉਥੇ ਨੌਕਰੀ ਕਰਕੇ ਅੱਗੇ ਅਮਰੀਕਾ ਅੱਪੜੇ।

ਕੈਨੇਡਾ ਦੇ ਮੂਲ ਨਿਵਾਸੀ ਭਾਵ ਗੋਰੇ ਹਿੰਦੀ ਕਿਰਤੀਆਂ ਨਾਲ ਨਫਰਤ ਕਰਨ ਲੱਗ ਪਏ। ਨਫਰਤ ਕਰਨ ਦੇ ਦੋ ਕਾਰਨ ਸਨ ਕਿ ਇੱਕ ਤਾਂ ਹਿੰਦੀ-ਪੰਜਾਬੀ ਰੰਗ ਦੇ ਸਾਂਵਲੇ ਤੇ ਉਨ੍ਹਾਂ ਲਈ ਕਾਲੇ ਸਨ, ਦੂਜਾ ਹਿੰਦੀ ਕਿਰਤੀ ਘੱਟ ਪੈਸਿਆਂ 'ਤੇ ਕੰਮ ਕਰਨ ਚਲੇ ਜਾਂਦੇ, ਓਵਰ ਟਾਈਮ ਵੀ ਨਾ ਲੈਂਦੇ ਤੇ ਔਖਾ ਤੋਂ ਔਖਾ ਕੰਮ ਵੀ ਸੇਮ ਪੈਸਿਆਂ 'ਤੇ ਕਰੀ ਜਾਂਦੇ ਸਨ। ਕਾਰਖਾਨੇਦਾਰਾਂ ਦੀ ਡੀਮਾਂਡ ਹਿੰਦੀ ਕਿਰਤੀ ਬਣ ਗਏ। ਇਹਨਾਂ ਹਾਲਤਾਂ ਵਿੱਚ ਗੋਰਿਆਂ ਨੇ ਹਿੰਦੀ ਕਿਰਤੀਆਂ 'ਤੇ ਹਮਲੇ ਕੀਤੇ ਕਿ ਇਹ ਦੌੜ ਜਾਣਗੇ। ਅਖੀਰ ਹਿੰਦੀਆਂ ਨੇ ਮੁਕਾਬਲੇ ਕਰਕੇ ਗੋਰੇ ਅੱਗੇ ਲਾ ਲਏ। ਪੰਜਾਬੀ ਕਿਰਤੀਆਂ ਨੇ ਉਕਤ ਪ੍ਰਸਥਿਤੀ ਵਿੱਚ ਮਿਲ ਬੈਠਣ ਲਈ ਗੁਰਦੁਆਰੇ ਬਣਾਏ, ਜਿਹਨਾਂ ਵਿੱਚ ਹਿੰਦੂ, ਮੁਸਲਮਾਨ ਤੇ ਈਸਾਈ ਵੀ ਜਾਂਦੇ ਤੇ ਵਿਚਾਰਾਂ ਕਰਦੇ ਸਨ। ਇਹਨਾਂ ਗੁਰਦੁਆਰਿਆਂ 'ਚੋਂ ਹੀ ਗਦਰ ਪਾਰਟੀ ਹੋਂਦ ਵਿੱਚ ਆਈ ਸੀ।

ਗਦਰ ਪਾਰਟੀ ਦੇ ਜਨਰਲ ਸਕੱਤਰ ਲਾਲਾ ਹਰਦਿਆਲ ਬਾਬਾ ਸੋਹਣ ਸਿੰਘ ਭਕਨਾ ਦੀ ਤਰ੍ਹਾਂ ਮੁੱਖ ਕਰਤਾ-ਧਰਤਾ ਸਨ। ਪਾਰਟੀ ਨੇ ਭਾਂਪਿਆ ਕਿ ਲਾਲਾ ਹਰਦਿਆਲ ਦੀ ਜਾਨ ਨੂੰ ਖਤਰਾ ਹੈ। ਪਾਰਟੀ ਫੈਸਲੇ ਅਨੁਸਾਰ ਹਰਨਾਮ ਸਿੰਘ ਨੇ ਲਾਲਾ ਹਰਦਿਆਲ ਦੀ ਸੁਰੱਖਿਆ ਕੀਤੀ। ਇਹ ਜ਼ਿੰਮੇਵਾਰੀ ਨਿਭਾਉਂਦਿਆਂ ਹੀ ਹਰਨਾਮ ਸਿੰਘ ਨੇ 'ਗਦਰ' ਅਖਬਾਰ ਦੀਆਂ ਬਾਰੀਕੀਆਂ ਨੂੰ ਸਮਝ ਲਿਆ ਤੇ ਉਨ੍ਹਾਂ ਦੇ ਜਾਣ ਤੋਂ ਬਾਅਦ ਅਖਬਾਰ ਦੀ ਜ਼ਿੰਮੇਵਾਰੀ ਸੰਭਾਲੀ।

ਗਦਰੀ ਹਰਨਾਮ ਸਿੰਘ ਦੇ ਖਿਆਲ ਪੱਕੇ ਕੌਮ ਪੂਜ ਬਣ ਗਏ ਸਨ। ਉਹ ਜਾਤ,ਧਰਮ, ਨਸਲ ਤੇ ਫਿਰਕੇ ਦੇ ਪੱਖ ਤੋਂ ਬਹੁਤ ਅੱਗੇ ਨਿਕਲ ਚੁੱਕੇ ਸਨ। ਉਨ੍ਹਾ ਦੇ ਜ਼ਿਹਨ ਵਿੱਚ ਸਿਰਫ ਦੇਸ਼ ਦੀ ਆਜ਼ਾਦੀ ਸੀ ਤੇ ਉਸ ਕਾਰਜ ਦੀ ਪੂਰਤੀ ਲਈ ਜ਼ਿੰਦਗੀ ਕੁਰਬਾਨ ਕਰਨਾ ਉਨ੍ਹਾ ਅੱਗੇ ਕੁਝ ਵੀ ਨਹੀਂ ਸੀ। ਇਸ ਸੋਚ ਨੂੰ ਉਜਾਗਰ ਕਰਦੀ ਹੋਈ ਉਨ੍ਹਾ ਗਦਰ ਅਖਬਾਰ ਵਿੱਚ ਬੜੀ ਮਹੱਤਵਪੂਰਨ ਕਵਿਤਾ ਲਿਖੀ-

'ਜਪ ਜਾਪ ਦਾ ਵਕਤ ਬਤੀਤ ਹੋਇਆ,  
ਵੇਲਾ ਆ ਗਿਆ ਤੇਗ ਉਠਾਵਣੇ ਦਾ।  
ਪਿਛਲੀਆਂ ਪੋਥੀਆਂ ਕਿਸੇ ਨਾ ਕੰਮ ਆਉਣਾ,  
ਛੱਡ ਖਿਆਲ ਗੁਰਦੁਆਰੇ ਜਾਵਣੇ ਦਾ।'

ਗਦਰ ਪਾਰਟੀ ਨੇ ਜਦੋਂ ਫੈਸਲਾ ਕਰ ਲਿਆ ਕਿ ਦੂਜੀ ਸੰਸਾਰ ਜੰਗ ਛਿੜਦਿਆਂ ਸਾਰ ਹੀ ਹਿੰਦੁਸਤਾਨ ਪਹੁੰਚ ਕੇ ਗਦਰ ਭਾਵ ਇਨਕਲਾਬ ਕਰ ਦੇਣਾ ਹੈ। ਇਸ ਕਾਰਜ ਦੀ ਕਾਮਯਾਬੀ ਲਈ ਗਦਰੀਆਂ ਵਿੱਚ ਕੰਮ-ਵੰਡ ਕੀਤੀ ਗਈ। ਉਸ ਕੰਮ ਵੰਡ ਅਨੁਸਾਰ ਹਰਨਾਮ ਸਿੰਘ ਨੇ ਗਦਰੀ ਇਨਕਲਾਬੀਆਂ ਨੂੰ ਬੰਬ ਬਨਾਉਣ ਤੇ ਚਲਾਉਣ ਦੀ ਟਰੇਨਿੰਗ ਦਿੱਤੀ। ਟ੍ਰੇਨਿੰਗ ਦਿੰਦਿਆਂ ਹੀ ਇੱਕ ਬੰਬ ਉਨ੍ਹਾ ਦੇ ਹੱਥ ਵਿੱਚ ਚੱਲ ਗਿਆ ਤੇ ਅਰਕ ਤੱਕ ਬਾਂਹ ਉੱਡ ਗਈ। ਉਸ ਦਿਨ ਤੋਂ ਉਹ ਟੁੰਡੀਲਾਟ ਜਾਣੇ ਜਾਣ ਲੱਗੇ। ਹਰਨਾਮ ਸਿੰਘ ਕੋਲੋਂ ਕਰਤਾਰ ਸਿੰਘ ਸਰਾਭਾ,ਪ੍ਰਿਥਵੀ ਸਿੰਘ ਆਜ਼ਾਦ ਸਮੇਤ ਕਈ ਗਦਰੀਆਂ ਨੇ ਬੰਬ ਦੀ ਟਰੇਨਿੰਗ ਲਈ।

ਲਾਲਾ ਹਰਦਿਆਲ ਦਾ ਸੁਝਾਅ ਸੀ ਕਿ ਪ੍ਰੈੱਸ ਵਿੱਚ ਕੰਮ ਕਰਨ ਵਾਲੇ ਹਿੰਦ ਨੂੰ ਨਾ ਜਾਣ, ਕਿਉਂਕਿ ਉਨ੍ਹਾ ਦੇ ਨਾਂਅ ਨਸ਼ਰ ਹੋ ਚੁੱਕੇ ਹਨ, ਪਰ ਹਰਨਾਮ ਸਿੰਘ ਕਿਸ ਤਰ੍ਹਾਂ ਰਹਿ ਸਕਦਾ ਸੀ। ਉਸ ਨੇ ਆਰਜ਼ੀ ਬਾਂਹ ਲਵਾਈ ਤੇ ਹਿੰਦੁਸਤਾਨ ਤੇ ਅੱਗੇ ਪੰਜਾਬ ਪਹੁੰਚਣ 'ਚ ਕਾਮਯਾਬ ਹੋ ਗਿਆ। ਉਹ ਆਪਣੇ ਘਰ ਕੋਟਲਾ ਨੌਧ ਸਿੰਘ ਗਏ ਤੇ ਉਨ੍ਹਾ ਦੇ ਘਰ ਆ ਕੇ ਕਰਤਾਰ ਸਿੰਘ ਸਰਾਭਾ ਨੇ ਗਦਰ ਦੀ ਯੋਜਨਾ ਬਾਰੇ ਸਮਝਾਇਆ। ਹਰਨਾਮ ਸਿੰਘ ਨੇ ਅਮਰੀਕਾ ਵਾਲਾ ਰੂਪ ਬਦਲ ਕੇ ਸਾਧੂ ਦਾ ਰੂਪ ਧਾਰ ਲਿਆ। ਇਸ ਰੂਪ ਵਿੱਚ ਉਹ ਬੰਤਾ ਸਿੰਘ ਸੰਘਵਾਲ ਨਾਲ ਪਿੰਡਾਂ ਵਿੱਚ ਜਾਂਦੇ ਤੇ ਗਦਰ ਪਾਰਟੀ ਉਸਾਰਦੇ।

ਗਦਰੀ ਹਰਨਾਮ ਸਿੰਘ ਗਦਾਰ ਕਿਰਪਾਲ ਸਿੰਘ ਨੂੰ ਜਹੱਨਮ ਪਹੁੰਚਾਉਣਾ ਚਾਹੁੰਦਾ ਸੀ, ਪਰ ਪਾਰਟੀ ਤੋਂ ਇਜਾਜ਼ਤ ਨਾ ਮਿਲੀ ਤੇ ਉਹ ਗਦਾਰ ਆਪਣੇ ਮਕਸਦ ਵਿੱਚ ਕਾਮਯਾਬ ਹੋ ਗਿਆ, ਭਾਵ ਉਸ ਨੇ ਗਦਰ ਸਫਲ ਨਾ ਹੋਣ ਦਿੱਤਾ। ਹਰਨਾਮ ਸਿੰਘ ਦੀ ਕਰਤਾਰ ਸਿੰਘ ਸਰਾਭਾ ਨਾਲ ਗ੍ਰਿਫਤਾਰੀ ਹੋ ਗਈ ਤੇ ਆਪ ਨੂੰ ਪਹਿਲਾਂ ਫਾਂਸੀ ਦੀ ਸਜ਼ਾ ਹੋਈ ਤੇ ਫਿਰ ਉਹ ਤਬਦੀਲ ਹੋ ਕੇ ਉਮਰ ਕੈਦ ਵਿੱਚ ਬਦਲ ਗਈ। ਜਦੋਂ ਆਪ ਉਮਰ ਕੈਦ ਭੁਗਤ ਕੇ ਰਿਹਾਅ ਹੋਏ ਤਾਂ ਕਮਿਊਨਿਸਟ ਪਾਰਟੀ ਵਿੱਚ ਸ਼ਾਮਲ ਹੋ ਗਏ। ਇਸ ਸੱਚੇ-ਸੁੱਚੇ ਗਦਰੀ ਹਰਨਾਮ ਸਿੰਘ ਦੀ ਨਾਮੁਰਾਦ ਬਿਮਾਰੀ ਕੈਂਸਰ ਨਾਲ 18 ਨਵੰਬਰ 1962 ਨੂੰ ਮੌਤ ਹੋ ਗਈ।

**# ਸੰਪਰਕ : 98760-78731**

# ਸਿਆਸੀ ਆਗੂਆਂ ਦੇ ਵਾਅਦੇ ਤੇ ਹਕੀਕਤਾਂ

**ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ**

ਜਿਸ ਪ੍ਰਕਾਰ ਮਨੁੱਖੀ ਸਰੀਰ ਦੇ ਕਿਸੇ ਅੰਗ ਨੂੰ ਚੰਬੜਿਆ ਕੈਂਸਰ ਕੇਵਲ ਸਬੰਧਿਤ ਅੰਗ ਦੀ ਹੀ ਨਹੀਂ, ਸਗੋਂ ਸਾਰੇ ਸਰੀਰ ਦੀ ਦੁਰਦਸ਼ਾ ਕਰ ਦਿੰਦਾ ਹੈ, ਉਸੇ ਤਰ੍ਹਾਂ ਸਾਡੇ ਮੁਲਕ ਭਾਰਤ ਨੂੰ ਵੀ ਸਿਆਸੀ ਕੈਂਸਰ ਨੇ ਬੁਰੀ ਤਰ੍ਹਾਂ ਜਕੜਿਆ ਹੋਇਆ ਹੈ ਤੇ ਇਹ ਸਿਆਸੀ ਕੈਂਸਰ ਸਾਡੇ ਮੁਲਕ ਨੂੰ ਬੜੀ ਬੇਦਰਦੀ ਨਾਲ ਚੂੰਢ ਰਿਹਾ ਹੈ। ਸਿਆਸੀ ਕੈਂਸਰ ਦਾ ਸ਼ਿਕਾਰ ਹੋ ਕੇ ਸਾਡਾ ਮੁਲਕ ਹੌਲੀ-ਹੌਲੀ ਬਰਬਾਦੀ ਵੱਲ ਨੂੰ ਵਧ ਰਿਹਾ ਹੈ। ਕਿਸੇ ਵਿਦਵਾਨ ਨੇ ਸਹੀ ਕਿਹਾ ਕਿ ਭਾਰਤੀ ਲੋਕਤੰਤਰ ਅਸਲ ਵਿਚ ਲੋਕਾਂ ਦਾ ਨਹੀਂ, ਸਗੋਂ ਜੋਕਾਂ ਦਾ ਹੈ। ਇੱਥੇ ਸਾਡੇ ਸਿਆਸੀ ਆਗੂ ਜੋਕਾਂ ਬਣ ਕੇ ਸਾਡੇ ਲੋਕਤੰਤਰ ਨੂੰ ਚੰਬੜੇ ਹੋਏ ਹਨ ਤੇ ਖ਼ੂਨ ਚੂਸ ਕੇ ਦੇਸ਼ ਨੂੰ ਅੰਦਰੇ-ਅੰਦਰ ਖੋਖਲਾ ਕਰ ਰਹੇ ਹਨ।

ਸਾਡੇ ਸਿਆਸੀ ਆਗੂ ਆਪਣੇ ਅਤੇ ਆਪਣੀ ਪਾਰਟੀ ਦੇ ਨਿੱਜੀ ਮੁਫ਼ਾਦਾਂ ਲਈ ਆਮ ਲੋਕਾਂ ਨੂੰ ਆਪਣੇ ਸ਼ਬਦਜਾਲ ਨਾਲ ਵਰਗਲਾ ਕੇ ਕਈ ਹਿੰਸਕ ਕਾਰਵਾਈਆਂ ਕਰਵਾ ਦਿੰਦੇ ਹਨ। ਚਾਹੇ ਸੰਨ 1984 ਵਿਚ ਦਿੱਲੀ ਦੇ ਦੰਗੇ ਹੋਣ ਜਾਂ ਗੁਜਰਾਤ, ਮੁਜ਼ੱਫ਼ਰਨਗਰ ਤੇ ਭਾਗਲਪੁਰ ਵਿਚ ਵਾਪਰੇ ਭਿਆਨਕ ਦੰਗੇ ਹਰੇਕ ਦੰਗੇ ਦੇ ਪਿੱਛੇ ਕੋਈ ਨਾ ਕੋਈ ਸਿਆਸੀ ਪਾਰਟੀ ਜਾਂ ਸਿਆਸੀ ਨੇਤਾ ਮੌਜੂਦ ਸੀ। ਦੇਸ਼ ਨੇ ਵੇਖਿਆ ਹੈ ਕਿ ਕਿਵੇਂ ਕਦੇ ਮੰਦਰ-ਮਸਜਿਦ ਦੇ ਨਾਂਅ 'ਤੇ ਅਤੇ ਕਦੇ ਦਲਿਤ ਅਤੇ ਕੁਲੀਨ ਜਾਤੀ ਦੇ ਨਾਂਅ 'ਤੇ ਸਾਡੇ ਸਿਆਸੀ ਆਗੂਆਂ ਨੇ ਹਮੇਸ਼ਾ ਆਮ ਲੋਕਾਂ ਨੂੰ ਆਪਸ ਵਿਚ ਲੜਵਾਇਆ ਹੈ ਤੇ ਵੋਟ ਸੰਖਿਆ ਨੂੰ ਆਪਣੇ ਹੱਕ ਵਿੱਚ ਉਲਾਰ ਕੇ ਆਪਣੀਆਂ ਸਰਕਾਰਾਂ ਬਣਵਾਈਆਂ ਹਨ ਭਾਰਤੀ ਵੋਟਰ ਵਿਚਾਰਾ ਤਾਂ ਕਦੇ ਆਪਣੀ ਮਰਜ਼ੀ ਅਤੇ ਆਪਣੀ ਸਮਝ ਨਾਲ ਆਪਣੀ ਵੋਟ ਦਾ ਇਸਤੇਮਾਲ ਕਰ ਹੀ ਨਹੀਂ ਸਕਿਆ ਹੈ, ਸਗੋਂ ਵੋਟਾਂ ਲਈ ਉਸ ਦਾ ਇਸਤੇਮਾਲ ਸਿਆਸੀ ਆਗੂਆਂ ਨੇ ਬੜੀ ਚਲਾਕੀ ਨਾਲ ਸਦਾ ਹੀ ਕੀਤਾ ਹੈ।

ਸਾਡੇ ਸਿਆਸੀ ਆਗੂਆਂ ਨੇ ਸਾਡੀ ਭਾਰਤ ਦੀ ਭੋਲੀ-ਭਾਲੀ ਜਨਤਾ ਨੂੰ ਹੱਥ 'ਚ ਕਿਰਤ ਦੇਣ ਦੀ ਥਾਂ ਮੁਫ਼ਤਖ਼ੋਰੀ ਦਾ ਠੂਠਾ ਫੜਾ ਕੇ ਕਿਰਤੀ ਤੋਂ ਮੰਗਤੇ ਬਣਾ ਛੱਡਿਆ ਹੈ। ਭਾਰਤ ਵਿੱਚ ਪੰਜਾਬ ਸਮੇਤ ਕਈ ਵਿੱਤੀ ਪੱਖੋਂ ਕਈ ਹੋਰ ਵੀ ਸੂਬੇ ਹਨ, ਜੋ ਠੀਕ-ਠਾਕ ਹਾਲਤ ਵਿਚ ਹਨ ਤੇ ਜਿੱਥੇ ਕਦੇ ਵੀ ਕਿਸੇ ਜਥੇਬੰਦੀ ਨੇ ਅਜਿਹਾ ਧਰਨਾ, ਰੋਸ ਮੁਜ਼ਾਹਰਾ ਜਾਂ ਅੰਦੋਲਨ ਨਹੀਂ ਕੀਤਾ ਹੈ, ਜਿਸ ਵਿੱਚ ਮੁਫ਼ਤ ਅਨਾਜ, ਮੁਫ਼ਤ ਬਿਜਲੀ ਜਾਂ ਮੁਫ਼ਤ ਬੱਸ ਸਫ਼ਰ ਦੀ ਮੰਗ ਰੱਖੀ ਗਈ ਹੋਵੇ, ਪਰ ਫਿਰ ਵੀ ਲੋਕਾਂ ਨੂੰ ਮਿਹਨਤੀ ਦੀ ਥਾਂ ਨਿਠੱਲੇ ਬਣਾਉਣ ਦੀ ਸੋਚ ਰੱਖਣ ਵਾਲੀਆਂ ਪਾਰਟੀਆਂ ਮੁਫ਼ਤ-ਮੁਫ਼ਤ ਦਾ ਰਾਗ ਅਲਾਪਦੀਆਂ ਰਹਿੰਦੀਆਂ ਹਨ ਤੇ ਲੋਕਾਂ ਦੀ ਆਮਦਨ ਵਧਾਉਣ ਤੇ ਵਿਦੇਸ਼ਾਂ ਦੀ ਤਰ੍ਹਾਂ ਹਰੇਕ ਹੱਥ ਨੂੰ ਹੁਨਰ ਤੇ ਰੁਜ਼ਗਾਰ ਦੇ ਕੇ ਦੇਸ਼ ਅਤੇ ਦੇਸ਼ਵਾਸੀਆਂ ਨੂੰ ਖ਼ੁਸ਼ਹਾਲ ਬਣਾਉਣ ਦੀ ਥਾਂ ਦੇਸ਼ਵਾਸੀਆਂ ਨੂੰ ਹੋਰ ਨਿਕੰਮੇ ਤੇ ਹੋਰ ਨਕਾਰਾ ਬਣਾ ਰਹੀਆਂ ਹਨ। ਇਸ ਹਮਾਮ ਵਿੱਚ ਸਾਰੇ ਸਿਆਸੀ ਦਲ ਨੰਗੇ ਹਨ ਤੇ ਕੋਈ ਇਕ ਵੀ ਵੱਖਰੀ ਸੋਚ ਵਾਲਾ ਨਹੀਂ ਹੈ। ਸਾਡੇ ਸਿਆਸੀ ਦਲ ਜਨਤਾ ਨੂੰ ਇਹ ਸਮਝ ਨਹੀਂ ਆਉਣ ਦਿੰਦੇ ਹਨ ਕਿ ਮੁਫ਼ਤਖ਼ੋਰੀ ਵਾਲੀਆਂ ਯੋਜਨਾਵਾਂ ਨਿਤ ਦਿਨ ਵਧ ਰਹੀਆਂ ਹਨ ਤੇ ਸੂਬਿਆਂ ਦੀ ਆਮਦਨ ਨਿਤ ਦਿਨ ਘਟ ਰਹੀ ਹੈ, ਜਿਸ ਕਰਕੇ ਹਰੇਕ ਸੂਬੇ ਅਤੇ ਸੂਬੇ ਦੇ ਪ੍ਰਤੀ ਵਿਅਕਤੀ 'ਤੇ ਕਰਜ਼ੇ ਦਾ ਬੋਝ ਨਿਰੰਤਰ ਵਧ ਰਿਹਾ ਹੈ, ਜੋ ਸਬੰਧਤ ਸੂਬੇ ਦਾ ਦੀਵਾਲਾ ਕੱਢ ਰਿਹਾ ਹੈ, ਪਰ ਸੱਤਾ ਪ੍ਰਾਪਤੀ ਲਈ ਸਿਆਸੀ ਦਲ ਸਬੰਧਤ ਕਿਸੇ ਸੂਬੇ ਦਾ ਤਾਂ ਕੀ, ਪੂਰੇ ਦੇਸ਼ ਦਾ ਹੀ ਦੀਵਾਲਾ ਕੱਢਣ ਲਈ ਵੀ ਤਿਆਰ ਹਨ। ਸਾਡੀ ਆਮ ਜਨਤਾ ਨੂੰ ਸਾਡੇ ਸਿਆਸੀ ਆਗੂਆਂ ਨੇ ਇਸ ਕਦਰ ਅੰਨ੍ਹੀ ਤੇ ਬੋਲੀ ਕਰ ਛੱਡਿਆ ਹੈ ਕਿ ਜਨਤਾ ਸੱਤਾਧਾਰੀ ਧਿਰ ਤੋਂ ਇਹ ਸਵਾਲ ਕਦੇ ਨਹੀਂ ਪੁੱਛਦੀ ਕਿ ਤੁਸੀਂ ਤਾਂ 450 ਰੁਪਏ ਦਾ ਗੈਸ ਸਿਲੰਡਰ ਅਤੇ 50 ਰੁਪਏ ਪ੍ਰੀਤ ਲੀਟਰ ਪੈਟਰੋਲ ਵੀ ਬੜਾ ਮਹਿੰਗਾ ਆਖ਼ਦੇ ਹੁੰਦੇ ਸੀ ਤੇ ਆਖ਼ਦੇ ਹੁੰਦੇ ਸੀ ਕਿ ਸੱਤਾ ਵਿਚ ਆਉਣ 'ਤੇ ਸਭ ਕੁਝ ਸਸਤਾ ਕਰ ਦਿਆਂਗੇ, ਪਰ ਹੁਣ 10 ਸਾਲ ਸੱਤਾ ਵਿੱਚ ਰਹਿਣ ਪਿੱਛੋਂ ਵੇਖੋ ਕੀ ਗੈਸ ਸਿਲੰਡਰ ਤੇ ਪੈਟਰੋਲ ਪਹਿਲਾਂ ਨਾਲੋਂ ਦੁੱਗਣੇ ਮੁੱਲ 'ਤੇ ਨਹੀਂ ਮਿਲ ਰਹੇ ਹਨ? ਜਨਤਾ ਨਹੀਂ ਪੁੱਛਦੀ ਹੈ ਕਿ ਰੇਲ ਸਫ਼ਰ ਵਿਚ ਯਾਤਰੀਆਂ ਨੂੰ ਪਹਿਲਾਂ ਕਈ ਰਿਆਇਤਾਂ ਸਨ ਤੇ ਰੇਲਵੇ ਫਿਰ ਵੀ ਫ਼ਾਇਦੇ ਵਿਚ ਸੀ, ਪਰ ਹੁਣ ਅਨੇਕਾਂ ਸਹੂਲਤਾਂ ਹਟਾ ਲਈਆਂ ਹਨ ਤੇ ਰੇਲਵੇ ਫਿਰ ਵੀ ਘਾਟੇ 'ਚ ਕਿਉਂ ਹੈ? ਜਨਤਾ ਨਹੀਂ ਪੁੱਛਦੀ ਹੈ ਕਿ ਸਭ ਤੋਂ ਜ਼ਰੂਰੀ ਕਹੇ ਜਾਂਦੇ ਆਟਾ ਅਤੇ ਦੁੱਧ ਆਦਿ 'ਤੇ ਵੀ ਜੀ.ਐੱਸ.ਟੀ. ਲਗਾ ਕੇ ਸਰਕਾਰਾਂ ਨੇ ਕਿਸ ਦਾ ਭਲਾ ਕੀਤਾ ਹੈ? ਜਨਤਾ ਨਹੀਂ ਪੁੱਛਦੀ ਹੈ ਕਿ ਨੋਟਬੰਦੀ ਨਾਲ ਕਿੰਨਾ ਕੁ ਕਾਲਾ ਧਨ ਸਾਹਮਣੇ ਆਇਆ ਸੀ? ਜਨਤਾ ਨਹੀਂ ਪੁੱਛਦੀ ਹੈ ਕਿ ਦੇਸ਼ ਦੇ ਬੈਂਕਾਂ ਦਾ ਅਰਬਾਂ ਰੁਪਿਆ ਡਕਾਰ ਕੇ ਵਿਦੇਸ਼ ਭੱਜ ਜਾਣ ਵਾਲੇ ਕਈ ਠੱਗ ਅਜੇ ਤੱਕ ਵੀ ਸਲਾਖ਼ਾਂ ਪਿੱਛੇ ਕਿਉਂ ਨਹੀਂ ਹਨ? ਜਨਤਾ ਨਹੀਂ ਪੁੱਛਦੀ ਹੈ ਕਿ ਦੇਸ਼ ਦੇ ਇਕ ਵੱਡੇ ਕਾਰੋਬਾਰੀ ਦੇ ਸ਼ੇਅਰ ਮਾਰਕੀਟ ਘੁਟਾਲੇ ਸਬੰਧੀ ਸਿਆਸੀ ਦਲ ਹਾਲ ਪਾਰ੍ਹਿਆ ਮਚਾ ਰਹੇ ਹਨ, ਪਰ ਉਸਦੇ ਖ਼ਿਲਾਫ਼ ਜਾਂਚ ਤੱਕ ਵੀ ਕਿਉਂ ਨਹੀਂ ਕੀਤੀ ਜਾ ਰਹੀ ਹੈ? ਜਨਤਾ ਨਹੀਂ ਪੁੱਛਦੀ ਹੈ ਕਿ ਉਸ ਦੀ ਕਮਾਈ ਦੇ ਇਕ-ਇਕ ਪੈਸੇ ਦਾ ਹਿਸਾਬ ਤਾਂ ਪੁੱਛਿਆ ਜਾਂਦਾ ਹੈ, ਪਰ ਸਿਆਸੀ ਪਾਰਟੀਆਂ ਨੂੰ ਮਿਲਦੇ ਚੰਦੇ ਦਾ ਹਿਸਾਬ ਦੱਸਣ ਦੀ ਮਨਾਹੀ ਹੈ, ਐਸਾ ਕਿਉਂ?

ਸਾਡੇ ਮੁਲਕ ਨੂੰ ਘੁਣ ਦੇ ਕੀੜੇ ਵਾਂਗ ਚੰਬੜੇ ਸਿਆਸੀ ਦਲਾਂ ਨੇ ਦੇਸ਼ ਦੀਆਂ ਕਈ ਸੁਰੱਖਿਆ ਏਜੰਸੀਆਂ, ਜਨਤਕ ਸੰਸਥਾਵਾਂ ਅਤੇ ਰਾਜਪਾਲ ਜਿਹੇ ਉੱਚ ਅਹੁਦਿਆਂ ਦਾ ਘਾਣ ਕਰਕੇ ਰੱਖ ਦਿੱਤਾ ਹੈ। ਕਿੰਨੇ ਸਿਤਮ ਦੀ ਗੱਲ ਹੈ ਕਿ ਪ੍ਰਧਾਨ ਮੰਤਰੀ ਜਿਹੇ ਜ਼ਿੰਮੇਵਾਰ ਅਹੁਦੇ 'ਤੇ ਬਿਰਾਜਮਾਨ ਇਕ ਸਤਿਕਾਰਤ ਆਗੂ ਕਿਸੇ ਦੂਜੀ ਪਾਰਟੀ ਦੇ ਆਗੂ 'ਤੇ 70 ਹਜ਼ਾਰ ਕਰੋੜ ਰੁਪਏ ਦਾ ਘਪਲਾ ਕਰਨ ਦਾ ਦੋਸ਼ ਜਨਤਕ ਸਮਾਗਮ ਦੌਰਾਨ ਲਗਾਉਂਦਾ ਹੈ ਤੇ ਫਿਰ ਜਦ ਉਹੀ ਭ੍ਰਿਸ਼ਟਾਚਾਰੀ ਆਗੂ, ਸੱਤਾ ਧਿਰ ਨਾਲ ਗਠਜੋੜ ਕਰਕੇ ਸੱਤਾ ਵਿੱਚ ਆ ਜਾਂਦਾ ਹੈ ਤਾਂ ਉਸ ਦੇ ਖ਼ਿਲਾਫ਼ ਕਿਸੇ ਤਰ੍ਹਾਂ ਦੀ ਜਾਂਚ ਦਾ ਰੌਲਾ ਪ੍ਰਧਾਨ ਮੰਤਰੀ ਵੱਲੋਂ ਨਹੀਂ ਪਾਇਆ ਜਾਂਦਾ ਹੈ ਤੇ ਈ.ਡੀ. ਅਤੇ ਸੀ.ਬੀ.ਆਈ. ਵੀ ਸਬੰਧਤ ਸ਼ਖ਼ਸ ਖ਼ਿਲਾਫ਼ ਕੋਈ ਕਾਰਵਾਈ ਨਹੀਂ ਕਰਦੇ, ਜਦੋਂ ਕਿ ਵਿਰੋਧੀ ਧਿਰ ਵਿੱਚ ਸ਼ਾਮਲ ਕੁਝ ਸਿਆਸੀ ਦਲਾਂ ਦੇ ਤਾਂ ਹਰੇਕ ਵੱਡੇ ਆਗੂ ਨੂੰ ਭ੍ਰਿਸ਼ਟਾਚਾਰ ਦੇ ਦੋਸ਼ ਹੇਠ ਈ.ਡੀ. ਦੀ ਰੇਡ ਅਤੇ ਕਾਰਵਾਈ ਦਾ ਸਾਹਮਣਾ ਕਰਨਾ ਪੈ ਰਿਹਾ ਤੇ ਜਾਂਚ ਪੂਰੀ ਹੋਣ ਤੋਂ ਪਹਿਲਾਂ ਹੀ ਜੇਲ੍ਹ ਦੀ ਹਵਾ ਖਾਣੀ ਪੈ ਰਹੀ ਹੈ ਜਦੋਂ ਕਿ ਸੱਤਾਧਾਰੀ ਧਿਰ ਵਿੱਚ ਆਣ ਸ਼ਾਮਿਲ ਹੋਏ ਕਈ ਭ੍ਰਿਸ਼ਟਾਚਾਰੀ ਆਗੂ ਸੱਤਾ ਦੀ ਮਲਾਈ ਖਾ ਰਹੇ ਹਨ।

ਮਜ਼ਹਬੀ ਨਫ਼ਰਤ ਫ਼ੈਲਾਅ ਕੇ ਸੱਤਾ ਦੀਆਂ ਰੋਟੀਆਂ ਸੇਕਣਾ ਹਰ ਤਕਰੀਬਨ ਹਰੇਕ ਸਿਆਸੀ ਪਾਰਟੀ ਦਾ ਧੰਦਾ ਬਣ ਗਿਆ ਹੈ। ਹੁਣ ਹਾਲਾਤ ਇਹ ਹਨ ਕਿ ਕਈ ਰੰਗਾਂ ਅਤੇ ਟੋਪੀਆਂ ਨੂੰ ਫ਼ਿਰਕੂ ਰੰਗਤ ਦੇ ਦਿੱਤੀ ਗਈ ਹੈ। ਸਿਆਸੀ ਦਲਾਂ ਦੀ ਸ਼ਹਿ 'ਤੇ ਮੌਬ ਲਿੰਚਿੰਗ ਅਤੇ ਧਰਮ ਗ੍ਰੰਥਾਂ ਦੀ ਬੇਅਦਬੀ ਜਿਹੇ ਘਿਨਾਉਣੇ ਕਾਂਡ ਵਾਪਰ ਰਹੇ ਹਨ। ਵਰਨਾ ਆਮ ਲੋਕ ਤਾਂ ਆਪੋ-ਆਪਣੇ ਮੁਹੱਲਿਆਂ, ਪਿੰਡਾਂ ਅਤੇ ਸ਼ਹਿਰਾਂ ਵਿੱਚ ਆਪਸੀ ਸਦਭਾਵਨਾ ਅਤੇ ਪ੍ਰੇਮ ਨਾਲ ਵੱਸਦੇ ਹਨ, ਇਕ-ਦੂਜੇ ਦੇ ਦਿਨ-ਤਿਉਹਾਰ ਮਨਾਉਂਦੇ ਹਨ, ਇਕ-ਦੂਜੇ ਦੇ ਦੁੱਖ-ਸੁੱਖ ਵਿੱਚ ਸ਼ਰੀਕ ਹੁੰਦੇ ਹਨ, ਪਰ ਸਿਆਸੀ ਆਗੂਆਂ ਦੀ ਆਮਦ ਹੁੰਦਿਆਂ ਹੀ ਸਬੰਧਤ ਇਲਾਕਿਆਂ ਵਿੱਚ ਨਫ਼ਰਤੀ ਭਾਸ਼ਣ ਸ਼ੁਰੂ ਹੋ ਜਾਂਦੇ ਹਨ ਤੇ ਫਿਰ ਇਕ-ਦੂਜੇ ਦੇ ਧਰਮ ਜਾਂ ਮਜ਼ਹਬ ਖ਼ਿਲਾਫ਼ ਨਫ਼ਰਤੀ ਗਤੀਵਿਧੀਆਂ ਅਰੰਭ ਹੋ ਜਾਂਦੀਆਂ ਹਨ ਤੇ ਕਤਲੋਗਾਰਤ ਅਤੇ ਅਗਜ਼ਨੀ ਜਾਂ ਪੱਥਰਬਾਜ਼ੀ ਦਾ ਦੌਰ ਸ਼ੁਰੂ ਹੋ ਜਾਂਦਾ ਹੈ, ਜੋ ਕਈ ਨਿਰਦੋਸ਼ਾਂ ਦੀਆ ਜਾਨਾਂ ਨਾਲ ਖ਼ਤਮ ਹੁੰਦਾ ਹੈ, ਪਰ ਇਸ ਦੌਰਾਨ ਕਿਸੇ ਵੀ ਸਿਆਸੀ ਦਲ ਦੇ ਆਗੂ ਨੂੰ ਆਂਚ ਤੱਕ ਨਹੀਂ ਆਉਂਦੀ ਹੈ।

ਮੁੱਕਦੀ ਗੱਲ ਹੈ ਕਿ ਸਾਡੇ ਮੁਲਕ ਵਿੱਚ ਪਸਰੀ ਗ਼ਰੀਬੀ, ਬੇਰੁਜ਼ਗਾਰੀ, ਮਹਿੰਗਾਈ, ਭ੍ਰਿਸ਼ਟਾਚਾਰ, ਸੰਪ੍ਰਦਾਇਕਤਾ ਅਤੇ ਨਿਠੱਲੇਪਨ ਲਈ ਸਾਡੇ ਸਾਰੇ ਸਿਆਸੀ ਦਲ ਅਤੇ ਉਨ੍ਹਾ ਨੂੰ ਚਲਾਉਣ ਵਾਲੇ ਸਿਆਸੀ ਨੇਤਾ ਹੀ ਜ਼ਿੰਮੇਵਾਰ ਹਨ, ਜੋ ਗ਼ਲਤ ਨੀਤੀਆਂ ਬਣਾ ਕੇ ਦੇਸ਼ ਦਾ ਪੂਰਾ ਸੱਤਿਆਨਾਸ ਕਰ ਆਪਣਾ ਭਰਪੂਰ ਵਿਕਾਸ ਕਰ ਰਹੇ ਹਨ।

**# ਸੰਪਰਕ : 97816-46008**

# ਗੁਰੂ ਸਿਧਾਂਤ ਅਨੁਸਾਰੀ ਨਹੀਂ ਹੈ ਸ਼੍ਰੋਮਣੀ ਕਮੇਟੀ ਦੀ ਰਾਖਵਾਂਕਰਨ ਨੀਤੀ

**ਬਘੇਲ ਸਿੰਘ ਧਾਲੀਵਾਲ**

ਦੁਨੀਆ ਦੇ ਨਕਸ਼ੇ 'ਤੇ ਸਿੱਖ ਕੌਮ ਇੱਕ ਅਜਿਹੀ ਨਵੀਨਤਮ ਕੌਮ ਹੈ,ਜਿਸ ਅੰਦਰ ਗੁਰੂ ਸਹਿਬਾਨਾਂ ਨੇ ਕੋਈ ਜਾਤ ਵੰਡ ਦੀ ਗੁੰਜਾਇਸ਼ ਨਹੀਂ ਸੀ ਛੱਡੀ। ਜੇਕਰ ਇਹ ਕਿਹਾ ਜਾਵੇ ਕਿ ਗੁਰੂ ਨਾਨਕ ਸਾਹਿਬ ਵੱਲੋਂ ਸਮਾਜੀ ਵੰਡ ਦੇ ਵਿਤਕਰੇ ਅਤੇ ਉਚ-ਨੀਚ ਦੇ ਨਫਰਤੀ ਵਰਤਾਰੇ ਨੂੰ ਠੱਲ੍ਹ ਪਾਉਣ ਲਈ ਤੀਸਰੇ ਪੰਥ ਦੀ ਸਥਾਪਨਾ ਕੀਤੀ ਗਈ ਸੀ ,ਤਾਂ ਕੁਝ ਗਲਤ ਨਹੀ ਹੋਵੇਗਾ। ਸਿੱਖ ਕੌਮ ਦੇ ਸੰਸਥਾਪਕ ਯੁੱਗ ਪੁਰਸ਼ ਬਾਬਾ ਸ੍ਰੀ ਗੁਰੂ ਨਾਨਕ ਸਾਹਿਬ ਨੇ ਬੜੇ ਸਪੱਸ਼ਟ ਅਤੇ ਕਰੜੇ ਸ਼ਬਦਾਂ ਵਿੱਚ ਊਚ-ਨੀਚ ਨੂੰ ਨਕਾਰਿਆ ਹੈ। ਉਹਨਾਂ ਦੇ ਮੂਲ ਸਿਧਾਂਤ :

ਨੀਚਾ ਅੰਦਰਿ ਨੀਚ ਜਾਤਿ ਨੀਚੀ ਹੂ ਅਤਿ ਨੀਚੁ।।  
ਨਾਨਕ ਤਿਨ ਕੈ ਸੰਗਿ ਸਾਥਿ ਵਡਿਆ ਸਿਉ ਕਿਆ ਰੀਸ।।

ਨੂੰ ਸਿੱਖਾਂ ਨੇ ਕਾਫੀ ਹੱਦ ਤੱਕ ਵਿਸਾਰ ਦਿੱਤਾ ਹੈ। ਇਸ ਦਾ ਕਾਰਨ ਇਹ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਸਮੇਤ ਸਿੱਖ ਸੰਸਥਾਵਾਂ 'ਤੇ ਧਨਾਢ ਲੋਕਾਂ ਦਾ ਕਬਜ਼ਾ ਹੈ, ਜਿਹੜੇ ਆਪਣੇ ਨਿੱਜੀ ਮੁਫਾਦਾਂ ਦੀ ਖਾਤਰ ਸਿੱਖ ਵਿਰੋਧੀ ਤਾਕਤਾਂ ਦੀਆਂ ਕਠਪੁਤਲੀਆਂ ਬਣ ਕੇ ਸਿੱਖੀ ਸਿਧਾਂਤਾਂ ਨੂੰ ਭਾਰੀ ਢਾਹ ਲਾ ਰਹੇ ਹਨ। ਸਿੱਖੀ ਅੰਦਰ ਊਚ-ਨੀਚ ਦਾ ਪਾੜਾ ਉੱਪਰੋਂ ਸਿੱਖ ਦਿਖਾਈ ਦਿੰਦੀ ਉਸ ਧਨਾਢ ਜਮਾਤ ਦਾ ਹੀ ਪਾਇਆ ਹੋਇਆ ਹੈ,ਜਿਹੜੀ ਸਿੱਖੀ ਦੇ ਭੇਖ ਵਿੱਚ ਸਿੱਖ ਸਿਧਾਂਤਾਂ ਦਾ ਮਲੀਆਮੇਟ ਕਰਨ ਲਈ ਸਿੱਖ ਵਿਰੋਧੀ ਤਾਕਤਾਂ ਦੇ ਕੁਹਾੜੇ ਦਾ ਦਸਤਾ ਬਣੀ ਹੋਈ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਵਾਲੇ ਫਾਰਮਾਂ ਵਿੱਚ ਜਾਤ-ਪਾਤ ਨੂੰ ਦਰਸਾਉਂਦੇ ਕਾਲਮ ਉਨ੍ਹਾਂ ਧਨਾਢ ਸਿੱਖਾਂ ਦੀ ਮਿਲੀਭੁਗਤ ਦਾ ਨਤੀਜਾ ਹੈ, ਜਿਸ ਨੇ ਇੱਕ ਵਾਰ ਫਿਰ ਨਵਾਂ ਬਖੇੜਾ ਖੜਾ ਕਰ ਦਿੱਤਾ ਹੈ। ਭਾਵੇਂ ਇਹ ਵਰਤਾਰਾ ਕੋਈ ਨਵਾਂ ਨਹੀਂ, ਪਿਛਲੇ ਸਮਿਆਂ ਵਿੱਚ ਵੀ ਏਸੇ ਤਰਾਂ ਹੀ ਚਲਦਾ ਆ ਰਹਾ ਹੈ,ਪ੍ਰੰਤੂ ਇਸ ਵਰਤਾਰੇ ਨੇ ਪੰਜਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਬਚਨ:

ਏਕੁ ਪਿਤਾ ਏਕਸ ਕੇ ਹਮ ਬਾਰਿਕ ਤੂ ਮੇਰਾ ਸਹਾਈ॥

ਨੂੰ ਨਜ਼ਰਅੰਦਾਜ਼ ਕਰਕੇ ਕੌਮ ਨੂੰ ਦੁਬਿਧਾ ਵਿੱਚ ਪਾ ਦਿੱਤਾ ਹੋਇਆ ਹੈ। ਫਲਸਰੂਪ ਸਿੱਖ ਕੌਮ ਦੀ ਹਾਲਤ ਅੱਜਕੱਲ੍ਹ ਬਹੁਤ ਦੁਬਿਧਾ ਵਾਲੀ ਬਣ ਗਈ ਹੈ। ਸਿੱਖ ਇਸ ਵੇਲੇ ਬੜੀ ਮੁਸੀਬਤ ਵਿੱਚ ਫਸ ਚੁੱਕੇ ਹਨ। ਉਹਨਾਂ ਨੂੰ ਇਹ ਸਮਝ ਨਹੀ ਲੱਗ ਰਹੀ ਕਿ ਉਹ ਆਪਣੇ ਗੁਰੂ ਦੀ ਗੱਲ ਮੰਨਣ ਜਾਂ ਫਿਰ ਕੌਮ ਦੇ ਅਖੌਤੀ ਆਗੂਆਂ, ਘੜੰਮ ਚੌਧਰੀਆਂ ਦੇ ਕਹੇ ਲੱਗ ਕੇ ਜਿਸ ਤਰ੍ਹਾਂ ਪਿਛਲੇ ਲੰਮੇ ਅਰਸੇ ਤੋਂ ਗੁਰੂ ਦੀ ਮੱਤ ਨੂੰ ਵਿਸਾਰ ਕੇ ਮਨੂਵਾਦੀ ਵਰਣ ਵੰਡ ਵਿੱਚ ਉਲਝ ਕੇ ਰਹਿ ਗਏ ਹਨ। ਸਿੱਖ ਜਾਤ-ਪਾਤ, ਊਚ-ਨੀਚ ਤੋਂ ਰਹਿਤ ਇੱਕ ਸੰਪੂਰਨ ਕੌਮ ਹੈ, ਜਿਸ ਨੂੰ ਸਿਰਜਿਆ ਹੀ ਵਰਣ-ਵੰਡ ਦਾ ਖੰਡਨ ਕਰਕੇ ਗਿਆ ਹੈ। ਗੁਰੂ ਨਾਨਕ ਸਾਹਿਬ ਦਾ ਇਹ ਨਿਰਾਲਾ ਪੰਥ ਜਾਤੀ ਵੰਡ ਪਰਨਾਲੀ ਤੋਂ ਮੁਕਤ ਰੱਖਿਆ ਗਿਆ ਸੀ। ਉਹਨਾਂ ਦੀ ਜਾਤੀ ਵੰਡ 'ਤੇ ਪਹਿਲੀ ਚੋਟ ਪੰਡਤ ਨੂੰ ਜਨੇਊ ਪਹਿਨਣ ਤੋਂ ਸਖਤੀ ਨਾਲ ਮਨ੍ਹਾ ਕਰਨਾ ਸੀ, ਉਸ ਤੋ ਬਾਅਦ ਉਹਨਾ ਦੀ ਬਾਣੀ ਵਿੱਚ ਕਿੰਨੇ ਹੀ ਪ੍ਰਮਾਣ ਮਿਲਦੇ ਹਨ, ਜਿਹੜੇ ਉਚ-ਨੀਚ ਦੀ ਇਸ ਭਿਆਨਕ ਬਿਮਾਰੀ ਦਾ ਖੰਡਨ ਕਰਦੇ ਹਨ, ਬਲਕਿ ਉਹਨਾਂ ਜਾਤ-ਪਾਤ ਦੇ ਨਾਲ-ਨਾਲ ਸਮਾਜ ਵਿੱਚ ਫੈਲੀਆਂ ਹੋਰ ਵੀ ਮਨੁਖ ਵਿਰੋਧੀ ਮਾਨਤਾਵਾਂ ਨੂੰ ਰੱਦ ਕਰਦਿਆਂ ਔਰਤ ਨੂੰ ਬਰਾਬਰ ਦਾ ਦਰਜਾ ਦੇ ਕੇ ਨਿਵਾਜਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਪੈਰ-ਪੈਰ 'ਤੇ ਉਪਰੋਕਤ ਅਲਾਮਤਾਂ ਦਾ ਖੰਡਨ ਕੀਤਾ ਗਿਆ ਹੈ ਅਤੇ ਸਿੱਖ ਨੂੰ ਸੁਚੇਤ ਕੀਤਾ ਗਿਆ ਹੈ। 1699 ਦੀ ਵਿਸਾਖੀ ਵਾਲੇ ਦਿਨ ਸਰਬੰਸਦਾਨੀ ਗੁਰੂ ਗੋਬਿੰਦ ਸਿੰਘ ਜੀ ਨੇ ਗੁਰੂ ਨਾਨਕ ਸਾਹਿਬ ਸਮੇਤ ਪਹਿਲੇ ਨੌਂ ਗੁਰੂ ਸਹਿਬਾਨਾਂ ਦੇ ਵੱਖਰੀ ਕੌਮ ਦੇ ਸੰਕਲਪ ਨੂੰ ਦ੍ਰਿੜ ਕਰਦਿਆਂ ਸਿੱਖਾਂ ਨੂੰ ਸੰਪੂਰਨ ਕੌਮ ਦਾ ਦਰਜਾ ਦਿੱਤਾ ਹੈ। ਸਿੱਖ ਬਣਨ ਤੋ ਬਾਅਦ ਕਿਸੇ ਵੀ ਵਿਅਕਤੀ ਦੀ ਪਿਛਲੀ ਜਾਤ-ਪਾਤ ਖਤਮ ਹੋ ਜਾਂਦੀ ਹੈ, ਉਹਦੀ ਪਿਛਲੀ ਪਛਾਣ ਖਤਮ ਕਰਕੇ ਨਵਾਂ ਰੂਪ ਬਖਸ਼ ਦਿੱਤਾ ਗਿਆ ਹੈ। ਉਹ ਹੁਣ ਜਾਤ-ਪਾਤ ਤੋ ਮੁਕਤ ਇੱਕ ਸੰਪੂਰਨ ਮਨੁੱਖ ਬਣ ਗਿਆ ਹੈ, ਜਿਸ ਦੀ ਪਛਾਣ ਸਿਰਫ ਤੇ ਸਿਰਫ ਗੁਰੂ ਦਾ ਸਿੱਖ ਹੈ। ਅੰਮ੍ਰਿਤ ਦੀ ਦਾਤ ਪਰਾਪਤ ਕਰ ਲੈਣ ਤੋਂ ਬਾਅਦ ਉਹਦਾ ਸਿਰਨਾਵਾ ਹੀ ਬਦਲ ਜਾਂਦਾ ਹੈ। ਅਜੋਕੇ ਸੰਦਰਭ ਵਿੱਚ ਬਹੁਤ ਸਾਰੇ ਸਿੱਖਾਂ ਦੇ ਮਨਾਂ ਵਿੱਚ ਇਹ ਗੱਲ ਖਟਕਦੀ ਰਹਿੰਦੀ ਹੈ ਕਿ ਜਦੋਂ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਗੁਰੂ ਸਹਿਬਾਨਾਂ ਦੇ 'ਹਮਰੀ ਜਾਤਿ ਪਾਤਿ ਗੁਰੁ ਸਤਿਗੁਰੁ ਹਮ ਵੇਚਿਓ ਸਿਰੁ ਗੁਰ ਕੇ'

ਅਤੇ

ਸਭੇ ਸਾਂਝੀਵਾਲ ਸਦਾਇਨਿ ਤੂੰ ਕਿਸੈ ਨ ਦਿਸਹਿ ਬਾਹਰਾ ਜੀਉ॥'

ਦੇ ਗੁਰ ਸਿਧਾਂਤ ਨੂੰ ਤਿਲਾਂਜਲੀ ਦੇ ਕੇ ਮਨੂ ਸਿਮਰਤੀ ਦੇ ਜਾਤ-ਪਾਤ ਅਤੇ ਊਚ-ਨੀਚ ਵਾਲੇ ਗੈਰ-ਮਾਨਵੀ ਸਿਧਾਂਤ ਖੁਦ ਹੀ ਸਿੱਖ ਪੰਥ 'ਤੇ ਥੋਪੇਗੀ, ਫਿਰ ਸਿੱਖ ਕੌਮ ਦੀ ਹੋਂਦ ਸੁਰੱਖਿਅਤ ਕਿਵੇ ਰਹਿ ਸਕੇਗੀ? ਇਸ ਸਵਾਲ 'ਤੇ ਹਰ ਸਿੱਖ ਨੂੰ ਚਿੰਤਾ ਅਤੇ ਚਿੰਤਨ ਕਰਨ ਦੀ ਲੋੜ ਹੈ। ਇਸ ਤੋਂ ਵੱਡੀ ਸਿੱਖ ਕੌਮ ਦੀ ਅਣਗਹਿਲੀ ਅਤੇ ਲਾਪ੍ਰਵਾਹੀ ਹੋਰ ਕੀ ਸਮਝੀ ਜਾਵੇਗੀ, ਜਿਸ ਨੇ ਹੁਣ ਤੱਕ ਹੁੰਦੀਆਂ ਆ ਰਹੀਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਵਿੱਚ ਰਾਖਵਾਂਕਰਨ ਨੂੰ ਮਨਜ਼ੂਰ ਹੀ ਕਿਉਂ ਕੀਤਾ ? ਕਿਉਂ ਨਹੀਂ ਇਹ ਮੱਦ ਦਾ ਉਦੋਂ ਹੀ ਵਿਰੋਧ ਕੀਤਾ, ਜਦੋਂ ਇਹ ਦਰਜ ਕਰਕੇ ਦਲਿਤ ਰਾਖਵਾਂਕਰਨ ਦੀ ਵਿਵਸਥਾ ਕੀਤੀ ਗਈ ਸੀ। ਦਲਿਤ ਰਾਖਵਾਂਕਰਨ ਦੀ ਵਿਵਸਥਾ ਹੀ ਮੂਲ ਰੂਪ ਵਿੱਚ ਇਸ ਸਾਰੀ ਬਿਮਾਰੀ ਦੀ ਜੜ੍ਹ ਹੈ, ਜਿਸ ਨਾਲ ਸਿੱਖ ਕੌਮ ਦੇ ਸਿਧਾਂਤ ਤਾਰ-ਤਾਰ ਹੋਏ ਹਨ। ਸਿੱਖਾਂ ਦੀ ਇਹ ਕਿੰਨੀ ਹਾਸੋਹੀਣੀ ਗੱਲ ਹੈ ਕਿ ਇੱਕ ਪਾਸੇ ਰਿਜ਼ਰਵ ਕੋਟੇ ਨੂੰ ਮਨਜ਼ੂਰ ਵੀ ਕਰਦੇ ਹਨ, ਜਦੋਂਕਿ ਦੂਜੇ ਪਾਸੇ ਫਾਰਮ ਵਿੱਚ ਜਾਤ-ਪਾਤ ਨੂੰ ਉਤਸ਼ਾਹਿਤ ਕਰਦੇ ਕਾਲਮ ਦਾ ਵਿਰੋਧ ਵੀ ਕੀਤਾ ਜਾ ਰਿਹਾ ਹੈ। ਇਹ ਸਚਾਈ ਹੈ ਕਿ ਨਾ ਹੀ ਜੱਟ ਇਸ ਕੋਹੜ ਤੋ ਮੁਕਤ ਹੋਏ ਹਨ ਅਤੇ ਨਾ ਹੀ ਦਲਿਤ ਇਸ ਚਿੱਕੜ 'ਚੋਂ ਨਿਕਲਣ ਲਈ ਪੂਰੀ ਤਰ੍ਹਾਂ ਤਿਆਰ ਹੋ ਚੁੱਕੇ ਹਨ। ਇਹ ਰਾਖਵਾਂਕਰਨ ਦਾ ਲਾਲਚ ਦੋਵਾਂ ਵਰਗਾਂ ਨੂੰ ਇੱਕ ਹੋਣ ਵਿੱਚ ਵੱਡੀ ਰੁਕਾਵਟ ਹੈ, ਜਿਹੜਾ ਸਿੱਖ ਕੌਮ ਨੂੰ ਕਮਜ਼ੋਰ ਕਰਨ ਵਿੱਚ ਵੱਡੀ ਭੂਮਿਕਾ ਅਦਾ ਕਰ ਰਿਹਾ ਹੈ। ਸਭ ਤੋਂ ਪਹਿਲਾਂ ਇਹ ਤਹੱਈਆ ਕਰਨਾ ਹੋਵੇਗਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਨਿਰੋਲ ਸਿੱਖੀ ਸਿਧਾਂਤਾਂ ਦੇ ਅਨੁਕੂਲ ਹੋਣ। ਸਿੱਖੀ ਵਿੱਚੋਂ ਜਾਤ-ਪਾਤ ਅਤੇ ਊਚ-ਨੀਚ ਦੇ ਕੋਹੜ ਨੂੰ ਜੜ੍ਹ ਤੋਂ ਵੱਢਣ ਦਾ ਹੋਰ ਕੋਈ ਚਾਰਾ ਨਹੀਂ ਹੈ? ਸੋ ਹੁਣ ਸਮਾਂ ਇਹ ਮੰਗ ਕਰਦਾ ਹੈ ਕਿ ਜੇਕਰ ਸਿੱਖੀ ਦੀ ਜੋਤ ਨੂੰ ਜਗਦਾ ਰੱਖਣਾ ਹੈ ਤਾਂ ਸਮੁੱਚੇ ਸਿੱਖ ਪੰਥ ਨੂੰ ਇਕੱਠੇ ਹੋ ਕੇ ਸਿੱਖੀ ਸਿਧਾਂਤਾਂ ਦਾ ਘਾਣ ਕਰਨ ਵਾਲਿਆਂ ਤੋ ਨਿਖੇੜਾ ਕਰਨਾ ਹੋਵੇਗਾ। ਗੁਰੂ ਦੇ ਸਿਧਾਂਤ 'ਤੇ ਪਹਿਰਾ ਦੇਣ ਲਈ ਵਚਨਵੱਧ ਹੋਣਾ ਪਵੇਗਾ। ਸਿੱਖੀ ਸਿਧਾਂਤਾਂ ਨੂੰ ਲੱਗੀ ਊਚ-ਨੀਚ ਦੀ ਘੁਣ ਦਾ ਇਲਾਜ ਫਿਰ ਹੀ ਸੰਭਵ ਹੋ ਸਕਦਾ ਹੈ, ਜਦੋਂ ਸਿੱਖ ਖੁਦ ਸਿੱਖੀ ਵਿੱਚ ਪਰਪੱਕ ਹੋਣ ਦਾ ਤਹੱਈਆ ਕਰ ਲੈਣ, ਇਸ ਲਈ ਜਿੰਨੀ ਦੇਰ ਸਿੱਖੀ ਅਸੂਲਾਂ 'ਤੇ ਪਹਿਰਾ ਦਿੰਦੇ ਹੋਏ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚੋਂ ਜਾਤ-ਪਾਤ ਵਾਲੇ ਕੋਹੜ ਦੀ ਅਸਲ ਜੜ੍ਹ ਰਿਜ਼ਰਵ ਕੋਟੇ ਵਾਲੀ ਮੱਦ ਨੂੰ ਖਤਮ ਨਹੀਂ ਕਰਵਾਇਆ ਜਾਂਦਾ, ਓਨੀ ਦੇਰ ਊਚ-ਨੀਚ ਅਤੇ ਜਾਤ-ਪਾਤ ਖਤਮ ਹੋਣ ਦੀ ਆਸ ਨਹੀ ਕੀਤੀ ਜਾ ਸਕਦੀ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਦਲਿਤ ਰਾਖਵਾਂਕਰਣ ਨੀਤੀ ਗੁਰੂ ਸਿਧਾਂਤ ਅਨੁਸਾਰੀ ਨਹੀ ਹੈ, ਕਿਉਂਕਿ ਗੁਰੂ ਸਾਹਿਬ ਨੇ ਤਾਂ ਸਿੱਖ ਨੂੰ ਦਲਿਤ ਨਹੀ, ਸਗੋਂ ਸਿਰਦਾਰੀਆਂ ਬਖਸ਼ ਕੇ ਤਾਜਾਂ, ਤਖਤਾਂ ਦੇ ਮਾਲਕ ਬਣਾਇਆ ਹੈ, ਪ੍ਰੰਤੂ ਅਜੋਕੇ ਚੌਧਰੀ ਗੁਰੂ ਦੇ ਹੁਕਮਾਂ ਤੋ ਇਨਕਾਰੀ ਹੋ ਕੇ ਸਾਰਾ ਕੁਝ ਗੁਰੂ ਦੇ ਹੁਕਮ ਦੇ ਉਲਟ ਕਰਨ ਲੱਗੇ ਹੋਏ ਹਨ। ਸੋ ਇਸ ਤੋਂ ਅਗਲਾ ਕਦਮ ਗੁਰਦੁਆਰਾ ਪ੍ਰਬੰਧ ਨੂੰ ਸੱਚੇ-ਸੁੱਚੇ ਗੁਰਸਿੱਖਾਂ ਦੇ ਹੱਥਾਂ ਵਿੱਚ ਸੌਂਪਣਾ ਹੋਣਾ ਚਾਹੀਦਾ ਹੈ। ਉਪਰੋਕਤ ਤੋਂ ਬਗੈਰ ਸਿੱਖੀ ਸਿਧਾਂਤਾਂ ਦਾ ਕਾਇਮ ਰਹਿਣਾ ਸੰਭਵ ਨਹੀਂ ਹੈ।

***# ਸੰਪਰਕ : 99142-58142***

18-NOV-PAGE-5.qxd 11/17/2023 8:51 PM Page 1



# ਸੁਸਾਇਟੀ ਦਾ ਡੀ ਏ ਪੀ ਪ੍ਰਾਈਵੇਟ ਡੀਲਰ ਨੂੰ ਵੇਚਣ ਖਿਲਾਫ ਕਿਸਾਨਾਂ ਵੱਲੋਂ ਧਰਨਾ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਕੋਆਪ੍ਰੇਟਿਵ ਸੁਸਾਇਟੀ ਲੌਂਗੋਵਾਲ 'ਚ ਕਿਸਾਨਾਂ ਲਈ ਆਈ ਡੀਏਪੀ ਨੂੰ ਸੁਸਾਇਟੀ ਮੈਂਬਰ ਤੇ ਅਕਾਲੀ ਦਲ ਦੇ ਸਰਪੰਚ ਵੱਲੋਂ ਪ੍ਰਾਈਵੇਟ ਡੀਲਰ ਨੂੰ ਗਲਤ ਤਰੀਕੇ ਨਾਲ ਦਿੰਦਿਆਂ ਕੱਲ੍ਹ ਕਿਰਤੀ ਕਿਸਾਨ ਯੂਨੀਅਨ ਦੇ ਆਗੂਆਂ ਨੇ ਰੰਗੇ ਹੱਥੀਂ ਕਾਬੂ ਕੀਤਾ ਸੀ ਤੇ ਟਰੈਕਟਰ ਟਰਾਲੀ ਵੀ ਪੁਲਸ ਦੇ ਸਪੁਰਦ ਕਰ ਦਿੱਤੀ ਸੀ। ਇਸ ਮਸਲੇ 'ਤੇ ਕਥਿਤ ਦੋਸ਼ੀਆਂ ਖਿਲਾਫ ਕਾਰਵਾਈ ਕਰਵਾਉਣ ਲਈ ਅੱਜ ਸੁਸਾਇਟੀ ਵਿਖੇ ਸਵੇਰੇ 9 ਵਜੇ ਤੋਂ 12 ਵਜੇ ਤੱਕ ਧਰਨਾ ਲਾ ਕੇ ਘਪਲੇਬਾਜ਼ਾਂ ਖਿਲਾਫ ਨਾਅਰੇਬਾਜ਼ੀ ਕੀਤੀ ਗਈ ਅਤੇ ਮੌਕੇ 'ਤੇ ਆ ਕੇ ਇੰਸਪੈਕਟਰ ਕਮਲਪ੍ਰੀਤ ਕੌਰ ਨੇ ਕਿਸਾਨਾਂ ਤੋਂ ਲਿਖਤੀ ਸ਼ਿਕਾਇਤ ਪ੍ਰਾਪਤ ਕੀਤੀ ਅਤੇ ਇੱਕ ਹਫਤੇ ਵਿੱਚ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਅਤੇ ਰਿਕਾਰਡ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ। ਸੁਸਾਇਟੀ ਦੇ ਸੈਕਟਰੀ ਨੇ ਵੀ ਲੋਕਾਂ ਵਿੱਚ ਆ ਕੇ ਮੰਨਿਆ ਕਿ ਉਕਤ ਡੀਏਪੀ ਕਿਸੇ ਵੀ ਕਿਸਾਨ ਦੀ ਕਾਪੀ 'ਤੇ ਨਹੀਂ ਕੱਟਿਆ ਗਿਆ ਸੀ। ਇਸ ਮੌਕੇ ਸੰਬੋਧਨ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਪ੍ਰਧਾਨ ਕਰਮਜੀਤ ਸਿੰਘ ਸਤੀਪੁਰਾ, ਸੂਬਾ ਆਗੂ ਭੁਪਿੰਦਰ ਸਿੰਘ ਲੌਂਗੋਵਾਲ, ਇਕਾਈ ਪ੍ਰਧਾਨ ਹਰਦੇਵ ਸਿੰਘ ਦੁੱਲਟ, ਬਲਾਕ ਆਗੂ ਭੋਲਾ ਸਿੰਘ ਪਨਾਂਚ ਤੇ ਬੀਕੇਯੂ ਡਕੌਂਦਾ ਦੇ ਆਗੂ ਕਰਨੈਲ ਸਿੰਘ ਜੱਸੇਕਾ ਨੇ ਦੱਸਿਆ ਕਿ ਸੁਸਾਇਟੀ ਦੇ ਕੁਝ ਮੈਂਬਰ ਪ੍ਰਧਾਨ ਨੂੰ ਗੁੰਮਰਾਹ ਕਰਕੇ ਪਿਛਲੇ ਸਮੇਂ ਤੋਂ ਗਲਤ ਕਾਰਵਾਈਆਂ ਕਰ ਰਹੇ ਹਨ, ਹੁਣ ਜਦੋਂ ਡੀਏਪੀ ਦੀ ਘਾਟ ਸੀ ਤਾਂ ਕਿਸਾਨਾਂ ਨੂੰ ਡੀਏਪੀ ਬਾਹਰੋਂ ਦੁਕਾਨਾਂ ਤੋਂ ਵੀ ਲੈਣਾ ਪਿਆ। ਸੁਸਾਇਟੀ ਵਿੱਚੋਂ ਵੀ ਕਿਸਾਨਾਂ ਨੂੰ ਡੀਏਪੀ ਦੀਆਂ ਤਿੰਨ ਬੋਰੀਆਂ ਨਾਲ ਇੱਕ ਨੈਨੋ ਡੀਏਪੀ ਦੀ ਬੋਤਲ ਨਾਲ ਲਾ ਕੇ ਦਿੱਤੀ ਗਈ ਸੀ, ਪਰ ਕੱਲ੍ਹ ਕਥਿਤ ਤੌਰ 'ਤੇ ਅਕਾਲੀ ਦਲ ਦੇ ਆਗੂ. ਜੋ ਕਿ ਸੁਸਾਇਟੀ ਦਾ ਮੈਂਬਰ ਵੀ ਨਹੀਂ ਹੈ, ਸੁਸਾਇਟੀ ਮੈਂਬਰ ਕੁਲਵਿੰਦਰ ਸਿੰਘ ਨਾਲ ਮਿਲ ਕੇ ਪ੍ਰਾਈਵੇਟ ਡੀਲਰ ਨੂੰ ਉਸ ਦੀ ਟਰੈਕਟਰ-ਟਰਾਲੀ ਵਿੱਚ ਡੀਏਪੀ ਦੀਆਂ ਕਰੀਬ 100 ਬੋਰੀਆਂ ਚੁਕਵਾ ਚੁੱਕੇ ਸਨ। ਯੂਨੀਅਨ ਆਗੂਆਂ ਦੇ ਮੌਕੇ 'ਤੇ ਪਹੁੰਚਣ 'ਤੇ ਉਨ੍ਹਾਂ ਨੇ ਫਟਾਫਟ ਆਪ ਨਾਲ ਲੱਗ ਕੇ ਬੋਰੀਆਂ ਵਾਪਸ ਸਟੋਰ ਵਿੱਚ ਸੁੱਟ ਦਿੱਤੀਆਂ। ਸੈਕਟਰੀ ਤੇ ਟਰੈਕਟਰ ਦਾ ਡਰਾਈਵਰ ਮੌਕੇ ਤੋਂ ਫਰਾਰ ਹੋ ਗਏ। ਅੱਜ ਲੋਕਾਂ ਦੇ ਇਕੱਠ ਵਿੱਚ ਸੈਕਟਰੀ ਨੇ ਖੁਦ ਮਾਫੀ ਮੰਗ ਕੇ ਉਨ੍ਹਾਂ ਦਾ ਇਹ ਘਪਲਾ ਉਜਾਗਰ ਕਰ ਦਿੱਤਾ। ਅਗਲੀ ਕਾਰਵਾਈ ਲਈ ਮਹਿਕਮੇ ਨੂੰ ਲਿਖਤੀ ਸ਼ਿਕਾਇਤ ਦਿੱਤੀ ਜਾ ਚੁੱਕੀ ਹੈ, ਜੇਕਰ ਉਕਤ ਦੋਸ਼ੀਆਂ 'ਤੇ ਕੋਈ ਕਾਰਵਾਈ ਨਹੀਂ ਹੁੰਦੀ ਤਾਂ ਮੌਜੂਦਾ ਸਰਕਾਰ ਦੀ ਇਨ੍ਹਾਂ ਘਪਲੇਬਾਜ਼ਾਂ ਨਾਲ ਮਿਲੀਭੁਗਤ ਸਮਝੀ ਜਾਵੇਗੀ ਅਤੇ ਸਬੰਧਤ ਅਧਿਕਾਰੀਆਂ ਖਿਲਾਫ ਸੰਘਰਸ਼ ਵਿੱਢਿਆ ਜਾਵੇਗਾ। ਅੱਜ ਦੇ ਧਰਨੇ ਵਿੱਚ ਬੀਕੇਯੂ ਡਕੌਂਦਾ ਦੇ ਆਗੂ ਭੋਲਾ ਸਿੰਘ, ਪ੍ਰਗਟ ਸਿੰਘ, ਰਾਜਾ ਸਿੰਘ ਜੈਦ, ਦਰਸ਼ਨ ਸਿੰਘ, ਗੁਰਜੰਟ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਕਿਸਾਨ ਤੇ ਸੁਸਾਇਟੀ ਮੈਂਬਰ ਦਰਸ਼ਨ ਸਿੰਘ, ਬਲਜੀਤ ਸਿੰਘ, ਜਗਜੀਤ ਸਿੰਘ ਕਾਲਾ ਹਾਜ਼ਰ ਸਨ।

## ਮਾਨ ਸਨਮਾਨ ਨਾ ਮਿਲਣ ਤੋਂ ਦੁਖੀ ਚੇਅਰਮੈਨ ਐੱਸ ਐੱਸ ਪੀ ਨੂੰ ਮਿਲੇ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਕੁੱਝ ਅਧਿਕਾਰੀਆਂ ਤੇ ਮੁਲਾਜ਼ਮਾਂ ਵੱਲੋਂ ਬਣਦਾ ਮਾਨ ਸਨਮਾਨ ਨਾ ਦੇਣ ਤੋਂ ਦੁਖੀ ਹੋਏ ਕੁੱਝ ਚੇਅਰਮੈਨਾਂ ਨੇ ਐੱਸ ਐੱਸ ਪੀ ਨੂੰ ਮਿਲ ਕੇ ਆਪਣਾ ਰੋਸ ਦਰਜ ਕਰਵਾਇਆ ਹੈ। ਵੱਖ ਵੱਖ ਅਦਾਰਿਆਂ ਦੇ ਇਹ ਚੇਅਰਮੈਨ ਸਭ ਤੋਂ ਵੱਧ ਟ੍ਰੈਫਿਕ ਪੁਲਸ ਤੋਂ ਦੁਖੀ ਸਨ। ਉਨ੍ਹਾਂ ਪੁਲਸ ਮੁਖੀ ਨੂੰ ਦੱਸਿਆ ਕਿ ਜਦੋਂ ਉਹ ਆਪਣੀਆਂ ਸਰਕਾਰੀ ਗੱਡੀਆਂ 'ਤੇ ਕਿਧਰੇ ਜਾਂਦੇ ਹਨ ਤਾਂ ਟ੍ਰੈਫਿਕ ਪੁਲਸ ਉਨ੍ਹਾਂ ਨੂੰ ਅਣਗੌਲਿਆ ਕਰਦੀ ਹੈ। ਚੇਅਰਮੈਨਾਂ ਦਾ ਕਹਿਣਾ ਸੀ ਕਿ ਗੱਡੀ ਦਾ ਹੂਟਰ ਬਜਾਏ ਜਾਣ ਦੇ ਬਾਵਜੂਦ ਚੌਕਾਂ ਵਿੱਚ ਖੜੇ ਟ੍ਰੈਫਿਕ ਪੁਲਸ ਦੇ ਮੁਲਾਜ਼ਮਾਂ ਵੱਲੋਂ ਉਨ੍ਹਾਂ ਨੂੰ ਸਲੂਟ ਮਾਰਨਾਂ ਤਾਂ ਦੂਰ ਦੀ ਗੱਲ, ਸਗੋਂ ਉਹ ਟ੍ਰੈਫਿਕ ਵਿੱਚ ਫਸੀ ਗੱਡੀ ਨੂੰ ਉਥੋਂ ਕਢਵਾਉਣ ਲਈ ਵੀ ਅੱਗੇ ਨਹੀਂ ਆਉਂਦੇ। ਉਨ੍ਹਾਂ ਪੁਲਸ ਮੁਖੀ ਨੂੰ ਦੱਸਿਆ ਕਿ ਟ੍ਰੈਫਿਕ ਪੁਲਸ ਦੇ ਮੁਲਾਜ਼ਮ ਪ੍ਰੋਟੋਕਾਲ ਮੁਤਾਬਿਕ ਚੇਅਰਮੈਨਾਂ ਨੂੰ ਮਾਨ ਸਨਮਾਨ ਨਹੀਂ ਦੇ ਰਹੇ। ਇਸ ਤੋਂ ਬਾਅਦ ਪੁਲਸ ਵਿਭਾਗ ਨੇ ਵਾਇਰਲੈੱਸ ਰਾਹੀਂ ਟ੍ਰੈਫਿਕ ਪੁਲਸ ਨੂੰ ਮੈਸਿਜ ਵੀ ਭੇਜਿਆ ਹੈ ਕਿ ਬਠਿੰਡਾ ਨਾਲ ਸਬੰਧਤ ਪੰਜ ਚੇਅਰਮੈਨ ਐੱਸ ਐੱਸ ਪੀ ਨੂੰ ਮਿਲੇ ਹਨ, ਜਿਨ੍ਹਾਂ ਨੇ ਕਿਹਾ ਕਿ ਹੈ ਟ੍ਰੈਫਿਕ ਪੁਲਸ ਦੇ ਮੁਲਾਜ਼ਮ ਉਨ੍ਹਾਂ ਨੂੰ ਮਾਨ ਸਤਿਕਾਰ ਨਹੀਂ ਦਿੰਦੇ। ਗੱਡੀ ਦਾ ਹੂਟਰ ਮਾਰਨ ਤੋਂ ਬਾਅਦ ਟ੍ਰੈਫਿਕ ਪੁਲਸ ਦੇ ਮੁਲਾਜ਼ਮ ਕੋਈ ਗੌਰ ਨਹੀਂ ਕਰਦੇ। ਇਸ ਲਈ ਸਾਰੇ ਟ੍ਰੈਫਿਕ ਪੁਲਸ ਦੇ ਮੁਲਾਜ਼ਮ ਨੋਟ ਕਰਨ ਕਿ ਉਹ ਚੇਅਰਮੈਨਾਂ ਨੂੰ ਬਣਦਾ ਮਾਨ ਸਨਮਾਨ ਦੇਣ ਤੇ ਜਦੋਂ ਵੀ ਆਉਣ ਤਾਂ ਉਨ੍ਹਾਂ ਦੀਆਂ ਗੱਡੀਆਂ ਨੂੰ ਟ੍ਰੈਫਿਕ 'ਚੋਂ ਲੰਘਾਇਆ ਜਾਵੇ। ਪੁਲਸ ਵਿਭਾਗ ਵੱਲੋਂ ਵਾਇਰਲੈਸ ਰਾਹੀਂ ਦਿੱਤੇ ਗਏ ਇਸ ਸੁਨੇਹੇ ਨੂੰ ਕਿਸੇ ਨੇ ਰਿਕਾਰਡ ਕਰਕੇ ਵਾਇਰਲ ਕਰ ਦਿੱਤਾ ਹੈ, ਜਿਸ ਤੋਂ ਬਾਅਦ ਇਸ ਦੀ ਖੂਬ ਚਰਚਾ ਚੱਲ ਰਹੀ ਹੈ।

## ਪੰਜਾਬੀ ਮਾਂ ਬੋਲੀ ਭਾਸ਼ਾ ਦਿਵਸ ਮਨਾਇਆ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫਕਰਸਰ ਥੇੜ੍ਹੀ ਵਿਖੇ ਪ੍ਰਿੰਸੀਪਲ ਗੁਰਬਿੰਦਰਪਾਲ ਸਿੰਘ ਦੀ ਯੋਗ ਅਗਵਾਈ ਵਿੱਚ ਪੰਜਾਬੀ ਲੈਕਚਰਾਰ ਕੁਲਜੀਤ ਸਿੰਘ ਮਾਨ ਦੀ ਦੇਖ ਰੇਖ ਵਿੱਚ 57ਵਾਂ ਪੰਜਾਬੀ ਮਾਂ ਬੋਲੀ ਭਾਸ਼ਾ ਦਿਵਸ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਡਾ. ਜਸਵਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਪ੍ਰਪੱਕਤਾ ਨਾਲ ਪੰਜਾਬੀ ਮਾਂ ਬੋਲੀ ਨਾਲ ਜੁੜਨ ਦੀ ਗੱਲ ਕਰਦਿਆਂ ਪੰਜਾਬੀ ਭਾਸ਼ਾ ਦੀਆਂ ਬਰੀਕੀਆਂ ਬਾਰੇ ਆਪਣੇ ਤਜਰਬੇ ਸਾਂਝੇ ਕੀਤੇ। ਪੰਜਾਬੀ ਫਿਲਮਕਾਰ ਅਤੇ ਪੰਜਾਬੀ ਚਿੰਤਕ ਐਡਵੋਕੇਟ ਹਰਦੀਪ ਸਿੰਘ ਭਾਈਕਾ ਨੇ ਪੰਜਾਬੀ ਭਾਸ਼ਾ ਨਾਲ ਜੁੜ ਕੇ ਦਿਲੋਂ ਸਤਿਕਾਰ ਕਰਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਪੰਜਾਬੀ ਭਾਸ਼ਾ ਦੁਨੀਆ ਦੀਆਂ ਭਾਸ਼ਾਵਾਂ ਵਿੱਚ ਉਭਰਵਾਂ ਤੇ ਮਾਣ ਵਾਲਾ ਸਥਾਨ ਹੈ ਤੇ ਸਾਨੂੰ ਪੰਜਾਬੀ ਬੋਲਣ ਵਿੱਚ ਮਾਣ ਮਹਿਸੂਸ ਕਰਨਾ ਚਾਹੀਦਾ ਹੈ। ਇਸ ਮੌਕੇ ਪੰਜਾਬੀ ਲੈਕਚਰਾਰ ਕੁਲਜੀਤ ਸਿੰਘ ਮਾਨ ਨੇ ਪੰਜਾਬੀ ਭਾਸ਼ਾ ਦੀ ਉਤਪਤੀ ਅਤੇ ਵਿਕਾਸ ਦੀ ਗੱਲ ਕਰਦਿਆਂ ਦੱਸਿਆ ਕਿ ਦੁਨੀਆ ਦੀਆਂ ਲਗਭਗ 6700 ਭਾਸ਼ਾਵਾਂ ਵਿੱਚੋਂ ਪੰਜਾਬੀ ਭਾਸ਼ਾ ਦਾ ਦਸਵਾਂ ਸਥਾਨ ਹੈ ਤੇ 14 ਕਰੋੜ ਤੋਂ ਵੱਧ ਲੋਕਾਂ ਦੀ ਭਾਸ਼ਾ ਹੋਣ ਦਾ ਮਾਣ ਪ੍ਰਾਪਤ ਹੈ। ਇਸ ਮੌਕੇ ਵਿਦਿਆਰਥੀਆਂ ਵਿੱਚ ਸੁੰਦਰ ਲਿਖਾਈ, ਕਵਿਤਾ ਅਤੇ ਭਾਸ਼ਣ ਮੁਕਾਬਲੇ ਕਰਵਾਏ ਗਏ। ਗੁਰਮੁਖੀ ਤੇ 35 ਅੱਖਰਾਂ ਨਾਲ ਅਤੇ ਪੰਜਾਬੀ ਮਾਂ ਬੋਲੀ ਨੂੰ ਸਮਰਪਤ ਰੰਗੋਲੀ ਨਾਲ ਪੰਡਾਲ ਨੂੰ ਵਿਦਿਆਰਥੀਆਂ ਨੇ ਸ਼ਿਗਾਰਿਆ।

ਸਮਾਗਮ ਵਿੱਚ ਜਤਿੰਦਰਪਾਲ ਸਿੰਘ ਢਿੱਲੋਂ ਤਹਿਸੀਲਦਾਰ ਮਲੋਟ ਨੇ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਜੇਤੂ ਬੱਚਿਆਂ ਨੂੰ ਇਨਾਮ ਤਕਸੀਮ ਕੀਤੇ। ਸਟੇਜ ਦੀ ਭੂਮਿਕਾ ਸ਼ਰਨਜੀਤ ਕੌਰ ਨੇ ਬਾਖੂਬੀ ਨਿਭਾਈ। ਇਸ ਮੌਕੇ ਇੰਚਾਰਜ ਰਘਬੀਰ ਸਿੰਘ ਅਤੇ ਪ੍ਰਿੰਸੀਪਲ ਗੁਰਬਿੰਦਰਪਾਲ ਸਿੰਘ ਨੇ ਸਮਾਗਮ ਦੀ ਸ਼ਲਾਘਾ ਕਰਦਿਆਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਵਿਦਿਆਰਥੀਆਂ ਨੂੰ ਪੰਜਾਬੀ ਮਾਂ ਬੋਲੀ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਜਸਵਿੰਦਰ ਸਿੰਘ, ਗੁਰਲਾਲ ਸਿੰਘ, ਹਰਸੰਦੀਪ ਸਿੰਘ, ਗੁਰਪ੍ਰੀਤ ਸਿੰਘ, ਵਿਕਰਮਜੀਤ ਸਿੰਘ, ਤਰਸੇਮ ਸਿੰਘ, ਸੁਨੀਲ ਕੁਮਾਰ, ਰਮਿੰਦਰ, ਰਵਿੰਦਰ, ਸਰਬਜੀਤ, ਹਰਜਸਪਾਲ ਸਿੰਘ, ਮਮਤਾ ਰਾਣੀ, ਅਮਨਪ੍ਰੀਤ ਕੌਰ, ਰੇਨੂ ਬਾਲਾ, ਕਮਲਦੀਪ ਕੌਰ, ਸੀਮਾ ਰਾਣੀ, ਵੀਰਪਾਲ ਕੌਰ ਅਤੇ ਗਿੰਨੀ ਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ

## ਬਿਜਲੀ ਦੇ ਖੰਭੇ ਨਾਲ ਟਰੱਕ ਟਕਰਾਇਆ, ਡਰਾਈਵਰ ਦੀ ਮੌਤ



**ਸਮਰਾਲਾ (ਸੁਰਜੀਤ ਸਿੰਘ)**-ਮਾਛੀਵਾੜਾ ਦੀ ਤਰਫੋਂ ਸਮਰਾਲਾ ਵੱਲ ਆ ਰਿਹਾ ਸਕਰੈਪ ਨਾਲ ਭਰਿਆ ਟਰੱਕ ਸਿਵਲ ਹਸਪਤਾਲ ਸਮਰਾਲਾ ਸਾਹਮਣੇ ਭਿਆਨਕ ਸੜਕ ਹਾਦਸੇ ਦਾ ਸ਼ਿਕਾਰ ਹੋ ਗਿਆ। ਇਹ ਹਾਦਸਾ ਇੰਨਾ ਭਿਆਨਕ ਸੀ ਕਿ ਟਰੱਕ ਹਾਈ ਵੋਲਟੇਜ ਬਿਜਲੀ ਦੇ ਖੰਭੇ ਉਖਾੜਦਾ ਹੋਇਆ ਦੁਕਾਨ ਵਿੱਚ ਜਾ ਵੜਿਆ ਤੇ ਟਰੱਕ ਡਰਾਈਵਰ ਦੀ ਮੌਕੇ 'ਤੇ ਹੀ ਮੌਤ ਹੋ ਗਈ। ਹਾਦਸੇ ਦੇ ਤੁਰੰਤ ਬਾਅਦ ਸਮਰਾਲਾ ਪੁਲਸ ਮੌਕੇ 'ਤੇ ਪਹੁੰਚੀ ਤੇ ਜੇ ਬੀ ਸੀ ਨਾਲ ਟਰੱਕ ਵਿੱਚੋਂ ਲਾਸ਼ ਕੱਢਣ ਦੀ ਕਸ਼ਿਸ਼ ਕੀਤੀ ਗਈ, ਪਰ ਟਰੱਕ ਵਿੱਚ ਬੁਰੀ ਤਰ੍ਹਾਂ ਨਾਲ ਫਸੀ ਲਾਸ਼ ਨੂੰ ਕੱਢਿਆ ਨਹੀਂ ਜਾ ਸਕਿਆ। ਇਸ ਘਟਨਾ ਦੇ ਸਬੰਧ ਵਿੱਚ ਸਮਰਾਲਾ ਥਾਣੇ ਦੇ ਏ ਐੱਸ ਆਈ ਪਵਨਜੀਤ ਨੇ ਦੱਸਿਆ ਕਿ ਇਹ ਹਾਦਸਾ ਤੜਕਸਾਰ ਲਗਭਗ 3 ਵਜੇ ਵਾਪਰਿਆ ਹੈ, ਜਿਸ ਵਿੱਚ ਟਰੱਕ ਡਰਾਈਵਰ ਰਾਣਾ ਜੋ ਕਿ ਧਾਲੀਵਾਲ ਤੋਂ ਸਕਰੈਪ ਲੈ ਕੇ ਆ ਰਿਹਾ ਸੀ, ਜਦੋਂ ਇਹ ਸਮਰਾਲਾ ਦੇ ਸਿਵਲ ਹਸਪਤਾਲ ਸਾਹਮਣੇ ਪਹੁੰਚਿਆ ਤਾਂ ਇਹ ਭਿਆਨਕ ਸੜਕ ਹਾਦਸੇ ਦਾ ਸ਼ਿਕਾਰ ਹੋ ਗਿਆ। ਉਨ੍ਹਾ ਦੱਸਿਆ ਕਿ ਇਹ ਹਾਦਸਾ ਡਰਾਈਵਰ ਦੀ ਅੱਖ ਲੱਗਣ ਕਾਰਨ ਵਾਪਰਿਆ ਲੱਗ ਰਿਹਾ ਹੈ। ਮੌਕੇ 'ਤੇ ਮੌਜੂਦ ਲੋਕਾਂ ਨੇ ਦੱਸਿਆ ਕਿ ਇਹ ਹਾਦਸਾ ਤੜਕਸਾਰ ਲਗਭਗ 3 ਵਜੇ ਦੇ ਕਰੀਬ ਵਾਪਰਿਆ ਹੈ।

## ਚੋਰਾਂ ਨੇ ਅੱਧੀ ਦਰਜਨ ਦੁਕਾਨਾਂ 'ਤੇ ਬੋਲਿਆ ਹੱਲਾ, ਲੱਖਾਂ ਦਾ ਸਾਮਾਨ ਚੋਰੀ



**ਮਲੋਟ (ਗੁਰਮੀਤ ਸਿੰਘ ਮੱਕੜ)**-ਚੋਰਾਂ ਦੇ ਹੌਸਲੇ ਦਿਨੋਂ ਦਿਨ ਵਧਦੇ ਜਾ ਰਹੇ ਹਨ, ਜਿਨ੍ਹਾਂ ਨੇ ਬੀਤੀ ਰਾਤ ਸ਼ਹਿਰ ਵਿੱਚ ਅੱਧੀ ਦਰਜਨ ਦੇ ਕਰੀਬ ਦੁਕਾਨਾਂ ਨੂੰ ਨਿਸ਼ਾਨਾ ਬਣਾਇਆ ਹੈ। ਸ਼ਹਿਰ ਦੀ ਮੇਨ ਬਾਜ਼ਾਰ ਵਿੱਚ ਚੋਰਾਂ ਨੇ ਇੱਕ ਵਧਵਾ ਮੈਡੀਕਲ ਸਟੋਰ, ਅਰੋੜਾ ਕਲੱਥ ਹਾਊਸ ਸਮੇਤ ਮੁਨਿਆਰੀ ਦੁਕਾਨਾਂ ਦੇ ਤਾਲੇ ਤੋੜ ਕੇ ਚੋਰੀ ਨੂੰ ਅੰਜਾਮ ਦਿੱਤਾ। ਇਸ ਮੌਕੇ ਕਈ ਦੁਕਾਨਾਂ ਵਿੱਚੋਂ ਹਜ਼ਾਰਾਂ ਰੁਪਏ ਦੀ ਨਕਦੀ ਤੇ ਸਾਮਾਨ ਲੈ ਕੇ ਫਰਾਰ ਹੋ ਗਏ। ਸ਼ਹਿਰ ਵਾਸੀਆਂ ਨੇ ਦੱਸਿਆ ਕਿ ਬਾਜ਼ਾਰ ਜੀ ਟੀ ਰੋਡ ਜਿੱਥੇ ਪੂਰੀ ਆਵਾਜਾਈ ਹੈ, ਪੁਲਸ ਥਾਣੇ ਤੋਂ ਮਹਿਜ ਕੁੱਝ ਹੀ ਦੂਰੀ 'ਤੇ ਦੁਕਾਨਾਂ ਸਥਿਤ ਹਨ। ਇਨ੍ਹਾਂ ਵਾਰਦਾਤਾਂ ਨੂੰ ਚੋਰਾਂ ਵੱਲੋਂ ਅੰਜਾਮ ਦੇਣ 'ਤੇ ਸ਼ਹਿਰ ਵਾਸੀਆਂ ਵਿੱਚ ਦਹਿਸ਼ਤ ਦਾ ਮਾਹੌਲ ਹੈ। ਬੇਸ਼ੱਕ ਮਲੋਟ ਸ਼ਹਿਰ ਵਿਚ 20 ਦੇ ਕਰੀਬ ਪੁਲਸ ਦੀਆਂ ਪੀ.ਸੀ.ਆਰ. ਪਾਰਟੀਆਂ ਦਿਨ-ਰਾਤ ਗਸ਼ਤ ਕਰਦੀਆਂ ਹਨ। ਇੱਕੋ ਰਾਤ ਚੋਰਾਂ ਵੱਲੋਂ ਇੰਨੀਆਂ ਦੁਕਾਨਾਂ ਨੂੰ ਅੰਜਾਮ ਦੇਣਾ ਪੁਲਸ ਦੀ ਕਾਰਗੁਜ਼ਾਰੀ 'ਤੇ ਸਵਾਲੀਆ ਨਿਸ਼ਾਨ ਖੜਾ ਹੋ ਰਿਹਾ ਹੈ। ਦੂਜੇ ਪਾਸੇ ਡੀ.ਐੱਸ.ਪੀ. ਫਤਿਹ ਸਿੰਘ ਨੇ ਕਿਹਾ ਕਿ ਕੱਲ੍ਹ ਇੱਕ ਔਰਤ ਦੀ ਚੈਨ ਖੋਹ ਹੋਈ ਹੈ, ਤੋਂ ਇਲਾਵਾ ਬੀਤੀਂ ਰਾਤ ਸ਼ਹਿਰ ਵਿੱਚ ਚੋਰੀ ਦੀਆਂ ਘਟਨਾਵਾਂ ਦੀ ਸੂਚਨਾ ਮਿਲੀ ਹੈ ਅਤੇ ਉਨ੍ਹਾਂ ਦੀ ਨਜ਼ਰ ਲਗਾਤਾਰ ਇਸ ਮਾਮਲੇ 'ਤੇ ਬਣੀ ਹੋਈ ਹੈ, ਉਹ ਜਲਦੀ ਹੀ ਚੋਰਾਂ ਨੂੰ ਕਾਬੂ ਕਰਨਗੇ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਭਾਵੇਂ ਚੌਕਾਂ ਵਿੱਚ ਸਰਕਾਰੀ ਸੀ.ਸੀ.ਟੀ.ਵੀ. ਕੈਮਰੇ ਲੱਗੇ ਹਨ, ਪ੍ਰੰਤੂ ਲੋਕ ਵੀ ਆਪਣੇ ਕੈਮਰਿਆਂ ਨੂੰ ਅੱਪ ਟੂ ਡੇਟ ਰੱਖਣ।

## ਕਾਤਰਾਂ

### ਨੈੱਟਬਾਲ ਦੀ ਸੂਬਾਈ ਸੰਸਥਾ ਵੱਲੋਂ ਟਰਾਇਲ ਭਲਕੇ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਖੇਡ ਮੰਤਰਾਲਾ ਭਾਰਤ ਸਰਕਾਰ ਤੇ ਭਾਰਤੀ ਓਲੰਪਿਕ ਸੰਘ ਨਾਲ ਸੰਬੰਧਤ 'ਰਾਸ਼ਟਰੀ ਨੈੱਟਬਾਲ ਸੰਘ' ਦੇਸ਼ ਅੰਦਰ ਖੇਡਾਂ ਨੂੰ ਪ੍ਰਫੁਲਤ ਕਰਨ ਲਈ ਲੰਮੇ ਅਰਸੇ ਤੋਂ ਅਗੇਤੀ ਭੂਮਿਕਾ ਨਿਭਾਅ ਰਹੀ ਹੈ, ਜਿਸ ਨਾਲ ਸੰਬੰਧਤ 'ਨੈੱਟਬਾਲ ਪ੍ਰੋਮੋਸ਼ਨ ਐਸੋਸੀਏਸ਼ਨ ਪੰਜਾਬ' ਵੱਲੋਂ 41ਵੀਂ ਨੈਸ਼ਨਲ ਨੈੱਟਬਾਲ ਚੈਂਪੀਅਨਸ਼ਿਪ-2023-24 (ਪੁਰਸ਼ ਵਰਗ) ਲਈ ਤੇ ਦੂਜੀ (ਫਸਟ-5) ਸੀਨੀਅਰ ਨੈਸ਼ਨਲ ਨੈੱਟਬਾਲ (ਪੁਰਸ਼ ਤੇ ਮਹਿਲਾ) ਚੈਂਪੀਅਨਸ਼ਿਪ 2023-24 ਲਈ ਸੈਕਿੰਡ ਟਰਾਇਲ 19 ਨਵੰਬਰ ਨੂੰ ਪਟਿਆਲਾ ਵਿਖੇ ਰੱਖਿਆ ਗਿਆ ਹੈ। ਇਹ ਜਾਣਕਾਰੀ 'ਨੈੱਟਬਾਲ ਪ੍ਰੋਮੋਸ਼ਨ ਐਸੋਸੀਏਸ਼ਨ ਰਜਿ. ਪੰਜਾਬ' ਦੇ ਜਨਰਲ ਸਕੱਤਰ ਕਰਨ ਅਵਤਾਰ ਕਪਿਲ ਐਡਵੋਕੇਟ ਨੇ ਦਿੱਤੀ। ਉਹ ਬਠਿੰਡਾ ਵਿਖੇ ਸਥਿਤ ਸੂਬਾਈ ਦਫਤਰ ਵਿਖੇ ਸੂਬਾਈ ਆਗੂਆਂ ਨਾਲ ਮੀਟਿੰਗ ਕਰਨ ਆਏ ਸਨ। ਉਨ੍ਹਾ ਕਿਹਾ ਕਿ ਦੋਵੇਂ ਚੈਂਪੀਅਨਸ਼ਿਪਾਂ ਲਈ ਟਰਾਇਲ ਰਾਸ਼ਟਰੀ ਖੇਡ ਸੰਸਥਾ "ਨੈੱਟਬਾਲ ਫੈਡਰੇਸ਼ਨ ਆਫ ਇੰਡੀਆ-ਐੱਨ ਐੱਫ ਆਈ" ਵੱਲੋਂ ਤਾਇਨਾਤ ਕੀਤੇ ਜਾਣ ਵਾਲੇ ਆਬਜ਼ਰਵਰ ਦੀ ਨਿਗਰਾਨੀ ਹੇਠ ਹੋਣਗੇ।

### ਮਾਤਾ ਗੁਜਰੀ ਪਬਲਿਕ ਸਕੂਲ 'ਚ ਸਟਾਫ ਨੂੰ ਤੋਹਫੇ ਤੇ ਬੋਨਸ ਵੰਡਿਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮਾਤਾ ਗੁਜਰੀ ਪਬਲਿਕ ਸਕੂਲ ਵਿੱਚ ਹਰ ਤਿਉਹਾਰ ਵਿਸ਼ੇਸ਼ ਰੂਪ ਵਿੱਚ ਮਨਾਇਆ ਜਾਂਦਾ ਹੈ ਤਾਂ ਕਿ ਸਕੂਲੀ ਵਿਦਿਆਰਥੀ ਆਪਣੇ ਸੱਭਿਆਚਾਰ ਤੇ ਜੁੜੇ ਰਹਿਣ। ਦੀਵਾਲੀ ਦੇ ਇਸ ਮੌਕੇ ਸਕੂਲ ਸਟਾਫ ਨੇ ਵੱਡੇ ਵੱਡੇ ਤੋਹਫੇ ਤੇ ਬੋਨਸ ਦੇ ਕੇ ਨਿਵਾਜਿਆ ਗਿਆ। ਕਲਾਸ ਫੋਰ ਕਰਮਚਾਰੀ ਵੀ ਸ਼ਾਮਲ ਸੀ। ਤੋਹਫੇ ਪ੍ਰਾਪਤ ਕਰਕੇ ਹਰ ਇਕ ਕਰਮਚਾਰੀ ਦੇ ਚਿਹਰੇ ਤੇ ਵੱਖਰੀ ਖੁਸ਼ੀ ਸੀ। ਇਸ ਮੌਕੇ ਸਕੂਲ ਪ੍ਰਿੰਸੀਪਲ ਪਰਵਿੰਦਰਜੀਤ ਕੌਰ ਤੇ ਵਾਇਸ ਪ੍ਰਿੰਸੀਪਲ ਮਨਜੀਤ ਨੇ ਦੱਸਿਆ ਕਿ ਦੀਵਾਲੀ ਦੇ ਇਹ ਤੋਹਫੇ ਅਤੇ ਬੋਨਸ ਹਰ ਸਾਲ ਸਕੂਲ ਸਟਾਫ ਨੂੰ ਦਿੱਤੇ ਜਾਂਦੇ ਹਨ ਅਤੇ ਉਤਸ਼ਾਹ ਨਾਲ ਸਕੂਲ ਦੀ ਦਿਲ ਦੁਗਣੀ ਰਾਤ ਚੌਗਣੀ ਤਰੱਕੀ ਵਿੱਚ ਹਿਸਾ ਪਾ ਸਕੇ।

### ਪੈਨਸ਼ਨ ਅਦਾਲਤ 22 ਨੂੰ

**ਸੰਗਰੂਰ (ਪ੍ਰਵੀਨ ਸਿੰਘ)**-ਅਕਾਊਂਟੈਂਟ ਜਨਰਲ ਦਫ਼ਤਰ ਪੰਜਾਬ ਤੇ ਚੰਡੀਗੜ੍ਹ ਵੱਲੋਂ 22 ਨਵੰਬਰ ਨੂੰ ਆਡਿਟ ਦਿਵਸ ਮੌਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਸੰਗਰੂਰ ਦੇ ਆਡੀਟੋਰੀਅਮ ਵਿਖੇ ਪੈਨਸ਼ਨ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਦੱਸਿਆ ਕਿ ਇਸ ਪੈਨਸ਼ਨ ਅਦਾਲਤ 'ਚ ਪੈਨਸ਼ਨਰਾਂ ਨੂੰ ਦਰਪੇਸ਼ ਸਮੱਸਿਆਵਾਂ ਦਾ ਸਥਾਈ ਤੇ ਢੁੱਕਵਾਂ ਹੱਲ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਪੈਨਸ਼ਨ ਧਾਰਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ 22 ਨਵੰਬਰ ਨੂੰ ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤੱਕ ਲੱਗਣ ਵਾਲੀ ਇਸ ਪੈਨਸ਼ਨ ਅਦਾਲਤ ਵਿੱਚ ਆਪਣੇ ਮਾਮਲੇ ਲਿਆ ਸਕਦੇ ਹਨ ਤਾਂ ਜੋ ਮੌਕੇ 'ਤੇ ਹੀ ਸਮੱਸਿਆ ਦਾ ਨਿਪਟਾਰਾ ਹੋ ਸਕੇ।

## ਕਰਤਾਰ ਸਿੰਘ ਸਰਾਭਾ ਦਾ ਸ਼ਹੀਦੀ ਦਿਹਾੜਾ ਮਨਾਇਆ



**ਕਾਲਾਂਵਾਲੀ (ਸੁਰਿੰਦਰ ਪਾਲ ਸਿੰਘ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਦੇਸੂ ਮਲਕਾਣਾ (ਸਿਰਸਾ) ਵਿਖੇ ਅਮਰ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਸਬੰਧੀ ਸਕੂਲ ਮੁਖੀ ਜਸਵੀਰ ਸਿੰਘ ਗੁਦਰਾਨਾ ਵੱਲੋਂ ਵਿਦਿਆਰਥੀਆਂ ਨੂੰ ਕਰਤਾਰ ਸਿੰਘ ਸਰਾਭਾ ਦੇ ਜੀਵਨ ਬਾਰੇ ਵਿਸਤਾਰ ਨਾਲ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਕਿ ਸ਼ਹੀਦਾਂ ਦੇ ਜੀਵਨ ਤੋਂ ਸਾਨੂੰ ਹਮੇਸ਼ਾ ਦੇਸ਼ ਕੌਮ ਲਈ ਕੁਰਬਾਨੀਆਂ ਕਰਨ ਦੀ ਸਿੱਖਿਆ ਮਿਲਦੀ ਹੈ।ਉਨ੍ਹਾਂ ਦੱਸਿਆ ਕਿ 17 ਸਾਲ ਦੀ ਉਮਰ ਦਾ ਸਭ ਤੋਂ ਛੋਟਾ ਸ਼ਹੀਦ ਹੋਣ ਦਾ ਦਰਜਾ ਕੇਵਲ ਕਰਤਾਰ ਸਿੰਘ ਸਰਾਭਾ ਨੂੰ ਮਿਲਦਾ ਹੈ। ਅੰਗਰੇਜ਼ੀ ਵਿਸ਼ੇ ਦੇ ਲੈਕਚਰਾਰ ਹਰਮੇਲ ਸਿੰਘ ਨੇ ਦੱਸਿਆ ਕਿ ਕਰਤਾਰ ਸਿੰਘ ਸਰਾਭਾ ਸ਼ਹੀਦ ਭਗਤ ਸਿੰਘ ਨੂੰ ਆਪਣਾ ਆਦਰਸ਼ ਮੰਨਦਾ ਸੀ ਤੇ ਹਮੇਸ਼ਾ ਉਨ੍ਹਾਂ ਦੀ ਫੋਟੋ ਆਪਣੀ ਜੇਬ ਵਿੱਚ ਰੱਖਦਾ ਸੀ। ਗੁਰਦੀਪ ਸਿੰਘ ਲੈਕਚਰਾਰ ਨੇ ਵਿਦਿਅਰਥੀਆਂ ਨੂੰ ਆਜ਼ਾਦੀ ਦੇ ਇਤਿਹਾਸ ਤੋਂ ਜਾਣੂ ਕਰਵਾਉਂਦੇ ਹੋਏ ਸਰਾਭਾ ਦੇ ਆਜ਼ਾਦੀ ਸੰਗਰਾਮ ਵਿੱਚ ਪਾਏ ਯੋਗਦਾਨ ਬਾਰੇ ਜਾਣਕਾਰੀ ਦਿੱਤੀ। ਗਾਇਕ ਲੈਕਚਰਾਰ ਹਰਗੋਬਿੰਦ ਸਿੰਘ ਨੇ ਆਜ਼ਾਦੀ ਦਾ ਗੀਤ ਗਾ ਕੇ ਦੇਸ਼ ਦੇ ਸ਼ਹੀਦਾਂ ਨੂੰ ਨਿੱਘੀ ਸ਼ਰਧਾਂਜਲੀ ਦਿੱਤੀ। ਇਸ ਮੌਕੇ ਡਾ: ਸਿਕੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਸਕੂਲ ਵਿੱਚ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਜੀਵਨੀ ਸਬੰਧੀ ਲੇਖ ਪ੍ਰਤਿਯੋਗਤਾ ਦਾ ਆਯੋਜਨ ਵੀ ਕੀਤਾ ਗਿਆ, ਜਿਸ ਵਿੱਚ ਜੇਤੂ ਵਿਦਿਆਰਥੀਆਂ ਨੂੰ ਕਰਤਾਰ ਸਿੰਘ ਸਰਾਭਾ ਦੀ ਜੀਵਨੀ ਸਬੰਧੀ ਲੇਖ ਰਚਨਾ ਲਈ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਮੈਡਮ ਪ੍ਰਕਾਸ਼ ਕੌਰ, ਚਰਨਜੀਤ ਕੌਰ, ਗੁਰਚਰਨ ਕੌਰ, ਅੰਜੂ ਰਾਣੀ, ਜਸਵੰਤ ਸਿੰਘ, ਕੁਲਜੀਤ ਕੌਰ, ਗੁਰਮੀਤ ਸਿੰਘ, ਪੂਰਨ ਰਾਮ ਤੇ ਜਸਪ੍ਰੀਤ ਸਿੰਘ ਸਮੇਤ ਸਮੂਹ ਸਟਾਫ ਮੈਂਬਰ ਸ਼ਾਮਲ ਸਨ।

## ਦੀ ਗੁਰੂ ਹਰਸਹਾਏ ਪ੍ਰੈੱਸ ਕਲੱਬ ਦੇ ਮੈਂਬਰਾਂ ਨੇ ਮਨਾਇਆ ਕੌਮੀ ਪ੍ਰੈੱਸ ਦਿਵਸ



ਕੌਮੀ ਪ੍ਰੈੱਸ ਦਿਵਸ ਮੌਕੇ ਮੌਜੂਦ ਪ੍ਰੈੱਸ ਕਲੱਬ ਦੇ ਪ੍ਰਧਾਨ ਕਪਿਲ ਕੰਧਾਰੀ ਤੇ ਸਮੂਹ ਮੈਂਬਰ।

**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਦੀ ਗੁਰੂ ਹਰਸਹਾਏ ਪ੍ਰੈੱਸ ਕਲੱਬ ਦੇ ਸਮੂਹ ਮੈਂਬਰਾਂ ਵੱਲੋਂ ਸਥਾਨਕ ਨਗਰ ਕੌਂਸਲ ਵਿਖੇ ਬਣੇ ਦਫਤਰ 'ਚੇ ਕੌਮੀ ਪ੍ਰੈੱਸ ਦਿਵਸ ਮਨਾਇਆ ਗਿਆ। ਇਸ ਮੌਕੇ ਪ੍ਰੈੱਸ ਕਲੱਬ ਦੇ ਪ੍ਰਧਾਨ ਕਪਿਲ ਕੰਧਾਰੀ, ਚੇਅਰਮੈਨ ਸੁਨੀਲ ਵਿੱਕੀ ਆਵਲਾ, ਉੱਪ ਪ੍ਰਧਾਨ ਮਨਜੀਤ ਸਯੋਨਾ, ਸਰਪ੍ਰਸਤ ਫ਼ਕੀਰ ਚੰਦ ਸਿਕਰੀ, ਸੈਕਟਰੀ ਗਗਨ ਮੱਕੜ, ਕੈਸ਼ੀਅਰ ਬਲਜਿੰਦਰ ਹਾਂਡਾ, ਮੈਂਬਰ ਜੀਵਨਜੋਤ ਕੌਰ, ਮੈਂਬਰ ਰਾਜਿੰਦਰ ਕੰਬੋਜ, ਮੈਂਬਰ ਸੁਰਿੰਦਰ ਹਾਂਡਾ ਆਦਿ ਹਾਜ਼ਰ ਹੋਏ। ਇਸ ਮੌਕੇ ਸੰਬੋਧਨ ਕਰਦੇ ਹੋਏ ਪ੍ਰਧਾਨ ਕਪਿਲ ਕੰਧਾਰੀ, ਉੱਪ ਪ੍ਰਧਾਨ ਮਨਜੀਤ ਸਯੋਨਾ ਤੇ ਚੇਅਰਮੈਨ ਸੁਨੀਲ ਵਿੱਕੀ ਨੇ ਕਿਹਾ ਕਿ ਮੀਡੀਆ ਦਾ ਲੋਕਤੰਤਰ ਵਿੱਚ ਅਹਿਮ ਸਥਾਨ ਹੈ। ਆਜ਼ਾਦੀ ਦੀ ਲੜਾਈ ਤੋਂ ਲੈ ਕੇ ਹੁਣ ਤੱਕ ਇਸ ਨੇ ਅਹਿਮ ਭੂਮਿਕਾ ਨਿਭਾਈ ਹੈ ਤੇ ਸਮਾਜ ਨੂੰ ਸੱਭਿਅਕ ਸੇਧ ਦੇਣ 'ਚ ਵੀ ਮੀਡੀਆ ਖ਼ਾਸ ਭੂਮਿਕਾ ਅਦਾ ਕਰਦਾ ਆਇਆ ਹੈ। ਉਨ੍ਹਾਂ ਕਿਹਾ ਕਿ ਅੱਜ ਇਸ ਦੀ ਆਜ਼ਾਦ ਹੋਂਦ ਨੂੰ ਕਾਇਮ ਰੱਖਣਾ ਸਭ ਲਈ ਵੱਡੀ ਚੁਣੌਤੀ ਹੈ। ਮੀਡੀਆ ਦੀ ਆਜ਼ਾਦ ਤੇ ਨਿਰਪੱਖ ਭੂਮਿਕਾ ਲਈ ਪੱਤਰਕਾਰਤਾ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਸਵੈ-ਅਨੁਸ਼ਾਸਤ ਢਾਂਚਾ ਵਿਕਸਤ ਕਰਨਾ ਸਮੇਂ ਦੀ ਮੰਗ ਹੈ। ਪੱਤਰਕਾਰੀ ਲਈ ਪੇਸ਼ੇਵਰ ਪਹੁੰਚ ਅਪਣਾਉਣੀ ਬੁਹਤ ਹੀ ਜ਼ਰੂਰੀ ਹੈ। ਪੱਤਰਕਾਰ ਦੀ ਆਜ਼ਾਦ ਸੋਚ ਵਾਲੀ ਕਲਮ ਹੀ ਲੋਕ ਰਾਜ ਦੀ ਮਜ਼ਬੂਤੀ ਲਈ ਥੰਮ੍ਹ ਬਣ ਸਕਦੀ ਹੈ, ਜਿਸ ਲਈ ਪੱਤਰਕਾਰਾਂ ਦੀ ਸੁਰੱਖਿਆ ਦੀ ਗਾਰੰਟੀ ਲਾਜ਼ਮੀ ਹੈ। ਮੌਜੂਦਾ ਦੌਰ 'ਚ ਪੱਤਰਕਾਰਾਂ ਨੂੰ ਕਲਮ ਚਲਾਉਣ ਤੋਂ ਪਹਿਲਾਂ ਮਸਲਿਆਂ 'ਤੇ ਬਹਿਸ ਤੇ ਵਿਚਾਰ- ਵਟਾਂਦਰੇ 'ਚੋਂ ਲੰਘਣਾ ਚਾਹੀਦਾ ਹੈ। ਹਰ ਮਸਲੇ 'ਤੇ ਪੜਚੋਲ ਕਰਨ ਮਗਰੋਂ ਲਿਖਣਾ ਚਾਹੀਦਾ ਹੈ, ਕਿਉਂਕਿ ਤੱਥਾਂ ਨੂੰ ਡੂੰਘਾਈ ਵਿੱਚ ਸਮਝੇ ਬਿਨਾਂ ਲਿਖੀ ਰਿਪੋਰਟ ਸਮਾਜੀ ਨੁਕਸਾਨ ਦਾ ਕਾਰਨ ਵੀ ਬਣ ਸਕਦੀ ਹੈ। ਅਜੋਕੇ ਸਮੇਂ ਦੌਰਾਨ ਨਿਰਪੱਖ ਤੇ ਆਜ਼ਾਦ ਪੱਤਰਕਾਰੀ ਲਈ ਸਮੂਹ ਮੀਡੀਆ ਕਰਮੀਆਂ ਨੂੰ ਲਹਿਰ ਖੜੀ ਕਰਨ ਦੀ ਲੋੜ ਹੈ। ਸਿਹਤਮੰਦ ਸਮਾਜ 'ਚ ਮੀਡੀਆ ਦੀ ਆਜ਼ਾਦੀ, ਪੱਤਰਕਾਰਾਂ ਦੀ ਆਰਥਿਕ ਮਜ਼ਬੂਤੀ, ਪੱਤਰਕਾਰਾਂ ਦੀ ਸੁਰੱਖਿਆ ਦੀ ਵੱਡੀ ਲੋੜ ਹੈ, ਕਿਉਂਕਿ ਜਮਹੂਰੀਅਤ 'ਚ ਪ੍ਰੈੱਸ ਦੀ ਆਜ਼ਾਦੀ ਹੋਣਾ ਬਹੁਤ ਹੀ ਜ਼ਰੂਰੀ ਹੈ, ਜੇ ਮੀਡੀਆ ਦੀ ਆਜ਼ਾਦੀ ਖ਼ਤਮ ਹੋਈ ਤਾਂ ਸਮੁੱਚੇ ਸਮਾਜ ਦੀ ਆਜ਼ਾਦੀ ਖ਼ਤਰੇ 'ਚ ਪੈ ਜਾਵੇਗੀ। ਮੌਜੂਦਾ ਸਮੇਂ ਵਿੱਚ ਮੀਡੀਆ ਨੂੰ ਬਹੁਤ ਵੱਡੀਆਂ ਚਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਪਰ ਅਜਿਹੇ ਹਾਲਾਤ ਦਰਮਿਆਨ ਪੱਤਰਕਾਰ ਭਾਈਚਾਰੇ ਨੂੰ ਸੰਤੁਲਨ ਬਣਾ ਕੇ ਇਨ੍ਹਾਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਰਹਿਣਾ ਚਾਹੀਦਾ ਹੈ। ਹਰ ਔਖੀ ਸਥਿਤੀ 'ਚ ਪੱਤਰਕਾਰਾਂ ਨੇ ਸਮਾਜ ਤੇ ਦੇਸ਼ ਹਿੱਤ 'ਚ ਮੋਹਰੀ ਰੋਲ ਅਦਾ ਕੀਤਾ ਹੈ।

## ਫਿਲਮੀ ਸਟਾਇਲ 'ਚ ਮਾਂ ਤੋਂ ਕਾਂਟੇ ਤੇ ਮੰਗਲ ਸੂਤਰ ਲੁੱਟਿਆ



**ਬਰੇਟਾ (ਰੀਤਵਾਲ)**-ਸ਼ਹਿਰ 'ਚ ਲੁੱਟ-ਖੋਹ ਕਰਨ ਵਾਲਿਆਂ ਦੇ ਹੌਸਲੇ ਇੰਨੇ ਬੁਲੰਦ ਹੋ ਗਏ ਹਨ ਕਿ ਉਨ੍ਹਾਂ ਨੂੰ ਕਾਨੂੰਨ ਦਾ ਕੋਈ ਡਰ ਹੀ ਨਹੀਂ ਰਿਹਾ। ਜੋ ਸ਼ਰੇਆਮ ਵਾਰਦਾਤ ਨੂੰ ਅੰਜਾਮ ਦੇ ਕੇ ਫਰਾਰ ਹੋ ਜਾਂਦੇ ਹਨ। ਬੀਤੇ ਕੱਲ੍ਹ ਸੁਨਿਆਰੇ ਦੀ ਦੁਕਾਨ 'ਤੇ ਲੁੱਟ ਤੋਂ ਬਾਅਦ ਅੱਜ ਸ਼ਹਿਰ ਦੇ ਵਾਰਡ ਨੰ. 4 ਵਿੱਚ 1 ਅਣਪਛਾਤੇ ਵਿਅਕਤੀ ਨੇ ਬਾਬੂ ਰਾਮ ਦੇ ਘਰ ਵਿੱਚ ਦਾਖਲ ਹੋ ਕੇ ਬੱਚੇ ਦੇ ਗਲੇ 'ਤੇ ਚਾਕੂ ਲਗਾ ਕੇ ਮਾਂ ਸੁਨੀਤਾ ਰਾਣੀ ਤੋਂ ਕੰਨਾਂ ਦੇ ਕਾਂਟੇ ਤੇ ਮੰਗਲਸੂਤਰ ਲੁੱਟ ਕੇ ਫਰਾਰ ਹੋ ਗਿਆ। ਪੁਲਸ ਦੇ ਅਧਿਕਾਰੀਆਂ ਨੇ ਮੌਕੇ 'ਤੇ ਪੁੱਜ ਕੇ ਜਾਂਚ ਸ਼ੁਰੂ ਕਰ ਦਿੱਤੀ ਗਈ। ਇਸ ਮੌਕੇ ਥਾਣਾ ਮੁਖੀ ਬੂਟਾ ਸਿੰਘ ਦਾ ਕਹਿਣਾ ਹੈ ਕਿ ਆਲੇ ਦੁਆਲੇ ਦੇ ਸੀ ਸੀ ਟੀ ਵੀ ਕੈਮਰਿਆਂ ਨੂੰ ਖੰਗਾਲਿਆ ਜਾ ਰਿਹਾ ਹੈ ਤੇ ਜਲਦ ਹੀ ਦੋਸ਼ੀਆਂ ਨੂੰ ਕਾਬੂ ਕਰ ਲਿਆ ਜਾਵੇਗਾ।

## ਕਾਂਗਰਸ ਆਗੂ ਸੰਨੀ ਦੂਆ ਤੇ ਅਮਰਨਾਥ ਟਾਂਗਰਾ ਸਨਮਾਨਤ



**ਸਮਰਾਲਾ (ਸੁਰਜੀਤ ਸਿੰਘ)**-ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਲੜਕੇ ਸਮਰਾਲਾ ਵਿੱਚ ਇੱਕ ਮੀਟਿੰਗ ਕੀਤੀ ਗਈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਪ੍ਰਧਾਨ ਸਨੀ ਦੂਆ ਤੇ ਚੇਅਰਮੈਨ ਅਮਰ ਨਾਥ ਟਾਂਗਰਾ ਨੂੰ ਸਕੂਲ ਸਟਾਫ ਤੇ ਨਵੀਂ ਬਣੀ ਕਮੇਟੀ ਵੱਲੋਂ ਸਨਮਾਨਤ ਕੀਤਾ ਗਿਆ। ਇਹ ਸਨਮਾਨ ਸਕੂਲ ਕਮੇਟੀ ਦੇ ਮੈਂਬਰ ਹੁੰਦੇ ਹੋਏ ਵਧੀਆ ਕਾਰਗੁਜ਼ਾਰੀ ਲਈ ਕੀਤਾ ਗਿਆ। ਪ੍ਰਧਾਨ ਸਨੀ ਦੂਆ ਤੇ ਚੇਅਰਮੈਨ ਅਮਰ ਨਾਥ ਟਾਂਗਰਾ ਨੇ ਪ੍ਰਿੰਸੀਪਲ ਸੁਮਨ ਲਤਾ ਤੇ ਨਵੀਂ ਬਣੀ ਕਮੇਟੀ ਦੇ ਚੇਅਰਮੈਨ ਤਜਿੰਦਰ ਸਿੰਘ ਗਰੇਵਾਲ ਤੇ ਮੈਂਬਰ ਲਾਲਾ ਮੰਗਤ ਰਾਏ ਮੈਂਬਰ ਸੂਬੇਦਾਰ ਪ੍ਰੀਤਮ ਸਿੰਘ ਦਾ ਧੰਨਵਾਦ ਕੀਤਾ। ਇਸ ਮੌਕੇ ਹਾਜ਼ਰ ਪ੍ਰਿੰਸੀਪਲ ਸੁਮਨ ਲਤਾ, ਨਵੀਂ ਬਣੀ ਕਮੇਟੀ ਦੇ ਚੇਅਰਮੈਨ ਤਜਿੰਦਰ ਸਿੰਘ ਗਰੇਵਾਲ, ਮੈਂਬਰ ਲਾਲਾ ਮੰਗਤ ਰਾਏ, ਸੂਬੇਦਾਰ ਪ੍ਰੀਤਮ ਸਿੰਘ, ਅਧਿਆਪਕ ਰਜੀਵ ਰਤਨ, ਬਲਰਾਜ ਸਿੰਘ, ਇਕਬਾਲ ਸਿੰਘ, ਵਰਿੰਦਰ ਸਿੰਘ, ਵਿਨੋਦ ਰਾਵਲ ਤੇ ਸਮੂਹ ਸਟਾਫ ਆਦਿ ਹਾਜ਼ਰ ਸਨ।

## ਸਿਆਸੀ ਪਾਰਟੀਆਂ ਨੇ ਆਪਣੇ ਵਿੰਗ ਖੜ੍ਹੇ ਕਰਕੇ ਮੁਲਾਜ਼ਮ ਜਮਾਤ ਦੇ ਏਕੇ ਨੂੰ ਵੱਡੀ ਢਾਅ ਲਾਈ : ਭੱਠਲ



**ਸਮਰਾਲਾ (ਸੁਰਜੀਤ ਸਿੰਘ)**

ਦੇਸ਼ ਦੀਆਂ ਸਿਆਸੀ ਪਾਰਟੀਆਂ ਨੇ ਮੁਲਾਜ਼ਮ ਜਥੇਬੰਦੀਆਂ ਵਿੱਚ ਆਪੋ ਆਪਣੇ ਵਿੰਗ ਖੜੇ ਕਰਕੇ ਮੁਲਾਜ਼ਮਾਂ ਦੇ ਏਕੇ ਤੇ ਉਨ੍ਹਾਂ ਦੀ ਤਾਕਤ ਨੂੰ ਵੱਡੀ ਢਾਹ ਲਾਈ ਹੈ। ਸਿਆਸੀ ਪਾਰਟੀਆਂ ਵੱਲੋਂ ਖੜੇ ਕੀਤੇ ਇਹ ਸਿਆਸੀ ਵਿੰਗ ਸਿਰਫ ਸਿਆਸੀ ਪਾਰਟੀਆਂ ਦੇ ਸਿਆਸੀ ਹਿੱਤਾਂ ਦੀ ਪੂਰਤੀ ਹੀ ਕਰਦੇ ਰਹੇ। ਇਨ੍ਹਾਂ ਵੱਲੋਂ ਮੁਲਾਜ਼ਮਾਂ ਦਾ ਕੁੱਝ ਵੀ ਨਹੀਂ ਸੰਵਾਰਿਆ ਗਿਆ। ਇਹ ਵਿਚਾਰ ਮੰਡਲ ਪ੍ਰਧਾਨ ਸਿਕੰਦਰ ਸਿੰਘ ਦੀ ਪ੍ਰਧਾਨਗੀ ਵਿੱਚ ਪੈਨਸ਼ਨ ਐਸੋਸੀਏਸ਼ਨ ਮੰਡਲ ਸਮਰਾਲਾ ਵੱਲੋਂ ਉਮਰ ਦਰਾਜ 35 ਪੈਨਸ਼ਨਰਾਂ ਦੇ ਸਨਮਾਨ ਵਿੱਚ ਕੀਤੇ ਸਮਾਰੋਹ 'ਚ ਇਕੱਤਰ ਹੋਏ ਸੈਂਕੜੇ ਪੈਨਸ਼ਨਰਾਂ ਨੂੰ ਸੰਬੋਧਨ ਕਰਦਿਆਂ ਪੈਨਸ਼ਨਰਜ਼ ਐਸੋਸੀਏਸ਼ਨ ਦੇ ਸੂਬਾ ਸਕੱਤਰ ਧਨਵੰਤ ਸਿੰਘ ਭੱਠਲ ਨੇ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਪੈਨਸ਼ਨਰਜ਼ ਐਸੋਸੀਏਸ਼ਨ ਇੱਕ ਨਿਰੋਲ ਗੈਰ-ਸਿਆਸੀ ਜਥੇਬੰਦੀ ਹੈ, ਜੋ ਸਿਰਫ ਪੈਨਸ਼ਨਰਜ਼ ਦੇ ਹਿੱਤਾਂ ਲਈ ਜੱਦੋ-ਜਹਿਦ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਅੱਜ ਤੱਕ ਪਾਵਰਕੌਮ ਦੀ ਮੈਨੇਜਮੈਂਟ ਨੇ ਬਿਜਲੀ ਬੋਰਡ ਦੀਆਂ ਜਥੇਬੰਦੀਆਂ ਨੂੰ ਸ਼੍ਰੇਣੀਆਂ ਤੇ ਕੇਡਰ ਦੇ ਹਿਸਾਬ ਨਾਲ ਵੰਡ ਕੇ ਵਰਕਿੰਗ ਕਲਾਸ ਦੀ ਤਾਕਤ ਨੂੰ ਖੇਰੂੰ ਖੇਰੂੰ ਕੀਤਾ ਹੈ। ਉਨ੍ਹਾਂ ਕਿਹਾ ਕਿ ਹੁਣ ਵੀ ਕੁੱਝ ਆਗੂਆਂ ਨੇ ਆਪਣੀ ਪੁਰਾਣੀ ਆਦਤ ਨਹੀਂ ਛੱਡੀ ਤੇ ਉਹ ਫੇਰ ਲੋਕ ਏਕਤਾ ਨੂੰ ਤੋੜਨ ਤੋਂ ਬਾਜ਼ ਨਹੀਂ ਆ ਰਹੇ। ਉਨ੍ਹਾਂ ਸਰਕਾਰ 'ਤੇ ਵਰ੍ਹਦੀਆਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਉਨ੍ਹਾਂ ਦੀਆਂ ਮੰਗਾਂ ਨਹੀਂ ਮੰਨਦੀ ਤਾਂ ਜਨਵਰੀ ਤੇ ਫਰਵਰੀ ਮਹੀਨੇ ਵਿੱਚ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਦੇ ਘਰਾਂ ਦਾ ਘਿਰਾਓ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੈਨਸ਼ਨਰਜ਼ ਐਸੋਸੀਏਸ਼ਨ ਮੁਲਾਜ਼ਮ ਤਾਲਮੇਲ ਕਮੇਟੀ ਨਾਲ ਮਿਲ ਕੇ ਆਪਣੀਆਂ ਮੰਗਾਂ ਮਨਵਾਉਣ ਕਈ ਸਰਕਾਰ ਵਿਰੁੱਧ ਵੱਡੇ ਸੰਘਰਸ਼ ਦੀ ਤਿਆਰੀ ਕਰੇਗੀ, ਜਿਸ ਦੀ ਰੂਪ ਰੇਖਾ 20 ਤਾਰੀਖ ਨੂੰ ਹੋਣ ਵਾਲੀ ਮੀਟਿੰਗ ਵਿਚ ਤੈਅ ਕੀਤੀ ਜਾਵੇਗੀ।

ਇਸੇ ਦੌਰਾਨ ਮੰਡਲ ਪ੍ਰਧਾਨ ਸਿਕੰਦਰ ਸਿੰਘ ਨੇ ਮੰਗਾਂ ਨਾ ਮੰਨਣ ਤੇ ਦੀਵਾਲੀ ਮੌਕੇ ਮਹਿੰਗਾਈ ਭੱਤੇ ਦੀ ਕਿਸ਼ਤ ਰਿਲੀਜ਼ ਨਾ ਕਰਨ ਦੇ ਮੁੱਦੇ 'ਤੇ ਸਰਕਾਰ ਨੂੰ ਵੰਗਾਰਦਿਆਂ ਕਿਹਾ ਕਿ ਲੋਕਾਂ ਦੀ ਤਾਕਤ ਨਾਲ ਲੋਕ ਵਿਰੋਧੀ ਸਰਕਾਰਾਂ ਦੇ ਤਖਤੇ ਪਲਟੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਤੋਂ ਲੈ ਕੇ ਕਾਂਗਰਸ ਦੀ ਸਰਕਾਰ ਤੇ ਹੁਣ ਆਮ ਆਦਮੀ ਪਾਰਟੀ ਦੀ ਸਰਕਾਰਾਂ ਮੁਲਾਜ਼ਮ ਤੇ ਲੋਕ ਵਿਰੋਧੀ ਸਾਬਿਤ ਹੋਈਆਂ ਹਨ। ਇਨ੍ਹਾਂ ਸਰਕਾਰਾਂ ਵੱਲੋਂ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ, 2.59 ਦੇ ਫਾਰਮੂਲੇ ਨਾਲ ਤਨਖਾਹ ਸਕੇਲ ਫਿਕਸ ਕਰਨੇ, ਮੈਡੀਕਲ ਭੱਤੇ ਨਾ ਦੇਣੇ ਤੇ ਬਿਜਲੀ ਖਪਤ 'ਚ ਛੋਟ ਨਾ ਦੇਣ ਵਰਗੇ ਮੁੱਦੇ ਸਾਲਾਂਬੱਧੀ ਲਮਕਾਏ ਹੋਏ ਹਨ। ਉਨ੍ਹਾਂ ਸਰਕਾਰ ਨੂੰ ਆਗਾਹ ਕੀਤਾ ਕਿ ਬਿਜਲੀ ਮਹਿਕਮੇ ਦੇ ਸੱਤ ਲੱਖ ਪੈਨਸ਼ਨਰਜ਼ ਤੇ ਮੁਲਾਜ਼ਮ ਆਪਣੀਆਂ ਮੰਗਾਂ ਨੂੰ ਲੈ ਕੇ ਸਰਕਾਰ ਨਾਲ ਆਢਾ ਲੈਣ ਨੂੰ ਤਿਆਰ ਬੈਠੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ 14769 ਕਰੋੜ ਰੁਪਇਆ ਦੱਬੀ ਬੈਠੀ ਹੈ, ਜਿਸ ਦਾ ਵਿਆਜ ਵੀ ਨਹੀਂ ਦਿੱਤਾ ਜਾ ਰਿਹਾ। ਸਰਕਾਰ ਖਜ਼ਾਨਾ ਭਰਪੂਰ ਹੋਣ ਦੇ ਫੋਕੇ ਦਾਅਵੇ ਕਰਦੀ ਹੈ, ਪਰ ਆਪਣੇ ਪੈਨਸ਼ਨਰਾਂ ਤੇ ਮੁਲਾਜ਼ਮਾਂ ਨੂੰ ਦੇਣ ਲਈ ਠੂਠਾ ਦਿਖਾ ਦਿੰਦੀ ਹੈ। ਇਸ ਤੋਂ ਜ਼ਾਹਰ ਹੈ ਕਿ ਸਰਕਾਰ ਕੰਮ ਘੱਟ ਤੇ ਡਰਾਮੇਬਾਜ਼ੀ ਵੱਧ ਕਰਦੀ ਹੈ। ਇਸ ਮੌਕੇ 75 ਤੇ 73 ਸਾਲ ਦੀ ਉਮਰ ਪਾਰ ਕਰ ਚੁੱਕੇ ਕਰੀਬ 35 ਪੈਨਸ਼ਨਰਾਂ ਨੂੰ ਸਨਮਾਨਤ ਕੀਤਾ ਗਿਆ। ਇਸ ਦੇ ਨਾਲ ਹੀ ਸਮਰਾਲਾ ਮੰਡਲ ਦੇ ਵਧੀਕ ਨਿਗਰਾਨ ਇੰਜੀਨੀਅਰ ਕੰਵਲਪ੍ਰੀਤ ਸਿੰਘ ਸਿੱਧੂ ਨੂੰ ਵੀ ਵਿਸ਼ੇਸ਼ ਤੌਰ 'ਤੇ ਪੈਨਸ਼ਨਰਜ਼ ਹਿਤੈਸੀ ਹੋਣ ਕਾਰਨ ਸਨਮਾਨਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਕਲ ਰੋਪੜ ਦੇ ਪ੍ਰਧਾਨ ਭਰਪੂਰ ਸਿੰਘ ਮਾਂਗਟ, ਸੁਖਦਰਸ਼ਨ ਸਿੰਘ ਸਕੱਤਰ, ਜੁਗਲ ਕਿਸ਼ੋਰ ਸਾਹਨੀ, ਦਰਸ਼ਨ ਸਿੰਘ, ਜਗਤਾਰ ਸਿੰਘ, ਜਸਵੰਤ ਸਿੰਘ, ਪਰੇਮ ਸਿੰਘ, ਰਜਿੰਦਰ ਕੁਮਾਰ ਵਡੇਰਾ ਤੇ ਪਰੇਮ ਚੰਦ ਅਰੋੜਾ ਆਦਿ ਨੇ ਵੀ ਸੰਬੋਧਨ ਕੀਤਾ।

## ਡੇਢ ਕਿੱਲੋ ਹੈਰੋਇਨ ਤੇ ਕਾਰ ਸਮੇਤ ਤਿੰਨ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਦੀਪਕ ਹਿਲੋਰੀ ਐੱਸ ਐੱਸ ਪੀ ਫਿਰੋਜ਼ਪੁਰ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇੰਸਪੈਕਟਰ ਹਰਪ੍ਰੀਤ ਸਿੰਘ ਇੰਚਾਰਜ ਸੀਆਈਏ ਸਟਾਫ ਫਿਰੋਜ਼ਪੁਰ ਦੀ ਅਗਵਾਈ ਅਧੀਨ ਐੱਸਆਈ ਜੱਜਪਾਲ ਸਿੰਘ ਸੀਆਈਏ ਸਟਾਫ ਫਿਰੋਜ਼ਪੁਰ ਸਮੇਤ ਪੁਲਸ ਪਾਰਟੀ ਗਸ਼ਤ ਵਾਂ ਚੈਕਿੰਗ ਸ਼ੱਕੀ ਪੁਰਸ਼ਾਂ ਤੇ ਸ਼ੱਕੀ ਵਹੀਕਲਾਂ ਦੇ ਸਬੰਧ ਵਿੱਚ ਫਿਰੋਜ਼ਪੁਰ-ਫਾਜ਼ਿਲਕਾ ਹਾਈਵੇ ਟੀ ਪੁਆਇੰਟ ਮਮਦੋਟ 'ਤੇ ਨਾਕਾਬੰਦੀ ਕੀਤੀ ਹੋਈ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਸ਼ਿੰਦਰਪਾਲ ਸਿੰਘ ਉਰਫ ਸ਼ਿੰਦਰ ਪੁੱਤਰ ਬਲਵੰਤ ਸਿੰਘ ਵਾਸੀ ਪਿੰਡ ਰੁਹੇਲਾ ਹਾਜੀ, ਮਲਕੀਤ ਸਿੰਘ ਉਰਫ ਕੀਰਤ ਪੁੱਤਰ ਸੋਨਾ ਸਿੰਘ ਵਾਸੀ ਲੱਖਾ ਸਿੰਘ ਹਿਠਾੜ ਤੇ ਸੋਨੂੰ ਪੁੱਤਰ ਮੇਹਰ ਸਿੰਘ ਵਾਸੀ ਨਿਹਾਲਾ ਕਿਲਚਾ ਥਾਣਾ ਮਮਦੋਟ ਆਪਸ ਵਿੱਚ ਮਿਲ ਕੇ ਹੈਰੋਇਨ ਵੇਚਣ ਦਾ ਧੰਦਾ ਕਰਦੇ ਹਨ।ਅੱਜ ਵੀ ਇਹ ਤਿੰਨੇ ਜਣੇ ਕਾਰ ਸਜ਼ੂਕੀ ਸੈਲੇਰੀਓ 'ਤੇ ਸਵਾਰ ਹੋ ਕੇ ਭਾਰੀ ਮਾਤਰਾ ਵਿੱਚ ਹੈਰੋਇਨ ਲੈ ਕੇ ਫਿਰੋਜ਼ਪੁਰ ਵੱਲ ਆ ਰਹੇ ਹਨ, ਜੋ ਨਾਕਾਬੰਦੀ ਦੌਰਾਨ ਕਾਬੂ ਆ ਸਕਦੇ ਹਨ, ਜਿਸ 'ਤੇ ਮੁਸਮੀ ਸ਼ਿੰਦਰਪਾਲ ਸਿੰਘ ਉਰਫ ਸ਼ਿੰਦਰ, ਮਲਕੀਤ ਸਿੰਘ ਉਰਫ ਕੀਰਤ ਤੇ ਸੋਨੂੰ ਪੁੱਤਰ ਮੇਹਰ ਸਿੰਘ ਦੇ ਖਿਲਾਫ ਮੁਕੱਦਮਾ ਨੰਬਰ 169 ਮਿਤੀ 17-11-2023 ਅ/ਧ 21/61/85 ਐੱਨਡੀਪੀਐੱਸ ਐਕਟ ਤਹਿਤ ਥਾਣਾ ਮਮਦੋਟ ਦਰਜ ਰਜਿਸਟਰ ਕੀਤਾ ਗਿਆ। ਐੱਸ ਆਈ ਜੱਜਪਾਲ ਸਿੰਘ ਸੀਆਈਏ ਸਟਾਫ ਵੱਲੋਂ ਸਮੇਤ ਪੁਲਸ ਪਾਰਟੀ ਰਕਬਾ ਫਿਰੋਜ਼ਪੁਰ ਫਾਜਿਲਕਾ ਰੋਡ ਟੀ- ਪੁਆਇੰਟ ਮਮਦੋਟ ਤੋਂ ਮੁਸਮੀ ਸ਼ਿੰਦਰਪਾਲ ਸਿੰਘ ਉਰਫ ਸ਼ਿੰਦਰ, ਮਲਕੀਤ ਸਿੰਘ ਉਰਫ ਕੀਰਤ ਅਤੇ ਸੋਨੂੰ ਪੁੱਤਰ ਮੇਹਰ ਸਿੰਘ ਨੂੰ 01 ਕਿੱਲੋ 500 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ।

## ਪਟਿਆਲਾ ਜ਼ਿਲ੍ਹੇ ਦੇ ਗ੍ਰੰਥੀ ਸਿੰਘ ਤੇ ਪਾਠੀ ਸਿੰਘਾਂ ਦੀ ਭਰਵੀਂ ਇੱਕਤਰਤਾ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸਮਾਣਾ ਸ਼ਹਿਰ ਅਤੇ ਪੂਰੇ ਪਟਿਆਲਾ ਜ਼ਿਲ੍ਹੇ ਦੇ ਗ੍ਰੰਥੀ ਸਿੰਘ ਅਤੇ ਪਾਠੀ ਸਿੰਘਾਂ ਦੀ ਇਕ ਭਰਵੀਂ ਇੱਕੱਤਰਤਾ ਗੁਰਦੁਆਰਾ ਟਰੱਕ ਯੂਨੀਅਨ ਸਮਾਣਾ ਵਿਖੇ ਹੋਈ। ਜਿਸ ਵਿੱਚ ਸਰਬਸੰਮਤੀ ਨਾਲ ਪੂਰੇ ਪੰਜਾਬ ਵਿੱਚ ਗ੍ਰੰਥੀ ਸਿੰਘਾਂ ਦੀ ਅਵਾਜ਼ ਬਣਨ ਲਈ ਜਥੇਦਾਰ ਕੁਲਦੀਪ ਸਿੰਘ ਢੈਂਠਲ ਪ੍ਰਧਾਨ ਬਾਬਾ ਬੰਦਾ ਸਿੰਘ ਬਹਾਦਰ ਦਲ ਪੰਜਾਬ ਨੂੰ ਜੈਕਾਰਿਆਂ ਦੀ ਗੂੰਜ ਵਿੱਚ ਚੜ੍ਹਦੀ ਕਲਾ ਨਾਲ ਪ੍ਰਧਾਨਗੀ ਸੌਂਪੀ ਗਈ। ਬੁਲਾਰਿਆਂ ਨੇ ਗ੍ਰੰਥੀ ਸਿੰਘਾਂ ਜੋ ਆਰਥਕ ਤੌਰ 'ਤੇ ਮੰਦੀ ਹਾਲਤ ਨੂੰ ਸੁਧਾਰਨ ਲਈ ਅਤੇ ਸਿੱਖ ਕੌਮ ਦੇ ਸੱਚ ਦੇ ਪ੍ਰਚਾਰ ਕਰਨ ਤੋਂ ਪ੍ਰਬੰਧਕ ਕਮੇਟੀਆਂ ਵਲੋਂ ਰੋਕਣ ਬਾਰੇ ਅਹਿਮ ਵਿਚਾਰਾਂ ਕੀਤੀਆਂ ਗਈਆਂ। ਸਾਰੇ ਗ੍ਰੰਥੀ ਅਤੇ ਪਾਠੀ ਸਿੰਘਾਂ ਦੀਆਂ ਮੁਸ਼ਕਲਾਂ ਸੁਣਨ ਉਪਰੰਤ ਜਥੇਦਾਰ ਕੁਲਦੀਪ ਸਿੰਘ ਢੈਂਠਲ ਦੀ ਅਗਵਾਈ ਹੇਠ ਬਾਬਾ ਬੁੱਢਾ ਸਾਹਿਬ ਗ੍ਰੰਥੀ ਸਭਾ ਲਹਿਰ ਨਾਂ ਦਾ ਵਿੰਗ ਬਣਾ ਕੇ ਜ਼ੁੰਮੇਵਾਰੀਆਂ ਸੌਂਪੀਆਂ ਗਈਆਂ। ਜਿਸ ਵਿੱਚ ਜ਼ਿਲ੍ਹਾ ਪਟਿਆਲਾ ਦੀ ਸਭਾ ਦਾ ਜ਼ਿਲ੍ਹਾ ਪ੍ਰਧਾਨ ਭਾਈ ਝਰਮਲ ਸਿੰਘ, ਭਾਈ ਨਿਰਪਾਲ ਸਿੰਘ ਖਜ਼ਾਨਚੀ, ਭਾਈ ਘੁੱਲਾ ਸਿੰਘ ਕਮਾਸਪੁਰ ਚੈਅਰਮੈਨ, ਸੀ. ਮੀਤ ਪ੍ਰਧਾਨ ਗੁਲਾਬ ਸਿੰਘ ਕੂਕਾ, ਪ੍ਰੈੱਸ ਸਕੱਤਰ ਰਣਜੋਧ ਸਿੰਘ ਸਰਾਪੱਤੀ, ਜਨਰਲ ਸਕੱਤਰ ਰਾਜਿੰਦਰ ਸਿੰਘ ਸਮਾਣਾ, ਜਾਇੰਟ ਸਕੱਤਰ ਜਸਵੰਤ ਸਿੰਘ ਕੋਟਲੀ, ਮੀਤ ਪ੍ਰਧਾਨ ਪਰਮਜੀਤ ਸਿੰਘ ਖਾਨਪੁਰ, ਅਗਜ਼ੈਕਟਿਵ ਮੈਂਬਰ ਮਨਪ੍ਰੀਤ ਸਿੰਘ ਸਮਾਣਾ, ਸਾਹਿਬ ਸਿੰਘ ਭੰਗੂ ਸਮਾਣਾ, ਭੁਪਿੰਦਰ ਸਿੰਘ ਕੁਤਬਨਪੁਰ, ਕਸ਼ਮੀਰ ਸਿੰਘ ਅਰਾਈਮਾਜਰਾ, ਸਾਹਿਬ ਸਿੰਘ ਦਾਬਾ, ਬੇਅੰਤ ਸਿੰਘ ਮਰੋੜੀ, ਗੁਰਨਾਮ ਸਿੰਘ ਸਹਿਜਪੁਰਾ, ਥਾਪਿਆ ਗਿਆ।

## ਜ਼ਿਲ੍ਹਾ ਪੱਧਰੀ ਖੇਡਾਂ 'ਚ ਰੱਤੋਕੇ ਸਕੂਲ ਨੇ 5 ਸੋਨੇ ਤੇ 2 ਚਾਂਦੀ ਦੇ ਤਮਗੇ ਜਿੱਤੇ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਸੰਗਰੂਰ ਦੀਆਂ ਜ਼ਿਲ੍ਹਾ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਸ੍ਰੀ ਮਸਤੂਆਣਾ ਸਾਹਿਬ ਦੀ ਪਵਿੱਤਰ ਧਰਤੀ 'ਤੇ ਕੀਤੀਆਂ ਗਈਆਂ, ਜਿਨ੍ਹਾਂ ਵਿੱਚ ਸਰਕਾਰੀ ਐਲੀਮੈਂਟਰੀ ਸਕੂਲ ਰੱਤੋਕੇ ਦਾ ਪ੍ਰਦਰਸ਼ਨ ਸ਼ਾਨਦਾਰ ਰਿਹਾ। ਰੱਤੋਕੇ ਸਕੂਲ ਦੇ ਹੋਣਹਾਰ ਖਿਡਾਰੀਆਂ ਨੇ ਇਨ੍ਹਾਂ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਬਿਹਤਰੀਨ ਪ੍ਰਦਰਸ਼ਨ ਕਰਦਿਆਂ 3 ਸੋਨੇ ਦੇ ਤਮਗੇ ਜਿੱਤ ਕੇ ਆਪਣੇ ਸਕੂਲ, ਮਾਪਿਆਂ ਤੇ ਪਿੰਡ ਦਾ ਨਾਮ ਰੌਸ਼ਨ ਕੀਤਾ ਹੈ। ਖੋ ਖੋ ਵਿੱਚ ਲੜਕਿਆਂ ਤੇ ਲੜਕੀਆਂ ਨੇ ਉੱਚ-ਕੋਟੀ ਦਾ ਪ੍ਰਦਰਸ਼ਨ ਕਰਦਿਆਂ ਸੋਨ ਤਮਗਾ ਜਿੱਤਿਆ ਅਤੇ ਰੱਸਾਕਸੀ ਮੁਕਾਬਲੇ 'ਚ ਵੀ ਰੱਤੋਕੇ ਸਕੂਲ ਨੇ ਸੋਨੇ ਦਾ ਤਮਗਾ ਜਿੱਤਿਆ। ਹੁਣ ਇਹ ਖਿਡਾਰੀ ਰਾਜ ਪੱਧਰੀ ਖੇਡਾਂ ਲਈ ਜ਼ਿਲ੍ਹਾ ਸੰਗਰੂਰ ਦੀ ਪ੍ਰਤੀਨਿਧਤਾ ਕਰਨਗੇ। ਪਿੰਡ ਪਹੁੰਚਣ 'ਤੇ ਪਿੰਡ ਦੀ ਪੰਚਾਇਤ, ਪਿੰਡ ਵਾਸੀਆਂ ਤੇ ਸਕੂਲ ਸਟਾਫ ਵੱਲੋਂ ਜੇਤੂ ਖਿਡਾਰੀਆਂ, ਖੋ-ਖੋ ਕੋਚ ਅੰਮ੍ਰਿਤਪਾਲ ਸਿੰਘ, ਰੱਸਾਕਸੀ ਦੇ ਕੋਚ ਸਾਹਿਲਪ੍ਰੀਤ ਸਿੰਘ ਤੇ ਮਨਜਸ਼ਨਜੀਤ ਸਿੰਘ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਸਰਪੰਚ ਕੁਲਦੀਪ ਕੌਰ, ਸਕੂਲ ਮੈਨੇਜਮੈਂਟ ਕਮੇਟੀ ਚੇਅਰਮੈਨ ਬਲਜੀਤ ਬੱਲੀ, ਗਿਆਨ ਸਿੰਘ ਭੁੱਲਰ, ਸਾਹਿਬ ਸਿੰਘ, ਪਾਲੀ ਧਨੌਲਾ, ਹਰਮਿੰਦਰ ਰੂਮੀ, ਧਰਮ ਸਿੰਘ, ਮਨਜੀਤ ਸਿੰਘ ਫੌਜੀ, ਸਾਬਕਾ ਸਰਪੰਚ ਗੁਰਚਰਨ ਸਿੰਘ ਤੇ ਪ੍ਰਵੀਨ ਕੌਰ ਆਦਿ ਹਾਜ਼ਰ ਸਨ। ਸਕੂਲ ਇੰਚਾਰਜ ਸੁਰਿੰਦਰ ਸਿੰਘ ਨੇ ਜੇਤੂ ਖਿਡਾਰੀਆਂ, ਉਨ੍ਹਾਂ ਦੇ ਮਾਪਿਆਂ, ਰੱਸਾਕਸੀ ਦੇ ਇੰਚਾਰਜ ਪ੍ਰਦੀਪ ਸਿੰਘ, ਖੋ-ਖੋ ਲੜਕੀਆਂ ਦੇ ਇੰਚਾਰਜ ਮੈਡਮ ਚਰਨਜੀਤ ਕੌਰ, ਸੁਖਪਾਲ ਸਿੰਘ ਤੇ ਸੱਤਪਾਲ ਕੌਰ ਨੂੰ ਵਧਾਈ ਦਿੱਤੀ। ਇਹ ਜਾਣਕਾਰੀ ਮੈਡਮ ਕਰਮਜੀਤ ਕੌਰ ਤੇ ਰਣਜੀਤ ਕੌਰ ਨੇ ਪ੍ਰੈੱਸ ਨਾਲ ਸਾਂਝੀ ਕੀਤੀ।

## 'ਵਿਦੇਸ਼ੀ ਮੀਡੀਆ 'ਚ ਭਾਰਤ ਦੀ ਕਵਰੇਜ ਦਾ ਮੁਲਾਂਕਣ' ਵਿਸ਼ੇ 'ਤੇ ਕੌਮੀ ਸੈਮੀਨਾਰ

### ਸਿੱਖਿਆ ਤੇ ਮੀਡੀਆ ਜਗਤ ਦੀਆਂ ਉੱਘੀਆਂ ਸ਼ਖਸੀਅਤਾਂ ਨੇ ਕੀਤੀ ਸ਼ਿਰਕਤ




**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਰਾਸ਼ਟਰੀ ਪ੍ਰੈੱਸ ਦਿਵਸ ਮੌਕੇ ਪੰਜਾਬ ਕੇਂਦਰੀ ਯੂਨੀਵਰਸਿਟੀ ਘੁੱਦਾ ਵਿਖੇ "ਵਿਦੇਸ਼ੀ ਮੀਡੀਆ 'ਚ ਭਾਰਤ ਦੀ ਕਵਰੇਜ ਦਾ ਮੁਲਾਂਕਣ ਪੱਖਪਾਤ, ਚੁਣੌਤੀਆਂ, ਸੰਕਟ ਤੇ ਮੌਕੇ" ਸਿਰਲੇਖ ਵਾਲੇ ਦੋ ਰੋਜ਼ਾ ਆਈ.ਸੀ.ਐੱਸ.ਐੱਸ.ਆਰ. ਪ੍ਰਾਯੋਜਤ ਰਾਸ਼ਟਰੀ ਸੈਮੀਨਾਰ ਦੇ ਉਦਘਾਟਨੀ ਸੈਸ਼ਨ ਵਿੱਚ ਸਿੱਖਿਆ ਤੇ ਮੀਡੀਆ ਜਗਤ ਦੀਆਂ ਉੱਘੀਆਂ ਸ਼ਖਸੀਅਤਾਂ ਨੇ ਸ਼ਿਰਕਤ ਕੀਤੀ। ਵਾਈਸ ਚਾਂਸਲਰ ਪ੍ਰੋ. ਰਾਘਵੇਂਦਰ ਪ੍ਰਸਾਦ ਤਿਵਾਰੀ ਦੀ ਪ੍ਰਧਾਨਗੀ ਹੇਠ ਦੋ ਰੋਜ਼ਾ ਰਾਸ਼ਟਰੀ ਸੈਮੀਨਾਰ ਦਾ ਸੰਚਾਲਨ ਯੂਨੀਵਰਸਿਟੀ ਦੇ ਜਨ ਸੰਚਾਰ ਤੇ ਮੀਡੀਆ ਅਧਿਐਨ ਵਿਭਾਗ ਵੱਲੋਂ ਕੀਤਾ ਗਿਆ। ਇਸ ਸੈਮੀਨਾਰ ਦੇ ਉਦਘਾਟਨੀ ਸੈਸ਼ਨ 'ਚ ਪੰਚਜਨਿਆ, ਨਵੀਂ ਦਿੱਲੀ ਦੇ ਮੁੱਖ ਸੰਪਾਦਕ ਸ੍ਰੀ ਹਿਤੇਸ਼ ਸ਼ੰਕਰ ਨੇ ਮੁੱਖ ਮਹਿਮਾਨ ਵਜੋਂ ਤੇ ਮਾਖਨ ਲਾਲ ਚਤੁਰਵੇਦੀ ਨੈਸ਼ਨਲ ਯੂਨੀਵਰਸਿਟੀ ਆਫ ਜਰਨਲਿਜਮ ਐਂਡ ਕਮਿਊਨੀਕੇਸ਼ਨ, ਭੋਪਾਲ, ਮੱਧ ਪ੍ਰਦੇਸ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਕੇ. ਜੀ. ਸੁਰੇਸ਼ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ, ਜਦੋਂਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਪੱਤਰਕਾਰੀ ਵਿਭਾਗ ਦੇ ਸੇਵਾਮੁਕਤ ਸੀਨੀਅਰ ਪ੍ਰੋਫੈਸਰ ਤੇ ਜੀ ਐੱਨ ਡੀ ਯੂ ਕਾਲਜ ਜਲੰਧਰ ਦੇ ਓਐੱਸਡੀ ਦੇ ਅਹੁਦੇ 'ਤੇ ਕੰਮ ਕਰ ਰਹੇ ਪ੍ਰੋ. (ਡਾ.) ਕਮਲੇਸ਼ ਸਿੰਘ ਦੁੱਗਲ (ਸੇਵਾ ਮੁਕਤ) ਨੇ ਪ੍ਰੋਗਰਾਮ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਨ੍ਹਾਂ ਤੋਂ ਇਲਾਵਾ, ਦੱਖਣੀ ਭਾਰਤ ਹਿੰਦੀ ਪ੍ਰਚਾਰ ਸਭਾ ਚੇਨਈ ਦੇ ਸਾਬਕਾ ਵਾਈਸ ਚਾਂਸਲਰ ਪ੍ਰੋਫੈਸਰ (ਡਾ.) ਰਾਮ ਮੋਹਨ ਪਾਠਕ ਤੇ ਆਈ ਜੀ ਐੱਨ ਸੀ ਏ ਦੇ ਮੀਡੀਆ ਕੋਆਰਡੀਨੇਟਰ ਸ੍ਰੀ ਅਨੁਰਾਗ ਪੁਨੇਥਾ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸੈਸ਼ਨ 'ਚ ਹਿਸਾ ਲਿਆ।

ਪ੍ਰੋਗਰਾਮ ਦੇ ਸ਼ੁਰੂ ਵਿੱਚ ਸੈਮੀਨਾਰ ਕਨਵੀਨਰ ਡਾ. ਰੂਬਲ ਕਨੌਜੀਆ ਨੇ ਭਾਗ ਲੈਣ ਵਾਲਿਆਂ ਦਾ ਨਿੱਘਾ ਸਵਾਗਤ ਕੀਤਾ ਤੇ ਪ੍ਰੋਗਰਾਮ ਦੀ ਥੀਮ ਪੇਸ਼ ਕਰਦੇ ਹੋਏ ਦੱਸਿਆ ਕਿ ਅੱਜ ਭਾਰਤ ਵਿਸ਼ਵ ਪੱਧਰ 'ਤੇ ਸਭ ਤੋਂ ਤੇਜ਼ੀ ਨਾਲ ਵਧ ਰਹੀ ਅਰਥ ਵਿਵਸਥਾ ਵਿੱਚੋਂ ਇੱਕ ਹੈ ਤੇ ਇਸ ਨੂੰ ਵਿਦੇਸ਼ੀ ਮੀਡੀਆ ਵੱਲੋਂ ਸਰਗਰਮੀ ਨਾਲ ਕਵਰ ਕੀਤਾ ਜਾ ਰਿਹਾ ਹੈ। ਅਕਸਰ ਇਹ ਵਿਦੇਸੀ ਮੀਡੀਆ ਆਪਣੇ ਪੱਖਪਾਤ ਤੋਂ ਪ੍ਰਭਾਵਿਤ ਹੋ ਕੇ ਭਾਰਤ ਦਾ ਨਕਾਰਾਤਮਕ ਅਕਸ ਪੇਸ਼ ਕਰਦਾ ਰਿਹਾ ਹੈ। ਡਾ. ਕਨੌਜੀਆ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਾਰਤ ਸਰਕਾਰ ਜਵਾਬ ਵਜੋਂ ਵਿਦੇਸ਼ੀ ਮੀਡੀਆ ਕਵਰੇਜ 'ਤੇ ਨਜ਼ਰ ਰੱਖਣ, ਸੰਦੇਸ਼ਾਂ ਨੂੰ ਸ਼ੁੱਧ ਕਰਨ ਤੇ ਦੇਸ਼ ਦੀ ਕੂਟਨੀਤੀ ਨੂੰ ਮਜ਼ਬੂਤ ਕਰਨ ਵਰਗੇ ਕੁਝ ਪ੍ਰਭਾਵਸ਼ਾਲੀ ਕਦਮ ਚੁੱਕ ਰਹੀ ਹੈ। ਇਸ ਸਿੰਪੋਜ਼ੀਅਮ ਦਾ ਉਦੇਸ਼ ਵਿਦੇਸ਼ੀ ਮੀਡੀਆ ਵਿੱਚ ਭਾਰਤ ਖਿਲਾਫ ਵਧ ਰਹੇ ਪੱਖਪਾਤ ਨਾਲ ਜੁੜੇ ਸੰਕਟਾਂ ਤੇ ਮੌਕਿਆਂ ਬਾਰੇ ਚਰਚਾ ਕਰਨ ਲਈ ਇੱਕ ਮੰਚ ਪ੍ਰਦਾਨ ਕਰਨਾ ਹੈ।

ਇਸ ਮੌਕੇ ਮੁੱਖ ਮਹਿਮਾਨ ਹਿਤੇਸ਼ ਸ਼ੰਕਰ ਨੇ ਕਿਹਾ ਕਿ ਪੱਛਮੀ ਮੀਡੀਆ ਆਪਣਾ ਦਬਦਬਾ ਕਾਇਮ ਕਰਨ ਦੇ ਉਦੇਸ਼ ਨਾਲ ਵਿਕਾਸਸ਼ੀਲ ਦੇਸ਼ਾਂ ਦਾ ਅਕਸ ਆਪਣੇ ਦ੍ਰਿਸ਼ਟੀਕੋਣ ਤੋਂ ਪੇਸ਼ ਕਰਦਾ ਹੈ। ਉਨ੍ਹਾ ਪੱਖਪਾਤੀ ਰਿਪੋਰਟਿੰਗ ਦੁਆਰਾ ਬਣਾਏ ਈਕੋ ਚੈਂਬਰ ਦੇ ਪ੍ਰਭਾਵ 'ਤੇ ਜ਼ੋਰ ਦਿੱਤਾ ਤੇ ਸੁਝਾਅ ਦਿੱਤਾ ਕਿ ਝੂਠੇ ਪ੍ਰਚਾਰ ਨੂੰ ਰੱਦ ਕਰਨ ਲਈ ਵਿਦੇਸ਼ੀ ਮੀਡੀਆ ਸਮੱਗਰੀ ਦੀ ਤੱਥ-ਜਾਂਚ ਜ਼ਰੂਰੀ ਹੈ।

ਆਪਣੇ ਭਾਸ਼ਣ ਵਿੱਚ ਮੁੱਖ ਬੁਲਾਰੇ ਪ੍ਰੋ. (ਡਾ.) ਕੇ. ਜੀ. ਸੁਰੇਸ਼ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਹਾਲਾਂਕਿ ਪਿਛਲੇ ਕੁਝ ਦਹਾਕਿਆਂ ਤੋਂ ਪੱਛਮੀ ਮੀਡੀਆ ਦੀਆਂ ਪੱਖਪਾਤ ਵਾਲੀ ਖ਼ਬਰਾਂ ਵਿੱਚ ਵਾਧਾ ਦਰਜ ਕੀਤਾ ਗਿਆ ਹੈ, ਪਰ ਭਾਰਤ ਸਰਕਾਰ ਨੇ ਕੂਟਨੀਤੀ ਰਾਹੀਂ ਪ੍ਰਭਾਵਸ਼ਾਲੀ ਢੰਗ ਨਾਲ ਇਨ੍ਹਾਂ ਦਾ ਮੁਕਾਬਲਾ ਕੀਤਾ ਹੈ। ਇਸ ਲੜੀ ਵਿੱਚ ਭਾਰਤ ਸਰਕਾਰ ਨੇ ਵਸੁਧੈਵ ਕੁਟੁੰਬਕਮ ਤੇ ਸਰਵੇ ਭਵਨਤੁ ਸੁਖਿਨਾਹ ਦੇ ਸਿਧਾਂਤਾਂ ਅਨੁਸਾਰ ਸੰਕਟ ਦੇ ਸਮੇਂ ਗੁਆਂਢੀ ਦੇਸ਼ਾਂ ਤੇ ਹੋਰ ਵਿਕਾਸਸ਼ੀਲ ਦੇਸ਼ਾਂ ਨੂੰ ਸਹਾਇਤਾ ਦੇ ਕੇ ਆਪਣੇ ਸਬੰਧਾਂ ਨੂੰ ਮਜ਼ਬੂਤ ਕੀਤਾ ਅਤੇ ਵਿਸ਼ਵ ਪੱਧਰ 'ਤੇ ਸ਼ਾਂਤੀ ਦਾ ਸੰਦੇਸ਼ ਦਿੱਤਾ। ਪ੍ਰੋਫੈਸਰ ਸੁਰੇਸ਼ ਨੇ ਭਾਰਤੀ ਮੀਡੀਆ ਘਰਾਣਿਆਂ ਨੂੰ ਰਾਸ਼ਟਰੀ ਹਿੱਤਾਂ ਅਨੁਸਾਰ ਜਾਣਕਾਰੀ ਦਾ ਪ੍ਰਸਾਰ ਕਰਨ ਤੇ ਖੇਤਰੀ ਅਖੰਡਤਾ ਦੀ ਵਕਾਲਤ ਕਰਨ ਦੀ ਅਪੀਲ ਕੀਤੀ।

ਪ੍ਰੋਗਰਾਮ ਦੇ ਵਿਸ਼ੇਸ਼ ਮਹਿਮਾਨ ਪ੍ਰੋ. (ਡਾ.) ਕਮਲੇਸ਼ ਸਿੰਘ ਦੁੱਗਲ ਨੇ ਦੇਸ਼ ਭਗਤੀ ਦੀ ਭਾਵਨਾ ਨੂੰ ਪ੍ਰਫੁਲਤ ਕਰਨ ਤੇ ਆਜ਼ਾਦੀ ਤੋਂ ਪਹਿਲਾਂ ਅਜ਼ਾਦੀ ਦੀ ਲਹਿਰ ਦਾ ਸਮਰਥਨ ਕਰਨ ਵਿੱਚ ਕੈਨੇਡਾ ਸਥਿਤ ਪੰਜਾਬੀ ਮੀਡੀਆ ਦੀ ਭੂਮਿਕਾ ਬਾਰੇ ਚਾਨਣਾ ਪਾਇਆ। ਉਨ੍ਹਾ ਕਿਹਾ ਕਿ ਅਜ਼ਾਦੀ ਤੋਂ ਬਾਅਦ ਕੈਨੇਡਾ 'ਚ ਪੰਜਾਬੀ ਮੀਡੀਆ ਦੇ ਵਪਾਰੀਕਰਨ ਦੇ ਬਾਵਜੂਦ ਉਥੋਂ ਦੇ ਪੰਜਾਬੀ ਮੀਡੀਆ ਨੇ ਆਪਣੇ ਦੇਸ਼ ਕਿਰਦਾਰ ਨੂੰ ਬਰਕਰਾਰ ਰੱਖਿਆ ਹੈ ਤੇ ਭਾਰਤੀ ਮੂਲ ਦੇ ਪਰਵਾਰਾਂ ਨੂੰ ਆਪਣੇ ਸੱਭਿਆਚਾਰ ਨਾਲ ਜੋੜਨ ਲਈ ਨਿਰੰਤਰ ਯਤਨਸ਼ੀਲ ਹੈ। ਪ੍ਰੋ. ਦੁੱਗਲ ਨੇ ਸੁਝਾਅ ਦਿੱਤਾ ਕਿ ਪ੍ਰਵਾਸੀ ਭਾਰਤੀਆਂ ਦਾ ਪੱਤਰਕਾਰੀ ਵਿੱਚ ਸਮੇਂ ਸਿਰ ਯੋਗਦਾਨ ਵਿਦੇਸ਼ੀ ਮੀਡੀਆ ਚੈਨਲਾਂ ਵਿੱਚ ਪੱਖਪਾਤ ਦੀਆਂ ਖ਼ਬਰਾਂ ਦਾ ਪਰਦਾਫਾਸ਼ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਅ ਸਕਦਾ ਹੈ।

ਸਮਾਗਮ ਦੇ ਦੂਜੇ ਮਹਿਮਾਨ ਸ੍ਰੀ ਅਨੁਰਾਗ ਪੁਨੇਥਾ ਨੇ ਵਿਸ਼ਵ-ਵਿਆਪੀ ਸੰਘਰਸ਼ਾਂ 'ਤੇ ਭਾਰਤ ਦੇ ਰੁਖ 'ਤੇ ਚਰਚਾ ਕੀਤੀ। ਉਨ੍ਹਾ ਪੁਲਾੜ, ਦੂਰਸੰਚਾਰ, ਆਰਥਿਕ ਵਿਕਾਸ ਤੇ ਹੋਰ ਖੇਤਰਾਂ ਵਿੱਚ ਵਿਸ਼ਵ ਪੱਧਰ 'ਤੇ ਭਾਰਤ ਦੇ ਪ੍ਰਭਾਵ ਨੂੰ ਉਜਾਗਰ ਕੀਤਾ। ਸ੍ਰੀ ਪੁਨੇਥਾ ਨੇ ਵਿਦੇਸ਼ ਮੰਤਰਾਲੇ ਦੀਆਂ ਪ੍ਰਭਾਵਸ਼ਾਲੀ ਸੰਚਾਰ ਰਣਨੀਤੀਆਂ ਨੂੰ ਸਾਂਝਾ ਕੀਤਾ, ਜਿਸ ਨਾਲ ਪੱਛਮੀ ਮੀਡੀਆ ਨੂੰ ਵਿਸ਼ਵ ਮੁੱਦਿਆਂ ਦੇ ਹੱਲ ਲੱਭਣ ਸੰਬੰਧੀ ਭਾਰਤ ਦੀ ਯੋਗਤਾ ਨੂੰ ਜਾਨਣ ਦਾ ਮੌਕਾ ਮਿਲਿਆ। ਪ੍ਰੋ. ਤਿਵਾਰੀ ਨੇ ਕਿਹਾ ਕਿ ਸਨਸਨੀਖੇਜ ਪੱਤਰਕਾਰੀ ਤੇ ਨਿਊਜ਼ ਰਿਪੋਰਟਿੰਗ ਵਿੱਚ ਪੱਖਪਾਤ ਦੀਆਂ ਵਧ ਰਹੀਆਂ ਘਟਨਾਵਾਂ ਨੇ ਮੀਡੀਆ ਘਰਾਣਿਆਂ ਦੀ ਨਿਰਪੱਖਤਾ 'ਤੇ ਸਵਾਲ ਖੜੇ ਕਰ ਦਿੱਤੇ ਹਨ। ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਇਸ ਸੈਮੀਨਾਰ ਵਿੱਚ ਵਿਚਾਰ-ਵਟਾਂਦਰਾ ਨੀਤੀ ਨਿਰਮਾਤਾਵਾਂ, ਮੀਡੀਆ ਖੋਜਕਰਤਾਵਾਂ, ਨਾਗਰਿਕਾਂ ਦੇ ਨਾਲ-ਨਾਲ ਵਿਦੇਸ਼ੀ ਤੇ ਭਾਰਤੀ ਮੀਡੀਆ ਘਰਾਣਿਆਂ ਲਈ ਸਾਰਥਕ ਸਿੱਧ ਹੋਵੇਗੀ। ਇਸ ਪ੍ਰੋਗਰਾਮ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਆਪਕ, ਖੋਜਕਰਤਾ ਤੇ ਵਿਦਿਆਰਥੀ ਭਾਗ ਲੈ ਰਹੇ ਹਨ।

18-NOV-PAGE-7.qxd 11/17/2023 8:50 PM Page 1



# ਲਹਿਰਾ ਥਰਮਲ ਦੇ ਠੇਕਾ ਮੁਲਾਜ਼ਮਾਂ ਵੱਲੋਂ ਅਗਲੇ ਸੰਘਰਸ਼ਾਂ ਦੀ ਤਿਆਰੀ ਵਜੋਂ ਰੈਲੀ

## ਆਪ ਸਰਕਾਰ ਵੀ ਠੇਕਾ ਮੁਲਾਜ਼ਮਾਂ ਨਾਲ਼ ਕਰ ਰਹੀ ਹੈ ਧੋਖਾ : ਮੋਰਚਾ ਆਗੂ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਗੁਰੂ ਹਰਗੋਬਿੰਦ ਥਰਮਲ ਪਲਾਂਟ ਦੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਵੱਲੋਂ 'ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ' ਦੇ ਬੈਨਰ ਹੇਠ ਅਗਲੇ ਸੰਘਰਸ਼ਾਂ ਦੀ ਤਿਆਰੀ ਵਜੋਂ ਕੀਤੀ ਗਈ ਰੈਲੀ ਨੂੰ ਸੰਬੋਧਨ ਕਰਦਿਆਂ ਮੋਰਚੇ ਦੇ ਸੂਬਾਈ ਆਗੂਆਂ ਜਗਰੂਪ ਸਿੰਘ ਲਹਿਰਾ ਤੇ ਜਗਸੀਰ ਸਿੰਘ ਭੰਗੂ ਨੇ ਕਿਹਾ ਕਿ ਸਮੂਹ ਸਰਕਾਰੀ ਵਿਭਾਗਾਂ ਦੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਪੱਕਾ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ 'ਆਪ' ਸਰਕਾਰ ਵੀ ਅਕਾਲੀ-ਭਾਜਪਾ ਤੇ ਕਾਂਗਰਸ ਦੀਆਂ ਸਰਕਾਰਾਂ ਦੀ ਤਰ੍ਹਾਂ ਹੀ ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਥਾਂ ਸਬ-ਕਮੇਟੀਆਂ ਦਾ ਗਠਨ ਕਰਕੇ ਠੇਕਾ ਮੁਲਾਜ਼ਮਾਂ ਨਾਲ਼ ਧੋਖਾ ਕਰ ਰਹੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਿਧਾਨ ਸਭਾ ਵਿੱਚ ਕੰਪਨੀਆਂ ਦੁਆਰਾ ਠੇਕਾ ਮੁਲਾਜ਼ਮਾਂ ਦੀ ਕਿਰਤ ਦੀ ਕੀਤੀ ਜਾ ਰਹੀ ਅੰਨ੍ਹੀਂ ਲੁੱਟ ਨੂੰ ਬੰਦ ਕਰਕੇ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਪੱਕਾ ਕਰਨ ਦੇ ਐਲਾਨ ਮਗਰੋਂ ਵੀ ਵੱਖ-ਵੱਖ ਸਰਕਾਰੀ ਵਿਭਾਗਾਂ ਜਿਵੇਂ ਕਿ ਜਲ ਸਪਲਾਈ ਤੇ ਸੈਨੀਟੇਸ਼ਨ, ਪਾਵਰਕਾਮ ਤੇ ਟ੍ਰਾਂਸਕੋ ਸਮੇਤ ਸਮੂਹ ਸਰਕਾਰੀ ਥਰਮਲਾਂ, ਹਾਈਡਲ ਪ੍ਰਾਜੈਕਟਾਂ, ਵਾਟਰ ਸਪਲਾਈ ਤੇ ਸੀਵਰੇਜ ਬੋਰਡ, ਵੇਰਕਾ ਮਿਲਕ ਤੇ ਕੈਟਲ ਫੀਡ ਪਲਾਂਟਾਂ ਅਤੇ ਪੀ.ਡਬਲਯੂ.ਡੀ. ਇਲੈਕਟਰੀਕਲ ਵਿੰਗ ਲੋਕ ਨਿਰਮਾਣ ਵਿਭਾਗ ਆਦਿ ਵਿੱਚ ਪਿਛਲੇ 15-20 ਸਾਲਾਂ ਦੇ ਲੰਬੇ ਅਰਸੇ ਤੋਂ ਲਗਾਤਾਰ ਨਿਗੁਣੀਆਂ ਤਨਖਾਹਾਂ 'ਤੇ ਤਨਦੇਹੀ ਨਾਲ ਸੇਵਾਵਾਂ ਦੇ ਰਹੇ ਠੇਕਾ ਮੁਲਾਜ਼ਮਾਂ ਨੂੰ ਠੇਕਾ ਪ੍ਰਣਾਲੀ ਦੀ ਚੱਕੀ ਵਿੱਚ ਪਿਸਣ ਲਈ ਮਜਬੂਰ ਕੀਤਾ ਹੋਇਆ ਹੈ।

'ਆਪ' ਸਰਕਾਰ ਨੇ ਆਪਣੇ ਪੌਣੇ ਦੋ ਸਾਲਾਂ ਦੇ ਕਾਰਜਕਾਲ ਵਿੱਚ ਆਊਟਸੋਰਸਡ ਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਸੰਬੰਧੀ ਅਜੇ ਤੱਕ ਕੋਈ ਵੀ ਨੀਤੀ ਨਹੀਂ ਬਣਾਈ, ਜਿਸ ਦੇ ਰੋਸ ਵਜੋਂ ਠੇਕਾ ਮੁਲਾਜ਼ਮ ਆਪਣੇ ਪਰਵਾਰਾਂ ਸਮੇਤ 'ਮੋਰਚੇ' ਦੇ ਬੈਨਰ ਹੇਠ 30 ਨਵੰਬਰ ਨੂੰ ਪੰਜਾਬ ਦੇ ਕਿਸੇ ਇੱਕ ਨੈਸ਼ਨਲ ਹਾਈਵੇ ਨੂੰ ਜਾਮ ਕਰਨਗੇ। ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰੀ ਵਿਭਾਗਾਂ ਦੇ ਸਮੂਹ ਠੇਕਾ ਮੁਲਾਜ਼ਮਾਂ ਨੂੰ ਪਹਿਲ ਤੇ ਤਜਰਬੇ ਦੇ ਆਧਾਰ 'ਤੇ ਵਿਭਾਗਾਂ ਵਿੱਚ ਮਰਜ਼ ਕਰਕੇ ਪੱਕਾ ਕੀਤਾ ਜਾਵੇ, 15ਵੀਂ ਲੇਬਰ ਕਾਨਫਰੰਸ ਦੇ ਫਾਰਮੂਲੇ ਤੇ ਅੱਜ ਦੀ ਮਹਿੰਗਾਈ ਮੁਤਾਬਿਕ ਠੇਕਾ ਮੁਲਾਜ਼ਮ ਦੀ ਤਨਖ਼ਾਹ ਘੱਟੋ-ਘੱਟ 30 ਹਜ਼ਾਰ ਰੁਪਏ ਮਹੀਨਾ ਨਿਸ਼ਚਿਤ ਕੀਤੀ ਜਾਵੇ ਤੇ ਸਰਕਾਰੀ ਵਿਭਾਗਾਂ ਦੇ ਨਿੱਜੀਕਰਨ ਦੀ ਨੀਤੀ ਨੂੰ ਰੱਦ ਕੀਤਾ ਜਾਵੇ।

# ਸਰਕਾਰ ਕਿਸਾਨਾਂ ਨੂੰ ਜ਼ਲੀਲ ਕਰਨ ਦੀ ਬਜਾਏ ਪਰਾਲੀ ਦੀ ਸਾਂਭ-ਸੰਭਾਲ ਲਈ ਮਨਰੇਗਾ ਤਹਿਤ ਪ੍ਰੋਜੈਕਟ ਤਿਆਰ ਕਰੇ : ਕਾਮਰੇਡ ਖੁਸ਼ੀਆ ਸਿੰਘ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸੂਬਾ ਸਰਕਾਰ ਪਰਾਲੀ ਦੇ ਪ੍ਰਬੰਧਨ ਲਈ ਮਨਰੇਗਾ ਤਹਿਤ ਪ੍ਰੋਜੈਕਟ ਤਿਆਰ ਕਰਕੇ ਇਸ ਮੁਸ਼ਕਲ ਦਾ ਪੱਕਾ ਹੱਲ ਕਰੇ। ਇਹ ਪ੍ਰਗਟਾਵਾ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਖੁਸ਼ੀਆ ਸਿੰਘ ਨੇ ਇਥੇ ਗੱਲਬਾਤ ਦੌਰਾਨ ਕੀਤਾ। ਉਨ੍ਹਾ ਕਿਹਾ ਕਿ ਸੂਬਾ ਸਰਕਾਰ ਡਿਪਟੀ ਕਮਿਸ਼ਨਰਾਂ ਰਾਹੀਂ ਝੋਨੇ ਦੀ ਪਰਾਲੀ ਦੇ ਪ੍ਰਬੰਧਨ ਲਈ ਸੀਜ਼ਨ ਤੋਂ ਪਹਿਲਾਂ ਹੀ ਮਨਰੇਗਾ ਕਾਨੂੰਨ ਅਧੀਨ ਮਨਰੇਗਾ ਪ੍ਰੋਜੈਕਟ ਬਣਾ ਕੇ ਮਨਰੇਗਾ ਕਾਮਿਆਂ ਨੂੰ ਪਾਰਲੀ ਦੇ ਸਾਂਭ ਸੰਭਾਲ ਲਈ ਕੰਮ ਦੇਵੇ, ਜਿਸ ਨਾਲ ਜਿੱਥੇ ਮਨਰੇਗਾ ਕਾਮਿਆਂ ਨੂੰ ਸੌ ਦਿਨ ਦੇ ਰੁਜ਼ਗਾਰ ਦਾ ਟੀਚਾ ਪੂਰਾ ਹੋਵੇਗਾ, ਉਥੇ ਲੰਮੇ ਸਮੇਂ ਤੋਂ ਦਰਪੇਸ਼ ਪਰਾਲੀ ਦੀ ਗੰਭੀਰ ਮੁਸ਼ਕਲ ਦਾ ਪੱਕਾ ਹੱਲ ਹੋ ਜਾਵੇਗਾ। ਸੀ ਪੀ ਆਈ ਆਗੂ ਨੇ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਵੱਲੋਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ 2500 ਰੁਪਏ ਮੁਆਵਜ਼ਾ ਦੇਣ ਦੇ ਐਲਾਨ ਸਿਰਫ ਫੋਕੀ ਬਿਆਨਬਾਜ਼ੀ ਤੱਕ ਸੀਮਤ ਹੋ ਕੇ ਰਹਿ ਗਏ ਹਨ। ਬੜੇ ਦੁੱਖ ਦੀ ਗੱਲ ਹੈ ਕਿ ਸਰਕਾਰ ਵੱਲੋਂ ਕਿਸਾਨਾਂ ਨੂੰ ਪਰਾਲੀ ਦੀ ਸਾਂਭ-ਸੰਭਾਲ ਲਈ ਕੁਝ ਵੀ ਦੇਣ ਦੀ ਥਾਂ ਉਲਟਾ ਖੇਤਾਂ 'ਚ ਪੁਲਸ ਪਾਰਟੀਆਂ ਭੇਜ ਕੇ ਪਰਚੇ ਦਰਜ ਕਰ ਦੇਸ਼ ਦੇ ਅੰਨਦਾਤੇ ਕਿਸਾਨ ਨੂੰ ਮਾਨਸਿਕ ਤੌਰ 'ਤੇ ਜਲੀਲ ਕੀਤੇ ਜਾਣਾ ਅਤਿ ਨਿੰਦਣਯੋਗ ਹੈ। ਉਨ੍ਹਾ ਸੂਬਾ ਸਰਕਾਰ ਨੂੰ ਹਰ ਫਰੰਟ 'ਤੇ ਫੇਲ੍ਹ ਕਰਾਰ ਦਿੰਦਿਆਂ ਕਿਹਾ ਕਿ ਸੂਬੇ ਦੇ ਲੋਕਾਂ ਨੂੰ ਆਪਣੇ ਹੱਕ ਲੈਣ ਲਈ ਅੱਕ ਕੇ ਸੜਕਾਂ ਉੱਪਰ ਬੈਠਣਾ ਪੈ ਰਿਹਾ ਹੈ।

ਉਨ੍ਹਾ ਸਮੂਹ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਨੂੰ ਆਪਣੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਲਾਮਬੰਦੀ ਨੂੰ ਤੇਜ਼ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਜ਼ਿਲ੍ਹਾ ਮੀਤ ਪ੍ਰਧਾਨ ਬਵਨ ਸਿੰਘ ਖਿਆਲੀ, ਬਲਵੰਤ ਸਿੰਘ ਚੁਹਾਨਕੇ, ਅਵਤਾਰ ਸਿੰਘ ਰਾਏਸਰ ਆਦਿ ਆਗੂ ਹਾਜ਼ਰ ਸਨ।

# ਦਫਤਰੀ ਬਾਬੂਆਂ ਦੀ ਕਲਮਛੋੜ ਹੜਤਾਲ ਜਾਰੀ, ਕੰਮਕਾਜ ਠੱਪ

## ਲੋਕ ਹੋਏ ਖੱਜਲ ਖੁਆਰ, ਸਰਕਾਰ ਖਿਲਾਫ ਨਾਅਰੇਬਾਜ਼ੀ



**ਮਾਨਸਾ (ਆਤਮਾ ਸਿੰਘ ਪਮਾਰ)**

ਪੀ.ਐੱਸ.ਐੱਮ.ਐੱਸ.ਯੂ. ਦੇ ਸੱਦੇ 'ਤੇ ਜ਼ਿਲ੍ਹੇ ਦੇ ਦਫਤਰੀ ਕਲੈਰੀਕਲ ਕਾਮਿਆਂ ਵੱਲੋਂ 8 ਨਵੰਬਰ ਤੋਂ ਲਗਾਤਾਰ ਅੱਜ ਤੱਕ 10ਵੇਂ ਦਿਨ ਮੁਕੰਮਲ ਕਲਮ ਛੋੜ ਹੜਤਾਲ ਕਰਕੇ ਕੰਪਿਊਟਰ ਤੇ ਆਨਲਾਈਨ ਕੰਮ ਬੰਦ ਕਰਦੇ ਹੋਏ ਸਰਕਾਰੀ ਕੰਮਕਾਜ ਠੱਪ ਰੱਖਿਆ ਗਿਆ ਤੇ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਪ੍ਰਤਾਪ ਸਿੰਘ ਜ਼ਿਲ੍ਹਾ ਪ੍ਰਧਾਨ ਪੀ ਐਸ ਐਮ ਐਸ ਯੂ. ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਹੜਤਾਲ ਪੰਜਾਬ ਸਰਕਾਰ ਦੇ ਮੁਲਾਜ਼ਮਾਂ, ਜੋ ਜਨਵਰੀ 2004 ਤੋਂ ਬਾਅਦ ਭਰਤੀ ਹੋਏ ਹਨ, ਉਨ੍ਹਾਂ ਕਰਮਚਾਰੀਆਂ ਦੀਆਂ ਸਾਲ 1972 ਦੇ ਰੂਲਾਂ ਅਨੁਸਾਰ ਪੁਰਾਣੀ ਪੈਨਸ਼ਨ ਹੂ ਬ ਹੂ ਲਾਗੂ ਕਰਨ, ਏ.ਸੀ.ਪੀ. ਸਕੀਮ ਦੀ ਬਹਾਲੀ ਕਰਨ, ਕੇਂਦਰੀ ਪੈਟਰਨ 'ਤੇ ਭਰਤੀ ਬੰਦ ਕਰਵਾਉਣਾ ਤੇ ਡੀ.ਏ. ਦੀਆਂ ਬਕਾਇਆ ਕਿਸ਼ਤਾ, ਛੇਵੇਂ ਪੇ ਕਮਿਸ਼ਨ ਦਾ ਬਕਾਇਆ ਜਾਰੀ ਕਰਵਾਉਣ ਲਈ ਕੀਤੀ ਜਾ ਰਹੀ ਹੈ। ਸ੍ਰੀ ਨਰਿੰਦਰ ਸਿੰਘ ਵਾਟਰ ਸਪਲਾਈ ਵਿਭਾਗ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ ਹੈ।

ਜਸਦੀਪ ਸਿੰਘ ਸੂਬਾ ਜੁਆਇੰਟ ਸਕੱਤਰ ਨੇ ਕਿਹਾ ਕਿ ਹੜਤਾਲ ਦੇ ਚਲਦਿਆਂ ਡੀ. ਸੀ. ਦਫਤਰ ਸਮੇਤ ਹੋਰ ਸਰਕਾਰੀ ਦਫਤਰਾਂ 'ਚ ਲੋਕਾਂ ਦੇ ਕੰਮ ਨਹੀਂ ਹੋ ਸਕੇ। ਇੱਥੋਂ ਤੱਕ ਕਿ ਤਹਿਸੀਲ ਦਫਤਰਾਂ 'ਚ ਲੋਕਾਂ ਦੀਆਂ ਰਜਿਸਟਰੀਆਂ ਵੀ ਨਹੀਂ ਹੋਈਆਂ ਤੇ ਸਰਕਾਰ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਸੁਹਿਰਦ ਨਹੀਂ ਹੈ। ਬੁਲਾਰਿਆਂ ਨੇ ਸਪੱਸ਼ਟ ਕਿਹਾ ਕਿ ਜਦੋਂ ਤੱਕ ਉਨ੍ਹਾਂ ਦੀਆਂ ਮੰਗਾਂ ਦੀ ਪੂਰਤੀ ਨਹੀਂ ਹੁੰਦੀ, ਉਦੋਂ ਤੱਕ ਸੰਘਰਸ਼ ਇਸੇ ਤਰ੍ਹਾਂ ਹੀ ਜਾਰੀ ਰਹੇਗਾ ਤੇ ਆਮ ਲੋਕਾਂ ਨੂੰ ਆਉਣ ਵਾਲੀਆਂ ਮੁਸ਼ਕਲਾਂ ਦੀ ਨਿਰੋਲ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ। ਇਸ ਮੌਕੇ ਅਸ਼ੋਕ ਕੁਮਾਰ, ਸਰਬਜੀਤ ਕੌਰ, ਸੁਨੀਤਾ ਰਾਣੀ, ਰਿਤਿੰਦਰ ਕੌਰ, ਵਾਟਰ ਸਪਲਾਈ ਵਿਭਾਗ, ਗਗਨਦੀਪ ਆਈ.ਬੀ. ਜਵਾਹਰਕੇ, ਪ੍ਰਵੀਨ ਕੁਮਾਰ, ਈ.ਐੱਸ.ਆਈ. ਡਿਸਪੈਂਸਰੀ ਮਾਨਸਾ ਹਾਜ਼ਰ ਸਨ।

# ਗੁਰੂ ਨਾਨਕ ਕਾਲਜ ਵਿਖੇ ਪ੍ਰਕਾਸ਼ ਪੁਰਬ ਨੂੰ ਸਮਰਪਤ ਧਾਰਮਿਕ ਸਮਾਗਮ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਿੱਖਾਂ ਦੇ ਪਹਿਲੇ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਨਾਮ ਨਾਲ ਵਰਸੋਈ ਸੰਸਥਾ ਗੁਰੂ ਨਾਨਕ ਕਾਲਜ ਸ੍ਰੀ ਮੁਕਤਸਰ ਸਾਹਿਬ ਵਿਖੇ ਚੱਲ ਰਹੀ ਪ੍ਰੰਪਰਾ ਅਨੁਸਾਰ ਹਰ ਸਾਲ ਦੀ ਤਰ੍ਹਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 554ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਸਾਲਾਨਾ ਧਾਰਮਿਕ ਸਮਾਗਮ ਦੇ ਸਬੰਧ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਨਿਰਵਿਘਨ ਭੋਗ ਸ਼ਰਧਾ ਭਾਵਨਾ ਨਾਲ ਪਾਏ ਗਏ। ਭੋਗ ਉਪਰੰਤ ਸੰਗਤਾਂ ਨੇ ਰਾਗੀ ਜੱਥਾ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਵੱਲੋਂ ਕੀਤੇ ਇਲਾਹੀ ਬਾਣੀ ਦੇ ਕੀਰਤਨ ਤੇ ਆਨੰਦ ਸਾਹਿਬ ਦੇ ਪਾਠ ਦਾ ਆਨੰਦ ਮਾਣਿਆ। ਇਸ ਮੌਕੇ ਡਾ. ਸੁਖਵਿੰਦਰ ਸਿੰਘ, ਸਹਾਇਕ ਪ੍ਰੋਫੈਸਰ ਪੰਜਾਬੀ, ਇੰਚਾਰਜ ਗੁਰਮਤਿ ਸਭਾ ਨੇ ਗੁਰੂ ਨਾਨਕ ਦੇਵ ਜੀ ਦੇ ਸਿਧਾਂਤਾਂ ਨੂੰ ਵਿਸਥਾਰ ਵਿੱਚ ਸੰਗਤ ਨਾਲ ਸਾਂਝਾ ਕਰਦਿਆਂ ਜਪ, ਤਪ ਤੇ ਸੰਜਮ ਦੇ ਫਲਸਫੇ ਦੀ ਲੋੜ 'ਤੇ ਜ਼ੋਰ ਦਿੱਤਾ। ਇਸ ਤੋਂ ਇਲਾਵਾ ਭਾਈ ਸੁਖਵਿੰਦਰ ਸਿੰਘ ਤੇ ਭਾਈ ਗੁਰਸਾਹਿਬ ਸਿੰਘ ਨੇ ਗੁਰੂ ਨਾਨਕ ਦੇਵ ਜੀ ਦੇ ਜਨਮ ਤੋਂ ਲੈ ਕੇ ਉਨ੍ਹਾਂ ਦੇ ਸਿਧਾਂਤਾਂ, ਸਾਖੀਆਂ ਤੇ ਉਦਾਸੀਆਂ ਦਾ ਸੰਖਿਪਤ ਵਰਨਣ ਆਪਣੀ ਧਾਰਮਿਕ ਕਵਿਤਾ ਰਾਹੀਂ ਕੀਤਾ। ਕਾਲਜ ਪ੍ਰਿੰਸੀਪਲ ਡਾ. ਤੇਜਿੰਦਰ ਕੌਰ ਧਾਲੀਵਾਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ 'ਕਿਰਤ ਕਰੋ, ਵੰਡ ਛਕੋ ਤੇ ਨਾਮ ਜਪੋ' ਨੂੰ ਜੀਵਨ ਵਿੱਚ ਅਪਣਾ ਕੇ ਮਨੁੱਖੀ ਜਨਮ ਨੂੰ ਸਫਲ ਕਰਨਾ ਚਾਹੀਦਾ ਹੈ। ਇਸ ਧਾਰਮਿਕ ਸਾਲਾਨਾ ਸਮਾਗਮ ਦੀ ਸਮਾਪਤੀ 'ਤੇ ਆਈਆਂ ਹੋਈਆਂ ਸੰਗਤਾਂ ਨੂੰ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ।

# ਵਿਧਾਇਕ ਸੁਖਾਨੰਦ ਵੱਲੋਂ ਲੰਗੇਆਣਾ ਨਵਾਂ 'ਚ ਥਾਪਰ ਮਾਡਲ ਦਾ ਉਦਘਾਟਨ

## ਪਿੰਡ ਵਾਸੀਆਂ ਨੂੰ ਸੈਰ-ਸਪਾਟਾ ਤੇ ਕਸਰਤ ਲਈ ਮਿਲੇਗਾ ਵੱਡਾ ਤੋਹਫਾ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਇੱਥੋਂ ਨੇੜਲੇ ਪਿੰਡ ਲੰਗੇਆਣਾ ਨਵਾਂ ਵਿਖੇ ਹਲਕਾ ਬਾਘਾ ਪੁਰਾਣਾ ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਵੱਲੋਂ 24 ਲੱਖ 55 ਹਜ਼ਾਰ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਥਾਪਰ ਮਾਡਲ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਲੰਗੇਆਣਾ ਨਵਾਂ ਦੇ ਸਰਪੰਚ ਜਗਸੀਰ ਸਿੰਘ ਦੇ ਇਲਾਵਾ ਸਮੁੱਚੀ ਪੰਚਾਇਤ ਦੀ ਹਾਜ਼ਰੀ ਵਿੱਚ ਵਿਧਾਇਕ ਸੁਖਾਨੰਦ ਨੇ ਇਸ ਪ੍ਰਾਜੈਕਟ ਦੇ ਨਿਰਮਾਣ ਦਾ ਉਦਘਾਟਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਪੰਜਾਬ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ। ਉਨ੍ਹਾ ਕਿਹਾ ਕਿ ਉਸ ਵੱਲੋਂ ਹਲਕੇ ਦੇ ਸਰਬਪੱਖੀ ਵਿਕਾਸ ਲਈ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਹਲਕੇ ਦੇ ਪਿੰਡਾਂ ਲਈ ਪੰਜਾਬ ਸਰਕਾਰ ਤੋਂ ਕਰੋੜਾਂ ਰੁਪਏ ਦੀਆਂ ਗ੍ਰਾਂਟਾਂ ਮਨਜ਼ੂਰ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਉਸ ਦੇ ਹਲਕੇ ਦਾ ਸਰਬਪੱਖੀ ਵਿਕਾਸ ਹੋ ਸਕੇ। ਇਸ ਮੌਕੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਕਿਹਾ ਕਿ ਜਦੋਂ ਇਹ ਥਾਪਰ ਮਾਡਲ ਬਣ ਕੇ ਤਿਆਰ ਹੋ ਗਿਆ ਤਾਂ ਪਿੰਡ ਵਾਸੀਆਂ ਨੂੰ ਸੈਰ-ਸਪਾਟਾ ਤੇ ਕਸਰਤ ਕਰਨ ਲਈ ਕੋਈ ਮੁਸ਼ਕਲ ਪੇਸ਼ ਨਹੀਂ ਆਵੇਗੀ ਤੇ ਇਹ ਇੱਕ ਅਜਿਹਾ ਮਾਡਲ ਤਿਆਰ ਹੋਵੇਗਾ ਕਿ ਆਸ-ਪਾਸ ਦੇ ਪਿੰਡਾਂ ਵਾਲੇ ਵੀ ਇਸ ਜਗ੍ਹਾ ਨੂੰ ਦੇਖਣ ਆਇਆ ਕਰਨਗੇ। ਉਨ੍ਹਾ ਕਿਹਾ ਕਿ ਇਸ ਸਾਰੇ ਮਾਡਲ ਛੱਪੜ ਨੂੰ ਇੰਟਰਲਾਕ ਟਾਇਲਾਂ ਨਾਲ ਲੈਸ ਕੀਤਾ ਜਾਵੇਗਾ ਤੇ ਪਿੰਡ ਦੇ ਲੋਕ ਸਵੇਰੇ-ਸ਼ਾਮ ਇਸ ਜਗ੍ਹਾ ਉਪਰ ਸੈਰ ਤੇ ਕਸਰਤ ਕਰਿਆ ਕਰਨਗੇ।

ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਪ੍ਰਿੰਸੀਪਲ ਕਪਤਾਨ ਸਿੰਘ ਗਿੱਲ, ਲਖਵਿੰਦਰ ਸਿੰਘ ਬਰਾੜ, ਸੁੱਖਾ ਲੰਗੇਆਣੀਆਂ, ਗੁਰਮੀਤ ਸਿੰਘ ਗੋਪੀ, ਜਗਦੀਸ਼ਪਾਲ ਪੰਚ, ਅੰਗਰੇਜ਼ ਸਿੰਘ ਗੇਜਾ ਪੰਚ, ਮੰਦਰ ਸਿੰਘ ਫੌਜੀ ਪੰਚ, ਡਾ. ਅਵਤਾਰ ਸਿੰਘ ਪੰਚ, ਗੁਰਤੇਜ ਸਿੰਘ ਪੰਚ, ਜਗਮੋਹਨ ਸਿੰਘ ਪੰਚ, ਛਿੰਦਾ ਖਾਨ ਪੰਚ, ਜਗਦੇਵ ਸਿੰਘ ਪ੍ਰਧਾਨ, ਹਰਜਿੰਦਰ ਸਿੰਘ ਗਿੰਦਾ ਵਾਇਸ ਪ੍ਰਧਾਨ, ਸੈਕਟਰੀ ਮਨਪ੍ਰੀਤ ਸਿੰਘ, ਬਲਾਕ ਪ੍ਰਧਾਨ ਮਨਜੀਤ ਸਿੰਘ ਰਾਜਿਆਣਾ, ਸਟੇਟ ਜਾਇੰਟ ਸਕੱਤਰ ਗੁਰਵਿੰਦਰ ਸਿੰਘ ਡਾਲਾ ਪੰਚਾਇਤ ਸਕੱਤਰ ਮਨਪ੍ਰੀਤ ਸਿੰਘ ਹਾਜ਼ਰ ਸਨ। ਅੰਤ ਵਿੱਚ ਸਰਪੰਚ ਜਗਸੀਰ ਸਿੰਘ ਤੇ ਯੂਥ ਆਗੂ ਸੁੱਖਾ ਲੰਗੇਆਣੀਆਂ ਨੇ ਵਿਧਾਇਕ ਦਾ ਧੰਨਵਾਦ ਕੀਤਾ।

# ਤੀਸਰੇ ਸ੍ਰੀ ਸ਼ਿਆਮ ਮਹਾਂਉਤਸਵ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ

## 23 ਨੂੰ ਕੱਢੀ ਜਾਵੇਗੀ ਨਿਸ਼ਾਨ ਯਾਤਰਾ : ਸੁਮਿਤ



**ਨਾਭਾ (ਵਰਿੰਦਰ ਵਰਮਾ)**-ਸ੍ਰੀ ਸ਼ਿਆਮ ਪਰਵਾਰ ਸੰਘ ਨਾਭਾ ਵੱਲੋਂ ਤੀਸਰਾ ਸ੍ਰੀ ਸ਼ਿਆਮ ਵੰਦਨਾ ਮਹਾਂਉਤਸਵ ਤੇ ਭੰਡਾਰਾ ਬੜੀ ਧੂਮਧਾਮ ਤੇ ਸ਼ਰਧਾ ਨਾਲ 26 ਨਵੰਬਰ ਨੂੰ ਸ਼ਾਮ 6 ਵਜੇ ਤੋਂ ਰਿਪੁਦਮਨ ਕਾਲਜ ਸਟੇਡੀਅਮ ਵਿਖੇ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਭਜਨ ਗਾਇਕ ਕਨ੍ਹੱਈਆ ਮਿੱਤਲ ਤੇ ਬ੍ਰਿਜ ਰਸ ਅਨੁਰਾਗੀ ਸਾਧਵੀ ਪੂਰਨਿਮਾ ਪੂਨਮ ਦੀਦੀ ਸ੍ਰੀ ਸ਼ਿਆਮ ਭਜਨਾਂ ਨਾਲ ਸੰਗਤ ਨੂੰ ਨਿਹਾਲ ਕਰਨਗੇ। ਸ਼ਿਆਮ ਪਰਵਾਰ ਵੱਲੋਂ ਮਹਾਂਉਤਸਵ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ, ਇਸ ਸਬੰਧੀ ਅੱਜ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਮੁੱਖ ਸੇਵਾਦਾਰ ਸੁਮਿਤ ਗੋਇਲ ਸੈਟੀ ਨੇ ਦੱਸਿਆ ਕਿ ਮਹਾਉਤਸਵ 'ਚ ਸ਼ਿਆਮ ਬਾਬਾ ਦਾ ਵਿਸ਼ਾਲ ਦਰਬਾਰ ਕੋਲਕਾਤਾ ਦੇ ਵੱਖ-ਵੱਖ ਤਰ੍ਹਾਂ ਦੇ ਫੁੱਲਾਂ ਨਾਲ ਸਜਾਇਆ ਜਾਵੇਗਾ। ਇਸ ਮੌਕੇ ਬਾਬਾ ਸ਼ਿਆਮ ਨੂੰ ਛੱਪਣ ਭੋਗ ਲਗਾਇਆ ਜਾਵੇਗਾ। ਉਨ੍ਹਾ ਦੱਸਿਆ ਕਿ ਇਸ ਮਹਾਂਉਤਸਵ ਦੇ ਸੰਬੰਧ 'ਚ 23 ਨਵੰਬਰ ਨੂੰ ਵਿਸ਼ਾਲ ਨਿਸ਼ਾਨ ਯਾਤਰਾ ਕੱਢੀ ਜਾ ਰਹੀ ਹੈ, ਜੋ ਡੇਰਾ ਮੋਤੀਪੁਰਾ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਮੁੱਖ ਬਾਜ਼ਾਰਾਂ ਵਿੱਚੋਂ ਦੀ ਹੁੰਦੀ ਹੋਈ ਸ੍ਰੀ ਨੈਣਾ ਦੇਵੀ ਮੰਦਿਰ ਕੋਰਟ ਰੋਡ ਵਿਖੇ ਸਮਾਪਤ ਹੋਵੇਗੀ। ਇਸ ਮੌਕੇ ਸੁਮਿਤ ਗੋਇਲ ਸੈਟੀ, ਮਯੰਕ ਗੁਪਤਾ, ਗੌਰਵ ਜਿੰਦਲ, ਤਰੁਣ ਗੁਪਤਾ, ਸੌਰਵ ਜਿੰਦਲ, ਰੋਹਿਨ ਬਾਂਸਲ, ਕਮਲ ਗੋਇਲ, ਵਿਕਾਸ ਮਿੱਤਲ, ਮੋਹਿਤ ਬਾਂਸਲ, ਅਸ਼ਵਨੀ ਸਚਦੇਵਾ, ਰੋਬਿਨ ਅਰੋੜਾ, ਵਿਸ਼ਾਲ ਸ਼ਰਮਾ, ਮਯੰਕ ਜਿੰਦਲ, ਸੰਦੀਪ ਗਰਗ, ਮੋਹਿਤ ਜਿੰਦਲ, ਅਮਨਦੀਪ ਭਾਟੀਆ ਆਦਿ ਮੈਂਬਰ ਹਾਜ਼ਰ ਸਨ।

# ਜੀ ਐੱਚ ਜੀ ਅਕੈਡਮੀ ਵਿਖੇ ਪ੍ਰਸ਼ਨੋਤਰੀ ਮੁਕਾਬਲੇ ਕਰਵਾਏ



**ਜਗਰਾਓਂ (ਅਮਿਤ ਖੰਨਾ)**-ਜੀ. ਐੱਚ. ਜੀ. ਅਕੈਡਮੀ ਜਗਰਾਓਂ ਵਿਖੇ ਬੱਚਿਆਂ ਦੀ ਪੜ੍ਹਾਈ ਦੇ ਨਾਲ-ਨਾਲ ਉਨ੍ਹਾਂ ਦੇ ਸਰਵ-ਪੱਖੀ ਵਿਕਾਸ ਲਈ ਵੱਖ-ਵੱਖ ਗਤੀਵਿਧੀਆਂ ਦਾ ਸਮੇਂ-ਸਮੇਂ 'ਤੇ ਆਯੋਜਨ ਕੀਤਾ ਜਾਂਦਾ ਹੈ। ਬੀਤੇ 16 ਨਵੰਬਰ ਨੂੰ ਪ੍ਰਿੰਸੀਪਲ ਸ੍ਰੀਮਤੀ ਰਮਨਜੋਤ ਗਰੇਵਾਲ ਦੀ ਯੋਗ ਅਗਵਾਈ ਵਿੱਚ ਨੌਵੀਂ ਜਮਾਤ ਦੇ ਵਿਦਿਆਰਥੀਆਂ ਦਾ ਵਿਗਿਆਨ ਤੇ ਹਿਸਾਬ ਵਿਸ਼ਿਆਂ ਦਾ ਪ੍ਰਸ਼ਨੋਤਰੀ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਸਾਰੇ ਹੀ ਵਿਦਿਆਰਥੀਆਂ ਨੇ ਜੋਸ਼ ਨਾਲ ਵੱਧ-ਚੜ੍ਹ ਕੇ ਹਿੱਸਾ ਲਿਆ। ਸਾਇੰਸ ਅਧਿਆਪਕ ਪ੍ਰਭਜੋਤ ਕੌਰ ਤੇ ਹਿਸਾਬ ਦੇ ਅਧਿਆਪਕ ਸ੍ਰੀਮਤੀ ਪਰਮਿੰਦਰ ਕੌਰ ਦੀ ਦੇਖ-ਰੇਖ 'ਚ ਵਿਦਿਆਰਥੀਆਂ ਦਾ ਮੁਕਾਬਲਾ ਕਰਵਾਇਆ ਗਿਆ। ਉਨ੍ਹਾਂ ਨੂੰ ਹਿਸਾਬ ਵਿਸ਼ੇ ਤੇ ਸਾਇੰਸ ਵਿਸ਼ੇ ਨਾਲ ਸਬੰਧਤ ਵੱਖ-ਵੱਖ ਪ੍ਰਸ਼ਨ ਪੁੱਛੇ ਗਏ। ਚਾਰੋ ਹਾਊਸ ਦੇ ਵਿਦਿਆਰਥੀਆਂ ਨੂੰ ਆਪਣੇ-ਆਪਣੇ ਹਾਊਸ ਮੁਤਾਬਕ ਟੀਮਾਂ ਵਿੱਚ ਵੰਡਿਆ ਗਿਆ ਤੇ ਉਨ੍ਹਾਂ ਨੂੰ ਅਧਿਆਪਕਾਂ ਦੁਆਰਾ ਤਿੰਨ ਰਾਊਂਡ ਵਿੱਚ ਇਨ੍ਹਾਂ ਵਿਸ਼ਿਆਂ ਨੂੰ ਰੌਚਕ ਬਣਾਉਂਦੇ ਹੋਏ ਪ੍ਰਸ਼ਨ ਪੁੱਛੇ ਗਏ। ਇਸ ਮੁਕਾਬਲੇ ਵਿੱਚ ਵਿਗਿਆਨ ਵਿਸ਼ੇ 'ਚ ਨੌਵੀਂ ਡੀ ਨੇ ਪਹਿਲਾ ਸਥਾਨ ਹਾਸਲ ਕੀਤਾ। ਨੌਵੀਂ ਬੀ ਤੇ ਸੀ ਦੂਜੇ ਸਥਾਨ 'ਤੇ ਅਤੇ ਨੌਵੀਂ ਏ ਨੇ ਤੀਜਾ ਸਥਾਨ ਹਾਸਲ ਕੀਤਾ। ਹਿਸਾਬ ਦੇ ਵਿਸ਼ੇ ਵਿੱਚ ਨੌਵੀਂ ਏ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਨੌਵੀਂ ਸੀ ਤੇ ਡੀ ਕ੍ਰਮਵਾਰ ਦੂਜੇ ਤੇ ਤੀਜੇ ਸਥਾਨ 'ਤੇ ਰਹੀਆਂ। ਸਕੂਲ ਦੇ ਪ੍ਰਿੰਸੀਪਲ ਮੈਡਮ ਨੇ ਦਰਜਾ ਪ੍ਰਾਪਤ ਕਰਨ ਵਾਲੀਆਂ ਜਮਾਤਾਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਨੇ ਕਿਹਾ ਕਿ ਵਿਦਿਆਰਥੀਆਂ ਅੰਦਰ ਪੜ੍ਹਾਈ ਪ੍ਰਤੀ ਰੁਚੀ ਜਗਾਉਣ ਲਈ ਪੜ੍ਹਾਈ ਨੂੰ ਰੌਚਕ ਬਣਾਉਣਾ ਬਹੁਤ ਜ਼ਰੂਰੀ ਹੈ। ਇਸ ਲਈ ਜੀ. ਐੱਚ. ਜੀ. ਅਕੈਡਮੀ ਵੱਲੋਂ ਸਮੇਂ-ਸਮੇਂ 'ਤੇ ਵਿਦਿਆਰਥੀਆਂ ਨੂੰ ਵੱਖ-ਵੱਖ ਢੰਗਾਂ ਰਾਹੀਂ ਪੜ੍ਹਾਉਣ ਦੇ ਉਪਰਾਲੇ ਕੀਤੇ ਜਾਂਦੇ ਹਨ ਤੇ ਭਵਿੱਖ 'ਚ ਵੀ ਇਸ ਤਰ੍ਹਾਂ ਕੀਤੇ ਜਾਂਦੇ ਰਹਿਣਗੇ।

# ਆਈ ਐੱਸ ਐੱਫ ਕਾਲਜ 'ਚ ਵਿਸ਼ਵ ਡਾਇਬਿਟੀਜ਼ ਦਿਵਸ ਮਨਾਇਆ



**ਮੋਗਾ (ਅਮਰਜੀਤ ਬੱਬਰੀ)**-ਸੂਬੇ ਦੀ ਪ੍ਰਮੁੱਖ ਵਿੱਦਿਅਕ ਸੰਸਥਾ ਆਈ.ਐੱਸ.ਐੱਫ. ਕਾਲਜ ਆਫ ਫਾਰਮੇਸੀ ਵਿਖੇ ਡਿਪਾਰਟਮੈਂਟ ਆਫ ਫਾਰਮ. ਡੀ. ਦੇ ਵਿਦਿਆਰਥੀਆਂ ਵੱਲੋਂ ਵਿਸ਼ਵ ਡਾਇਬਿਟੀਜ਼ ਦਿਵਸ 'ਤੇ ਲੋਕਾਂ ਵਿੱਚ ਇਸ ਦੇ ਪ੍ਰਤੀ ਜਾਗਰੂਕਤਾ ਪੈਦਾ ਕਰਨ ਦਾ ਸੰਦੇਸ਼ ਦਿੱਤਾ। ਡਾ. ਸੌਰਭ ਕੋਸੇ ਕੋਆਰਡੀਨੇਟਰ ਨੇ ਦੱਸਿਆ ਕਿ ਦੇਸ਼ ਵਿੱਚ ਡਾਇਬਿਟੀਜ਼ ਦੇ ਮਰੀਜ਼ ਵਧ ਰਹੇ ਹਨ, ਜਿਸ ਦਾ ਮੁੱਖ ਕਾਰਨ ਲੋਕਾਂ ਵਿੱਚ ਇਸ ਦੇ ਪ੍ਰਤੀ ਜਾਣਕਾਰੀ ਦੀ ਘਾਟ ਤੇ ਡਾਇਬਿਟੀਜ਼ ਨੂੰ ਸਰਲ ਬਿਮਾਰੀ ਸਮਝਦੇ ਹੋਏ ਇਸ ਵੱਲ ਧਿਆਨ ਨਹੀਂ ਦੇ ਰਹੇ ਹਨ, ਜਦਕਿ ਡਾਇਬਿਟੀਜ਼ ਕਈ ਬਿਮਾਰੀਆਂ ਨੂੰ ਜਨਮ ਦਿੰਦੀ ਹੈ ਤੇ ਕਈ ਬਾਰ ਜਾਨਲੇਵਾ ਵੀ ਸਾਬਿਤ ਹੋ ਸਕਦੀ ਹੈ। ਲੋਕਾਂ ਨੂੰ ਜਾਗਰੂਕ ਕਰਨ ਲਈ ਵਿਸ਼ਵ ਡਾਇਬਿਟੀਜ਼ ਦਿਵਸ 'ਤੇ ਇਸ ਵੱਲ ਧਿਆਨ ਦੇਣ ਲਈ ਆਕਰਸ਼ਤ ਕੀਤਾ। ਇਸ ਮੌਕੇ ਸੰਸਥਾ ਦੇ ਚੇਅਰਮੈਨ ਪ੍ਰਵੀਨ ਗਰਗ, ਸੈਕਟਰੀ ਇੰਜੀ. ਜਨੇਸ਼ ਗਰਗ, ਡਾ. ਮੁਸਕਾਨ ਗਰਗ, ਡਾਇਰੈਕਟਰ ਡਾ. ਜੀ. ਡੀ. ਗੁਪਤਾ, ਵਾਇਸ ਪ੍ਰਿੰਸੀਪਲ ਡਾ. ਆਰ. ਕੇ. ਨਾਰੰਗ ਤੇ ਸਮੂਹ ਫੈਕਿਲਟੀ ਸਟਾਫ ਨੇ ਡਿਪਾਰਟਮੈਂਡ ਆਫ ਫਾਰਮ. ਡੀ. ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ।

# ਪਰਾਲੀ ਨਾ ਸਾੜਨ ਸੰਬੰਧੀ ਲੋਕਾਂ ਨੂੰ ਕੀਤਾ ਜਾਗਰੂਕ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸਾਉਣੀ ਦੇ ਸੀਜ਼ਨ ਦੌਰਾਨ ਝੋਨੇ ਦੀ ਪਰਾਲੀ ਨੂੰ ਅੱਗ ਲੱਗਣ ਦੀਆਂ ਲਗਾਤਾਰ ਵਧ ਰਹੀਆਂ ਘਟਨਾਵਾਂ ਦੇ ਚਲਦਿਆਂ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਜਾਗਰੂਕ ਕਰਨ ਲਈ ਪੂਰੀ ਮੁਸਤੈਦੀ ਵਰਤੀ ਜਾ ਰਹੀ ਹੈ। ਇਸੇ ਤਹਿਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਪਿੰਡਾਂ 'ਚ ਜਾਗਰੂਕਤਾ ਕੈਂਪ ਲਗਾ ਕੇ ਲੋਕਾਂ ਨੂੰ ਪਰਾਲੀ ਸਾੜਨ ਨਾਲ ਵਾਤਾਵਰਨ ਤੇ ਮਨੁੱਖੀ ਸਿਹਤ ਲਈ ਪੈਦਾ ਹੋਣ ਵਾਲੇ ਨੁਕਸਾਨਾਂ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ। ਇਸ ਦੌਰਾਨ ਨਾਇਬ ਤਹਿਸੀਲਦਾਰ ਪਾਤੜਾਂ ਕਰਮਜੀਤ ਸਿੰਘ ਵੱਲੋਂ ਪਿੰਡ ਮੌਲਵੀਵਾਲਾ ਵਿਖੇ ਕਿਸਾਨਾਂ ਤੇ ਪਿੰਡ ਦੇ ਪਤਵੰਤੇ ਵਿਅਕਤੀਆਂ ਨਾਲ ਮੀਟਿੰਗ ਕਰਕੇ ਪਰਾਲੀ ਨਾ ਸੜਨ ਦੀ ਅਪੀਲ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਉਨ੍ਹਾ ਦੱਸਿਆ ਕਿ ਪਰਾਲੀ ਸਾੜਨ ਨਾਲ ਨਾ ਸਿਰਫ ਵਾਤਾਵਰਨ ਪਲੀਤ ਹੋ ਰਿਹਾ ਹੈ, ਸਗੋਂ ਇਸ ਦੇ ਮਨੁੱਖੀ ਸਿਹਤ ਉੱਤੇ ਵੀ ਬੇਹੱਦ ਮਾੜੇ ਪ੍ਰਭਾਵ ਵੇਖਣ ਨੂੰ ਮਿਲ ਰਹੇ ਹਨ। ਹਵਾ ਦੇ ਗੰਧਲੇ ਹੋਣ ਕਰਕੇ ਬੱਚੇ ਤੇ ਵਡੇਰੀ ਉਮਰ ਦੇ ਬਜ਼ੁਰਗਾਂ ਨੂੰ ਸਾਹ ਲੈਣ ਵਿੱਚ ਮੁਸ਼ਕਲ ਆ ਰਹੀ ਹੈ। ਉਨ੍ਹਾ ਕਿਹਾ ਕਿ ਖੇਤਾਂ ਵਿੱਚ ਝੋਨੇ ਦੀ ਰਹਿੰਦ ਖੂੰਹਦ ਨੂੰ ਲਗਾਈ ਗਈ ਅੱਗ ਕਰਕੇ ਲੱਖਾਂ ਦੀ ਗਿਣਤੀ 'ਚ ਜੀਵ, ਜੰਤੂ ਤੇ ਪੰਛੀ ਮਾਰ ਕੇ ਅਸੀਂ ਪਾਪਾਂ ਦੇ ਭਾਗੀ ਵੀ ਬਣਦੇ ਹਾਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਬਲਜੀਤ ਸਿੰਘ, ਨੰਬੜਦਾਰ ਸਬਾਜ ਸਿੰਘ ਸੰਧੂ, ਸਰਬਜੀਤ ਸਿੰਘ ਸਮਰਾ, ਭੁਪਿੰਦਰਜੀਤ ਸਿੰਘ, ਕਾਮਰੇਡ ਜਸਵੰਤ ਸਿੰਘ ਤੇ ਜਸਪਿੰਦਰ ਸਿੰਘ ਲਾਡੀ ਆਦਿ ਹਾਜ਼ਰ ਸਨ।



ਮੀਟਿੰਗ ਕਰਦੇ ਹੋਏ ਨਾਇਬ ਤਹਿਸੀਲਦਾਰ ਪਾਤੜਾਂ ਕਰਮਜੀਤ ਸਿੰਘ।

# ਕਲਾਸ ਫੌਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਦਾ ਇਜਲਾਸ 19 ਨੂੰ ਫਰੀਦਕੋਟ 'ਚ

**ਕੋਟਕਪੂਰਾ (ਰਛਪਾਲ ਭੁੱਲਰ)**-ਦੀ ਕਲਾਸ ਫੌਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਦਾ ਇਜਲਾਸ 19 ਨਵੰਬਰ ਨੂੰ ਸਵੇਰੇ 11 ਵਜੇ ਸਰਕਾਰੀ ਬਰਜਿੰਦਰਾ ਕਾਲਜ ਫਰੀਦਕੋਟ ਵਿਖੇ ਕੀਤਾ ਜਾ ਰਿਹਾ ਹੈ। ਜਥੇਬੰਦੀ ਦੇ ਆਗੂਆਂ ਨਛੱਤਰ ਸਿੰਘ ਭਾਣਾ, ਇਕਬਾਲ ਸਿੰਘ ਰਣ ਸਿੰਘ ਵਾਲਾ, ਬਲਕਾਰ ਸਿੰਘ, ਇਕਬਾਲ ਸਿੰਘ ਢੁੱਡੀ, ਰਮੇਸ਼ ਢੈਪਈ, ਅਮਰਜੀਤ ਕੌਰ ਰਣ ਸਿੰਘ ਵਾਲਾ, ਸਿੰਬਲਜੀਤ ਕੌਰ, ਕੁਲਬੀਰ ਸਿੰਘ ਸਰਾਵਾਂ ਤੇ ਹਰਵਿੰਦਰ ਸ਼ਰਮਾ ਨੇ ਦੱਸਿਆ ਕਿ ਇਜਲਾਸ ਦੌਰਾਨ ਜ਼ਿਲ੍ਹਾ ਸਕੱਤਰ ਵੱਲੋਂ ਜਥੇਬੰਦਕ ਰਿਪੋਰਟ ਅਤੇ ਵਿੱਤ ਸਕੱਤਰ ਵੱਲੋਂ ਆਪਣੀ ਵਿੱਤੀ ਰਿਪੋਰਟ ਪੇਸ਼ ਕੀਤੀ ਜਾਵੇਗੀ। ਦੋਨਾਂ ਰਿਪੋਰਟਾਂ 'ਤੇ ਹਾਜ਼ਰੀਨ ਡੈਲੀਗੇਟਾਂ ਵੱਲੋਂ ਅਪਣੇ ਵਿਚਾਰ ਰੱਖੇ ਜਾਣਗੇ ਅਤੇ ਦੋਨੋਂ ਰਿਪੋਰਟਾਂ ਪਾਸ ਹੋਣ ਉਪਰੰਤ ਅਗਲੇ ਸਮੇਂ ਲਈ ਜ਼ਿਲ੍ਹਾ ਕਮੇਟੀ ਦੀ ਚੋਣ ਕੀਤੀ ਜਾਵੇਗੀ। ਇਸ ਮੌਕੇ ਸੂਬੇ ਵੱਲੋਂ ਬਤੌਰ ਨਿਗਰਾਨ ਸੂਬਾ ਚੇਅਰਮੈਨ ਸਾਥੀ ਸੁਖਦੇਵ ਸਿੰਘ ਸੁਰਤਾਪੁਰੀ ਅਤੇ ਸੂਬਾ ਸਕੱਤਰ ਜਨਰਲ ਰਣਜੀਤ ਸਿੰਘ ਰਾਣਵਾਂ ਅਤੇ ਫੈਡਰੇਸ਼ਨ ਦੇ ਅਡੀਸ਼ਨਲ ਜਨਰਲ ਸਕੱਤਰ ਪ੍ਰੇਮ ਚਾਵਲਾ ਵਿਸੇਸ਼ ਤੌਰ 'ਤੇ ਸ਼ਾਮਲ ਹੋਣਗੇ।

ਡੈਲੀਗੇਟ ਕਾਨਫਰੰਸ ਦੌਰਾਨ ਚੌਥਾ ਦਰਜਾ ਮੁਲਾਜ਼ਮਾਂ ਦੇ ਭਖਦੇ ਮਸਲੇ ਪੁਨਰਗਠਨ ਦੌਰਾਨ ਵੱਖੋ ਵੱਖ ਵਿਭਾਗਾਂ ਚੋਂ ਗਰੁੱਪ-ਡੀ ਮੁਲਾਜ਼ਮਾਂ ਦੀਆਂ ਖਤਮ ਕੀਤੀਆਂ ਅਸਾਮੀਆਂ ਦੀ ਬਹਾਲੀ, ਹਰ ਤਰਾਂ ਦੇ ਕੱਚੇ ਠੇਕਾ ਅਤੇ ਆਊਟਸੋਰਸ ਮੁਲਾਜ਼ਮਾਂ ਦੀਆਂ ਸੇਵਾਵਾਂ ਨਿਯਮਤ ਕਰਨਾ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨੀ, 66 ਮਹੀਨਿਆਂ ਦਾ ਤਨਖਾਹ ਕਮਿਸ਼ਨ ਦਾ ਬਕਾਇਆ, ਡੀ ਏ ਦਾ ਬਕਾਇਆ ਅਤੇ 4.ਫੀਸਦੀ ਡੀ ਏ ਦੀਆਂ ਤਿੰਨ ਡਿਊ ਕਿਸ਼ਤਾਂ ਦੀ ਅਦਾਇਗੀ ਕਰਨ ਸਮੇਤ ਠੇਕਾ ਪ੍ਰਣਾਲੀ ਦਾ ਮਕੰਮਲ ਖਾਤਮਾ ਕਰਕੇ ਖਾਲੀ ਅਸਾਮੀਆਂ ਤੇ ਪੂਰੇ ਤਨਖਾਹ ਸਕੇਲਾਂ ਵਿੱਚ ਭਰਤੀ ਯਕੀਨੀ ਬਣਾਉਣ ਆਦਿ ਮੰਗਾਂ ਪ੍ਰਤੀ ਮੌਜੂਦਾ ਭਗਵੰਤ ਮਾਨ ਸਰਕਾਰ ਦੀ ਬੇਰੁਖੀ ਪ੍ਰਤੀ ਵਿਚਾਰਾਂ ਕੀਤੀਆਂ ਜਾਣਗੀਆਂ ।

# ਭਾਜਪਾ ਵਰਕਰਾਂ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸ਼ਰਧਾਂਜਲੀ ਕੀਤੀ ਭੇਟ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਭਾਜਪਾ ਦੇ ਬਲਾਕ ਪ੍ਰਧਾਨ ਦੀਪਕ ਤਲਵਾੜ ਦੀ ਅਗਵਾਈ ਵਿਚ ਭਾਜਪਾ ਦਫਤਰ ਵਿਖੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਵਸ ਮੌਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਪ੍ਰਦੀਪ ਤਲਵਾੜ ਜ਼ਿਲ੍ਹਾ ਸੈਕਟਰੀ, ਗਗਨਦੀਪ ਲੂੰਬਾ ਯੁਵਾ ਮੋਰਚਾ ਪ੍ਰਧਾਨ, ਪੰਕਜ ਅਰੋੜਾ ਆਈ ਟੀ ਸੈੱਲ ਪ੍ਰਧਾਨ, ਨਵਦੀਪ ਤਲਵਾੜ ਵਾਈਸ ਪ੍ਰਧਾਨ, ਡਾ. ਗੁਲਸ਼ਨ ਖਜ਼ਾਨਚੀ, ਅਜੇ ਗੂੰਬਰ ਵਾਈਸ ਪ੍ਰਧਾਨ, ਸੁਭਾਸ਼ ਸ਼ਰਮਾ ਵਾਰਡ ਪ੍ਰਧਾਨ, ਦੀਪਕ ਸ਼ਰਮਾ ਵਾਈਸ, ਸੌਰਵ ਗਰਗ ਵਾਈਸ ਪ੍ਰਧਾਨ ਯੁਵਾ ਮੋਰਚਾ, ਲਖਵਿੰਦਰ ਸਿੰਘ ਕੈਂਥ ਬੀ ਸੀ ਮੋਰਚਾ ਪ੍ਰਧਾਨ, ਵਿਨੋਦ ਕੁਮਾਰ ਪ੍ਰਵਾਸੀ ਸੈੱਲ ਪ੍ਰਧਾਨ, ਰਮੇਸ਼ ਕੁਮਾਰ, ਸ਼ੈਂਕੀ ਅਰੋੜਾ ਵਾਈਸ ਪ੍ਰਧਾਨ ਯੁਵਾ ਮੋਰਚਾ, ਰਣਜੀਤ ਸਿੰਘ ਵੱਲੋਂ ਵੀ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਤਸਵੀਰ 'ਤੇ ਫੁੱਲ ਭੇਟ ਕਰ ਕੇ ਉਨ੍ਹਾਂ ਦੀ ਕੁਰਬਾਨੀ ਨੂੰ ਯਾਦ ਕੀਤਾ ਗਿਆ। ਬਲਾਕ ਪ੍ਰਧਾਨ ਦੀਪਕ ਤਲਵਾੜ ਨੇ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਜਨਮ 24 ਮਈ 1896 ਨੂੰ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਸਰਾਭਾ ਵਿਖੇ ਸ. ਮੰਗਲ ਸਿੰਘ ਅਤੇ ਬੀਬੀ ਸਾਹਿਬ ਕੌਰ ਦੇ ਘਰ ਹੋਇਆ। ਉਨ੍ਹਾਂ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਅੰਦਰ ਦੇਸ਼ ਭਗਤੀ ਮੁੱਢੋਂ ਹੀ ਭਰੀ ਹੋਈ ਸੀ। ਦੇਸ਼ ਵਿਚ ਭਾਰਤੀਆਂ ਨਾਲ ਹੁੰਦੇ ਵਿਤਕਰੇ ਨੂੰ ਦੇਖ ਕੇ ਉਸ ਦੀ ਰੂਹ ਕੁਰਲਾ ਉੱਠੀ ਅਤੇ ਉਹ ਦਿਨ-ਰਾਤ ਭਾਰਤ ਨੂੰ ਅਜ਼ਾਦ ਕਰਵਾਉਣ ਦੇ ਸੁਪਨੇ ਲੈਣ ਲੱਗੇ। ਉਨ੍ਹਾਂ ਨੌਜਵਾਨਾਂ ਨੂੰ ਸੁਨੇਹਾ ਦਿੰਦਿਆਂ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਜ਼ਿੰਦਗੀ ਚਾਹੇ ਛੋਟੀ ਰਹੀ ਪਰ ਉਹ ਸਾਰਿਆਂ ਲਈ ਪ੍ਰੇਰਨਾ ਦਾ ਸੋਮਾ ਹੈ। ਸਾਡਾ ਸਾਰਿਆਂ ਦਾ ਭਾਰਤੀ ਨਾਗਰਿਕ ਹੋਣ ਦੇ ਨਾਤੇ ਇਹ ਫਰਜ਼ ਬਣਦਾ ਹੈ ਕਿ ਦੇਸ਼ ਦੇ ਸ਼ਹੀਦਾਂ ਵੱਲੋਂ ਦਿੱਤੀਆਂ ਸ਼ਹਾਦਤਾਂ ਨੂੰ ਯਾਦ ਰੱਖੀਏ। ਇਸ ਮੌਕੇ ਉਕਤ ਦੇ ਇਲਾਵਾ ਪਾਰਟੀ ਆਗੂ ਅਤੇ ਵਰਕਰ ਹਾਜ਼ਰ ਸਨ।

# ਪ੍ਰੈੱਸ ਤੇ ਪ੍ਰਸ਼ਾਸਨ ਦਾ ਨਹੁੰ-ਮਾਸ ਵਾਲਾ ਰਿਸ਼ਤਾ : ਡੀ ਸੀ



**ਮੋਗਾ (ਅਮਰਜੀਤ ਬੱਬਰੀ)**-ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ ਨੇ ਰਾਸ਼ਟਰੀ ਪ੍ਰੈੱਸ ਦਿਵਸ ਮੌਕੇ ਪੱਤਰਕਾਰਤਾ ਨਾਲ ਜੁੜੀਆਂ ਵੱਖ ਵੱਖ ਪ੍ਰੈੱਸ ਕਲੱਬਾਂ, ਐਸੋਸੀਏਸ਼ਨਾਂ ਤੇ ਸਮੂਹ ਪੱਤਰਕਾਰ ਭਾਈਚਾਰੇ ਨੂੰ ਵਧਾਈ ਦਿੱਤੀ ਅਤੇ ਲੋਕਤੰਤਰ ਦੇ ਚੌਥੇ ਥੰਮ੍ਹ ਪ੍ਰੈੱਸ/ਮੀਡੀਆ ਨੂੰ ਭੈ-ਮੁਕਤ ਹੋ ਕੇ ਨਿਰਪੱਖ ਪੱਤਰਕਾਰੀ ਕਰਨ ਦਾ ਸੱਦਾ ਦਿੱਤਾ। ਉਨ੍ਹਾ ਕਿਹਾ ਕਿ ਪ੍ਰੈੱਸ ਤੇ ਪ੍ਰਸ਼ਾਸਨ ਦਾ ਨਹੁੰ-ਮਾਸ ਵਾਲਾ ਰਿਸ਼ਤਾ ਹੈ ਤੇ ਦੋਵੇਂ ਧਿਰਾਂ ਦੇ ਮਿਲਵਰਤਣ ਨਾਲ ਲੋਕ ਭਲਾਈ ਸਕੀਮਾਂ, ਵਿਕਾਸ ਕਾਰਜਾਂ ਦਾ ਲਾਭ ਆਮ ਲੋਕਾਂ ਤੱਕ ਪੁੱਜਦਾ ਹੈ। ਕਿਹਾ ਕਿ ਅੱਜ ਦੇ ਦਿਨ ਸਾਨੂੰ ਪ੍ਰਣ ਕਰਨਾ ਚਾਹੀਦਾ ਹੈ ਕਿ ਅਸੀਂ ਸਮਾਜ ਤੇ ਦੇਸ਼ ਦੀ ਬਿਹਤਰੀ ਲਈ ਹੋਰ ਮਿਹਨਤ ਨਾਲ ਕੰਮ ਕਰੀਏ। ਉਨ੍ਹਾ ਕਿਹਾ ਕਿ 16 ਨਵੰਬਰ 1966 ਤੋਂ ਇਹ ਦਿਨ ਰਾਸ਼ਟਰੀ ਪ੍ਰੈੱਸ ਦਿਵਸ ਦੇ ਤੌਰ 'ਤੇ ਮਨਾਇਆ ਜਾਂਦਾ ਹੈ, ਜੋ ਕਿ ਸਾਡੇ ਦੇਸ਼ ਵਿੱਚ ਸੁਤੰਤਰ ਤੇ ਜ਼ਿੰਮੇਵਾਰ ਪ੍ਰੈੱਸ ਦੀ ਮੌਜੂਦਗੀ ਦਾ ਸੰਕੇਤ ਦਿੰਦਾ ਹੈ ਅਤੇ ਪ੍ਰੈੱਸ ਦੀ ਆਜ਼ਾਦੀ ਤੇ ਜ਼ਿੰਮੇਵਾਰੀ ਵੱਲ ਸਾਡਾ ਧਿਆਨ ਕੇਂਦਰਿਤ ਕਰਦਾ ਹੈ। ਉਨ੍ਹਾ ਕਿਹਾ ਕਿ ਰਾਸ਼ਟਰੀ ਪ੍ਰੈੱਸ ਦਿਵਸ ਦਾ ਮਕਸਦ ਪੱਤਰਕਾਰਾਂ ਨੂੰ ਸ਼ਸ਼ਕਤੀਕਰਨ ਦੇ ਉਦੇਸ਼ ਨਾਲ ਆਪਣੇ ਆਪ ਨੂੰ ਮੁੜ ਸਰਗਰਮ ਕਰਨ ਦਾ ਮੌਕਾ ਪ੍ਰਦਾਨ ਕਰਦਾ ਹੈ। ਉਨ੍ਹਾ ਪੱਤਰਕਾਰ ਭਾਈਚਾਰੇ ਨੂੰ ਸ਼ੁੱਭ-ਕਾਮਨਾਵਾਂ ਦਿੰਦਿਆਂ ਉਨ੍ਹਾਂ ਨੂੰ ਅੱਜ ਦੇ ਦਿਨ ਤੋਂ ਹੋਰ ਪ੍ਰੇਰਨਾ ਲੈ ਕੇ ਸਮਾਜ ਦੇ ਅਣਗੌਲੇ ਲੋਕਾਂ ਲਈ ਹੋਰ ਵੱਧ ਸ਼ਿਦਤ ਨਾਲ ਕੰਮ ਕਰਨ ਦੀ ਅਪੀਲ ਕੀਤੀ।

# ਵਿਸ਼ੇਸ਼ ਪਲੇਸਮੈਂਟ ਡਰਾਈਵ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਤੇ ਡੀਕੈਥਲੋਨ 'ਚ ਭਾਈਵਾਲੀ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਡੀਕੈਥਲੋਨ ਜੋ ਕਿ ਖੇਡਾਂ ਦੇ ਸਮਾਨ ਅਤੇ ਲਿਬਾਸ ਵਿੱਚ ਗਲੋਬਲ ਲੀਡਰ ਹੈ ਦੁਆਰਾ ਇੱਕ ਨਿਵੇਕਲੀ ਪਲੇਸਮੈਂਟ ਡਰਾਈਵ 17 ਨਵੰਬਰ ਨੂੰ ਯੂਨੀਵਰਸਿਟੀ ਕੈਂਪਸ ਵਿਖੇ ਆਯੋਜਿਤ ਕੀਤੀ ਗਈ। ਇਹ ਡਰਾਈਵ ਯੂਨੀਵਰਸਿਟੀ ਵਿਦਿਆਰਥੀਆਂ ਲਈ ਦੁਨੀਆ ਦੇ ਪ੍ਰਮੁੱਖ ਖੇਡਾਂ ਦੇ ਸਮਾਨ ਦੇ ਰਿਟੇਲਰਾਂ ਦੇ ਨਾਲ ਜੁੜਨ ਦਾ ਮੌਕਾ ਪ੍ਰਦਾਨ ਕਰਦਾ ਹੈ। ਡੀਕੈਥਲੋਨ ਇੱਕ ਸਰਗਰਮ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ ਪ੍ਰਤੀ ਆਪਣੀ ਵਚਨਬੱਧਤਾ ਲਈ ਮਸ਼ਹੂਰ ਹੈ। ਪਲੇਸਮੈਂਟ ਡਰਾਈਵ ਵਿਚ ਵਿਦਿਆਰਥੀਆਂ ਨੂੰ ਡੀਕੈਥਲੋਨ ਦੇ ਨੁਮਾਇੰਦੇ ਨਾਲ ਗੱਲਬਾਤ ਕਰਨ ਲਈ ਇੱਕ ਵਿਲੱਖਣ ਪਲੇਟਫਾਰਮ ਪ੍ਰਦਾਨ ਕੀਤਾ ਗਿਆ ਅਤੇ ਖੇਡ ਉਦਯੋਗ ਦੇ ਅੰਦਰ ਵਿਭਿੰਨ ਕੈਰੀਅਰ ਮਾਰਗਾਂ ਬਾਰੇ ਜਾਣਕਾਰੀ ਦੇ ਕੇ ਸੰਭਾਵੀ ਤੌਰ 'ਤੇ ਸੁਰੱਖਿਅਤ ਨੌਕਰੀ ਦੇ ਅਹੁਦਿਆਂ ਲਈ ਇੰਟਰਵਿਊ ਲਈ ਤਿਆਰ ਹੈ। ਡਾ. ਕਮਲਜੀਤ ਕੌਰ, ਟਰੇਨਿੰਗ ਅਤੇ ਪਲੇਸਮੈਂਟ ਮੁਖੀ ਨੇ ਦੱਸਿਆ ਕਿ ਡੀਕੈਥਲੋਨ ਉਤਪਾਦਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਦੀ ਪੇਸ਼ਕਸ਼ ਕਰਦਾ ਹੈ। ਗਤੀਵਿਧੀਆਂ ਨਵੀਨਤਾ, ਸਥਿਰਤਾ ਤੇ ਇੱਕ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ ਲਈ ਕੰਪਨੀ ਦੀ ਵਚਨਬੱਧਤਾ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸਵ ਯੂਨੀਵਰਸਿਟੀ ਦੇ ਲੋਕਾਚਾਰ ਨਾਲ ਸਹਿਜਤਾ ਨਾਲ ਮੇਲ ਖਾਂਦਾ ਹੈ। ਡਾ. ਪ੍ਰਿਤਪਾਲ ਸਿੰਘ ਵਾਈਸ ਚਾਂਸਲਰ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਹਿਗੜ੍ਹ ਸਾਹਿਬ ਨੇ ਵਿਦਿਆਰਥੀਆਂ ਨੂੰ ਪ੍ਰਮੁੱਖ ਗਲੋਬਲ ਕੰਪਨੀਆਂ ਨਾਲ ਜੋੜਨ ਲਈ ਯੂਨੀਵਰਸਿਟੀ ਦੇ ਸਮਰਪਣ 'ਤੇ ਜ਼ੋਰ ਦਿੰਦੇ ਹੋਏ ਵਿਦਿਆਰਥੀਆਂ ਦੇ ਸਹਿਯੋਗ ਲਈ ਵੀ ਪ੍ਰਸ਼ੰਸਾ ਕੀਤੀ।

# ਚੰਡੀਗੜ੍ਹ ਮੋਰਚੇ ਦੀਆਂ ਤਿਆਰੀਆਂ ਮੁਕੰਮਲ : ਭਾਕਿਯੂ (ਏਕਤਾ) ਡਕੌਂਦਾ



**ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ/ਅਸ਼ੋਕ ਲਾਕੜਾ)**-ਭਾਰਤੀ ਕਿਸਾਨ ਯੂਨੀਅਨ (ਏਕਤਾ) ਡਕੌਂਦਾ ਦੀ ਬੁਢਲਾਡਾ ਬਲਾਕ ਪ੍ਰਧਾਨ ਸੱਤਪਾਲ ਸਿੰਘ ਵਰ੍ਹੇ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਪਾਤਸ਼ਾਹੀ ਨੌਵੀਂ ਵਿਖੇ ਅਤੇ ਮਾਨਸਾ ਤੇ ਭੀਖੀ ਬਲਾਕ ਦੀ ਮੀਟਿੰਗ ਡੇਰਾ ਬਾਬਾ ਰਤਨ ਦਾਸ ਨੇੜੇ ਕੈਂਚੀਆਂ ਵਿਖੇ ਜ਼ਿਲ੍ਹਾ ਪ੍ਰਧਾਨ ਲਖਵੀਰ ਸਿੰਘ ਅਕਲੀਆ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਉਚੇਚੇ ਤੌਰ 'ਤੇ ਸੰਯੁਕਤ ਕਿਸਾਨ ਮੋਰਚੇ ਦੀਆਂ ਕਿਸਾਨੀ ਮੰਗਾਂ ਜਿਵੇ ਕਿ ਹੜ੍ਹਾਂ ਦੀ ਮਾਰ ਦਾ ਮੁਆਵਜ਼ਾ, ਸਮਾਰਟ ਮੀਟਰ, ਅਬਾਦਕਾਰ ਕਿਸਾਨਾਂ ਨੂੰ ਮਾਲਕੀ ਹੱਕ ਦਿਵਾਉਣ, ਦਿੱਲੀ ਮੋਰਚੇ ਦੀਆਂ ਰਹਿੰਦੀਆਂ ਮੰਗਾਂ ਦੀ ਪੂਰਤੀ, ਮੱਕੀ, ਮੂੰਗੀ ਤੇ ਸਬਜ਼ੀਆਂ 'ਤੇ ਐੱਮ ਐੱਸ ਪੀ, ਕਰਜ਼ਾ ਮੁਕਤੀ, ਪਰਾਲੀ ਦੇ ਕੇਸ ਰੱਦ ਕਰਵਾਉਣ, ਫਸਲੀ ਬੀਮਾ ਤੇ ਗੰਨੇ ਦੇ ਰੇਟ ਆਦਿ ਮੰਗਾਂ ਨੂੰ ਲੈ ਕੇ ਤਿੰਨ ਰੋਜ਼ਾ 26, 27 ਤੇ 28 ਨਵੰਬਰ ਨੂੰ ਚੰਡੀਗੜ੍ਹ ਵਿਖੇ ਲੱਗ ਰਹੇ ਮੋਰਚੇ ਦੀਆਂ ਤਿਆਰੀਆਂ ਸੰਬੰਧੀ ਡਿਊਟੀਆਂ ਲਗਾਈਆਂ ਗਈਆਂ। ਕਿਸਾਨ ਆਗੂ ਕੁਲਵੰਤ ਸਿੰਘ ਕਿਸ਼ਨਗੜ੍ਹ ਨੇ ਕਿਹਾ ਕਿ ਇਸ 72 ਘੰਟਿਆਂ ਦੇ ਮੋਰਚੇ ਦੀ ਸਫਲਤਾ ਲਈ ਹਰ ਇੱਕ ਪਰਿਵਾਰ ਆਪਣਾ ਬਣਦਾ ਯੋਗਦਾਨ ਪਾਵੇ। ਉਨ੍ਹਾ ਕਿਹਾ ਕਿ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਕਿਸਾਨਾਂ ਤੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਵੱਲ ਧਿਆਨ ਦੇਵੇ। ਪਿਛਲਾ ਇਤਿਹਾਸ ਗਵਾਹ ਹੈ ਕਿ ਜਦੋਂ ਵੀ ਕਿਰਤੀ ਲੋਕ ਸਿਰ ਜੋੜ ਕੇ ਲੜੇ ਹਨ ਤਾਂ ਜਿੱਤ ਹਮੇਸ਼ਾ ਲੋਕਾਂ ਦੀ ਹੀ ਹੋਈ ਹੈ। ਸੂਬਾ ਆਗੂ ਮੱਖਣ ਸਿੰਘ ਭੈਣੀ ਬਾਘਾ ਨੇ ਕਿਹਾ ਕਿ ਅਬਾਦਕਾਰ ਕਿਸਾਨਾਂ ਨੂੰ ਮਾਲਕੀ ਹੱਕ ਦਿਵਾਉਣ ਲਈ ਚੱਲ ਰਹੇ ਪਿੰਡ ਕੂਲਰੀਆਂ ਦੇ ਸੰਘਰਸ਼ ਨੂੰ ਜਾਨ ਹੀਲ ਕੇ ਲੜਿਆ ਜਾਵੇਗਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜੇਕਰ ਪੁਲਸ ਪ੍ਰਸ਼ਾਸਨ ਵੱਲੋਂ ਕੂਲਰੀਆਂ ਜਬਰ ਦੇ ਦੋਸ਼ੀਆਂ ਨੂੰ 18 ਨਵੰਬਰ ਤੱਕ ਗ੍ਰਿਫਤਾਰ ਨਾ ਕੀਤਾ ਗਿਆ ਤਾਂ ਜਥੇਬੰਦੀ ਅਗਲਾ ਸੰਘਰਸ਼ ਉਲੀਕਣ ਲਈ ਮਜਬੂਰ ਹੋਵੇਗੀ। ਇਸ ਮੌਕੇ ਬਲਵਿੰਦਰ ਸ਼ਰਮਾ, ਜਗਦੇਵ ਸਿੰਘ ਕੋਟਲੀ, ਦੇਵੀ ਰਾਮ, ਗੁਰਜੰਟ ਮਘਾਣੀਆਂ, ਬਲਜੀਤ ਸਿੰਘ ਭੈਣੀ ਬਾਘਾ, ਤਾਰਾ ਚੰਦ ਬਰੇਟਾ, ਗੁਰਚਰਨ ਸਿੰਘ ਉੱਲਕ, ਹਰਚੇਤ ਸਿੰਘ ਚਕੇਰੀਆਂ ਆਦਿ ਮੌਜੂਦ ਸਨ।

# 'ਕਹਾਣੀਕਾਰ ਜਰਨੈਲ ਪੁਰੀ ਦੀਆਂ ਸਾਰੀਆਂ ਕਹਾਣੀਆਂ' ਪੁਸਤਕ ਰਿਲੀਜ਼



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸਾਹਿਤ ਸਰਵਰ ਬਰਨਾਲਾ ਵੱਲੋਂ ਇਲਾਕੇ ਦੇ ਮੋਢੀ ਕਹਾਣੀਕਾਰ ਜਰਨੈਲ ਪੁਰੀ ਦੀਆਂ ਕਹਾਣੀਆਂ ਦੀ ਵੱਡ ਆਕਾਰੀ ਪੁਸਤਕ ਉਨ੍ਹਾਂ ਦੇ ਜੱਦੀ ਪਿੰਡ ਸਹਿਬਾਜ਼ਪੁਰਾ ਵਿਖੇ ਲੋਕਾਂ ਦੇ ਇਕੱਠ ਵਿਚ ਰਿਲੀਜ਼ ਕੀਤੀ ਗਈ। ਕਿਤਾਬ ਰਿਲੀਜ਼ ਕਰਨ ਦੀ ਰਸਮ ਸ਼੍ਰੋਮਣੀ ਸਾਹਿਤਕਾਰ, ਪੰਜਾਬੀ ਸਾਹਿਤ ਅਕੈਡਮੀ ਦੇ ਸਾਬਕਾ ਪ੍ਰਧਾਨ ਅਤੇ ਪ੍ਰਸਿੱਧ ਕਵੀ ਗੁਰਭਜਨ ਗਿੱਲ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਅਤੇ ਉਨ੍ਹਾਂ ਨਾਲ ਫਾਂਸੀ ਦਾ ਰੱਸਾ ਚੁੰਮਣ ਵਾਲੇ ਛੇ ਸਾਥੀਆਂ ਦੀ ਸ਼ਹਾਦਤ ਨੂੰ ਸਮਰਪਤ ਕਰਵਾਏ ਗਏ ਪ੍ਰੋਗਰਾਮ ਵਿਚ ਅਦਾ ਕੀਤੀ। ਉਨ੍ਹਾ ਕਿਹਾ ਕਿ ਜਰਨੈਲ ਪੁਰੀ ਪੰਜਾਬੀ ਦੇ ਪ੍ਰਪੱਕ ਕਹਾਣੀਕਾਰ ਸਨ। ਉਨ੍ਹਾ ਨੇ ਮਲਵਈ ਜੀਵਨ ਨੂੰ ਹੂਬਹੂ ਚਿਤਰਿਆ ਅਤੇ ਲੋਕਾਂ ਦੇ ਦੁੱਖਾਂ ਸੁੱਖਾਂ ਦੀ ਬਾਤ ਪਾਈ। ਉਨ੍ਹਾਂ ਕਿਹਾ ਕਿ ਬੂਟਾ ਸਿੰਘ ਚੌਹਾਨ ਅਤੇ ਤੇਜਾ ਸਿੰਘ ਤਿਲਕ ਨੇ ਉਨ੍ਹਾਂ ਦੀਆਂ ਸਾਰੀਆਂ ਕਹਾਣੀਆਂ ਇਕ ਪੁਸਤਕ ਵਿਚ ਸਾਂਭ ਕੇ ਵਡਮੁੱਲਾ ਕਾਰਜ ਕੀਤਾ ਹੈ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਕਿਸੇ ਯੂਨੀਵਰਸਿਟੀ ਤੋਂ ਇਸ ਪੁਸਤਕ 'ਤੇ ਖੋਜ ਕਾਰਜ ਵੀ ਕਰਵਾਉਣਗੇ। ਪੰਜਾਬੀ ਸਾਹਿਤ ਅਕੈਡਮੀ ਲੁਧਿਆਣਾ ਦੇ ਜਨਰਲ ਸਕੱਤਰ ਡਾ. ਗੁਰਇਕਬਾਲ ਸਿੰਘ ਨੇ ਕਿਹਾ ਕਿ ਜਰਨੈਲ ਪੁਰੀ ਮਲਵਈ ਕਹਾਣੀ ਵਿਚ ਸਥਾਪਤ ਨਾਂਅ ਹੈ। ਪੁਸਤਕ ਦੇ ਸੰਪਾਦਕ ਤੇਜਾ ਸਿੰਘ ਤਿਲਕ ਨੇ ਕਿਹਾ ਕਿ ਇਸ ਵੱਡ ਆਕਾਰੀ ਪੁਸਤਕ ਵਿਚ ਜਰਨੈਲ ਪੁਰੀ ਦੇ ਛੇ ਕਹਾਣੀ ਸੰਗ੍ਰਹਿ ਸ਼ਾਮਲ ਕੀਤੇ ਗਏ ਹਨ। ਬੂਟਾ ਸਿੰਘ ਚੌਹਾਨ ਨੇ ਕਿਹਾ ਕਿ ਇਸ ਪੁਸਤਕ 'ਤੇ ਇਕ ਆਲੋਚਨਾਤਮਕ ਪੁਸਤਕ ਦਾ ਸੰਪਾਦਨ ਵੀ ਕਰਵਾਇਆ ਜਾਵੇਗਾ ਤਾਂ ਕਿ ਖੋਜਾਰਥੀਆਂ ਲਈ ਖੋਜ ਕਾਰਜ ਕਰਨਾ ਆਸਾਨ ਹੋ ਸਕੇ। ਡਾ. ਭੁਪਿੰਦਰ ਸਿੰਘ ਬੇਦੀ, ਪ੍ਰੋ: ਬਬਲਜੀਤ ਸਿੰਘ, ਬਲਵੀਰ ਕੌਰ ਰਾਏਕੋਟੀ ਅਤੇ ਲਖਵੀਰ ਸਿੰਘ ਉੱਪਲ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਸਰਪੰਚ ਜਗਦੀਸ਼ਪਾਲ ਸਿੰਘ ਦਾਦ, ਜਗਮੇਲ ਸਿੱਧੂ ਮੈਂਬਰ ਸਲਾਹਕਾਰ ਬੋਰਡ ਭਾਰਤੀ ਸਾਹਿਤ ਅਕੈਡਮੀ ਦਿੱਲੀ, ਡਾ. ਹਰਮਿੰਦਰ ਸਿੰਘ ਸਿੱਧੂ, ਅਮਰਜੀਤ ਸਿੰਘ ਸਹਿਬਾਜ਼ਪੁਰਾ, ਰਘਵੀਰ ਸਿੰਘ, ਸੋਹਣ ਸਿੰਘ, ਮੁੱਖ ਅਧਿਆਪਕ ਦਲਵਾਰ ਸਿੰਘ, ਨਾਜਰ ਸਿੰਘ ਅਤੇ ਪ੍ਰਦੀਪ ਸਿੰਘ ਵੀ ਹਾਜ਼ਰ ਸਨ। ਇਸ ਮੌਕੇ ਵਿਸ਼ਵ ਪੰਜਾਬੀ ਸਭਾ ਕੈਨੇਡਾ ਦੀ ਭਾਰਤ ਦੀ ਪ੍ਰਧਾਨ ਪੰਜਾਬੀ ਕਵਿੱਤਰੀ ਬਲਵੀਰ ਕੌਰ ਰਾਏਕੋਟੀ ਨੇ ਸਮੂਹ ਲੇਖਕਾਂ ਨੂੰ ਦਸਤਾਰਾਂ ਅਤੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਚਿੱਤਰ ਭੇਟ ਕਰਕੇ ਸਨਮਾਨਤ ਕੀਤਾ। ਅੰਤ 'ਚ ਲਖਵੀਰ ਸਿੰਘ ਉੱਪਲ ਨੇ ਬਾਹਰੋਂ ਆਏ ਲੇਖਕਾਂ ਦਾ ਸਨਮਾਨ ਕਰਕੇ ਧੰਨਵਾਦ ਕੀਤਾ।

# ਸਾਰੇ ਧਰਮ ਪ੍ਰਮਾਤਮਾ ਨਾਲ ਜੁੜਨ ਦੀ ਪ੍ਰੇਰਨਾ ਦਿੰਦੇ : ਪ੍ਰਨੀਤ ਕੌਰ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਮਾਤਾ ਨੈਣਾ ਆਰੀਆ ਧਰਮਸ਼ਾਲਾ ਵਿਖੇ ਆਰੀਆ ਸਮਾਜ ਦੇ ਸਾਲਾਨਾ ਸਮਾਗਮ ਦੇ ਦੂਜੇ ਦਿਨ ਮੁੱਖ ਮਹਿਮਾਨ ਵਜੋਂ ਲੋਕ ਸਭਾ ਮੈਂਬਰ ਮਹਾਰਾਣੀ ਪ੍ਰਨੀਤ ਕੌਰ ਨੇ ਸ਼ਿਰਕਤ ਕੀਤੀ, ਜਿਨ੍ਹਾਂ ਨਾਲ ਬੀਜੇਪੀ ਦੇ ਜ਼ਿਲ੍ਹਾ ਪ੍ਰਧਾਨ ਹਰਮੇਸ਼ ਡਕਾਲਾ, ਹਲਕਾ ਸਮਾਣਾ ਦੇ ਇੰਚਾਰਜ ਸੁਰਿੰਦਰ ਸਿੰਘ ਖੇੜਕੀ, ਜ਼ਿਲ੍ਹਾ ਸਕੱਤਰ ਸੰਜੀਵ ਗਰਗ, ਪਵਨ ਕੁਮਾਰ ਘੱਗਾ ਤੋਂ ਇਲਾਵਾ ਸ਼ਹਿਰ ਦੀਆਂ ਹੋਰ ਸਨਮਾਨਤ ਹਸਤੀਆਂ ਵੀ ਹਾਜ਼ਰ ਸਨ। ਸਮਾਗਮ ਦੀ ਸ਼ੁਰੂਆਤ ਪ੍ਰਨੀਤ ਕੌਰ ਵੱਲੋਂ ਸੰਸਥਾ ਦਾ ਝੰਡਾ ਫਹਿਰਾਉਣ ਉਪਰੰਤ ਹੋਈ। ਪ੍ਰਨੀਤ ਕੌਰ ਨੇ ਆਰੀਆ ਸਮਾਜ ਵੱਲੋਂ ਸਾਲਾਨਾ ਸਮਾਗਮ ਕਰਾਏ ਜਾਣ 'ਤੇ ਆਰੀਆ ਸਭਾ ਸਮਾਜ ਦੇ ਪ੍ਰਬੰਧਕਾਂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਇਹ ਬਹੁਤ ਵਧੀਆ ਉਪਰਾਲਾ ਹੈ, ਜਿਸ ਨਾਲ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਵੇਦ ਸ਼ਾਸਤਰਾਂ ਬਾਰੇ ਵੀ ਪਤਾ ਚੱਲਦਾ ਹੈ। ਉਨ੍ਹਾ ਕਿਹਾ ਕਿ ਸਾਰੇ ਧਰਮ ਪ੍ਰਮਾਤਮਾ ਨਾਲ ਜੋੜਨ ਦੀ ਗੱਲ ਕਰਦੇ ਹਨ। ਇਸ ਜੱਗ ਵਿੱਚ ਸਕੂਲੀ ਬੱਚਿਆਂ ਨੇ ਸਾਂਸਦ ਪ੍ਰਨੀਤ ਕੌਰ ਤੇ ਹੋਰ ਆਏ ਮਹਿਮਾਨਾਂ ਦੇ ਸਵਾਗਤ ਵਿੱਚ ਗੀਤ ਗਾਇਨ ਕੀਤਾ। ਇਸ ਮੌਕੇ ਅੰਤਰਰਾਸ਼ਟਰੀ ਵੈਦਿਕ ਪ੍ਰਚਾਰਕ ਆਨੰਦ ਪੁਰਸਾਰਥੀ ਨੇ ਵੇਦ ਮੰਤਰਾਂ ਦਾ ਪਾਠ ਕਰਕੇ ਹਵਨ ਯੱਗ ਕਰਵਾਇਆ। ਇਸ ਮੌਕੇ ਸੰਸਥਾ ਦੇ ਪ੍ਰਬੰਧਕ ਯਸਪਾਲ ਸਿੰਗਲਾ ਤੇ ਦਇਆਨੰਦ ਮਾਡਲ ਪਬਲਿਕ ਹਾਈ ਸਕੂਲ ਦੀ ਪ੍ਰਿੰਸੀਪਲ ਰੇਖਾ ਸਿੰਗਲਾ ਨੇ ਆਏ ਹੋਏ ਮੁੱਖ ਮਹਿਮਾਨਾਂ ਨੂੰ ਜੀ ਆਇਆਂ ਆਖਿਆ ਤੇ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ।

ਇਸ ਮੌਕੇ ਮਹਿੰਦਰ ਪਾਲ ਗਰਗ, ਜੀਵਨ ਗਰਗ, ਪਵਨ ਬਾਂਸਲ, ਵਿਨੋਦ ਸਿੰਗਲਾ, ਰਜੇਸ਼ ਜੈਨ ਹੀਰਾ, ਨਰੇਸ਼ ਗੁਪਤਾ, ਲੱਡੂ ਭੱਲਾ, ਰਤਨਪਾਲ ਸਿੰਘ ਚੀਮਾ, ਸੁਖਵਿੰਦਰ ਸਿੰਘ ਮਿਆਲਾ, ਦਮਨ ਭੱਲਾ, ਸੈਰੀ ਬਾਂਸਲ, ਅਮਨ ਸ਼ੇਰਗਿੱਲ, ਕੁਲਦੀਪ ਦੀਪਾ, ਜਗਦੀਸ਼ ਵਰਮਾ ਤੋਂ ਇਲਾਵਾ ਸ਼ਹਿਰ ਦੇ ਹੋਰ ਵੀ ਪਤਵੰਤੇ ਸੱਜਣ ਹਾਜ਼ਰ ਸਨ।

# ਸਾਂਝਾ ਫਰੰਟ ਵੱਲੋਂ 1 ਜਨਵਰੀ ਤੋਂ ਵਿਧਾਇਕਾਂ ਤੇ ਮੰਤਰੀਆਂ ਦੀਆਂ ਅੱਗੇ ਕੀਤੇ ਜਾਣਗੇ ਰੋਸ ਪ੍ਰਦਰਸ਼ਨ



**ਜਲੰਧਰ (ਰਾਜੇਸ਼ ਥਾਪਾ)** ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦੀ ਮੀਟਿੰਗ ਹਾਜ਼ਰ ਕਨਵੀਨਰਜ਼ ਦੀ ਪ੍ਰਧਾਨਗੀ ਹੇਠ ਪੈਨਸ਼ਨਰਜ਼ ਭਵਨ ਵਿਖੇ ਕੀਤੀ ਗਈ। ਮੀਟਿੰਗ ਉਪਰੰਤ ਪ੍ਰੈੱਸ ਬਿਆਨ ਜਾਰੀ ਕਰਦਿਆਂ ਸਾਂਝੇ ਫਰੰਟ ਦੇ ਆਗੂਆਂ ਸਤੀਸ਼ ਰਾਣਾ, ਸੁਖਵਿੰਦਰਪਾਲ ਸਿੰਘ ਮੋਲੋਵਾਲੀ, ਭਜਨ ਸਿੰਘ ਗਿੱਲ, ਰਣਜੀਤ ਸਿੰਘ ਰਾਣਵਾਂ, ਐਨ.ਕੇ.ਕਲਸੀ, ਬਾਜ ਸਿੰਘ ਖਹਿਰਾ, ਗਗਨਦੀਪ ਬਠਿੰਡਾ, ਹਰਭਜਨ ਸਿੰਘ ਪਿਲਖਣੀ, ਜਰਮਨਜੀਤ ਸਿੰਘ , ਕਰਮ ਸਿੰਘ ਧਨੋਆ, ਰਤਨ ਸਿੰਘ ਮਜਾਰੀ, ਸੁਖਦੇਵ ਸਿੰਘ ਸੈਣੀ, ਰਾਧੇ ਸ਼ਿਆਮ, ਗੁਰਮੇਲ ਮੈਲਡੇ, ਜਸਵੀਰ ਸਿੰਘ ਤਲਵਾੜਾ, ਬੋਬਿੰਦਰ ਸਿੰਘ, ਸੁਖਵਿੰਦਰ ਸਿੰਘ ਲਵਲੀ, ਸੁਰਜੀਤ ਸਿੰਘ ਗਗੜਾ ਅਤੇ ਦਿਗਵਿਜੇ ਪਾਲ ਸ਼ਰਮਾ ਨੇ ਆਖਿਆ ਕਿ ਮੀਟਿੰਗ ਦੌਰਾਨ ਪੰਜਾਬ ਸਰਕਾਰ ਵੱਲੋਂ ਸਾਂਝਾ ਫਰੰਟ ਨਾਲ ਗੱਲਬਾਤ ਤੋਂ ਭੱਜਣ ਦੀ ਤਿੱਖੇ ਸ਼ਬਦਾ 'ਚ ਨਿਖੇਧੀ ਕੀਤੀ ਗਈ ਅਤੇ ਇਸ ਸਰਕਾਰ ਦੇ ਖਿਲਾਫ ਨਵੇਂ ਸਾਲ 1 ਜਨਵਰੀ ਤੋਂ ਲਗਾਤਾਰ ਆਪ ਸਰਕਾਰ ਦੇ ਹਲਕਾ ਵਿਧਾਇਕਾ ਅਤੇ ਮੰਤਰੀਆਂ ਦੀਆਂ ਕੋਠੀਆਂ ਅੱਗੇ ਧਰਨੇ ਦੇਣ ਦਾ ਫੈਸਲਾ ਕੀਤਾ ਗਿਆ। ਆਗੂਆਂ ਆਖਿਆ ਕਿ ਇਸ ਸੰਘਰਸ਼ ਦੀ ਤਿਆਰੀ ਲਈ 15 ਦਸੰਬਰ ਤੱਕ ਜ਼ਿਲ੍ਹਾ ਮੀਟਿੰਗਾ ਕੀਤੀਆਂ ਜਾਣਗੀਆਂ। ਸਾਂਝਾ ਫਰੰਟ ਦੇ ਉਕਤ ਆਗੂਆਂ ਨੇ ਪੰਜਾਬ ਸਰਕਾਰ 'ਤੇ ਦੋਸ਼ ਲਗਾਇਆ ਕਿ ਪੰਜਾਬ ਸਰਕਾਰ ਪੰਜਾਬ ਦੇ 7 ਲੱਖ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਪ੍ਰਤੀ ਕੀਤੇ ਵਾਅਦਿਆਂ ਤੋਂ ਪੂਰੀ ਤਰ੍ਹਾਂ ਮੁੱਕਰ ਗਈ ਹੈ। ਉਹਨਾਂ ਆਖਿਆ ਕਿ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ 'ਚ ਬਣੀ ਕੈਬਨਿਟ ਸਬ ਕਮੇਟੀ ਵੱਲੋਂ ਸਾਂਝੇ ਫਰੰਟ ਨੂੰ ਵਾਰ ਵਾਰ ਮੀਟਿੰਗਾਂ ਦੇ ਕੇ ਮੁਲਤਵੀ ਕਰਨਾ ਅਤੇ 14 ਅਕਤੂਬਰ ਦੀ ਚੰਡੀਗੜ੍ਹ ਰੈਲੀ ਸਮੇਂ ਮੁੱਖ ਮੰਤਰੀ ਦੇ ਨਵਰਾਜ ਬਰਾੜ ਵੱਲੋਂ ਸਾਂਝਾ ਫਰੰਟ ਨੂੰ ਕੈਬਨਿਟ ਸਬ ਕਮੇਟੀ ਅਤੇ ਫਿਰ ਮੁੱਖ ਮੰਤਰੀ ਨਾਲ ਮੀਟਿੰਗ ਕਰਵਾਉਣ ਦੇ ਵਾਅਦੇ ਤੋਂ ਭਜਣਾ ਸਾਬਿਤ ਕਰਦਾ ਹੈ ਕਿ ਪੰਜਾਬ ਸਰਕਾਰ ਪੰਜਾਬ ਦੇ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਮਾਣ ਭੱਤਾ ਵਰਕਰਾਂ ਦੇ ਸਾਹਮਣੇ ਨੈਤਿਕ ਤੌਰ 'ਤੇ ਹਾਰ ਚੁੱਕੀ ਹੈ। ਇਸ ਮੌਕੇ ਉਕਤ ਆਗੂਆਂ ਤੋਂ ਇਲਾਵਾ ਕੁਲਵਰਨ ਸਿੰਘ , ਧਨਵੰਤ ਸਿੰਘ ਭੱਠਲ, ਚਰਨ ਸਿੰਘ ਸਰਾਭਾ, ਸੁਰਿੰਦਰ ਰਾਮ ਕੁੱਸਾ, ਤੀਰਥ ਸਿੰਘ ਬਾਸੀ, ਐਨ.ਡੀ. ਤਿਵਾੜੀ, ਸ਼ਿਵ ਕੁਮਾਰ ਤਿਵਾੜੀ, ਜੋਗਿੰਦਰ ਸਿੰਘ ਰਾਏ, ਬੀ.ਐਸ.ਸੈਣੀ, ਰਘਵੀਰ ਸਿੰਘ , ਹਰਦੀਪ ਕੁਮਾਰ, ਹਰਪਿੰਦਰ ਪਾਲ ਸਿੰਘ ਗਿੱਲ, ਗੁਰਦੀਪ ਸਿੰਘ ਵਾਲੀਆ, ਮਨਜੀਤ ਸਿੰਘ ਸੈਣੀ, ਦਰਸ਼ਨ ਸਿੰਘ, ਜਗਦੀਸ ਸ਼ਰਮਾ , ਸਰਵਜੀਤ ਸਿੰਘ ਦੋਧਰ, ਬਲਜੀਤ ਸਿੰਘ ਮਾਨ ਆਦਿ ਆਗੂ ਵੀ ਹਾਜ਼ਰ ਸਨ।

# ਸ਼ਹੀਦ ਕਰਤਾਰ ਸਿੰਘ ਸਰਾਭਾ ਅਤੇ ਉਸ ਦੇ ਸਾਥੀਆਂ ਨੂੰ ਕੀਤਾ ਯਾਦ



**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)** ਮਾਲਵਾ ਰੂਰਲ ਐਜੂਕੇਸ਼ਨਲ ਸੁਸਾਇਟੀ (ਰਜਿ:) ਸ੍ਰੀ ਚਮਕੌਰ ਸਾਹਿਬ ਅਧੀਨ ਪਿੰਡ ਬਸੀ ਗੁੱਜਰਾਂ ਵਿਖੇ ਚੱਲ ਰਹੀਆਂ, ਗੁਰਦੇਵ ਸਿੰਘ ਕੰਗ ਯਾਦਗਾਰੀ ਸਿੱਖਿਆ-ਸੰਸਥਾ ਅਤੇ ਡਰੀਮਲੈਂਡ ਪਬਲਿਕ ਸਕੂਲ ਦੇ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੇ, ਵਿਸ਼ੇਸ਼ ਇਕੱਤਰਤਾ ਦੌਰਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਅਤੇ ਉਸਦੇ ਨਾਲ ਹੀ ਸ਼ਹੀਦ ਹੋਏ, ਉਸਦੇ 6 ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਸਮੇਂ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਜੀਵਨੀ 'ਤੇ ਅਧਾਰਤ ਡਾਕੂਮੈਂਟਰੀ ਵਿਖਾਈ ਗਈ ਅਤੇ ਡਾ: ਬਲਜੀਤ ਸਿੰਘ ਵਿਰਕ ਦਾ ਲਿਖਿਆ ਲੇਖ 'ਪਹਿਲੇ ਲਾਹੌਰ ਸਾਜਿਸ਼ ਕੇਸ ਦੇ ਸੱਤ ਸੂਰਮਿਆਂ ਦੀ ਸ਼ਹੀਦੀ' ਪੜ੍ਹਿਆ ਗਿਆ। ਸੰਸਥਾਵਾਂ ਦੇ ਨਿਰਦੇਸ਼ਕ ਸਵਰਨ ਸਿੰਘ ਭੰਗੂ ਹੋਰਾਂ ਨੇ ਦੱਸਿਆ ਕਿ ਬਹੁਤ ਜ਼ਰੂਰੀ ਹੈ ਕਿ ਸਾਨੂੰ ਸਭ ਨੂੰ ਆਪਣੇ ਜੀਵਨ ਦੇ ਰੰਗ ਮਾਣਦੇ ਸਮੇਂ, ਮਨੁੱਖਤਾ ਨੂੰ ਮੋਹ ਕਰਨ ਵਾਲੇ ਸ਼ਹੀਦਾਂ ਦੇ ਅਹਿਸਾਨ ਨੂੰ ਹਮੇਸ਼ਾਂ ਯਾਦ ਰੱਖਿਆ ਜਾਵੇ, ਜਿਨ੍ਹਾਂ ਨੇ ਆਪਣੇ ਲਹੂ ਨਾਲ ਸਾਡੇ ਜੀਵਨ ਵਿੱਚ ਰੰਗ ਭਰੇ ਹਨ। ਇਹ ਵੀ ਬਹੁਤ ਜ਼ਰੂਰੀ ਹੈ ਕਿ ਅਸੀਂ ਜ਼ਿੰਦਗੀ ਦੇ ਨਾਇਕਾਂ ਨੂੰ ਯਾਦ ਰੱਖੀਏ, ਉਨ੍ਹਾਂ ਦੇ ਸ਼ੁਕਰਗੁਜ਼ਾਰ ਰਹੀਏ ਅਤੇ ਖਲਨਾਇਕਾਂ ਨੂੰ ਘ੍ਰਿਣਾ ਕਰਦੇ ਰਹੀਏ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਆ ਕਿ ਦੇਸ਼-ਪਿਆਰ, ਆਪਣੇ-ਆਪ ਨੂੰ ਕੀਤੇ ਮੋਹ ਤੋਂ ਸ਼ੁਰੂ ਹੁੰਦਾ ਹੈ, ਜ਼ਰੂਰੀ ਹੈ ਕਿ ਹਰ ਵਿਦਿਆਰਥੀ ਮਨੁੱਖੀ-ਜੀਵਨ ਦੀ ਅਹਿਮੀਅਤ ਨੂੰ ਸਮਝੇ ਅਤੇ ਆਪਣੇ ਅੱਜ ਨਾਲ ਇਨਸਾਫ ਕਰਨ ਦਾ ਸੰਕਲਪ ਲਵੇ। ਉਨ੍ਹਾਂ ਭਰ ਜਵਾਨੀ ਵਿੱਚ ਸ਼ਹੀਦ ਸਰਾਭਾ ਦੀ ਲਾਸਾਨੀ ਸ਼ਹਾਦਤ ਦਾ ਵਰਨਣ ਕੀਤਾ। ਸੰਸਥਾਵਾਂ ਦੀਆਂ ਪ੍ਰਿੰਸੀਪਲਾਂ ਅਮਨਦੀਪ ਕੌਰ ਅਤੇ ਨਵਪ੍ਰੀਤ ਕੌਰ ਨੇ ਦੱਸਿਆ ਕਿ ਨਿਰਦਈ ਅੰਗਰੇਜ਼ ਹਕੂਮਤ ਨੇ ਬੇਹੱਦ ਜ਼ਾਲਮਾਨਾਂ ਕਾਰਵਾਈ ਕਰਦਿਆਂ ਪਹਿਲੇ ਲਾਹੌਰ ਸਾਜਿਸ਼ ਕੇਸ ਵਿੱਚ ਕਰਤਾਰ ਸਿੰਘ ਸਰਾਭਾ, ਵਿਸ਼ਨੂੰ ਗਣੇਸ਼ ਪਿੰਗਲੇ, ਜਗਤ ਸਿੰਘ, ਹਰਨਾਮ ਸਿੰਘ, ਬਖ਼ਸ਼ੀਸ਼ ਸਿੰਘ, ਸੁਰੈਣ ਸਿੰਘ (ਛੋਟਾ) ਅਤੇ ਸੁਰੈਣ ਸਿੰਘ (ਵੱਡਾ) ਨੂੰ ਫਾਹੇ ਲਾ ਦਿੱਤਾ ਸੀ। ਖੇਡ ਅਧਿਆਪਕ ਵੀਰਇੰਦਰ ਸਿੰਘ ਅਤੇ ਸੰਗੀਤ ਅਧਿਆਪਕ ਸਰਬਜੀਤ ਸਿੰਘ ਮੀਲੂ ਅਨੁਸਾਰ, ਸਾਡੇ ਸ਼ਹੀਦਾਂ ਦੀਆਂ ਇਹ ਸਹਾਦਤਾਂ ਹੀ ਸਨ, ਜਿਨ੍ਹਾਂ ਨੇ ਉਸ ਸਮੇਂ ਅੰਗਰੇਜ਼ ਹਕੂਮਤ ਦੀ ਕਬਰ ਪੁੱਟੀ ਸੀ। ਇਸ ਮੌਕੇ 'ਤੇ ਬੇਅੰਤ ਕੌਰ, ਜਸਮੀਤ ਕੌਰ, ਬਲਜਿੰਦਰ ਸਿੰਘ, ਗਗਨਦੀਪ ਕੌਰ, ਦਲਜੀਤ ਕੌਰ, ਨਰਿੰਦਰ ਸਿੰਘ, ਜਸਪ੍ਰੀਤ ਕੌਰ, ਹਰਦੀਪ ਕੌਰ, ਕਿਰਨਜੋਤ ਕੌਰ, ਵਰਿੰਦਰ ਕੌਰ ਆਦਿ ਸ਼ਾਮਲ ਸਨ।

# ਸਮਾਰਟ ਸਕੂਲ ਵਿਰਕ ਵਿਖੇ 14ਵਾਂ ਸਾਲਾਨਾ ਇਨਾਮ ਵੰਡ ਸਮਾਗਮ ਕਰਵਾਇਆ



**ਅੱਪਰਾ (ਨਿਰਮਲ ਗੁੜਾ)** ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਿਰਕ ਵਿਖੇ 14ਵਾਂ ਸਾਲਾਨਾ ਇਨਾਮ ਵੰਡ ਸਮਾਗਮ ਪ੍ਰਿੰਸੀਪਲ ਸੁਰਿੰਦਰ ਪਾਲ ਅਤੇ ਇੰਚਾਰਜ ਬਲਵਿੰਦਰ ਕੌਰ ਦੀ ਅਗਵਾਈ ਹੇਠ ਕਰਵਾਇਆ ਗਿਆ। ਜਿਥੇ ਪਿੰਡ ਵਿਰਕ ਦੇ ਪੜ੍ਹਾਈ ਅਤੇ ਖੇਡਾਂ ਵਿੱਚ ਵਿਸ਼ੇਸ਼ ਸਥਾਨ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਇਨਾਮ ਦੇ ਕੇ ਹੌਸਲਾ ਹਫਜਾਈ ਕੀਤੀ ਗਈ। ਇਸ ਸਮਾਗਮ ਵਿੱਚ ਉਘੇ ਸਮਾਜ ਸੇਵਕ ਗੁਰਮੇਲ ਸਿੰਘ ਯੂ ਐਸ ਏ ਮੁੱਖ ਮਹਿਮਾਨ ਵਜੋਂ ਪੁੱਜੇ, ਜਦਕਿ ਰਮੇਸ਼ ਚੰਬਾ ਯੂ ਕੇ, ਪ੍ਰੇਮ ਚੰਬਾ ਯੂ ਕੇ ਅਤੇ ਪਤਵੰਤੇ ਸੱਜਣ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਡਾ ਬੀ ਆਰ ਅੰਬੇਡਕਰ ਸੋਸ਼ਲ ਵੈਲਫੇਅਰ ਸੁਸਾਇਟੀ (ਰਜਿ ) ਅਤੇ ਡਾ ਬੀ ਆਰ ਅੰਬੇਡਕਰ ਵਲੰਟੀਅਰ ਯੂਨਿਟ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਕਰਵਾਏ ਇਸ ਸਮਾਗਮ ਵਿੱਚ ਵਿਦਿਆਰਥੀਆਂ ਵਲੋਂ ਜਿਥੇ ਕਵਿਤਾਵਾਂ, ਗੀਤ ਅਤੇ ਭਾਸ਼ਣ ਦਿੱਤੇ ਗਏ, ਉਥੇ ਹੀ ਗਿੱਧਾ, ਭੰਗੜਾ ਅਤੇ ਕੋਰੀਓਗ੍ਰਾਫੀਆਂ ਪੇਸ਼ ਕਰਕੇ ਸਰੋਤਿਆਂ ਦਾ ਮਨੋਰੰਜਨ ਕੀਤਾ ਗਿਆ ।

ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਕਿਹਾ ਕਿ ਵਿਦਿਆ ਇਨਸਾਨ ਦਾ ਤੀਸਰਾ ਨੇਤਰ ਹੈ ਜਿਸ ਨਾਮ ਇਨਸਾਨ ਦਾ ਸਾਰਾ ਜੀਵਨ, ਪਰਵਾਰ ਅਤੇ ਸਮਾਜ ਉਜਵਲ ਹੁੰਦਾ ਹੈ। ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਾਬਕਾ ਸਰਪੰਚ ਸਤਪਾਲ ਵਿਰਕ, ਸਾਬਕਾ ਸਰਪੰਚ ਰਾਮ ਸਰੂਪ ਚੰਬਾ, ਸਰਪੰਚ ਦਰਸ਼ਣਾ ਕੁਮਾਰੀ, ਰਮੇਸ਼ ਕੁਮਾਰ ਜ਼ਿਲ੍ਹਾ ਅਫਸਰ, ਮਾ. ਹਰਬੰਸ ਲਾਲ, ਜਿੰਦਰ ਵਿਰਕ, ਜੀਵਨ ਰਾਮ, ਰਜੇਸ਼ ਭਨੋਟ ਅਤੇ ਪਤਵੰਤੇ ਸੱਜਣ ਹਾਜਰ ਸਨ।

# ਸੰਵਿਧਾਨ ਜਨ-ਜਾਗਰਤੀ ਸੰਮੇਲਨ 19 ਨੂੰ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ—** ਰਾਸ਼ਟਰੀ ਮੂਲਨਿਵਾਸੀ ਸੰਘ ਯੂਨਿਟ ਫਗਵਾੜਾ ਵੱਲੋਂ ਸੰਵਿਧਾਨ ਦਿਵਸ ਦੇ ਸਬੰਧ 'ਚ ਸੰਵਿਧਾਨ ਜਨ-ਜਾਗਰਤੀ ਸੰਮੇਲਨ 19 ਨਵੰਬਰ ਦਿਨ ਐਤਵਾਰ ਨੂੰ ਡਾ. ਅੰਬੇਡਕਰ ਪਾਰਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਕਰਾਇਆ ਜਾ ਰਿਹਾ ਹੈ। ਇਸ ਸਮਾਗਮ ਦੀਆਂ ਤਿਆਰੀਆਂ ਸਬੰਧੀ ਮੀਟਿੰਗ ਉਪਰੰਤ ਜਾਣਕਾਰੀ ਦਿੰਦੇ ਹੋਏ ਰਾਸ਼ਟਰੀ ਮੂਲਨਿਵਾਸੀ ਸੰਘ ਦੇ ਕੌਮੀ ਜਨਰਲ ਸਕੱਤਰ ਅਜੇ ਮੂਲਨਿਵਾਸੀ ਨੇ ਦੱਸਿਆ ਕਿ ਸੰਵਿਧਾਨ ਜਨ ਜਾਗਰਤੀ ਸੰਮੇਲਨ 'ਚ ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਤੋਂ ਕਾਰਜਕਰਤਾ ਅਤੇ ਸੰਵਿਧਾਨ ਸਮਰਥਕ ਲੋਕ ਪਹੁੰਚ ਰਹੇ ਹਨ। ਸਮਾਗਮ ਦੀ ਪ੍ਰਧਾਨਗੀ ਤਾਰਾ ਰਾਮ ਮੈਹਣਾ ਰਾਸ਼ਟਰੀ ਪ੍ਰਧਾਨ ਰਾਸ਼ਟਰੀ ਮੂਲਨਿਵਾਸੀ ਸੰਘ ਕਰਨਗੇ ਅਤੇ ਇਸ ਸਮਾਗਮ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋ ਰਹੇ ਮਾਤਾ ਅਮਰਜੀਤ ਕੌਰ ਧਰਮ ਪਤਨੀ ਪ੍ਰੋਫੈਸਰ ਗੁਰਨਾਮ ਸਿੰਘ ਮੁਕਤਸਰ ਵਲੋਂ ਕੀਤਾ ਜਾਵੇਗਾ।

ਵਿਸ਼ੇਸ਼ ਮਹਿਮਾਨਾਂ ਵਜੋਂ ਸੰਤ ਕੁਲਵੰਤ ਰਾਮ ਭਰੋਮਜਾਰਾ ਪ੍ਰਧਾਨ ਸ਼੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ. ਪੰਜਾਬ, ਸਿੰਘ ਸਾਹਿਬ ਰਾਜਾ ਰਾਜ ਸਿੰਘ ਅਰਬਾਂ ਖਰਬਾਂ ਤਰਨਾ ਦਲ, ਮੌਲਾਨਾ ਇਰਸ਼ਾਦ ਰਸ਼ੀਦ ਪਾਨੀਪਤ, ਦੀਦੀ ਨਿਰਦੇਸ਼ ਸਿੰਘ ਨਵੀਂ ਦਿੱਲੀ ਹਾਜਰੀ ਲਗਵਾਉਣਗੇ। ਸਮਾਗਮ ਦੇ ਮੁੱਖ ਬੁਲਾਰੇ ਡਾ. ਰਜਿੰਦਰ ਥਿੰਦ, ਐਡਵੋਕੇਟ ਸੰਜੀਵ ਭੌਰਾ ਅਤੇ ਪ੍ਰਿੰਸੀਪਲ ਜੋਗਿੰਦਰ ਸਿੰਘ ਬਲਮਗੜ੍ਹ ਹੋਣਗੇ। ਅਜੇ ਮੂਲਨਿਵਾਸੀ ਨੇ ਸਮੂਹ ਸੰਵਿਧਾਨ ਪ੍ਰੇਮੀਆਂ ਨੂੰ ਪੁਰਜੋਰ ਅਪੀਲ ਕੀਤੀ ਕਿ 26 ਨਵੰਬਰ ਨੂੰ ਭਾਰਤੀ ਸੰਵਿਧਾਨ ਦਿਵਸ ਹੁੰਮ ਹੁਮਾ ਕੇ ਮਨਾਇਆ ਜਾਵੇ ਤਾਂ ਜੋ ਸੰਵਿਧਾਨ ਵਿਚ ਦਰਜ ਨਾਗਰਿਕ ਅਧਿਕਾਰਾਂ ਤੇ ਫਰਜਾਂ ਪ੍ਰਤੀ ਵੱਧ ਤੋਂ ਵੱਧ ਜਾਗਰੂਕਤਾ ਲਿਆਂਦੀ ਜਾ ਸਕੇ।

ਮੀਟਿੰਗ ਵਿਚ ਗਜ਼ਟਿਡ ਐਂਡ ਨਾਨ ਗਜ਼ਟਿਡ ਇੰਪਲਾਈਜ ਵੈਲਫੇਅਰ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਬੋਦਲ ਅਤੇ ਸਤਵੰਤ ਟੂਰਾ ਜਿਲਾ ਪ੍ਰਧਾਨ ਕਪੂਰਥਲਾ ਤੋਂ ਇਲਾਵਾ ਮਾਸਟਰ ਮਨਜੀਤ ਲਾਲ, ਅਸ਼ੋਕ ਕੁਮਾਰ, ਲਖਵੀਰ ਚੰਦ, ਗਿਆਨ ਚੰਦ ਵਾਹਦ, ਸੁਰਜੀਤ ਲਾਲ ਆਦਿ ਹਾਜਰ ਸਨ।



# ਬੇਲਾ ਕਾਲਜ ਦੀ ਗਤਕਾ ਟੀਮ ਨੇ ਗੋਲਡ ਮੈਡਲ ਜਿੱਤਿਆ



**ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**-ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ ਬੇਲਾ ਦੀ ਗੱਤਕਾ ਟੀਮ ਨੇ ਅੰਤਰ ਕਾਲਜ ਗੱਤਕਾ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਦੇ ਹੋਏ ਸੋਨ ਤਗਮਾ ਜਿੱਤਿਆ। ਕਾਲਜ ਪ੍ਰਿੰਸੀਪਲ ਡਾ. ਸਤਵੰਤ ਕੌਰ ਸ਼ਾਹੀ ਨੇ ਦੱਸਿਆ ਕਿ ਕਾਲਜ ਦੀ ਗੱਤਕਾ ਟੀਮ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਅੰਤਰ ਕਾਲਜ ਗੱਤਕਾ ਮੁਕਾਬਲਿਆਂ ਵਿੱਚ ਫਤਿਹ ਕਾਲਜ ਰਾਮਪੁਰਾ ਫੂਲ ਵਿਖੇ ਭਾਗ ਲਿਆ , ਜਿਸ ਦੌਰਾਨ ਟੀਮ ਨੇ ਈਵੈਂਟ ਫਰੀ ਸੋਟੀ ਵਿੱਚ ਗੋਲਡ ਮੈਡਲ ਪ੍ਰਾਪਤ ਕਰਕੇ ਕਾਲਜ ਦਾ ਨਾਂਅ ਰੌਸ਼ਨ ਕੀਤਾ। ਡਾ. ਮਮਤਾ ਅਰੋੜਾ ਨੇ ਦੱਸਿਆ ਕਿ ਉਕਤ ਜੇਤੂ ਖਿਡਾਰੀਆਂ ਦਾ ਕਾਲਜ ਪਹੁੰਚਣ ਤੇ ਕਾਲਜ ਕਮੇਟੀ ਦੇ ਪ੍ਰਧਾਨ ਸੰਗਤ ਸਿੰਘ ਲੌਂਗੀਆ, ਸਕੱਤਰ ਜਗਵਿੰਦਰ ਸਿੰਘ ਪੰਮੀ, ਮੈਨੇਜਰ ਸੁਖਵਿੰਦਰ ਸਿੰਘ ਵਿਸਕੀ, ਚੇਅਰਮੈਨ ਫਾਰਮੇਸੀ ਕਾਲਜ ਕੈਪਟਨ ਐੱਮ.ਪੀ.ਸਿੰਘ, ਡਾ. ਕ੍ਰਿਪਾਲ ਸਿੰਘ, ਗੁਰਮੇਲ ਸਿੰਘ ਅਤੇ ਸਰਪੰਚ ਲਖਵਿੰਦਰ ਸਿੰਘ ਭੂਰਾ ਸਨਮਾਨ ਕੀਤਾ । ਇਸ ਮੌਕੇ ਪ੍ਰੋ. ਪ੍ਰਿਤਪਾਲ ਸਿੰਘ, ਪ੍ਰੋ . ਅਮਰਜੀਤ ਸਿੰਘ , ਡਾ. ਸੈਲੇਸ਼ ਸ਼ਰਮਾ ਅਤੇ ਪ੍ਰੋ. ਸੁਨੀਤਾ ਰਾਣੀ ਆਦਿ ਹਾਜਰ ਸਨ ।

# ਪਰਾਲੀ ਨੂੰ ਸਾੜਨ ਤੋਂ ਰੋਕਿਆ ਜਾਵੇ ਨਹੀਂ ਤਾਂ ਅਧਿਕਾਰੀ ਸਖ਼ਤ ਕਾਰਵਾਈ ਲਈ ਤਿਆਰ ਰਹਿਣ : ਡਿਪਟੀ ਕਮਿਸ਼ਨਰ

**ਜਲੰਧਰ ( ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਪਿਛਲੇ ਕੁਝ ਦਿਨਾਂ ਤੋਂ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੇ ਆ ਰਹੇ ਕੇਸਾਂ 'ਤੇ ਗੰਭੀਰ ਨੋਟਿਸ ਲੈਂਦਿਆਂ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਸਪਸ਼ਟ ਕਿਹਾ ਕਿ ਸਬੰਧਿਤ ਖੇਤਰ ਦੇ ਐਸ.ਐਚ.ਓਜ਼ ਅਤੇ ਕਲੱਸਟਰ ਅਫ਼ਸਰ ਪਰਾਲੀ ਨੂੰ ਸਾੜਨ ਦੇ ਕੇਸਾਂ ਦੀ ਰੋਕਥਾਮ ਲਈ ਹੋਰ ਸੰਜੀਦਾ ਯਤਨ ਕਰਨ ਨਹੀਂ ਤਾਂ ਉਨਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ ।



ਐਸ.ਐਚ.ਓਜ਼ ਅਤੇ ਕਲੱਸਟਰ ਟੀਮਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਨੂੰ ਯਕੀਨੀ ਬਣਾਉਣ ਦੀਆਂ ਸਖ਼ਤ ਹਦਾਇਤਾਂ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਡਿਊਟੀ ਵਿਚ ਢਿੱਲ ਵਰਤਣ ਵਾਲੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਨੋਟਿਸ ਜਾਰੀ ਕੀਤੇ ਜਾਣਗੇ ਅਤੇ ਉਨਾਂ ਖਿਲਾਫ਼ ਸਖ਼ਤ ਕਾਰਵਾਈ ਲਈ ਉਚ ਅਧਿਕਾਰੀਆਂ ਨੂੰ ਰਿਪੋਰਟ ਭੇਜੀ ਜਾਵੇਗੀ। ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਅਤੇ ਐਸ.ਐਸ.ਪੀ. ਮੁਖਵਿੰਦਰ ਸਿੰਘ ਭੁੱਲਰ ਵਲੋਂ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਸਾਂਝੀ ਮੀਟਿੰਗ ਦੌਰਾਨ ਮਾਨਯੋਗ ਅਦਾਲਤ ਦੀਆਂ ਹਦਾਇਤਾਂ 'ਤੇ ਪਰਾਲੀ ਨੂੰ ਅੱਗ ਲਗਾਉਣ ਨੂੰ ਸ਼ਖਤੀ ਨਾਲ ਰੋਕਣ ਲਈ ਐਸ.ਐਚ.ਓਜ਼ ਨੂੰ ਲਗਾਤਾਰ ਆਪਣੇ-ਆਪਣੇ ਖੇਤਰਾਂ ਵਿੱਚ ਰਹਿਣ ਦੇ ਨਿਰਦੇਸ਼ ਜਾਰੀ ਕੀਤੇ ਗਏ।

ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਕਿਹਾ ਕਿ ਸ਼ਾਹਕੋਟ, ਲੋਹੀਆਂ ਅਤੇ ਫਿਲੌਰ ਦੇ ਕੁਝ ਹਿੱਸਿਆਂ ਵਿੱਚ ਅਗਲੇ ਕੁਝ ਦਿਨਾਂ ਦੌਰਾਨ ਝੋਨੇ ਦੀ ਕਟਾਈ ਕੀਤੀ ਜਾਵੇਗੀ ਅਤੇ ਸਾਨੂੰ ਇਸ ਵੱਲ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਕਲੱਸਟਰ ਅਫਸਰਾਂ ਅਤੇ ਐਸ.ਐਚ.ਓਜ਼ ਨੂੰ ਆਪਣੇ ਆਪਣੇ ਖੇਤਰਾਂ ਵਿੱਚ ਜ਼ਰੂਰ ਮੌਜੂਦ ਰਹਿਣਾ ਚਾਹੀਦਾ ਹੈ ਜੋ ਕਿ ਲੋਕਾਂ ਨੂੰ ਅਸਰਦਾਰ ਢੰਗ ਨਾਲ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਤੋਂ ਰੋਕਣ ਵਿੱਚ ਸਹਾਈ ਹੋਵੇਗੀ।

ਉਨ੍ਹਾਂ ਸਪੱਸ਼ਟ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ ਲਈ ਹਰ ਸੰਭਵ ਉਪਰਾਲੇ ਕੀਤੇ ਜਾਣ ਅਤੇ ਉਲੰਘਣਾ ਕਰਨ ਵਾਲਿਆਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਇਹ ਵੀ ਕਿਹ ਕਿ ਗੁਰਦੁਆਰਿਆਂ, ਮੰਦਿਰਾਂ ਅਤੇ ਹੋਰ ਥਾਵਾਂ ਤੋਂ ਅਨਾਊਂਸਮੈਂਟ ਕਰਨ ਤੋਂ ਇਲਾਵਾ ਪਿੰਡਾਂ ਦੇ ਸਰਪੰਚਾਂ ਨਾਲ ਮੀਟਿੰਗਾਂ ਕੀਤੀਆਂ ਜਾਣ ਅਤੇ ਪੈਦਲ ਮਾਰਚ ਕੱਢੇ ਜਾਣ।

ਐਸ.ਐਸ.ਪੀ. ਮੁਖਵਿੰਦਰ ਸਿੰਘ ਭੁੱਲਰ ਨੇ ਐਸ.ਐਚ.ਓਜ਼ ਨੂੰ ਹਦਾਇਤਾਂ ਕੀਤੀਆਂ ਕਿ ਅਗਲੇ ਕੁਝ ਦਿਨਾਂ ਦੌਰਾਨ ਪੁਲਿਸ ਸਟੇਸ਼ਨਾਂ ਤੋਂ ਬਾਹਰ ਨਿਕਲ ਕੇ ਆਪਣੇ-ਆਪਣੇ ਅਧਿਕਾਰ ਖੇਤਰ ਵਿੱਚ ਇਹ ਯਕੀਨੀ ਬਣਾਇਆ ਜਾਵੇ ਕਿ ਕੋਈ ਵੀ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਵੇ। ਉਨ੍ਹਾਂ ਕਿਹਾ ਕਿ ਮਾਣਯੋਗ ਅਦਾਲਤ ਦੀਆਂ ਹਦਾਇਤਾਂ ਪਰਾਲੀ ਨੂੰ ਅੱਗ ਲਗਾਉਣ ਦਾ ਕੇਸ ਸਾਹਮਣੇ ਆਉਣ 'ਤੇ ਸਬੰਧਿਤ ਐਸ.ਐਚ.ਓਜ਼ ਜਿੰਮੇਵਾਰ ਹੋਵੇਗਾ ਅਤੇ ਉਨ੍ਹਾਂ ਨੂੰ ਅਜਿਹੇ ਕੇਸਾਂ ਨੂੰ ਰੋਕਣ ਲਈ ਪ੍ਰਮੁੱਖ ਤਰਜੀਹ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਐਸ.ਐਚ.ਓਜ਼ ਨੂੰ ਕਲੱਸਟਰ ਅਫ਼ਸਰਾਂ ਨਾਲ ਮਿਲ ਕੇ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ ਲਈ ਵਿਆਪਕ ਯੋਜਨਾ ਬਣਾਉਣੀ ਚਾਹੀਦੀ ਹੈ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਵਰਿੰਦਰਪਾਲ ਸਿੰਘ ਬਾਜਵਾ, ਮੇਜਰ ਡਾ. ਅਮਿਤ ਮਹਾਜਨ ਅਤੇ ਹੋਰ ਵੀ ਹਾਜ਼ਰ ਸਨ।

# ਪੰਜਾਬ ਸਰਕਾਰ ਖੰਡ ਮਿੱਲਾਂ ਨੂੰ ਸਮੇਂ ਸਿਰ ਚਲਾਉਣ ਲਈ ਗੰਭੀਰ ਨਹੀਂ : ਸਿੰਗੜੀਵਾਲਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)—** ਪਿਛਲੇ ਸਮੇਂ ਦੌਰਾਨ ਕਿਸਾਨ ਜਥੇਬੰਦੀਆਂ ਅਤੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਨਾਲ ਮੀਟਿੰਗ ਵਿੱਚ ਇਹ ਤੈਅ ਹੋਇਆ ਸੀ ਕਿ ਸਾਲ 2023-24 ਲਈ ਗੰਨਾ ਪੜਾਈ ਲਈ ਮਿੱਲਾਂ ਨੂੰ 21 ਨਵੰਬਰ ਨੂੰ ਚਾਲੂ ਕਰ ਦਿੱਤਾ ਜਾਵੇਗਾ। ਜਿਸ ਲਈ ਕਾਰਵਾਈ ਚੱਲ ਰਹੀ ਸੀ ਅਤੇ 16 ਤਰੀਕ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਪ੍ਰਾਈਵੇਟ ਖੰਡ ਮਿੱਲ ਮਾਲਕਾਂ ਨਾਲ ਖੰਡ ਦਾ ਰੇਟ ਤੈਅ ਕਰਨ ਅਤੇ ਹੋਰ ਮੰਗਾਂ ਨੂੰ ਲੈ ਕੇ ਮੀਟਿੰਗ ਤੈਅ ਕੀਤੀ ਹੋਈ ਸੀ ਪਰ ਅਚਾਨਕ ਕੇਨ ਕਮਿਸ਼ਨਰ ਵਲੋਂ ਮੁੱਖ ਮੰਤਰੀ ਦੇ ਰੁਝੇਵਿਆਂ ਦਾ ਹਵਾਲਾ ਦੇ ਕੇ ਇਹ ਮੀਟਿੰਗ ਰੱਦ ਕਰ ਦਿੱਤੀ ਗਈ ਜੋ ਕਿ ਬਹੁਤ ਹੀ ਮੰਦਭਾਗੀ ਗੱਲ ਹੈ ਜਿਸ ਨਾਲ 21 ਨਵੰਬਰ ਨੂੰ ਪ੍ਰਾਈਵੇਟ ਖੰਡ ਮਿੱਲਾਂ ਮਾਲਕ ਦੁਬਾਰਾ ਗੰਨੇ ਦੀ ਪੜਾਈ ਚਾਲੂ ਕਰਨਾ ਸੰਭਵ ਨਹੀਂ ਹੋਵੇਗਾ ਕਿਉਂਕਿ ਜਿੰਨੀ ਦੇਰ ਤੱਕ ਪੰਜਾਬ ਸਰਕਾਰ ਅਤੇ ਮਿੱਲ ਮਾਲਕਾਂ ਵਿੱਚ ਸਹਿਮਤੀ ਨਹੀਂ ਬਣ ਜਾਂਦੀ ਉਨ੍ਹੀ ਦੇਰ ਤੱਕ ਮਿਲਾਂ ਨਹੀਂ ਚੱਲਣਗੀਆਂ।

ਇਸ ਤੋਂ ਇਹ ਪਤਾ ਲੱਗਦਾ ਹੈ ਕਿ ਪੰਜਾਬ ਸਰਕਾਰ ਪ੍ਰਾਈਵੇਟ ਖੰਡ ਮਿੱਲਾਂ ਨੂੰ ਸਮੇਂ ਸਿਰ ਚਾਉਣ ਲਾਉਣ ਲਈ ਗੰਭੀਰ ਨਹੀਂ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਨਾਮ ਸਿੰਘ ਸਿੰਗੜੀਵਾਲਾ ਪ੍ਰੈਸ ਸਕੱਤਰ ਆਜਾਦ ਕਿਸਾਨ ਸੰਘਰਸ਼ ਕਮੇਟੀ ਲਾਚੋਵਾਲ ਨੇ ਪ੍ਰੈਸ ਨੋਟ ਰਾਹੀਂ ਕੀਤ। ਉਨਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਗੰਨੇ ਦੀ ਅਗੇਤਰੀ ਫਸਲ ਨੂੰ ਮੁੱਖ ਰੱਖਦੇ ਹੋਏ ਤੁਰੰਤ ਦੁਆਰਾ ਪ੍ਰਾਈਵੇਟ ਮਿਲ ਮਾਲਕਾਂ ਨਾਲ ਮਿਲ ਕੇ ਉਨਾਂ ਦੀਆਂ ਮੰਗਾਂ ਦਾ ਹੱਲ ਕਰਨ ਅਤੇ 21 ਨਵੰਬਰ ਨੂੰ ਖੰਡ ਮਿੱਲਾਂ ਚਲਾਉਣੀਆਂ ਯਕੀਨੀ ਬਣਾਉਣ ਤਾਂ ਜੋ ਕਿਸਾਨ ਆਪਣੀ ਗੰਨੇ ਦੀ ਫਸਲ ਨੂੰ ਸਮੇਂ ਸਿਰ ਸਾਂਭ ਕੇ ਕਣਕ ਅਤੇ ਹੋਰ ਫਸਲਾਂ ਦੀ ਬਜਾਈ ਕਰ ਸਕੇ

# ਗਿੱਲ ਗੋਤ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ ਅੱਜ

**ਅਲਾਵਲਪੁਰ (ਬੰਗੜ)**- ਹਰ ਸਾਲ ਦੀ ਤਰ੍ਹਾਂ ਸਮੂਹ ਗਿੱਲ ਪਰਵਾਰਾਂ ਵੱਲੋਂ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ ਕਸਬਾ ਅਲਾਵਲਪੁਰ ਵਿਖੇ 18 ਨਵੰਬਰ ਦਿਨ ਸ਼ਨੀਵਾਰ ਨੂੰ ਬੜੀ ਸ਼ਰਧਾ ਅਤੇ ਉਤਸ਼ਾਹ ਦੇ ਨਾਲ ਆਯੋਜਿਤ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦੇ ਹੋਏ ਡਾ. ਪ੍ਰੇਮ ਗਿੱਲ ਅਲਾਵਲਪੁਰ ਨੇ ਦੱਸਿਆ ਕਿ ਝੰਡੇ ਦੀ ਰਸਮ 11 ਵਜੇ, ਹਵਨ ਯੱਗ 1 ਵਜੇ ਅਤੇ ਹੋਰ ਧਾਰਮਿਕ ਰਸਮਾਂ ਤੋਂ ਬਾਅਦ 2 ਵਜੇ ਅਤੁੱਟ ਲੰਗਰ ਵਰਤਾਇਆ ਜਾਵੇਗਾ ।

# ਰਵਿਦਾਸੀਆ ਧਰਮ ਵਿਸ਼ਵ ਸ਼ਾਂਤੀ ਤੇ ਭਾਈਚਾਰੇ ਦਾ ਸੰਦੇਸ਼ ਦਿੰਦਾ : ਸੰਤ ਸੁਰਿੰਦਰ ਦਾਸ ਬਾਵਾ



**ਅਲਾਵਲਪੁਰ, ( ਮਦਨ ਬੰਗੜ)**- ਰਵਿਦਾਸੀਆ ਧਰਮ ਪ੍ਰਚਾਰ ਅਸਥਾਨ ਕਾਹਨਪੁਰ ਵਿਖੇ ਮੱਘਰ ਮਹੀਨੇ ਦੀ ਸੰਗਰਾਂਦ ਦਾ ਪੁਰਬ ਸ੍ਰੀ 108 ਸੰਤ ਸੁਰਿੰਦਰ ਦਾਸ ਬਾਬਾ ਜੀ ਦੀ ਸਰਪ੍ਰਸਤੀ ਹੇਠ ਮਨਾਇਆ ਗਿਆ। ਅੰਮ੍ਰਿਤ ਵੇਲੇ ਤੋਂ ਅੰਮ੍ਰਿਤ ਬਾਣੀ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜਾਪ ਸੰਤ ਹਰਵਿੰਦਰ ਦਾਸ ,ਬੀਬੀ ਸੁਰਿੰਦਰ ਕੌਰ ਸਮੂਹ ਪਰਵਾਰ ਆਦਮਪੁਰ ਵੱਲੋਂ ਕਰਵਾਏ ਗਏ। ਸਮਾਗਮ ਸਮੇਂ ਸੰਤ ਸੁਰਿੰਦਰ ਦਾਸ ਬਾਬਾ ਜੀ ਨੇ ਮਘਰ ਮਹੀਨੇ ਦੀ ਸੰਗਰਾਂਦ ਦਾ ਮਹੱਤਵ ਅਤੇ ਵਿਸ਼ਵ ਭਰ ਵਿੱਚ ਰਵਿਦਾਸੀਆ ਧਰਮ ਦੇ ਪ੍ਰਚਾਰ ਪ੍ਰਸਾਰ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਉਣਾ, ਵਹਿਮਾਂ ਭਰਮਾਂ ਤੋਂ ਮੁਕਤ ਰੱਖਣਾ, ਆਪਣੇ ਮੂਲ ਨਾਲ ਜੁੜ ਕੇ ਰਹਿਣਾ, ਆਪਣੇ ਮਾਤਾ ਪਿਤਾ ਦੀ ਸੇਵਾ ਕਰਨਾ, ਸੰਤਾਂ ਦੀ ਸੰਗਤ ਅਤੇ ਹਰ ਦੇ ਸਿਮਰਨ ਕਰਨ ਦਾ ਉਪਦੇਸ਼ ਦਿੱਤਾ। ਉਨ੍ਹਾਂ ਨੇ ਭਾਰਤ 'ਚ ਮੂਲ ਨਿਵਾਸੀਆਂ 'ਤੇ ਹੋ ਰਹੇ ਅੱਤਿਆਚਾਰਾਂ ਤੇ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਆਖਿਆ ਕਿ ਸ੍ਰੀ ਗੁਰੂ ਰਵਿਦਾਸ ਧਰਮ ਸਥਾਨ ਚਮਾਰਵਾੜਾ ਜੌਹੜ ਤੁਗਲਕਾਬਾਦ ਦਿੱਲੀ ਦੀ ਸਾਰੀ ਜਮੀਨ ਰਵੀਦਾਸੀਆ ਕੌਮ ਨੂੰ ਮਿਲਣੀ ਚਾਹੀਦੀ ਹੈ। ਸਾਰੇ ਭਾਰਤੀਆਂ ਨੂੰ ਇੱਕਜੁੱਟ ਹੋ ਕੇ ਸੰਵਿਧਾਨਿਕ ਹੱਕਾਂ 'ਤੇ ਪਹਿਰਾ ਦੇਣਾ ਚਾਹੀਦਾ ਹੈ। ਡਾਕਟਰ ਪੰਪੋਸ਼ ਦੇ ਕਾਤਲਾਂ ਨੂੰ ਸਖਤ ਤੋਂ ਸਖਤ ਸਜਾ ਮਿਲਣੀ ਚਾਹੀਦੀ ਹੈ। ਇਸ ਮੌਕੇ 'ਤੇ ਸੰਤ ਹਰਵਿੰਦਰ ਦਾਸ, ਜਗਤ ਗੁਰੂ ਰਵਿਦਾਸ ਸੰਗੀਤ ਅਕੈਡਮੀ ,ਬੰਗੜ ਬ੍ਰਦਰਜ, ਮਾਸਟਰ ਕਮਲ ਵਰਿਆਣਵੀ, ਭਾਈ ਤਜਿੰਦਰ ਸਿੰਘ, ਜੀਵਨ ਸੋਹਲ ਨੇ ਸ਼ਬਦ ਕੀਰਤਨ ਰਾਹੀਂ ਹਾਜਰੀ ਲਗਵਾਈ। ਸਟੇਜ ਸਕੱਤਰ ਦੀ ਸੇਵਾ ਸੁਖਵਿੰਦਰ ਗੋਲਡੀ ਵਲੋਂ ਨਿਭਾਈ ਗਈ। ਗੁਰੂ ਕਾ ਅਟੁੱਟ ਲੰਗਰ ਚੱਲਿਆ ।

# ਸਰਬ ਨੌਜਵਾਨ ਸਭਾ ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸ਼ਰਧਾਂਜਲੀ ਭੇਟ



**ਫਗਵਾੜਾ ( ਜਸਵਿੰਦਰ ਢੱਡਾ )** ਸਰਬ ਨੌਜਵਾਨ ਸਭਾ (ਰਜਿ.) ਫਗਵਾੜਾ ਦੀ ਤਰਫੋਂ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਦੇਸ਼ ਦੀ ਆਜ਼ਾਦੀ ਲਈ ਕੁਰਬਾਨੀ ਦੇਣ ਵਾਲੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਮੌਕੇ ਸ਼ਰਧਾਂਜਲੀ ਸਮਾਗਮ ਸਥਾਨਕ ਸਕੀਮ ਨੰਬਰ 3, ਹੁਸ਼ਿਆਰਪੁਰ ਰੋਡ ਵਿਖੇ ਸਭਾ ਵੱਲੋਂ ਚਲਾਏ ਜਾ ਰਹੇ ਵੋਕੇਸ਼ਨਲ ਸੈਂਟਰ ਵਿਖੇ ਕਰਵਾਇਆ ਗਿਆ। ਸਭਾ ਦੇ ਜਨਰਲ ਸਕੱਤਰ ਡਾ. ਵਿਜੇ ਕੁਮਾਰ ਦੀ ਦੇਖ-ਰੇਖ ਹੇਠ ਆਯੋਜਿਤ ਸਮਾਗਮ ਦੌਰਾਨ ਮਾਰਕੀਟ ਕਮੇਟੀ ਫਗਵਾੜਾ ਦੇ ਚੇਅਰਮੈਨ ਤਵਿੰਦਰ ਰਾਮ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਸ਼ਹੀਦ ਸਰਾਭਾ ਦੀ ਫੋਟੋ 'ਤੇ ਫੁੱਲ ਮਾਲਾਵਾਂ ਭੇਟ ਕਰਕੇ ਸ਼ਰਧਾਂਜਲੀ ਦਿੱਤੀ ਅਤੇ ਆਪਣੇ ਸੰਬੋਧਨ 'ਚ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਕੁਰਬਾਨੀਆਂ ਦੇਣ ਵਾਲੇ ਸ਼ਹੀਦਾਂ ਦੇ ਜੀਵਨ ਅਤੇ ਕੁਰਬਾਨੀਆਂ ਸਾਨੂੰ ਦੇਸ਼ ਪ੍ਰਤੀ ਸਾਡੇ ਫਰਜ਼ ਦੀ ਯਾਦ ਦਿਵਾਉਂਦੀਆਂ ਹਨ। ਨੌਜਵਾਨਾਂ ਨੂੰ ਇਨ੍ਹਾਂ ਸੂਰਵੀਰਾਂ ਤੋਂ ਪ੍ਰੇਰਨਾ ਲੈ ਕੇ ਸ਼ਹੀਦਾਂ ਦੇ ਸੁਪਨਿਆਂ ਦੇ ਭਾਰਤ ਨੂੰ ਉਸਾਰਨ ਵਿੱਚ ਸਹਿਯੋਗ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਲਈ ਇਹ ਮਾਣ ਵਾਲੀ ਗੱਲ ਹੈ ਕਿ ਪੰਜਾਬ ਦੀ ਧਰਤੀ ਦੇ ਯੋਧਿਆਂ ਨੇ ਸੁਤੰਤਰਤਾ ਦੇ ਸੰਘਰਸ਼ ਵਿੱਚ ਸਭ ਤੋਂ ਵੱਧ ਕੁਰਬਾਨੀਆਂ ਦਿੱਤੀਆਂ ਹਨ। ਉਨ੍ਹਾਂ ਦੇ ਆਦਰਸ਼ ਇੰਨੇ ਮਹਾਨ ਸਨ ਕਿ ਅੱਜ ਵੀ ਉਨ੍ਹਾਂ ਦਾ ਆਜ਼ਾਦੀ ਲਈ ਸੰਕਲਪ ਸਮਾਜ ਨੂੰ ਸੇਧ ਦਿੰਦਾ ਹੈ। ਉਨ੍ਹਾਂ ਸਰਬ ਨੌਜਵਾਨ ਸਭਾ ਵੱਲੋਂ ਸਮਾਜ ਸੇਵਾ ਦੇ ਨਾਲ-ਨਾਲ ਸ਼ਹੀਦਾਂ ਦੇ ਸਨਮਾਨ ਵਿੱਚ ਸਮਾਗਮ ਕਰਵਾਉਣ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸੰਸਥਾ ਸ਼ਹੀਦਾਂ ਦੇ ਨਕਸ਼ੇ ਕਦਮਾਂ 'ਤੇ ਚੱਲ ਕੇ ਲੋਕ ਸੇਵਾ ਕਰ ਰਹੀ ਹੈ। ਇਸ ਮੌਕੇ ਡਾ: ਕੁਲਦੀਪ ਸਿੰਘ, ਆਰ.ਪੀ. ਸ਼ਰਮਾ, ਜਗਜੀਤ ਸਿੰਘ ਸੇਠ, ਅਨੂਪ ਦੁੱਗਲ, ਮੈਡਮ ਪੂਜਾ, ਮੈਡਮ ਤਨੂ, ਮੈਡਮ ਸਪਨਾ, ਮੈਡਮ ਰਮਨਦੀਪ, ਆਰਤੀ ਸੁਨੀਤਾ, ਭੁਪਿੰਦਰ, ਚਰਨਜੀਤ, ਕਾਜਲ, ਹਰਲੀਨ, ਸੋਨੀਆ, ਅਨੂ ਕਲਸੀ, ਮੁਸਕਾਨ, ਪ੍ਰਿਅੰਕਾ, ਰੰਜਨਾ, ਸਲੋਨੀ, ਗੀਤਿਕਾ, ਅਮਨਦੀਪ ਕਲੇਰ, ਤਾਨੀਆ, ਹਰਪ੍ਰੀਤ ਕੌਰ, ਭੁਪਿੰਦਰ ਕੌਰ, ਆਰਤੀ, ਗੁਰਪ੍ਰੀਤ ਕੌਰ ਆਦਿ ਹਾਜ਼ਰ ਸਨ।

# ਜਿੰਪਾ ਨੇ ਪੱਤਰਕਾਰਾਂ ਨੂੰ ਸਮਾਜ ਤੇ ਦੇਸ਼ ਦੀ ਬਿਹਤਰੀ ਲਈ ਕੰਮ ਕਰਨ ਦਾ ਦਿੱਤਾ ਸੱਦਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਲੋਕਤੰਤਰ ਦੇ ਚੌਥੇ ਥੰਮ ਪ੍ਰੈੱਸ/ਮੀਡੀਆ ਨੂੰ ਭੈਅ ਮੁਕਤ ਹੋ ਕੇ ਸਮਾਜ ਸਮਾਜ ਅਤੇ ਦੇਸ਼ ਦੀ ਬਿਹਤਰੀ ਲਈ ਹੋਰ ਮਿਹਨਤ ਨਾਲ ਕੰਮ ਕਰਨ ਦਾ ਦਿੱਤਾ ਸੱਦਾ ਦਿੱਤਾ। ਕੌਮੀ ਪ੍ਰੈੱਸ ਦਿਵਸ ਮੌਕੇ ਪੱਤਰਕਾਰ ਭਾਈਚਾਰੇ ਨੂੰ ਵਧਾਈ ਦਿੰਦਿਆਂ ਉਨ੍ਹਾਂ ਕਿਹਾ ਕਿ ਮੀਡੀਆ ਸਾਥੀਆਂ ਨੂੰ ਨਿਰਪੱਖਤਾ ਨਾਲ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ 16 ਨਵੰਬਰ 1966 ਤੋਂ ਇਹ ਦਿਨ ਕੌਮੀ ਪ੍ਰੈੱਸ ਦਿਵਸ ਦੇ ਤੌਰ 'ਤੇ ਮਨਾਇਆ ਜਾਂਦਾ ਹੈ, ਜੋ ਕਿ ਸਾਡੇ ਦੇਸ਼ ਵਿਚ ਸੁਤੰਤਰ ਤੇ ਜ਼ਿੰਮੇਵਾਰ ਪ੍ਰੈੱਸ ਦੀ ਮੌਜੂਦਗੀ ਦਾ ਸੰਕੇਤ ਦਿੰਦਾ ਹੈ ਅਤੇ ਪ੍ਰੈੱਸ ਦੀ ਆਜ਼ਾਦੀ ਅਤੇ ਜ਼ਿੰਮੇਵਾਰੀ ਵੱਲ ਸਾਡਾ ਧਿਆਨ ਕੇਂਦਰਿਤ ਕਰਦਾ ਹੈ। ਉਨ੍ਹਾਂ ਕਿਹਾ ਕਿ ਕੌਮੀ ਪ੍ਰੈੱਸ ਦਿਵਸ ਦਾ ਮਕਸਦ ਪੱਤਰਕਾਰਾਂ ਨੂੰ ਸਸ਼ਕਤੀਕਰਨ ਦੇ ਉਦੇਸ਼ ਨਾਲ ਆਪਣੇ ਆਪ ਨੂੰ ਮੁੜ ਸਰਗਰਮ ਕਰਨ ਦਾ ਮੌਕਾ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿਚ ਪੱਤਰਕਾਰੀ ਦਾ ਖੇਤਰ ਬਹੁਤ ਵਿਸ਼ਾਲ ਹੈ ਅਤੇ ਪੱਤਰਕਾਰੀ ਲੋਕਾਂ ਨੂੰ ਹਰ ਤਰ੍ਹਾਂ ਦੀ ਭਰਪੂਰ ਜਾਣਕਾਰੀ ਤੋਂ ਇਲਾਵਾ ਵਿੱਦਿਅਕ, ਮਨੋਰੰਜਕ ਸੰਦੇਸ਼ ਪਹੁੰਚਾਉਣ ਦੀ ਕਲਾ ਅਤੇ ਢੰਗ ਹੈ। ਉਨ੍ਹਾਂ ਪੱਤਰਕਾਰ ਭਾਈਚਾਰੇ ਨੂੰ ਸ਼ੁੱਭ ਕਾਮਨਾਵਾਂ ਦਿੰਦਿਆਂ ਉਨ੍ਹਾਂ ਨੂੰ ਅੱਜ ਦੇ ਦਿਨ ਤੋਂ ਹੋਰ ਪ੍ਰੇਰਣਾ ਲੈ ਕੇ ਸਮਾਜ ਦੇ ਅਣਗੌਲੇ ਲੋਕਾਂ ਲਈ ਹੋਰ ਵੱਧ ਸ਼ਿੱਦਤ ਨਾਲ ਕੰਮ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪ੍ਰੈੱਸ ਰਾਹੀਂ ਹੀ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ, ਵਿਕਾਸ ਕਾਰਜਾਂ ਦਾ ਲਾਭ ਆਮ ਲੋਕਾਂ ਤੱਕ ਪੁੱਜਦਾ ਹੈ।

# ਠੱਗਾਂ ਨੇ ਮੋਬਾਈਲ 'ਚੋਂ ਉਡਾਏ 1999 ਰੁਪਏ



**ਮਾਹਿਲਪੁਰ /ਸਫਰੀ-** ਭੋਲੇ ਭਾਲੇ ਲੋਕਾਂ ਤੋਂ ਰੋਜ਼ਾਨਾ ਮੋਬਾਈਲ ਰਾਹੀਂ ਠੱਗੀ ਕਰਨ ਵਾਲਿਆਂ ਦੀ ਰਫਤਾਰ ਦਿਨੋਂ ਦਿਨ ਵਧਦੀ ਜਾ ਰਹੀ ਹੈ ਜਿਸ ਦਾ ਤੋੜ ਸਰਕਾਰ ਅਜੇ ਤੱਕ ਨਹੀਂ ਲੱਭ ਸਕੀ। ਇਕ ਪ੍ਰਵਾਸੀ ਵੀ ਚੜਿਆ ਮੋਬਾਈਲ ਠੱਗਾਂ ਦੇ ਟੇਟੇ ।ਮੁਕੇਸ਼ ਕੁਮਾਰ ਰਾਮ ਪੁੱਤਰ ਹਰਿੰਦਰ ਰਾਮ ਵਾਸੀ ਸਰਾਵਾਂ ਬੁਰਾਈਆਂ ਜ਼ਿਲ੍ਹਾ ਮੁਤਿਹਾਰੀ (ਬਿਹਾਰ) ਹਾਲ ਵਾਸੀ ਭੁਲੇਵਾਲ ਗੁਜਰਾਂ ਡਾਕ ਰਾਮਪੁਰ ਥਾਣਾ ਮਾਹਿਲਪੁਰ ਜ਼ਿਲ੍ਹਾ ਹੁਸ਼ਿਆਰਪੁਰ ਨੇ ਦੱਸਿਆ ਕਿ ਮੇਰੇ ਮੋਬਾਇਲ 'ਤੇ ਜੀਓ ਕੰਪਨੀ ਦਾ ਮੈਸੇਜ ਆਇਆ ਜੋ ਮੀਨਾ ਯਾਦਵ ਵਲੋਂ ਸੀ, ਕਿ ਜੀਓ ਦਾ ਕਾਰਡ ਸਕਰੈਚ ਕਰੋ ਤਾਂ ਤੁਹਾਡੇ ਖਾਤੇ ਵਿੱਚ 1999 ਆ ਜਾਣਗੇ। ਮੈਂ ਉਹਨਾਂ ਦੇ ਦੱਸਣ ਮੁਤਾਬਿਕ ਮੁਬਾਇਲ ਦੀ ਸਕਰੀਨ 'ਤੇ ਸਕਰੈਚ ਕੀਤਾ ਤਾਂ ਉਹਨਾਂ ਨੇ ਮੇਰੇ ਕੋਲੋਂ ਯੂ ਪੀ ਆਈ ਨੰਬਰ ਪੁੱਛਿਆ। ਮੈਂ ਉਹਨਾਂ ਨੂੰ ਆਪਣਾ ਯੂ ਪੀ ਆਈ ਨੰਬਰ ਭੇਜ ਦਿਤਾ । ਮੈਂ ਜਦੋਂ ਆਪਣਾ ਖਾਤਾ ਚੈਕ ਕੀਤਾ ਤਾਂ ਦੇਖਿਆ ਕਿ ਮੇਰੇ ਖਾਤੇ ਵਿਚੋਂ ਵਿਚੋਂ 1999 ਰੁਪਏ ਗਾਇਬ ਸਨ। ਮੈਂ ਤੁਰੰਤ ਥਾਣਾ ਮਾਹਿਲਪੁਰ ਨੂੰ ਲਿਖਤੀ ਇਤਲਾਹ ਦੇ ਦਿੱਤੀ ਹੈ।

# ਲੋਕ ਸੋਨੇ-ਚਾਂਦੀ 'ਚ ਨਿਵੇਸ਼ ਨੂੰ ਦੇ ਰਹੇ ਤਰਜੀਹ-ਜੈਨ

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਦੀਵਾਲੀ ਬੰਦੀ ਛੋੜ ਤੇ ਤਿਉਹਾਰ ਦੀ ਸ਼ੁਰੂਆਤ ਹੁੰਦਿਆਂ ਹੀ ਬਜਾਰਾਂ 'ਚ ਰੌਣਕ ਪਰਤ ਆਈ। ਲੋਕ ਸੋਨੇ ਚਾਂਦੀ 'ਚ ਨਿਵੇਸ਼ ਕਰਨ ਨੂੰ ਤਰਜੀਹ ਦੇ ਰਹੇ ਹਨ। ਹਰੀਸੰਨ ਜਿਊਲਰ ਨਵਾਂਸ਼ਹਿਰ ਰੋਹਿਤ ਜੈਨ ਦਾ ਕਹਿਣਾ ਹੈ ਕਿ ਉਹ ਪੁਰਾਣੇ ਗਹਿਣਿਆਂ ਦੇ ਸਟੌਕ ਨੂੰ ਬਦਲ ਕੇ ਨਵੇਂ ਡਿਜਾਇਨ ਬਣਾ ਰਹੇ ਹਨ ਤਾਂ ਕਿ ਤਿਉਹਾਰੀ ਤੇ ਵਿਆਹ ਦੇ ਸੀਜਨ 'ਚ ਮੰਗ ਨੂੰ ਪੂਰਾ ਕੀਤਾ ਜਾ ਸਕੇ। ਉਨ੍ਹਾਂ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਤੇ ਨਵਾਂ ਸਾਲ ਬੜੀ ਧੂਮਧਾਮ ਨਾਲ ਮਨਾਇਆ ਜਾਵੇਗਾ। ਵਿਆਹ ਸ਼ਾਦੀ ਤੇ ਦੀਵਾਲੀ ਆਦਿ ਦੇ ਦਿਨ ਸੋਨੇ ਜਾਂ ਚਾਂਦੀ ਦੇ ਸਿੱਕੇ ਜਾਂ ਗਹਿਣੇ ਖਰੀਦਣਾ ਬਹੁਤ ਸ਼ੁੱਭ ਮੰਨਿਆ ਜਾਂਦਾ ਹੈ। ਮੰਨਿਆ ਜਾਂਦਾ ਹੈ ਕਿ ਇਸ ਦਿਨ ਸੋਨਾ ਖਰੀਦਣ ਨਾਲ ਘਰ 'ਚ ਦੇਵੀ ਲਕਸ਼ਮੀ ਦੀ ਕ੍ਰਿਪਾ ਹੁੰਦੀ ਹੈ।

# ਬਲੱਡ ਬੈਂਕ 'ਚ 417ਵਾਂ ਦੰਦਾਂ ਤੇ ਜਬਾੜ੍ਹਿਆਂ ਦਾ ਫ੍ਰੀ ਕੈਂਪ ਲਗਾਇਆ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਉਦਯੋਗਪਤੀ ਕੇ.ਕੇ. ਸਰਦਾਨਾ ਦੀ ਸਰਪ੍ਰਸਤੀ ਹੇਠ ਚਲ ਰਹੇ ਬਲੱਡ ਬੈਂਕ 'ਚ ਮਾਤਾ ਠਾਕੁਰ ਦੇਵੀ ਅਤੇ ਸਵ. ਨਾਨਕ ਚੰਦ ਸੇਠੀ ਦੀ ਯਾਦ ਵਿੱਚ 417ਵਾਂ ਦੰਦਾਂ ਤੇ ਜਬਾੜਿਆਂ ਦਾ ਫਰੀ ਕੈਂਪ ਲਗਾਇਆ ਗਿਆ। ਜਿਸਦਾ ਉਦਘਾਟਨ ਜਿਲ੍ਹਾ ਕਪੂਰਥਲਾ ਯੋਜਨਾ ਬੋਰਡ ਦੀ ਚੇਅਰਪਰਸਨ ਲਲਿਤ ਸਕਲਾਨੀ ਨੇ ਸ਼ਮ੍ਹਾ ਰੋਸ਼ਨ ਕਰਕੇ ਕੀਤਾ। ਉਹਨਾਂ ਬੱਲਡ ਬੈਂਕ ਵਲੋਂ ਸਮਾਜ ਸੇਵਾ ਵਿਚ ਬਿਨਾਂ ਕਿਸੇ ਸੁਆਰਥ ਤੋਂ ਪਾਏ ਜਾ ਰਹੇ ਯੋਗਦਾਨ ਦੀ ਸ਼ਲਾਘਾ ਕੀਤੀ ਅਤੇ 10 ਲੋੜਵੰਦਾਂ ਨੂੰ ਨਵੇਂ ਤਿਆਰ ਕੀਤੇ ਜਬਾੜੇ ਵੰਡੇ। ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖ ਹੇਠ ਲਗਾਏ ਇਸ ਕੈਂਪ ਦੌਰਾਨ ਸੀ.ਐਮ.ਸੀ. ਲੁਧਿਆਣਾ ਦੇ 25 ਮਾਹਿਰ ਡਾਕਟਰਾਂ ਦੀ ਮੋਬਾਈਲ ਟੀਮ ਨੇ ਡਾ. ਸਾਹਿਲ ਪਾਲ ਅਤੇ ਡਾ. ਰਿਚਰਡ ਗਿਲ ਦੀ ਅਗਵਾਈ ਹੇਠ 125 ਲੋੜਵੰਦਾਂ ਦੇ ਦੰਦਾਂ ਦੀ ਜਾਂਚ ਕੀਤੀ। ਲੋੜ ਅਨੁਸਾਰ ਦੰਦਾਂ ਦੀ ਸਫਾਈ ਕਰਨ ਉਪਰੰਤ ਲੋੜੀਂਦੀਆਂ ਦਵਾਈਆਂ ਦਿੱਤੀਆਂ ਗਈਆਂ ਅਤੇ ਮਰੀਜਾਂ ਦੇ ਖਰਾਬ ਹੋਏ ਦੰਦਾਂ ਨੂੰ ਕੱਢ ਕੇ ਫਿਲਿੰਗ ਕੀਤੀ ਗਈ। ਕੈਂਪ ਦੀ ਸਮਾਪਤੀ ਸਮੇਂ ਰੋਟਰੀ ਕਲੱਬ ਦੇ ਸਾਬਕਾ ਗਵਰਨਰ ਸਤਪਾਲ ਸੇਠੀ ਨੇ ਡਾਕਟਰਾਂ ਦੀ ਟੀਮ ਦਾ ਧੰਨਵਾਦ ਕੀਤਾ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਅਗਲਾ ਕੈਂਪ 1 ਦਸੰਬਰ ਦਿਨ ਸ਼ੁੱਕਰਵਾਰ ਨੂੰ ਲਗਾਇਆ ਜਾਵੇਗਾ। ਜਿਸ ਵਿਚ 25 ਨਵੇਂ ਜਬਾੜੇ ਲਗਾਉਣ ਦੀ ਪਹਿਲੀ ਪ੍ਰਕ੍ਰਿਆ ਪੂਰੀ ਕੀਤੀ ਜਾਵੇਗੀ। ਇਸ ਮੌਕੇ ਵਿਸ਼ਵਾਮਿੱਤਰ ਸ਼ਰਮਾ, ਗੁਲਾਬ ਸਿੰਘ ਠਾਕੁਰ, ਗੁਲਸ਼ਨ ਕਪੂਰ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਕ੍ਰਿਸ਼ਨ ਕੁਮਾਰ, ਤਾਰਾ ਚੰਦ ਚੁੰਬਰ, ਪ੍ਰਿਤਪਾਲ ਕੌਰ ਤੁਲੀ, ਗੁਰਦੀਪ ਸਿੰਘ ਤੁਲੀ, ਨਰਿੰਦਰ ਸਿੰਘ ਸੈਣੀ, ਟੀ.ਡੀ. ਚਾਵਲਾ ਆਦਿ ਹਾਜਰ ਸਨ।

# ਰਾਸ਼ਟਰੀ ਪ੍ਰੈੱਸ ਦਿਵਸ ਬੜੇ ਉਤਸ਼ਾਹ ਤੇ ਜੋਸ਼ ਨਾਲ ਮਨਾਇਆ

**ਐਸ.ਏ.ਐਸ.ਨਗਰ, (ਗੁਰਜੀਤ ਬਿੱਲਾ)—** ਯੂਨੀਵਰਸਿਟੀ ਇੰਸਟੀਚਿਊਟ ਆਫ ਮੀਡੀਆ ਸਟੱਡੀਜ (ਚੰਡੀਗੜ੍ਹ ਯੂਨੀਵਰਸਿਟੀ, ਘੜੂੰਆਂ) ਦੇ ਉਭਰਦੇ ਕਲਮਕਾਰਾਂ/ਨਾਮਾਨਿਗਾਰਾਂ ਨੇ ਰਾਸ਼ਟਰੀ ਪ੍ਰੈੱਸ ਦਿਵਸ ਬੜੇ ਉਤਸ਼ਾਹ ਅਤੇ ਜੋਸ਼ ਨਾਲ ਮਨਾਇਆ। ਇਹ ਸਮਾਗਮ ਵਿਭਾਗ ਦੇ ਹਾਲ ਅੰਦਰ ਹੋਇਆ, ਜਿਸ ਵਿੱਚ ਪੱਤਰਕਾਰੀ ਅਤੇ ਜਨ ਸੰਚਾਰ ਵਿੱਚ ਬੈਚਲਰ ਅਤੇ ਮਾਸਟਰ ਡਿਗਰੀ ਪ੍ਰਾਪਤ ਕਰ ਰਹੇ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਪ੍ਰਮੁੱਖ ਰਹੀ। ਇਸ ਦੌਰਾਨ ਪਹਿਲੀ ਗਤੀਵਿਧੀ, "ਐਨ ਓਪਨ ਡਾਇਲਾਗ: ਰਾਸ਼ਟਰ ਨਿਰਮਾਣ ਵਿੱਚ ਲੋਕਤੰਤਰ ਦੇ ਚੌਥੇ ਥੰਮ ਦੀ ਭੂਮਿਕਾ," ਟੈਲੀਵਿਜਨ ਸਟੂਡੀਓ ਵਿੱਚ ਹੋਈ। ਪੈਨਲ ਚਰਚਾ, ਜਿਸ ਵਿੱਚ ਵਿਦਿਆਰਥੀਆਂ ਅਤੇ ਫੈਕਲਟੀ (ਅਧਿਆਪਕ) ਮੈਂਬਰਾਂ, ਦੋਵਾਂ ਨੂੰ ਸ਼ਾਮਲ ਕੀਤਾ ਗਿਆ, ਨੇ ਲੋਕਤੰਤਰ ਦੇ ਚੌਥੇ ਥੰਮ੍ਹ ਵਜੋਂ ਪ੍ਰੈਸ ਦੀ ਮਹੱਤਤਾ ਬਾਰੇ ਦੱਸਿਆ। ਇਸ ਵਿਚਾਰ ਚਰਚਾ ਨੂੰ ਵਿਭਾਗ ਦੁਆਰਾ ਬੇਹਤਰੀਨ ਢੰਗ ਨਾਲ ਤਿਆਰ ਕੀਤਾ ਗਿਆ ਅਤੇ ਸਾਂਭਣਯੋਗ ਦਸਤਾਵੇਜ ਵਜੋਂ ਰਿਕਾਰਡ ਕੀਤਾ ਗਿਆ। ਵਿਭਾਗ ਦੇ ਬਾਕੀ ਵਿਦਿਆਰਥੀਆਂ ਨੇ ਸੂਝਵਾਨ ਦਰਸਕਾਂ ਵਜੋਂ ਵੀ ਯੋਗਦਾਨ ਪਾਇਆ। ਇਹ ਵਿਚਾਰ ਚਰਚਾ ਰਾਸ਼ਟਰ-ਨਿਰਮਾਣ ਦੀ ਪ੍ਰਕਿਰਿਆ ਵਿੱਚ ਸੁਤੰਤਰ ਅਤੇ ਨਿਰਪੱਖ ਪ੍ਰੈਸ ਦੀ ਅਹਿਮ ਭੂਮਿਕਾ ਨੂੰ ਸਮਝਣ 'ਤੇ ਕੇਂਦਰਿਤ ਸੀ।



ਰਾਸ਼ਟਰੀ ਪ੍ਰੈੱਸ ਦਿਵਸ-2023 ਥੀਮ ਦੇ ਅਨੁਸਾਰ, ਦੂਜੀ ਗਤੀਵਿਧੀ ਵਿੱਚ "ਆਰਟੀਫਿਸ਼ਲ ਇੰਟੈਲੀਜੈਂਸ ਦੇ ਯੁੱਗ ਵਿੱਚ ਮੀਡੀਆ" ਵਿਸ਼ੇ 'ਤੇ ਇੱਕ ਭਾਸ਼ਣ ਮੁਕਾਬਲਾ ਪੇਸ਼ ਕੀਤਾ ਗਿਆ। ਪੱਤਰਕਾਰੀ ਅਤੇ ਜਨ ਸੰਚਾਰ ਦੇ ਵਿਦਿਆਰਥੀਆਂ ਨੇ ਇਸ ਨਵੇਂ ਅਤੇ ਵਿਕਸਿਤ ਹੁੰਦੇ ਵਿਸ਼ੇ ਪ੍ਰਤੀ ਆਪਣੀ ਵਾਕਫੀਅਤ ਅਤੇ ਸੂਝ ਦਾ ਪ੍ਰਦਰਸ਼ਨ ਕੀਤਾ ਕਿ ਕਿਵੇਂ ਮੀਡੀਆ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਤੇਜੀ ਨਾਲ ਵਿਕਸਤ ਹੋ ਰਹੇ ਲੈਂਡਸਕੇਪ ਨਾਲ ਮੇਲ ਖਾਂਦਾ ਹੈ। ਇਹ ਗਤੀਵਿਧੀਆਂ ਭਾਰਤ ਵਿੱਚ ਇੱਕ ਸੁਤੰਤਰ, ਨਿਰਪੱਖ ਅਤੇ ਸੁਤੰਤਰ ਪ੍ਰੈਸ ਨੂੰ ਉਤਸ਼ਾਹਿਤ ਕਰਨ ਦੇ ਮਹੱਤਵ ਨੂੰ ਰੇਖਾਂਕਿਤ ਕਰਨ ਲਈ ਤਿਆਰ ਕੀਤੀਆਂ ਗਈਆਂ ਸਨ। ਹਰ ਸਾਲ 16 ਨਵੰਬਰ ਨੂੰ ਰਾਸ਼ਟਰੀ ਪ੍ਰੈਸ ਦਿਵਸ ਮਨਾਉਣ ਦਾ ਵਿਸ਼ੇਸ਼ ਮਹੱਤਵ ਹੈ ਕਿਉਂਕਿ ਇਹ ਪ੍ਰੈਸ ਕੌਂਸਲ ਆਫ ਇੰਡੀਆ ਨੂੰ ਅਨੁਸਰਣ ਕਰਦਾ ਹੋਇਆ ਦੇਸ਼ ਵਿੱਚ ਆਜਾਦ ਅਤੇ ਜ਼ਿੰਮੇਵਾਰ ਪ੍ਰੈਸ ਦੁਆਰਾ ਨਿਭਾਈ ਗਈ ਮਹੱਤਵਪੂਰਨ ਭੂਮਿਕਾ ਦੀ ਯਾਦ ਵੀ ਦਿਵਾਉਂਦਾ ਹੈ। ਯੂਨੀਵਰਸਿਟੀ ਇੰਸਟੀਚਿਊਟ ਆਫ ਮੀਡੀਆ ਸਟੱਡੀਜ ਦੇ ਮੁਖੀ ਅਤੇ ਐਸੋਸੀਏਟ ਪ੍ਰੋਫੈਸਰ ਅੰਕਿਤ ਕਸ਼ਿਅਪ ਨੇ ਇਸ ਮੌਕੇ ਆਖਿਆ ਕਿ ਉਨ੍ਹਾਂ ਦੀ ਸੰਸਥਾ ਮੀਡੀਆ ਪੇਸ਼ੇਵਰਾਂ ਦੀ ਇੱਕ ਅਜਿਹੀ ਪੀੜ੍ਹੀ ਨੂੰ ਤਿਆਰ ਕਰਨ ਲਈ ਵਚਨਬੱਧ ਹੈ ਜੋ ਇੱਕ ਜੀਵੰਤ ਅਤੇ ਮਜਬੂਤ ਲੋਕਤੰਤਰ ਨੂੰ ਰੂਪ ਦੇਣ ਵਿੱਚ, ਪ੍ਰੈਸ ਦੀ ਗਤੀਸ਼ੀਲ ਭੂਮਿਕਾ ਨੂੰ ਸਮਝਦੇ ਹੋਣ। ਵਿਭਾਗ ਦੇ ਮੁਖੀ ਨੇ ਅੱਗੇ ਕਿਹਾ ਕਿ ਇਸ ਵਾਰ ਅਸੀਂ ਰਾਸ਼ਟਰੀ ਪ੍ਰੈਸ ਦਿਵਸ ਮਨਾਉਂਦੇ ਹੋਏ ਮੀਡੀਆ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਸੁਮੇਲ ਦੀਆਂ ਸੰਭਾਵਨਾਵਾਂ ਨੂੰ ਵੀ ਜਾਣਨ ਦੀ ਕੋਸ਼ਿਸ਼ ਕੀਤੀ ਹੈ। ਉਨ੍ਹਾਂ ਕਿਹਾ ਕਿ ਵੱਡੀਆਂ ਤਕਨੀਕੀ ਤਬਦੀਲੀਆਂ ਦੇ ਇਸ ਯੁੱਗ ਵਿੱਚ, ਏ ਆਈ ਦੀਆਂ ਸਮਰੱਥਾਵਾਂ ਦੇ ਨਾਲ ਮਨੁੱਖੀ ਚਤੁਰਾਈ ਦਾ ਸੰਯੋਜਨ ਦਿਲਚਸਪ ਅਤੇ ਅਨੋਖੇ ਬਿਰਤਾਂਤ ਨੂੰ ਆਕਾਰ ਦਿੰਦਾ ਹੈ। ਇਸ ਨਾਲ ਕਹਾਣੀਕਾਰਾਂ ਦੇ ਤੌਰ 'ਤੇ ਸਾਡਾ ਫਰਜ ਡਿਜੀਟਲ ਸਰਹੱਦਾਂ ਨੂੰ ਅਪਣਾਉਂਦੇ ਹੋਏ, ਰਵਾਇਤੀ ਸੀਮਾਵਾਂ ਨੂੰ ਪਾਰ ਕਰਦਾ ਹੈ। ਉਨ੍ਹਾਂ ਕਿਹਾ ਕਿ ਜਿਵੇਂ ਕਿ ਅਤੀਤ ਵਿੱਚ ਸਿਆਹੀ ਕਾਗਜ ਨਾਲ ਮਿਲਦੀ ਸੀ, ਅੱਜ, ਸਾਡੇ ਬਿਰਤਾਂਤ 'ਅਲਗੋਰਿਦਮ' ਨਾਲ ਜੁੜੇ ਹੋਏ ਹਨ। ਉਨ੍ਹਾਂ ਪੱਤਰਕਾਰੀ ਦੇ ਵਿਦਿਆਰਥੀਆਂ ਨੂੰ ਨਾ ਸਿਰਫ ਇਸ ਨਵੀਂ ਤਕਨੀਕ ਦੇ ਅਨੁਕੂਲ ਹੋਣ ਲਈ, ਸਗੋਂ ਨਵੀਂ ਪੀੜ੍ਹੀ ਵਜੋਂ ਇਸ ਪਰਿਵਰਤਨਸ਼ੀਲ ਯਾਤਰਾ ਦੀ ਅਗਵਾਈ ਕਰਨ ਦੀ ਅਪੀਲ ਵੀ ਕੀਤੀ।

17-Nov-PAGE- 9 qxd.qxd 11/17/2023 9:00 PM Page 1



# ਭਗਵੰਤ ਮਾਨ ਤੇ ਕੇਜਰੀਵਾਲ ਅੱਜ ਕਰਨਗੇ 867 ਕਰੋੜ ਰੁਪਏ ਦੇ ਪ੍ਰੋਜੈਕਟਾਂ ਦੀ ਸ਼ੁਰੂਆਤ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**— ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਆਮ ਆਦਮੀ ਪਾਰਟੀ ਦੇ ਸੂਬਾ ਕਾਰਜਕਾਰੀ ਪ੍ਰਧਾਨ ਬੁੱਧ ਰਾਮ ਅਤੇ ਵਿਧਾਇਕ ਟਾਂਡਾ ਉੜਮੁੜ ਜਸਵੀਰ ਸਿੰਘ ਰਾਜਾ ਗਿੱਲ ਦੀ ਹਾਜਰੀ ਵਿਚ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਮੁੱਖ ਮੰਤਰੀ ਦਿੱਲੀ ਅਰਵਿੰਦ ਕੇਜਰੀਵਾਲ ਦੀ 18 ਨਵੰਬਰ ਨੂੰ ਹੁਸ਼ਿਆਰਪੁਰ ਵਿਖੇ ਆਮਦ ਨੂੰ ਲੈ ਕੇ ਕੀਤੀਆਂ ਜਾ ਤਿਆਰੀਆਂ ਦਾ ਜਾਇਜਾ ਲਿਆ। ਕੈਬਨਿਟ ਮੰਤਰੀ ਨੇ ਦੱਸਿਆ ਕਿ 18 ਨਵੰਬਰ ਨੂੰ ਹੁਸ਼ਿਆਰਪੁਰ-ਫਗਵਾੜਾ ਬਾਈਪਾਸ 'ਤੇ ਸਥਿਤ ਜੈਮਜ ਕੈਂਬਰਿਜ ਇੰਟਰਨੈਸ਼ਨਲ ਸਕੂਲ ਨੇੜੇ ਇਕ ਵਿਸ਼ਾਲ ਸਮਾਗਮ ਕਰਵਾਇਆ ਜਾ ਰਿਹਾ ਹੈ, ਜਿਥੇ ਹੁਸ਼ਿਆਰਪੁਰ ਲੋਕ ਸਭਾ ਹਲਕੇ ਵਿਚ 'ਵਿਕਾਸ ਕ੍ਰਾਂਤੀ ਵੱਲ ਵਧਦੇ ਕਦਮ' ਪ੍ਰੋਜੈਕਟ ਤਹਿਤ 867 ਕਰੋੜ ਰੁਪਏ ਦੇ ਵੱਖ-ਵੱਖ ਪ੍ਰੋਜੈਕਟ ਸ਼ੁਰੂ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਲੋਕ ਆਪਣੇ ਚਹੇਤੇ ਆਗੂਆਂ ਦੀ ਬੇਸਬਰੀ ਨਾਲ ਉਡੀਕ ਕਰ ਰਹੇ ਹਨ। ਇਸ ਦੌਰਾਨ ਉਨ੍ਹਾਂ ਜ਼ਿਲ੍ਹਾ ਪ੍ਰਸਾਸਨ ਨੂੰ ਹਦਾਇਤ ਕੀਤੀ ਕਿ ਪ੍ਰੋਗਰਾਮ ਦੀਆਂ ਤਿਆਰੀਆਂ ਵਿਚ ਕੋਈ ਕਸਰ ਬਾਕੀ ਨਾ ਛੱਡੀ ਜਾਵੇ। ਇਸ ਦੌਰਾਨ ਬ੍ਰਮ ਸ਼ੰਕਰ ਜਿੰਪਾ ਨੇ ਪੰਡਾਲ, ਵੱਖ-ਵੱਖ ਬਲਾਕਾਂ, ਸੁਰੱਖਿਆ, ਸਟੇਜ, ਮੈਡੀਕਲ ਸਹੂਲਤਾਂ, ਪਾਰਕਿੰਗ, ਟ੍ਰੈਫਿਕ ਅਤੇ ਹੋਰ ਲੋੜੀਂਦੇ ਪ੍ਰਬੰਧਾਂ ਦਾ ਜਾਇਜਾ ਲਿਆ ਅਤੇ ਅਧਿਕਾਰੀਆਂ ਨੂੰ ਲੋੜੀਂਦੀਆਂ ਹਦਾਇਤਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਹੁਸ਼ਿਆਰਪੁਰ ਦੇ ਵਿਕਾਸ ਨੂੰ ਹਮੇਸਾ ਪਹਿਲ ਦਿੱਤੀ ਗਈ ਹੈ, ਜਿਸ ਲਈ ਹੁਸ਼ਿਆਰਪੁਰ ਦੇ ਲੋਕ ਹਮੇਸਾ ਮੁੱਖ ਮੰਤਰੀ ਦੇ ਧੰਨਵਾਦੀ ਰਹਿਣਗੇ। ਇਸ ਮੌਕੇ ਸੂਬਾ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ, ਜਗਰੂਪ ਸਿੰਘ ਸੇਖਵਾਂ, ਮੇਅਰ ਸੁਰਿੰਦਰ ਕੁਮਾਰ, ਚੇਅਰਪਰਸਨ ਜ਼ਿਲ੍ਹਾ ਯੋਜਨਾ ਕਮੇਟੀ ਕਰਮਜੀਤ ਕੌਰ, ਦੋਆਬਾ ਇੰਚਾਰਜ ਰਾਜਵਿੰਦਰ ਕੌਰ ਥਿਆੜਾ, ਲੋਕ ਸਭਾ ਇੰਚਾਰਜ ਹੁਸ਼ਿਆਰਪੁਰ ਹਰਵਿੰਦਰ ਸਿੰਘ ਬਖਸ਼ੀ, ਸ੍ਰੀ ਅਨੰਦਪੁਰ ਸਾਹਿਬ ਲੋਕ ਸਭਾ ਇੰਚਾਰਜ ਮਾਲਵਿੰਦਰ ਸਿੰਘ ਕੰਗ, ਜ਼ਿਲ੍ਹਾ ਪ੍ਰਧਾਨ ਹੁਸ਼ਿਆਰਪੁਰ ਗੁਰਵਿੰਦਰ ਸਿੰਘ ਪਾਬਲਾ, ਜ਼ਿਲ੍ਹਾ ਪ੍ਰਧਾਨ ਨਵਾਂਸ਼ਹਿਰ ਸਤਨਾਮ ਸਿੰਘ ਤੋਂ ਇਲਾਵਾ ਹੋਰ ਵੀ ਪਤਵੰਤੇ ਹਾਜਰ ਸਨ।

# ਆਈ ਟੀ ਆਈ ਨੰਗਲ ਵਿਖੇ ਸਵੀਪ ਪ੍ਰੋਗਰਾਮ ਤਹਿਤ ਜਾਗਰੂਕਤਾ ਰੈਲੀ ਕੱਢੀ



**ਭਲਾਣ (ਹਰਭਜਨ ਢਿੱਲੋਂ)** ਪੰਜਾਬ ਸਰਕਾਰ ਅਤੇ ਡਿਪਟੀ ਕਮਿਸ਼ਨਰ ਕਮ ਜ਼ਿਲ੍ਹਾ ਚੋਣ ਅਫਸਰ ਡਾਕਟਰ ਪ੍ਰੀਤੀ ਯਾਦਵ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਲੋਕਾਂ ਨੂੰ ਵੋਟ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਲਈ ਸਥਾਨਕ ਉਦਯੋਗਿਕ ਸਿਖਲਾਈ ਸੰਸਥਾਂ ਇਸਤਰੀਆਂ ਨੰਗਲ ਵਲੋਂ ਜਾਗਰੂਕਤਾ ਰੈਲੀ ਦਾ ਅਯੋਜਨ ਕੀਤਾ ਗਿਆ ਲੋਕ ਸਭਾ ਚੋਣਾਂ 2024 ਅਧੀਨ ਸ਼ੁਰੂ ਕੀਤੇ ਸਵੀਪ ਪ੍ਰੋਗਰਾਮ ਤਹਿਤ ਪ੍ਰਿ. ਗੁਰਨਾਮ ਸਿੰਘ ਭੱਲੜੀ ਦੀ ਅਗਵਾਈ ਹੇਠ ਕੱਢੀ ਗਈ ਇਸ ਜਾਗਰੂਕਤਾ ਰੈਲੀ ਵਿੱਚ ਸੰਸਥਾ ਦੀਆਂ ਵਿੱਦਿਆਰਥਣਾਂ ਵਲੋਂ ਹੱਥਾਂ ਵਿੱਚ ਬੈਨਰ ਫੜ ਕੇ ਲੋਕਾਂ ਨੂੰ ਵੋਟਾ ਬਣਾਉਣ ਅਤੇ ਵੋਟ ਪਾਉਣ ਦੇ ਅਧਿਕਾਰ ਪ੍ਰਤੀ ਜਾਗਰੂਕ ਕੀਤਾ ਗਿਆ। ਇਸ ਮੌਕੇ ਬੋਲਦਿਆਂ ਪ੍ਰਿੰਸੀਪਲ ਗੁਰਨਾਮ ਸਿੰਘ ਭੱਲੜੀ ਨੇ ਕਿਹਾ ਕਿ ਸਵੀਪ ਪ੍ਰੋਗਰਾਮ ਤਹਿਤ ਰੈਲੀ ਕੱਢਣ ਤੋਂ ਇਲਾਵਾ ਪੋਸਟਰ ਮੇਕਿੰਗ ਮੁਕਾਬਲੇ, ਸਲੋਗਨ ,ਭਾਸ਼ਣ ਮੁਕਾਬਲੇ,ਕਵਿਤਾ,ਕੁਇੰਜ ਮੁਕਾਬਲੇ,ਨੁੱਕੜ ਨਾਟਕ ਅਤੇ ਗੀਤ ਮੁਕਾਬਲੇ ਆਦਿ ਕਰਵਾਏ ਜਾ ਰਹੇ ਹਨ। ਉਨ੍ਹਾਂ ਬਿਨਾਂ ਕਿਸੇ ਲਾਲਚ ਅਤੇ ਜਾਤ, ਧਰਮ ਆਦਿ ਤੋਂ ਪ੍ਰਭਾਵਿਤ ਹੋਏ ਸਹੀ ਵਿਅਕਤੀ ਦੀ ਚੋਣ ਕਰਨ ਲਈ ਪ੍ਰੇਰਿਤ ਕੀਤਾ। ਸਿਖਿਆਰਥਣਾਂ ਵਲੋਂ 'ਇੱਕ ਵੋਟ ਨਾਲ ਹੋਵੇ ਜਿੱਤ ਹਾਰ,ਵੋਟ ਨਾ ਜਾਏ ਕੋਈ ਬੇਕਾਰ' ਆਦਿ ਨਾਅਰੇ ਲਗਾਏ ਗਏ। ਇਸ ਮੌਕੇ ਸੀਨੀਅਰ ਇੰਸਟਰਕਟਰ ਰਵਨੀਤ ਕੌਰ ਭੰਗਲ, ਗੁਰਨਾਮ ਕੌਰ,ਅਨੀਲਮ ਸ਼ਰਮਾ,ਜਗਦੀਪ ਕੁਮਾਰ,ਮਾਇਆ ਦੇਵੀ ਆਦਿ ਹਾਜ਼ਰ ਸਨ।

# ਮੰਡੀਆਂ 'ਚ ਝੋਨੇ ਦੀ ਆਮਦ, ਖਰੀਦ ਤੇ ਲਿਫਟਿੰਗ ਦਾ ਕੰਮ ਸੁਚੱਜੇ ਢੰਗ ਨਾਲ ਜਾਰੀ : ਬਰਸਟ

**ਸ਼ਾਹਕੋਟ (ਗਿਆਨ ਸੈਦਪੁਰੀ)**

ਪੰਜਾਬ ਦੀ ਮੰਡੀਆਂ ਵਿੱਚ ਝੋਨੇ ਦੀ ਆਮਦ ਅਤੇ ਖਰੀਦ ਦੇ ਕਾਰਜ ਜ਼ੋਰਾਂ ਨਾਲ ਚੱਲ ਰਹੇ ਹਨ। ਮੰਡੀ ਵਿੱਚ ਆਪਣੀਆਂ ਫਸਲਾਂ ਲੈ ਕੇ ਆਉਣ ਵਾਲੇ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ, ਇਸਦੇ ਪੁਖੱਤਾ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਕਿਸਾਨ ਆਪਣੀ ਫਸਲ ਨੂੰ ਬਿਨਾਂ ਕਿਸੇ ਤੰਗੀ ਤੋਂ ਵੇਚ ਸਕਣ। ਇਸ ਗੱਲ ਦਾ ਪ੍ਰਗਟਾਵਾ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਮੰਡੀਆਂ ਵਿੱਚ ਚਲ ਰਹੇ ਖਰੀਦ ਪ੍ਰਬੰਧਾਂ ਦਾ ਜਾਇਜਾ ਲੈਣ ਸਮੇਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਕਿਸਾਨਾਂ ਦਾ ਹਰ ਪੱਖੋਂ ਧਿਆਨ ਰੱਖ ਰਹੀ ਹੈ ਅਤੇ ਉਨ੍ਹਾਂ ਦੇ ਵਿਕਾਸ ਲਈ ਵਚਨਬਧ ਹੈ। ਸਮੂਹ ਅਨਾਜ ਮੰਡੀਆਂ ਅਤੇ ਸੀਜਨਲ ਖਰੀਦ ਕੇਂਦਰਾਂ ਵਿੱਚ ਝੋਨੇ ਦੀ ਖਰੀਦ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ। ਮੰਡੀਆਂ ਵਿੱਚ ਝੋਨਾ ਲੈ ਕੇ ਪਹੁੰਚੇ ਕਿਸਾਨਾਂ ਦੀ ਫਸਲ ਦਾ ਦਾਣਾ-ਦਾਣਾ ਖਰੀਦਿਆਂ ਜਾਵੇਗਾ। ਉਹਨਾਂ ਨੇ ਕਿਹਾ ਕਿ ਖਰੀਦੇ ਗਏ ਝੋਨੇ ਦੀ ਲਿਫਟਿੰਗ ਅਤੇ ਅਦਾਇਗੀ ਵੇਲੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ ਨਹੀਂ ਆਉਣ ਦਿੱਤੀ ਜਾ ਰਹੀ ਹੈ।

ਕਿਸਾਨਾਂ ਨੂੰ ਫਸਲ ਦੀ ਖਰੀਦ, ਲਿਫਟਿੰਗ ਅਤੇ ਅਦਾਇਗੀ ਨਾਲੋਂ-ਨਾਲ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਮੌਸਮ ਦੀ ਖਰਾਬੀ, ਬੇਮੌਸਮੀ ਬਾਰਿਸ ਅਤੇ ਹੜ੍ਹਾਂ ਦੇ ਬਾਵਜੂਦ ਇਸ ਸਾਲ ਝੋਨੇ ਦੀ ਪੈਦਾਵਾਰ ਵਿੱਚ ਜਿਆਦਾ ਕਮੀ ਨਹੀਂ ਆਈ ਹੈ। ਬਰਸਟ ਨੇ ਦੱਸਿਆ ਕਿ ਹੁਣ ਤੱਕ ਪੰਜਾਬ ਮੰਡੀ ਬੋਰਡ ਦੀਆਂ 1854 ਪੱਕੀਆਂ ਮੰਡੀਆਂ ਤੇ 623 ਨੋਟੀਫਾਈਡ ਆਰਜੀ ਮੰਡੀਆਂ ਵਿੱਚ 174.80 ਲੱਖ ਮੀਟ੍ਰਿਕ ਟਨ ਝੋਨੇ ਦੀ ਫਸਲ ਦੀ ਆਮਦ ਹੋ ਚੁੱਕੀ ਹੈ, ਜਿਸ ਵਿੱਚ 171.02 ਲੱਖ ਮੀਟ੍ਰਿਕ ਟਨ ਝੋਨੇ ਦੀ ਫਸਲ ਖਰੀਦੀ ਜਾ ਚੁੱਕੀ ਹੈ ਅਤੇ 3.78 ਲੱਖ ਮੀਟ੍ਰਿਕ ਟਨ ਫਸਲ ਦੀ ਖਰੀਦ ਬਾਕੀ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ ਮੰਡੀਆਂ ਚੋਂ 144.35 ਲੱਖ ਮੀਟ੍ਰਿਕ ਟਨ ਝੋਨੇ ਦੀ ਫਸਲ ਦੀ ਲਿਫਟਿੰਗ ਹੋ ਚੁੱਕੀ ਹੈ, ਜਦਕਿ 26.67 ਲੱਖ ਮੀਟ੍ਰਿਕ ਟਨ ਝੋਨਾ ਬਕਾਇਆ ਹੈ।

ਉਨ੍ਹਾਂ ਅਗੇ ਜਾਣਕਾਰੀ ਦਿੰਦੀਆਂ ਦੱਸਿਆ ਕਿ ਬੀਤੇ ਦਿਨ ਮੰਡੀਆਂ ਵਿੱਚ 2.29 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਸੀ ਤੇ 2.59 ਲੱਖ ਮੀਟ੍ਰਿਕ ਟਨ ਦੀ ਖਰੀਦ ਹੋਈ ਹੈ। ਉਨ੍ਹਾਂ ਦੱਸਿਆ ਕਿ 760 ਮੰਡੀਆਂ ਵਿੱਚ ਬਾਇਓਮੈਟ੍ਰਿਕ ਮਸ਼ੀਨ ਸ਼ੁਰੂ ਹੋ ਚੁੱਕੀ ਹਨ ਅਤੇ ਹੁਣ ਤੱਕ 1,23,8,59 ਐਂਟਰੀਆਂ ਬਾਇਓਮੈਟ੍ਰਿਕ ਰਾਹੀਂ ਹੋ ਗਈਆਂ ਹਨ।

# ਸ਼੍ਰੀ ਹਨੂਮਤ ਆਈ ਐੱਮ ਟੀ 'ਚ ਹੋਇਆ ਦੀਵਾਲੀ ਫੈਸਟ



**ਗੁਰਾਇਆ (ਬਿੰਦਰ ਸੁਮਨ)**— ਸ਼੍ਰੀ ਹਨੂਮਤ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ ਵਿਖੇ ਦੀਵਾਲੀ ਫੈਸਟ-2023 ਬੜੇ ਉਤਸ਼ਾਹ ਨਾਲ ਕਰਵਾਇਆ ਗਿਆ। ਕਾਲਜ ਡਾਇਰੈਕਟਰ ਡਾ: ਸ਼ੈਲੀ ਰੇਖੀ ਸ਼ਰਮਾ ਦੀ ਅਗਵਾਈ ਹੇਠ ਆਯੋਜਿਤ ਇਸ ਮੇਲੇ ਦੌਰਾਨ ਸਾਰੇ ਵਿਭਾਗਾਂ ਦੇ ਵਿਦਿਆਰਥੀਆਂ ਵੱਲੋਂ ਬਹੁਤ ਹੀ ਆਕਰਸ਼ਕ ਸਟਾਲ ਲਗਾਏ ਗਏ ਸਨ। ਬੀਸੀਏ ਵਿਭਾਗ ਨੇ ਐਚ.ਓ.ਡੀ ਕੰਚਨ ਰਾਣਾ ਦੀ ਅਗਵਾਈ ਵਿੱਚ ਡੀਜੇ, ਨੇਲ ਆਰਟ ਅਤੇ ਖੇਡਾਂ ਦਾ ਆਕਰਸ਼ਕ ਸਟਾਲ ਲਗਾਇਆ ਜਦਕਿ ਬੀ.ਕਾਮ ਵਿਭਾਗ ਨੇ ਐਚ.ਓ.ਡੀ ਮੈਡਮ ਜੋਤੀ ਦੀ ਅਗਵਾਈ ਵਿੱਚ ਸਵਾਦਿਸ਼ਟ ਗੋਲਗੱਪਾ ਅਤੇ ਦਹੀ ਭੱਲਾ ਚਾਟ ਦਾ ਸਟਾਲ ਲਗਾਇਆ। ਬੀਐਸਸੀ ਐਫਡੀ ਵਿਭਾਗ ਨੇ ਸਹਾਇਕ ਪ੍ਰੋਫੈਸਰ ਹਰਦੀਪ ਦੇ ਸਹਿਯੋਗ ਨਾਲ ਸਟਾਲ ਲਗਾ ਕੇ ਸੇਵ ਪੁਰੀ ਅਤੇ ਭੇਲ ਪੁਰੀ ਪੇਸ਼ ਕੀਤੀ। ਬੀ.ਟੀ.ਟੀ.ਐਮ ਵਿਭਾਗ ਨੇ ਐਚ.ਓ.ਡੀ ਅਖਿਲ ਬਾਲੀ ਦੇ ਸਹਿਯੋਗ ਨਾਲ ਮਜ਼ੇਦਾਰ ਖੇਡਾਂ ਦਾ ਪ੍ਰਦਰਸ਼ਨ ਕੀਤਾ ਅਤੇ ਬੀ.ਐਮ.ਐਲ.ਐਸ ਵਿਭਾਗ ਦੇ ਵਿਦਿਆਰਥੀਆਂ ਨੇ ਐਚ.ਓ.ਡੀ ਰਵਨੀਤ ਦੀ ਅਗਵਾਈ ਹੇਠ ਕੋਲਡ ਕੌਫ਼ੀ ਅਤੇ ਕੋਲਡ ਡਰਿੰਕ ਦਾ ਸਟਾਲ ਲਗਾਇਆ ਹੋਇਆ ਸੀ। ਬੀਬੀਏ ਵਿਭਾਗ ਨੇ ਐਚ.ਓ.ਡੀ ਕਸ਼ਿਸ਼ ਮਿਗਲਾਨੀ ਦੇ ਸਹਿਯੋਗ ਨਾਲ ਆਈਸ ਕਰੀਮ ਦਾ ਸਟਾਲ ਲਗਾਇਆ। ਹੋਟਲ ਪ੍ਰਬੰਧਨ ਵਿਭਾਗ ਨੇ ਐਚ.ਓ.ਡੀ. ਦੀਪਕ ਠਾਕੁਰ ਦੀ ਮਦਦ ਨਾਲ ਵੱਖ-ਵੱਖ ਪਕਵਾਨਾਂ ਨਾਲ ਲੈਸ ਸਟਾਲ ਲਗਾਇਆ। ਇਸ ਫੂਡ ਸਟਾਲ ਵਿੱਚ ਮੋਮੋਜ਼, ਫਰੈਂਚ ਫਰਾਈਜ਼ ਦੀਆਂ ਵੱਖ-ਵੱਖ ਕਿਸਮਾਂ, ਕੈਥੀ ਰੋਲ, ਕਟਲੇਟ, ਸਵੀਟ ਕੋਰਨ ਅਤੇ ਟਿੱਕੀਆਂ ਸ਼ਾਮਲ ਸਨ। ਸਾਰੇ ਵਿਭਾਗਾਂ ਦੇ ਵਿਦਿਆਰਥੀਆਂ ਨੇ ਇਹ ਸਟਾਲ ਖੁਦ ਤਿਆਰ ਕਰਕੇ ਲਗਾਏ ਸਨ। ਡਾ: ਸ਼ੈਲੀ ਰੇਖੀ ਸ਼ਰਮਾ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਧਨਤੇਰਸ, ਦੀਵਾਲੀ ਅਤੇ ਸ਼੍ਰੀ ਵਿਸ਼ਵਕਰਮਾ ਮਹਾਉਤਸਵ ਦੀਆਂ ਵਧਾਈਆਂ ਦਿੱਤੀਆਂ। ਉਨ੍ਹਾਂ ਦੱਸਿਆ ਕਿ ਇਸ ਫੈਸਟੀਵਲ ਦੇ ਆਯੋਜਨ ਦਾ ਉਦੇਸ਼ ਵਿਦਿਆਰਥੀਆਂ ਵਿੱਚ ਉੱਦਮੀ ਹੁਨਰ ਦਾ ਵਿਕਾਸ ਕਰਨਾ ਹੈ। ਉਨ੍ਹਾਂ ਸਮੂਹ ਵਿਦਿਆਰਥੀਆਂ ਅਤੇ ਸਟਾਫ਼ ਨੂੰ ਇਸ ਫੈਸਟ ਦੇ ਸਫ਼ਲ ਆਯੋਜਨ ਲਈ ਵਧਾਈ ਦਿੱਤੀ ਅਤੇ ਭਰੋਸਾ ਦਿੱਤਾ ਕਿ ਵਿਦਿਆਰਥੀਆਂ ਦੇ ਬੌਧਿਕ ਵਿਕਾਸ ਲਈ ਅਜਿਹੇ ਪ੍ਰੋਗਰਾਮ ਭਵਿੱਖ ਵਿੱਚ ਵੀ ਹੁੰਦੇ ਰਹਿਣਗੇ।

# ਇਸ ਮਹੀਨੇ 100 ਫ਼ੀਸਦੀ ਵੋਟਰ ਰਜਿਸਟ੍ਰੇਸ਼ਨ ਦਾ ਟੀਚਾ ਹੋਵੇਗਾ ਪੂਰਾ : ਪ੍ਰਿੰ. ਰਾਜੀਵ ਪੁਰੀ

**ਐਸ.ਏ.ਐਸ ਨਗਰ, (ਗੁਰਜੀਤ ਬਿੱਲਾ)**

ਸਰਕਾਰੀ ਬਹੁਤਕਨੀਕੀ ਕਾਲਜ, ਖੂਨੀਮਾਜਰਾ (ਖਰੜ) ਦੇ ਪ੍ਰਿੰਸੀਪਲ ਰਾਜੀਵ ਪੁਰੀ ਨੇ ਕਾਲਜ ਦੇ ਵੋਟਰ ਸਾਖਰਤਾ ਕਲੱਬਾਂ ਦੇ ਇੰਚਾਰਜ ਅਤੇ ਵਿਦਿਆਰਥੀਆਂ ਨੂੰ ਵਿਸ਼ੇਸ਼ ਸਰਸਰੀ ਸੁਧਾਈ-2024, ਯੋਗਤਾ ਮਿਤੀ ਇੱਕ ਜਨਵਰੀ, 2024 ਦੇ ਆਧਾਰ 'ਤੇ ਸਮੂਹ ਯੋਗ ਵੋਟਰਾਂ ਦਾ ਪੰਜੀਕਰਨ ਕਰਵਾਉਣ ਲਈ ਆਪਣੀ ਜਿੰਮੇਵਾਰੀ ਨਿਭਾਉਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਜ਼ਿਲ੍ਹਾ ਨੋਡਲ ਅਫਸਰ ਸਵੀਪ ਪ੍ਰੋ. ਗੁਰਬਖਸ਼ੀਸ਼ ਸਿੰਘ ਅਨਟਾਲ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਸਮੂਹ ਤਕਨੀਕੀ ਸਿੱਖਿਆ ਸੰਸਥਾਵਾਂ ਦੇ ਮੁਖੀਆਂ ਨੂੰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀਮਤੀ ਆਸ਼ਿਕਾ ਜੈਨ ਵੱਲੋਂ ਪਹਿਲਾਂ ਹੀ ਹਰ ਇੱਕ ਯੋਗ ਵੋਟਰ ਦੇ ਪੰਜੀਕਰਣ ਲਈ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਿਤ ਹੁੰਦਿਆਂ ਕਿਹਾ ਹਰ ਕਾਲਜ ਦੇ ਰਾਸ਼ਟਰੀ ਸੇਵਾ ਯੋਜਨਾ ਦੇ ਵਲੰਟੀਅਰ ਅਤੇ ਵੋਟਰ ਸਾਖ਼ਰਤਾ ਕਲੱਬ ਦੇ ਵਲੰਟੀਅਰ ਸ਼ੋਸ਼ਲ ਮੀਡੀਆ, ਨਿੱਜੀ ਪਹੁੰਚ, ਨੁਕੜ ਨਾਟਕ, ਪੋਸਟਰ ਮੁਕਾਬਲੇ ਆਦਿ ਕਰਵਾ ਕੇ ਲੋਕਤੰਤਰ ਦੀ ਮਜ਼ਬੂਤੀ ਲਈ ਆਪਣਾ ਯੋਗਦਾਨ ਪਾਉਣ। ਉਨ੍ਹਾਂ ਵਿਦਿਆਰਥੀਆਂ ਨੂੰ ਦੱਸਿਆ ਕਿ ਉਹ ਬੀ ਐਲ ਓ ਰਾਹੀਂ, ਆਨਲਾਈਨ ਨੈਸ਼ਨਲ ਵੋਟਰ ਸਰਵਿਸ ਪੋਰਟਲ 'ਤੇ ਜਾ ਕੇ ਜਾਂ ਫੇਰ ਮੋਬਾਇਲ 'ਤੇ ਵੋਟਰ ਹੈਲਪਲਾਈਨ ਐਪ ਰਾਹੀਂ ਵੀ ਵੋਟ ਬਣਵਾ ਸਕਦੇ ਹਨ। ਪ੍ਰਿੰਸੀਪਲ ਰਾਜੀਵ ਪੁਰੀ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਸਮੂਹ ਤਕਨੀਕੀ ਸਿੱਖਿਆ ਸੰਸਥਾਵਾਂ ਵਿੱਚ 100 ਫ਼ੀਸਦੀ ਵੋਟਰ ਪੰਜੀਕਰਣ ਦਾ ਟੀਚਾ ਨਵੰਬਰ ਮਹੀਨੇ ਪੂਰਾ ਕਰ ਦੇਣ ਲਈ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ ਸਰਕਾਰੀ ਬਹੁਤਕਨੀਕੀ ਕਾਲਜ ਖੂਨੀਮਾਜਰਾ ਤੋਂ ਕੀਤੀ ਗਈ ਹੈ। ਇਸ ਮੌਕੇ ਕਾਲਜ ਦੇ ਮੁੱਖੀ ਵਿਭਾਗ ਕੰਪਿਊਟਰ ਰਵਿੰਦਰ ਵਾਲੀਆ, ਨੋਡਲ ਅਫਸਰ ਸਵੀਪ ਡਾ. ਰਵਿੰਦਰ ਅਤੇ ਰਾਸ਼ਟਰੀ ਸੇਵਾ ਯੋਜਨਾ ਦੇ ਪ੍ਰੋਗਰਾਮ ਅਫਸਰ ਵਰਿੰਦਰ ਪ੍ਰਤਾਪ ਸਿੰਘ ਵੀ ਹਾਜ਼ਰ ਸਨ। ਅਖੀਰ ਪ੍ਰਿੰਸੀਪਲ ਅਤੇ ਜ਼ਿਲ੍ਹਾ ਨੋਡਲ ਅਫਸਰ ਸਵੀਪ ਵੱਲੋਂ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਵੋਟਰ ਸਾਖਰਤਾ ਕਲੱਬ ਦੇ ਮੈਂਬਰਾਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।



# ਘੱਟ ਗਿਣਤੀ ਵਰਗਾਂ ਨਾਲ ਸੰਬੰਧਤ ਬੱਚਿਆਂ ਨੂੰ ਸਿੱਖਿਆ ਪ੍ਰਦਾਨ ਕਰਨਾ ਮੁੱਖ ਤਰਜੀਹ : ਡਾ. ਬਲਜੀਤ ਕੌਰ

**ਚੰਡੀਗੜ੍ਹ, ( ਕ੍ਰਿਸ਼ਨ ਗਰਗ )**—ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਘੱਟ ਗਿਣਤੀ ਵਰਗ ਦੇ ਵਿਦਿਆਰਥੀਆਂ ਦੀ ਭਲਾਈ ਲਈ ਵਚਨਬੱਧ ਹੈ। ਇਹ ਜਾਣਕਾਰੀ ਦਿੰਦਿਆਂ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਘੱਟ ਗਿਣਤੀ ਵਰਗਾਂ ਦੇ ਬੱਚਿਆਂ ਨੂੰ ਸਿੱਖਿਆ ਪ੍ਰਦਾਨ ਕਰਨਾ ਸੂਬਾ ਸਰਕਾਰ ਦੀ ਮੁੱਖ ਤਰਜੀਹ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਘੱਟ ਗਿਣਤੀ ਵਰਗ ਨਾਲ ਸਬੰਧਤ ਵਿਦਿਆਰਥੀਆਂ ਨੂੰ ਪੜ੍ਹਾਈ ਲਈ ਮੈਰਿਟ ਕਮ ਮੀਨਜ ਬੇਸਡ ਸਕਾਲਰਸ਼ਿਪ ਸਕੀਮ ਅਧੀਨ ਉਚੇਰੀ ਸਿੱਖਿਆ ਅਤੇ ਪ੍ਰੋਫੈਸ਼ਨਲ ਸੰਸਥਾਵਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਕੋਰਸਾਂ ਲਈ ਵਜੀਫਾ ਦਿੱਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਇਸ ਸਕੀਮ ਦਾ ਮੁੱਖ ਟੀਚਾ ਅਤਿ ਗਰੀਬ ਪਰਵਾਰਾਂ ਦੇ ਵਿਦਿਆਰਥੀਆਂ ਨੂੰ ਉਚੇਰੀ ਸਿੱਖਿਆ ਪੂਰੀ ਕਰਨ ਲਈ ਸਹਾਇਤਾ ਪ੍ਰਦਾਨ ਕਰਨਾ ਹੈ। ਪੰਜਾਬ ਸਰਕਾਰ ਵੱਲੋਂ ਮੈਰਿਟ ਕਮ ਮੀਨਜ ਬੇਸਡ ਸਕਾਲਰਸ਼ਿਪ ਸਕੀਮ ਫਾਰ ਮਨਿਓਰਟੀਜ ਸਕੀਮ ਵਿੱਚ ਸਿੱਖ ਮੁਸਲਿਮ, ਇਸਾਈ, ਪਾਰਸੀ ਅਤੇ ਜੈਨ ਵਰਗ ਨਾਲ ਸਬੰਧਤ ਵਿਦਿਆਰਥੀਆਂ ਕਵਰ ਕੀਤੇ ਜਾਂਦੇ ਹਨ। ਇਸ ਸਕੀਮ ਤਹਿਤ ਗ੍ਰੇਜੂਏਟ, ਪੋਸਟ ਗ੍ਰੈਜੂਏਟ ਤੇ ਪ੍ਰੋਫੈਸਨਲ ਮੈਡੀਕਲ, ਨਰਸਿੰਗ, ਫਾਰਮੈਸੀ ਅਤੇ ਮੈਨੇਜਮੈਂਟ ਆਦਿ ਸੰਸਥਾ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਕੋਰਸਾਂ ਲਈ ਵਜੀਫਾ ਦਿੱਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਇਸ ਸਕੀਮ ਅਧੀਨ ਰਾਸ਼ਟਰੀ ਸੂਚੀ ਬੱਧ ਸੰਸਥਾਵਾਂ ਵਿੱਚ ਪੜ੍ਹਾਈ ਕਰ ਰਹੇ ਬੱਚਿਆਂ ਦੀ ਫੀਸ ਦਿੱਤੀ ਜਾਂਦੀ ਹੈ। ਸੂਬੇ ਵਿੱਚ ਮੌਜੂਦਾ ਸਮੇਂ ਆਈ.ਆਈ.ਟੀ ਰੋਪੜ, ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜੀਨੀਅਰਿੰਗ ਅਤੇ ਟੈਕਨਾਲੋਜੀ, ਸੰਗਰੂਰ ਅਤੇ ਡਾ.ਬੀ.ਆਰ. ਅੰਬੇਡਕਰ ਨੈਸਨਲ ਇੰਸਟੀਚਿਊਟ ਆਫ ਟੈਕਨਾਲੋਜੀ, ਜਲੰਧਰ ਆਦਿ ਵਿੱਚ ਪੜ੍ਹਾਈ ਕਰ ਰਹੇ ਵਿਦਿਆਰਥੀ ਨੂੰ ਕੋਰਸ ਦੀ ਪੂਰੀ ਫੀਸ ਅਦਾ ਕੀਤੀ ਜਾਂਦੀ ਹੈ। ਮੰਤਰੀ ਨੇ ਦੱਸਿਆ ਕਿ ਉਹ ਵਿਦਿਆਰਥੀ ਇਸ ਸਕੀਮ ਅਧੀਨ ਲਾਭ ਪ੍ਰਾਪਤ ਕਰਨ ਦੇ ਯੋਗ ਹਨ, ਜਿਸਦੇ ਪਿਛਲੇ ਸਾਲ ਦੇ ਇਮਤਿਹਾਨ ਵਿੱਚ 50% ਤੋਂ ਘੱਟ ਨੰਬਰ ਨਾ ਹੋਣ। ਉਸ ਦੇ ਮਾਪਿਆਂ/ਸਰਪ੍ਰਸਤਾਂ ਦੀ ਸਾਲਾਨਾ ਆਮਦਨ 2.50 ਲੱਖ ਰੁਪਏ ਤੋਂ ਜਿਆਦਾ ਨਾ ਹੋਵੇ। ਮਾਪੇ ਅਤੇ ਵਿਦਿਆਰਥੀ ਪੰਜਾਬ ਦੇ ਵਸਨੀਕ ਹੋਣ ਅਤੇ ਵਿਦਿਆਰਥੀ ਵਿਦਿਅਕ ਸੰਸਥਾ ਵਿੱਚ ਰੈਗੂਲਰ ਪੜ੍ਹਦਾ ਹੋਵੇ, ਲਾਭ ਪ੍ਰਾਪਤ ਕਰ ਸਕਦਾ ਹੈ।

# ਕਰਤਾਰ ਸਿੰਘ ਸਰਾਭਾ ਦਾ ਸ਼ਹੀਦੀ ਦਿਵਸ ਮਨਾਇਆ

**ਜਲੰਧਰ (ਰਾਜੇਸ਼ ਥਾਪਾ)**

ਸ ਸ ਸ ਸਕੂਲ ਧਨੀ ਪਿੰਡ ਵਿਖੇ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਸਮਾਗਮ ਸਕੂਲ ਦੇ ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ ਸਟੇਟ ਐਵਾਰਡੀ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ। ਇਸ ਮੌਕੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਦੇ ਪ੍ਰਧਾਨ ਮਨਜਿੰਦਰ ਸਿੰਘ ਢੇਸੀ ਨੇ ਕਿਹਾ ਕਿ ਸ਼ਹੀਦਾਂ ਦੇ ਸੁਪਨਿਆਂ ਦਾ ਸਮਾਜ ਸਿਰਜਣ ਲਈ ਵਿਦਿਆਰਥੀਆਂ ਨੂੰ ਸਿਖਿਅਤ ਹੋ ਕੇ ਸ਼ਹੀਦਾਂ ਦੇ ਵਿਚਾਰਾਂ 'ਤੇ ਪਹਿਰਾ ਦੇਣ ਦੀ ਲੋੜ ਹੈ। ਉਨ੍ਹਾਂ ਅੱਗੇ ਕਿਹਾ ਕਿ ਦੇਸ਼ ਦੀ ਆਜਾਦੀ ਦੇ ਕਈ ਦਹਾਕਿਆਂ ਬਾਅਦ ਵੀ ਅੱਜ ਵੀ ਸਮਾਜ ਅੰਦਰ ਨਸਲ,ਜਾਤ,ਉਚ-ਨੀਚ ਦੇ ਭੇਦਭਾਵ ਹੋ ਰਹੇ ਹਨ ਜਿਸ ਵਾਸਤੇ ਨੌਜਵਾਨ-ਵਿਦਿਆਰਥੀਆਂ ਨੂੰ ਇਕਜੁੱਟ ਹੋ ਕੇ ਚੰਗੀ ਵਿਦਿਆ ਨਾਲ ਖਾਤਮਾ ਕਰਨਾ ਚਾਹੀਦਾ ਹੈ।



ਸਟੇਜ ਦੀ ਕਾਰਵਾਈ ਤੀਰਥ ਸਿੰਘ ਬਾਸੀ ਲੈਕਚਰਾਰ ਪੰਜਾਬੀ ਨੇ ਨਿਭਾਈ। ਸਕੂਲ ਦੇ ਵਾਇਸ ਪ੍ਰਿੰਸੀਪਲ ਰਿਸ਼ੀ ਕੁਮਾਰ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਤਹਿਸੀਲ ਸਕੱਤਰ ਮੱਖਣ ਸੰਗਰਾਮੀ ਫਿਲੌਰ,ਲੈਕਚਰਾਰ ਵਿਦਿਆ ਸਾਗਰ , ਲੈਕਚਰਾਰ ਕੁਲਵੰਤ ਰਾਮ, ਮਾਸਟਰ ਰਾਮ ਦਿਆਲ, ਜਸਵਿੰਦਰ ਸਾਪਲਾ, ਮੁਨੀਸ ਕੁਮਾਰ, ਮੈਡਮ ਮੰਜੂ, ਰਾਣੀ ਮੈਡਮ ਆਸੂ ਸੱਭਰਵਾਲ, ਮੈਡਮ ਸਰਬਜੀਤ ਕੌਰ ਮੈਡਮ ਜਸਵੀਰ ਕੌਰ ਮੈਡਮ ਸੀਮਾ ਦੇਵੀ ਮੈਡਮ ਸਰੁਤੀ ਲੂਥਰਾ,ਮੈਡਮ ਸੁਖਬੀਰ ਕੌਰ ਮੈਡਮ ਰਜਨੀ ਸੂਦ ਹਾਜਰ ਸਨ।

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਸੰਬੰਧੀ ਸਮਾਂ ਸਾਰਣੀ 'ਚ ਬਦਲਾਅ : ਡੀ ਸੀ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਿਸ਼ੇਸ਼ ਸਾਰੰਗਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁੱਖ ਕਮਿਸ਼ਨਰ ਗੁਰਦੁਆਰਾ ਚੋਣਾਂ ਪੰਜਾਬ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅੰਮ੍ਰਿਤਸਰ ਦੇ ਨਵੇਂ ਬੋਰਡ ਦੇ ਗਠਨ ਲਈ ਵੋਟਰ ਸੂਚੀਆਂ ਦੀ ਤਿਆਰੀ ਸਬੰਧੀ ਸਮਾਂ ਸਾਰਣੀ ਵਿਚ ਬਦਲਾਅ ਕੀਤਾ ਗਿਆ ਹੈ, ਜਿਸ ਤਹਿਤ ਵੋਟਰ ਰਜਿਸਟ੍ਰੇਸ਼ਨ ਦੀ ਮਿਤੀ 15 ਨਵੰਬਰ 2023 ਤੋਂ ਵਧਾ ਕੇ 29 ਫਰਵਰੀ 2024 ਤੱਕ ਵਧਾ ਦਿੱਤੀ ਹੈ । ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਪ੍ਰਕਿਰਿਆ ਤਹਿਤ ਵੋਟਰ ਸੂਚੀਆਂ ਦੀ ਤਿਆਰੀ ਅਤੇ ਛਪਾਈ ਦਾ ਕੰਮ 1 ਮਾਰਚ 2024 ਤੋਂ 20 ਮਾਰਚ 2024 ਤੱਕ ਕੀਤਾ ਜਾਵੇਗਾ। ਉਪਰੰਤ 21 ਮਾਰਚ 2024 ਨੂੰ ਵੋਟਰ ਸੂਚੀਆਂ ਮੁੱਢਲੀ ਪ੍ਰਕਾਸ਼ਨਾ ਕਰ ਦਿੱਤੀ ਜਾਵੇਗੀ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਵੋਟਰ ਸੂਚੀਆਂ 'ਤੇ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨ ਦੀ ਆਖਰੀ ਮਿਤੀ 11 ਅਪ੍ਰੈਲ, 2024 ਹੈ। ਉਨ੍ਹਾਂ ਦੱਸਿਆ ਕਿ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ ਸਿੱਖ ਗੁਰਦੁਆਰਾ ਬੋਰਡ ਚੋਣਾਂ, 1959 ਦੇ ਨਿਯਮ 10 (3) ਅਨੁਸਾਰ 21 ਅਪ੍ਰੈਲ, 2024 ਤੱਕ ਕਰ ਦਿੱਤਾ ਜਾਵੇਗਾ। ਇਸ ਤੋਂ ਬਾਅਦ 2 ਮਈ 2024 ਨੂੰ ਸਪਲੀਮੈਂਟਰੀ ਸੂਚੀਆਂ ਦੀ ਤਿਆਰੀ ਅਤੇ ਛਪਾਈ ਕੀਤੀ ਜਾਵੇਗੀ ਅਤੇ 3 ਮਈ, 2024 ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਕਰ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਪੇਂਡੂ ਖੇਤਰਾਂ ਵਿੱਚ ਸਬੰਧਤ ਪਟਵਾਰ ਹਲਕੇ ਦੇ ਪਟਵਾਰੀਆਂ ਅਤੇ ਸ਼ਹਿਰੀ ਖੇਤਰਾਂ ਵਿੱਚ ਨਗਰ ਕੌਂਸਲ ਜਾਂ ਲੋਕਲ ਅਥਾਰਟੀਜ਼ ਦੇ ਕਰਮਚਾਰੀਆਂ, ਜਿਨ੍ਹਾਂ ਨੂੰ ਸਬੰਧਤ ਏਰੀਏ ਦੀ ਰਿਵਾਈਜ਼ਿੰਗ ਅਥਾਰਟੀ ਵੱਲੋਂ ਨਾਮਜ਼ਦ ਕੀਤਾ ਗਿਆ ਹੈ, ਪਾਸ ਸੰਭਾਵੀ ਵੋਟਰ ਆਪਣੇ-ਆਪ ਨੂੰ ਵੋਟਰ ਵਜੋਂ ਰਜਿਸਟਰ ਕਰਵਾਉਣ ਲਈ ਫਾਰਮ ਜਮ੍ਹਾ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਹ ਫਾਰਮ ਜ਼ਿਲ੍ਹਾ ਪ੍ਰਸ਼ਾਸਨ ਦੀ ਵੈੱਬਸਾਈਟ ://.. 'ਤੇ ਉਪਲਬਧ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਵੋਟਰ ਸੂਚੀਆਂ ਲਈ ਵੋਟਰ ਬਣਨ ਲਈ ਵਿਅਕਤੀ ਕੇਸਾਧਾਰੀ ਸਿੱਖ ਹੋਣਾ ਲਾਜ਼ਮੀ ਹੈ। ਵਿਅਕਤੀ ਆਪਣੀ ਦਾੜ੍ਹੀ ਜਾਂ ਕੇਸ ਨਾ ਕੱਟਦਾ/ਕੱਟਦੀ ਹੋਵੇ ਅਤੇ ਨਾ ਹੀ ਸ਼ੇਵ ਕਰਦਾ/ਕਰਦੀ ਹੋਵੇ, ਕਿਸੇ ਵੀ ਰੂਪ ਵਿੱਚ ਤੰਬਾਕੂਨੋਸ਼ੀ ਨਾ ਕਰਦਾ/ਕਰਦੀ ਹੋਵੇ ਅਤੇ ਨਾ ਹੀ ਕੁੱਠਾ (ਹਲਾਲ) ਮਾਸ ਦਾ ਸੇਵਨ ਕਰਦਾ/ਕਰਦੀ ਹੋਵੇ, ਸ਼ਰਾਬ ਨਾ ਪੀਂਦਾ/ਪੀਂਦੀ ਹੋਵੇ, ਪਤਿਤ ਨਾ ਹੋਵੇ। ਸਿੱਖਾਂ ਦੀਆਂ ਸਾਰੀਆਂ ਸੰਸਥਾਵਾਂ ਅਤੇ ਵਿਅਕਤੀ, ਭਾਵੇਂ ਉਹ ਸਮਾਜਿਕ ਜਾਂ ਧਾਰਮਿਕ ਹੋਣ, ਜੋ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਆਗਾਮੀ ਚੋਣਾਂ ਲਈ ਯਤਨਸ਼ੀਲ ਹਨ, ਨੂੰ ਅਪੀਲ ਹੈ ਕਿ ਉਹ ਯੋਗ ਵਿਅਕਤੀਆਂ ਨੂੰ ਪ੍ਰੇਰਿਤ ਕਰਕੇ ਵੋਟਰ ਰਜਿਸਟ੍ਰੇਸ਼ਨ ਵਿੱਚ ਆਪਣਾ ਪੂਰਨ ਸਹਿਯੋਗ ਦੇਣ ਤਾਂ ਜੋ ਨਿਰਧਾਰਿਤ ਮਿਆਦ ਦੇ ਅੰਦਰ ਸਾਰੇ ਯੋਗ ਵੋਟਰਾਂ ਦੀ ਰਜਿਸਟ੍ਰੇਸ਼ਨ ਨੂੰ ਮੁਕੰਮਲ ਕੀਤਾ ਜਾ ਸਕੇ।

# ਐੱਸ ਐੱਚ ਓ ਵੱਲੋਂ ਪਰਾਲੀ ਨੂੰ ਅੱਗ ਨਾ ਲਾਉਣ ਦੀ ਅਪੀਲ



**ਬਿਲਗਾ (ਵਿਜੇ ਕੁਮਾਰ)** ਮਾਣਯੋਗ ਸੁਪਰੀਮ ਕੋਰਟ ਅਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਥਾਣਾ ਬਿਲਗਾ ਦੇ ਮੁੱਖ ਅਫਸਰ ਇੰਸਪੈਕਟਰ ਮਹਿੰਦਰ ਪਾਲ ਵੱਲੋ ਕਿਸਾਨਾਂ ਨੂੰ ਖੇਤਾਂ ਵਿਚ ਝੋਨੇ ਦੀ ਪਰਾਲੀ ਨੂੰ ਨਾ ਸਾੜਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਬਹੁਤ ਨੁਕਸਾਨ ਹੁੰਦਾ ਹੈ ਅਤੇ ਕਈ ਵਾਰ ਤਾਂ ਇਸ ਦੇ ਧੂਏਂ ਨਾਲ ਸੜਕ 'ਤੇ ਜਾਂਦੇ ਵਾਹਨਾਂ ਦੇ ਆਪਸ ਵਿੱਚ ਟਕਰਾਉਣ ਨਾਲ ਭਿਆਨਕ ਐਕਸੀਡੈਂਟ ਹੋ ਜਾਂਦਾ ਹੈ ਜਿਸ ਨਾਲ ਜਾਨੀ ਨੁਕਸਾਨ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਮਸ਼ੀਨਰੀ ਨਾਲ ਪਰਾਲੀ ਨੂੰ ਖੇਤਾਂ ਵਿੱਚ ਹੀ ਖਤਮ ਕੀਤਾ ਜਾਵੇ । ਜੇਕਰ ਕੋਈ ਕਿਸਾਨ ਹਦਾਇਤਾਂ ਦੀ ਪਾਲਨਾ ਨਹੀਂ ਕਰਦਾ ਤਾਂ ਉਸ ਦੇ ਖਿਲਾਫ ਬਨਦੀ ਕਾਰਵਾਈ ਕੀਤੀ ਜਾਵੇਗੀ।

# ਅੰਬਾਲਾ ਕੈਂਟ 'ਚ ਬਿਜਲੀ, ਪਾਣੀ ਤੇ ਹੋਰ ਮੁਢਲੀਆਂ ਸਹੂਲਤਾਂ ਨੂੰ ਪ੍ਰਾਥਮਿਕਤਾ : ਗ੍ਰਹਿ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ )** ਹਰਿਆਣਾ ਦੇ ਗ੍ਰਹਿ ਮੰਤਰੀ ਅਨਿਲ ਵਿਜ ਨੇ ਕਿਹਾ ਕਿ ਬਿਜਲੀ, ਪਾਣੀ, ਨਾਲੀ, ਸੜਕ ਤੇ ਸਫਾਈ ਹਰ ਨਾਗਰਿਕ ਦੀ ਮੁੱਢਲੀ ਜਰੂਰਤ ਹੈ ਅਤੇ ਉਨ੍ਹਾਂ ਨੇ ਪ੍ਰਾਥਮਿਕਤਾ ਦੇ ਆਧਾਰ ਇਹ ਸਹੂਲਤਾਂ ਮੁਹੱਇਆ ਕਰਾਉਣ ਦਾ ਕੰਮ ਕੀਤਾ ਹੈ। ਵਿਜ ਅੰਬਾਲਾ ਕੈਂਟ ਦੇ ਮਹੇਸ਼ਨਗਰ ਵਿਚ 3 ਕਰੋੜ 29 ਲੱਖ ਰੁਪਏ ਦੀ ਲਾਗਤ ਨਾਲ ਜਗਾਧਰੀ ਰੋਡ ਤੋਂ ਬਬਿਆਲ (ਵਾਇਆ ਮਹੇਸ਼ਨਗਰ) ਤਕ ਰੋਡ ਦੇ ਨਵੀਨੀਕਰਣ ਕੰਮ ਦਾ ਨੀਂਹ ਪੱਥਰ ਰੱਖਣ ਬਾਅਦ ਲੋਕਾਂ ਨੂੰ ਸੰਬੋਧਿਤ ਕਰ ਰਹੇ ਸਨ। ਉਨ੍ਹਾਂ ਨੇ ਕਿਹਾ ਇਹ ਢਾਈ ਕਿਲੋਮੀਟਰ ਰੋਡ ਕੰਕ੍ਰੀਟ ਦੀ ਬਣੇਗੀ ਜੋ ਕਿ 18 ਫੁੱਟ ਚੌੜੀ ਹੋਵੇਗੀ।

ਇਸ ਤੋਂ ਪਹਿਲਾਂ ਪ੍ਰੋਗ੍ਰਾਮ ਸਥਾਨ 'ਤੇ ਪਹੁੰਚਣ 'ਤੇ ਵੱਡੀ ਗਿਣਤੀ ਵਿਚ ਭਾਜਪਾ ਕਾਰਜਕਰਤਾਵਾਂ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਗ੍ਰਹਿ ਮੰਤਰੀ ਅਨਿਲ ਵਿਜ ਦਾ ਸਵਾਗਤ ਕੀਤਾ ਗਿਆ। ਅਨਿਲ ਵਿਜ ਨੇ ਕਿਹਾ ਕਿ ਮੁੱਢਲੀ ਸਹੂਲਤਾਂ ਨੂੰ ਉਪਲਬਧ ਕਰਵਾਉਣਾ ਉਨ੍ਹਾਂ ਦੀ ਪ੍ਰਾਥਮਿਕਤਾਵਾਂ ਵਿਚ ਸ਼ਾਮਿਲ ਹੈ। ਬਿਜਲੀ ਦੇ ਲਈ ਉਨ੍ਹਾਂ ਨੇ ਤੇਪਲਾ ਵਿਚ ਹਬ-ਸਟੇਸ਼ਨ ਅਤੇ ਬਾਕੀ ਹਰਿਆਣਾ ਤੋਂ ਕੈਂਟ ਵਿਚ ਬਿਜਲੀ ਸਪਲਾਈ ਜੁੜਵਾਈ। ਪੇਯਜਲ ਲਈ 18 ਕਿਲੋਮੀਟਰ ਦੂਰ ਤੋਂ ਨਹਿਰੀ ਪਾਣੀ ਸਹੂਲਤ ਉਪਲਬਧ ਕਰਵਾਈ। ਹੁਣ ਨਗਰ ਪਰਿਸ਼ਦ ਖੇਤਰ ਵਿਚ ਪਿੰਡਾਂ ਦੇ ਜੁੜਨ ਨਾਲ ਇਕ ਨਵੀ ਨਹਿਰੀ ਪਾਇਲਲਾਇਨ ਪਾਈ ਜਾ ਰਹੀ ਹੈ ਅਤੇ ਕੈਂਟ ਦੇ ਆਖੀਰੀ ਛੋਰ ਕਲਰੇਹੜੀ ਦੇ ਆਖਰੀ ਮਕਾਨ ਤਕ ਦੂਜੀ ਮੰਜਿਲ 'ਤੇ ਪਾਣੀ ਬਿਨ੍ਹਾਂ ਮੋਟਰ ਦੇ ਪਾਣੀ ਪਹੁੰਚੇ ਇਸ 'ਤੇ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਵੱਡੇ ਪ੍ਰੋਜੈਕਟਾਂ 'ਤੇ ਕੰਮ ਚੱਲ ਹੀ ਰਿਹਾ ਹੈ ਅਤੇ ਉਨ੍ਹਾਂ ਵਿੱਚੋਂ ਜਿਆਦਾਤਰ ਨੂੰ ਪੂਰਾ ਕਰ ਲਿਆ ਗਿਆ ਹੈ। ਉਨ੍ਹਾਂ ਨੇ ਇਹ ਦਸਿਆ ਕਿ ਕੈਂਟ ਵਿਚ ਸਫਾਈ ਵਿਵਸਥਾ ਦਰੁਸਤ ਕਰਨ ਲਈ ਜਲਦੀ ਵਾਈ ਕਮੇਟੀਆਂ ਵੀ ਬਣਾਈ ਜਾਵੇਗੀ। ਇਸ ਮੌਕੇ 'ਤੇ ਐਸਡੀਐਮ ਸਤਿੰਦਰ ਸਿਵਾਚ, ਡੀਐਸਪੀ ਆਸ਼ੀਸ਼ ਚੌਧਰੀ ਦੇ ਨਾਲ-ਨਾਲ ਭਾਜਪਾ ਪਾਰਟੀ ਦੇ ਹੋਰ ਅਧਿਕਾਰੀ ਤੇ ਮਾਣਯੋਗ ਲੋਕ ਮੌਜੂਦ ਰਹੇ।

# ਗੁਰਦੁਆਰਾ ਸ੍ਰੀ ਥੰਮ੍ਹ ਜੀ ਸਾਹਿਬ ਤੋਂ ਸਜਾਈ ਚੌਥੀ ਪ੍ਰਭਾਤ ਫੇਰੀ

**ਕਰਤਾਰਪੁਰ (ਹਰਮੇਸ਼ ਦੱਤ)**

ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸੰਬੰਧ ਵਿੱਚ ਗੁਰਦੁਆਰਾ ਸ੍ਰੀ ਥੰਮ੍ਹ ਜੀ ਸਾਹਿਬ ਤੋਂ ਅੰਮ੍ਰਿਤ ਵੇਲੇ 4:30 ਵਜੇ ਚੌਥੀ ਪ੍ਰਭਾਤ ਫੇਰੀ ਭਾਈ ਘਨ੍ਹਈਆ ਜੀ ਸੇਵਾ ਸੁਸਾਇਟੀ (ਰਜਿ.) ਵਲੋਂ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਆਰੰਭ ਹੋਈ। ਇਹ ਪ੍ਰਭਾਤ ਫੇਰੀ ਗੁਰਦੁਆਰਾ ਸ੍ਰੀ ਥੰਮ੍ਹ ਜੀ ਸਾਹਿਬ ਤੋਂ ਸ਼ੁਰੂ ਹੁੰਦੀ ਹੋਈ ਸ਼ਹਿਰ ਦੀ ਪਰਿਕਰਮਾ ਕਰਦੇ ਹੋਏ ਭੁਲੱਥ ਰੋਡ ਸੁੱਚਾ ਸਿੰਘ ਭੁੱਲਰ ਅਤੇ ਰਾਮਗੜ੍ਹੀਆ ਮੁਹੱਲਾ ਸਰਬਜੀਤ ਸਿੰਘ ਦੇ ਗ੍ਰਹਿ ਵਿਖੇ ਪੁੱਜੀ। ਜਿੱਥੇ ਸ਼ਬਦ ਕੀਰਤਨ ਅਤੇ ਅਰਦਾਸ ਉਪਰੰਤ ਬਾਅਦ ਸੰਗਤਾਂ ਨੂੰ ਚਾਹ ਦਾ ਅਤੇ ਗੁਰੂ ਕਾ ਲੰਗਰ ਬੜੇ ਪਿਆਰ ਅਤੇ ਸਤਿਕਾਰ ਨਾਲ ਛਕਾਇਆ ਗਿਆ। ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਤਜਿੰਦਰ ਸਿੰਘ , ਗੁਰਦਿੱਤ ਸਿੰਘ ਖਜਾਨਚੀ, ਤਜਿੰਦਰ ਸਿੰਘ ਪ੍ਰੈੱਸ ਸਕੱਤਰ, ਜਗਜੀਤ ਸਿੰਘ ਛਾਬੜਾ, ਉਂਕਾਰ ਸਿੰਘ ਵਿਲਖੂ,ਮੱਖਣ ਸਿੰਘ, ਪ੍ਰਿਤਪਾਲ ਸਿੰਘ ਛਾਬੜਾ, ਜਗਜੀਤ ਸਿੰਘ ਛਾਬੜਾ, ਦਰਸ਼ਨ ਸਿੰਘ, ਚਰਨਜੀਤ ਸਿੰਘ ਨਾਗੀ, ਬਲਵੀਰ ਸਿੰਘ, ਸਾਬੀ ਸਿੰਘ, ਬਲਕਾਰ ਸਿੰਘ, ਰਣਦੀਪ ਸਿੰਘ, ਹਰਮਨ ਸਿੰਘ,ਦੀਪਕ ਸਿੰਘ, ਜਗਜੀਤ ਸਿੰਘ,ਅਜੇਪਾਲ ਸਿੰਘ, ਜਤਿੰਦਰ ਸਿੰਘ ਰੋਮੀ, ਅਰਜਨ ਸਿੰਘ, ਰਘਬੀਰ ਸਿੰਘ ਮਹਿਤਾ, ਗੁਰਵੀਰ ਸਿੰਘ, ਮਨਕੀਰਤ ਸਿੰਘ, ਬਿੰਦਰ ਸਿੰਘ, ਮਨਜੀਤ ਸਿੰਘ, ਜਸਪ੍ਰੀਤ ਸਿੰਘ, ਕਰਨਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਰਵਿੰਦਰ ਸਿੰਘ, ਸੁਖਪ੍ਰੀਤ ਸਿੰਘ, ਤਨਵੀਰ ਸਿੰਘ, ਸਰਬਜੋਤ ਸਿੰਘ, ਹਰਵਿੰਦਰ ਸਿੰਘ, ਬੀਬੀ ਰਾਜਵੰਤ ਕੌਰ, ਮਨਜਿੰਦਰ ਕੌਰ ਕੌਂਸਲਰ, ਮਨਵੀਰ ਕੌਰ , ਕੁਲਵੰਤ ਕੌਰ, ਮਨਦੀਪ ਕੌਰ, ਬਲਜਿੰਦਰ ਕੌਰ,ਅਵਨੀਤ ਕੌਰ ਅਤੇ ਹੋਰ ਸੰਗਤਾਂ ਹਾਜਰ ਸਨ।



# ਗੁਰੂਗ੍ਰਾਮ 'ਚ ਸਥਾਪਿਤ ਹੋਵੇਗਾ ਆਈ ਆਈ ਐਮ ਰੋਹਤਕ ਦਾ ਵਿਸਤਾਰ ਪਰਿਸਰ : ਸੰਜੀਵ ਕੌਸ਼ਲ

**ਚੰਡੀਗੜ੍ਹ, (ਕ੍ਰਿਸ਼ਨ ਗਰਗ )** - ਹਰਿਆਣਾ ਦੇ ਮੁੱਖ ਸਕੱਤਰ ਸ੍ਰੀ ਸੰਜੀਵ ਕੌਸ਼ਲ ਨੇ ਆਈਆਈਐਮ ਰੋਹਤਕ ਵੱਲੋਂ ਗੁਰੂਗ੍ਰਾਮ ਵਿਚ ਇਕ ਵਿਸਤਾਰ ਪਰਿਸਰ ਸਥਾਪਿਤ ਕਰਨ 'ਤੇ ਖੁਸ਼ੀ ਜਾਹਰ ਕਰਦੇ ਹੋਏ ਕਿਹਾ ਕਿ ਇਹ ਰਣਨੀਤਕ ਪਹਿਲ ਨਾ ਸਿਰਫ ਵਿਦਿਅਕ ਜਾਹਿਰ ਕਰਦੇ ਹੋਏ ਕਿਹਾ ਕਿ ਇਹ ਰਣਨੀਤਿਕ ਪਹਿਲ ਨਾ ਸਿਰਫ ਵਿਦਿਅਕ ਮੌਕਿਆਂ ਨੂੰ ਵਧਾਏਗੀ ਸਗੋ ਆਰਥਕ ਅਤੇ ਬੌਧਿਕ ਵਿਕਾਸ ਵਿਚ ਵੀ ਮਹਤੱਵਪੂਰਨ ਯੋਗਦਾਨ ਦਵੇਗੀ। ਕੌਸ਼ਲ ਆਈਆਈਐਮ ਰੋਹਤਕ ਦੇ 15ਵੇਂ ਸਥਾਪਨਾ ਦਿਵਸ 'ਤੇ ਵਰਚੂਅਲੀ ਸੰਬੋਧਿਤ ਕਰ ਰਹੇ ਸਨ। ਉਨ੍ਹਾਂ ਨੇ ਕਿਹਾ ਕਿ ਇਸ ਸੰਸਥਾਨ ਦੀ ਏਕੀਕ੍ਰਿਤ ਪ੍ਰੋਗ੍ਰਾਮਾਂ ਨੂੰ ਅੱਗੇ ਵਧਾਉਣ ਤੋਂ ਲੈ ਕੇ ਖੇਡ ਪ੍ਰਬੰਧਨ ਪੀਜੀ ਪ੍ਰੋਗ੍ਰਾਮ ਵਰਗੇ ਵਿਲੱਖਣ ਉਦਯੋਗ ਸਥਾਪਿਤ ਕਰਨ ਪ੍ਰਬੰਧਨ ਸਿਖਿਆ ਦੇ ਭਵਿੱਖ ਨੂੰ ਆਕਾਰ ਦੇਣ ਵਿਚ ਮਹਤੱਵਪੂਰਨ ਭੂਮਿਕਾ ਹੈ। ਇਸ ਮੌਕੇ 'ਤੇ ਆਈਆਈਐਮ ਰੋਹਤਕ ਦੇ ਅਧਿਆਪਕਾਂ ਨੂੰ ਵਧਾਈ ਦਿੰਦੇ ਹੋਏ ਕੌਸ਼ਲ ਨੇ ਉਨ੍ਹਾਂ ਤੋਂ ਵਿਦਿਆਰਥੀਆਂ ਦੀ ਤਕਨੀਕਕੀ ਮਾਹਰਤਾ ਅਤੇ ਭਾਵਨਾਤਮਕ ਬੁੱਧੀਮਤਾ ਦੋਵਾਂ ਨੂੰ ਵਧਾਉਣ ਲਈ ਇਕ ਸਾਂਝਾ ਪ੍ਰਤੀਬੱਧਤਾ ਵਿਚ ਇਕਜੁੱਟ ਹੋਣ ਦੀ ਅਪੀਲ ਕੀਤੀ ।ਉਨ੍ਹਾਂ ਨੇ ਦਸਿਆ ਕਿ ਐਮਵਾਈਯੂਵਾਈ ਯੁਵਾ ਉਦਮਤਾ ਨੂੰ ਨਵੇਂ ਕਾਰੋਬਾਰ ਨੂੰ ਸਥਾਪਿਤ ਕਰਨ ਲਈ ਆਉਣ ਵਾਲੀ ਲਾਗਤ 'ਤੇ 25 ਫੀਸਦੀ ਸਬਸਿਡੀ, ਜਿਸ ਦੀ ਵੱਧ ਤੋਂ ਵੱਧ ਸੀਮਾ 10 ਲੱਖ ਰੁਪਏ ਹੈ, ਉਪਲਬਧ ਕਰਵਾਉਂਦੀ ਹੈ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਸੂਬਾ ਸਰਕਾਰ ਨੇ ਸਟਾਰਟਅੱਪ ਨੀਤੀ ਵੀ ਸ਼ੁਰੂ ਕੀਤੀ ਹੈ ਜੋ ਵਿਆਪਕ ਢਾਂਚਾਗਤ ਲਾਭ, ਸ਼ੁਰੂਆਤੀ ਫੰਡਿੰਗ ਅਤੇ ਸੈਂਟਰਸ਼ਿਪ ਸਮੇਤ ਕਈ ਤਰ੍ਹਾਂ ਦੇ ਪ੍ਰੋਤਸਾਹਨ ਪ੍ਰਦਾਨ ਕਰਦੀ ਹੈ।

ਉਨ੍ਹਾਂ ਨੇ ਕਿਹਾ ਕਿ ਹਰਿਆਣਾ ਮਹਿਲਾ ਵਿਕਾਸ ਨਿਗਮ ਰਾਹੀਂ ਸੰਚਾਲਿਤ ਹਰਿਆਣਾ ਮਾਤਰਸ਼ਕਤੀ ਉਦਮਤਾ ਯੋਜਨਾ ਇਕ ਪਹਿਲ ਹੈ ਜੋ ਮਹਿਲਾ ਉਦਮੀਆਂ ਨੂੰ ਵਿਆਪਕ ਸਹਾਇਕਤਾ ਪ੍ਰਦਾਨ ਕਰਦੀ ਹੈ, ਜਿਸ ਵਿਚ ਵਿੱਤੀ ਸਹਾਇਤਾ, ਸਿਖਲਾਈ ਪ੍ਰੋਗ੍ਰਾਮ ਅਤੇ ਜਰੂਰੀ ਬੁਨਿਆਦੀ ਢਾਂਚਾ ਤਕ ਪਹੁੰਚ ਸ਼ਾਮਿਲ ਹੈ। ਇਸ ਮੌਕੇ 'ਤੇ ਡਾ. ਲਾਲ ਪੈਥ ਲੈਬਸ ਦੇ ਚੇਅਰਮੇਨ ਅਤੇ ਪ੍ਰਬੰਧ ਨਿਦੇਸ਼ਕ ਡਾ. ਅਰਵਿੰਦ ਲਾਲ, ਆਈ.ਆਈ.ਐਮ. ਰੋਹਤਕ ਦੇ ਨਿਦੇਸ਼ਕ ਪ੍ਰੋਫੈਸਰ ਧੀਰਜ ਸ਼ਰਮਾ ਨੇ ਵੀ ਵਿਚਾਰ ਪ੍ਰਗਟ ਕੀਤੇ।

# ਡਾਕਟਰੀ ਸਲਾਹ ਤੋਂ ਬਿਨਾਂ ਨਾ ਵਰਤੋਂ ਐਂਟੀਬਾਇਓਟਿਕਸ : ਡਾ.ਅੰਨੂ ਸ਼ਰਮਾ

**ਕਰਤਾਰਪੁਰ (ਹਰਮੇਸ਼ ਦੱਤ)**

ਬਿਨਾਂ ਡਾਕਟਰੀ ਸਲਾਹ ਤੋਂ ਐਂਟੀਬਾਇਓਟਿਕ ਦਵਾਈਆਂ ਖਾਣ ਨਾਲ ਮਨੁੱਖੀ ਸਰੀਰ ਅੰਦਰ ਮੌਜੂਦ ਬੈਕਟੀਰੀਆ ਤੇ ਐਂਟੀਬਾਇਓਟੀਕ ਦਵਾਈਆਂ ਦਾ ਅਸਰ ਹੋਣਾ ਬੰਦ ਹੋ ਜਾਂਦਾ ਹੈ। ਜੋ ਕਿ ਇੱਕ ਖਤਰਨਾਕ ਰੁਝਾਨ ਹੈ, ਕਿਉ ਕਿ ਅਜਿਹੇ ਲੋਕਾਂ ਨੂੰ ਬਿਮਾਰੀ ਲੱਗਣ 'ਤੇ ਦਵਾਈਆਂ ਦਾ ਸਹੀ ਅਤੇ ਸਮੇਂ ਤੇ ਅਸਰ ਨਹੀਂ ਹੁੰਦਾ। ਲੋਕ ਐਂਟੀਬਾਇਓਟਿਕ ਦਵਾਈਆਂ ਲੈਂਦੇ ਹਨ, ਜਦ ਕਿ ਇਸ ਦੀ ਲੋੜ ਨਹੀਂ ਹੁੰਦੀ । ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਐਂਟੀ ਮਾਈਕਰੋਬੀਅਲ ਪ੍ਰਤੀਰੋਧ ਰੋਕਥਾਮ ਅਤੇ ਨਿਯੰਤਰਣ ਜਾਗਰੂਕਤਾ ਹਫਤੇ ਦੌਰਾਨ ਕਾਰਜਕਾਰੀ ਸਿਵਲ ਸਰਜਨ ਡਾ. ਅੰਨੂ ਸ਼ਰਮਾ ਨੇ ਕੀਤਾ। ਉਨ੍ਹਾਂ ਕਿਹਾ ਕਿ ਇਕ ਤਾਂ ਰੋਗੀ ਰੋਗ ਸਬੰਧੀ ਐਂਟੀਬਾਇਓਟਿਕਸ ਡਾਕਟਰ ਦੀ ਨਾਲ ਨਹੀਂ ਲੈਂਦੇ ਅਤੇ ਨਾ ਹੀ ਐਂਟੀਬਾਇਓਟਿਕਸ ਦਾ ਕੋਰਸ ਪੂਰਾ ਕਰਦੇ ਹਨ ਜੋ ਕਿ ਇਕ ਗਲਤ ਰੁਝਾਨ ਹੈ। ਉਨ੍ਹਾਂ ਕਿਹਾ ਕਿ ਸਾਨੂੰ ਐਂਟੀਬਾਇਓਟਿਕਸ ਦੀ ਵਰਤੋਂ ਸਾਵਧਾਨੀ ਨਾਲ ਕਰਨੀ ਚਾਹੀਦੀ ਹੈ। ਡੀਐਫਪੀਓ ਡਾ. ਅਸ਼ੋਕ ਕੁਮਾਰ ਨੇ ਦੱਸਿਆ ਕਿ ਮਰੀਜ ਨੂੰ ਸਿਰਫ ਡਾਕਟਰ ਦੀ ਸਲਾਹ 'ਤੇ ਹੀ ਐਂਟੀਬਾਓਟਿਕਸ ਲੈਣਾ ਚਾਹੀਦਾ ਹੈ ਨਾ ਕਿ ਪੁਰਾਣੇ ਨੁਸਖੇ ਦੀ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਡਾਕਟਰ ਦੀ ਸਲਾਹ ਅਨੁਸਾਰ ਹੀ ਐਂਟੀਬਾਇਓਟਿਕਸ ਦਾ ਕੋਰਸ ਪੂਰਾ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਆਮ ਜੁਕਾਮ, ਫਲੂ, ਵੱਗਦਾ ਨੱਕ ਜਾਂ ਵਾਇਰਲ , ਲਾਗ ਵਿਚ ਐਂਟੀਬਾਇਓਟਿਕਸ ਨਾ ਲਵੋ ਅਤੇ ਲਾਗ ਨੂੰ ਰੋਕਣ ਲਈ ਆਪਣੇ ਹੱਥ ਵਾਰ-ਵਾਰ ਧੋਵੋ। ਇਨ੍ਹਾਂ ਗੱਲਾਂ ਦਾ ਰੱਖੋ ਧਿਆਨ ਐਂਟੀਬਾਇਓਟਿਕਸ ਤਾਂ ਹੀ ਲਓ ਜੇਕਰ ਕਿਸੇ ਯੋਗ ਡਾਕਟਰ ਦੁਆਰਾ ਦਿੱਤੇ ਜਾਣ। ਆਪਣੇ ਆਪ ਐਂਟੀਬਾਇਓਟਿਕਸ ਨਾ ਲਓ ਅਤੇ ਬਚੇ ਹੋਏ ਐਂਟੀਬਾਇਓਟਿਕਸ ਨੂੰ ਦੂਜਿਆਂ ਨਾਲ ਸਾਂਝਾ ਨਾ ਕਰੋ। ਸੈਮੀਨਾਰ ਦੌਰਾਨ ਸੰਬੋਧਨ ਕਰਦਿਆਂ ਡਿਪਟੀ ਮਾਸ ਮੀਡੀਆ ਅਫਸਰ ਸ਼ਰਨਦੀਪ ਸਿੰਘ, ਸੁਖਦਿਆਲ ਸਿੰਘ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਬਿਮਾਰ ਹੋਣ 'ਤੇ ਨੀਮ ਹਕੀਮ, ਅਣਟ੍ਰੇਂਡ ਪ੍ਰੈਕਟੀਸ਼ਨਰਜ ਅਤੇ ਮੈਡੀਕਲ ਸਟੋਰ ਤੋਂ ਆਪਣੀ ਮਰਜੀ ਨਾਲ ਇਨ੍ਹਾਂ ਦੀ ਵਰਤੋਂ ਕਰਨ ਦੀ ਬਜਾਏ ਮਾਹਿਰ ਡਾਕਟਰਾਂ ਤੋਂ ਹੀ ਆਪਣਾ ਇਲਾਜ ਕਰਵਾਉ। ਇਸ ਮੌਕੇ ਡੀਐਚਓ ਡਾ. ਰਾਜੀਵ ਪਰਾਸ਼ਰ, ਬੀ.ਈ.ਈ ਰਵਿੰਦਰ ਜੱਸਲ, ਬੀਸੀਸੀ ਕੁਆਰਡੀਨੇਟਰ ਜੋਤੀ ਅਨੰਦ ਆਦਿ ਹਾਜਰ ਸਨ।



# ਪੰਜਾਬ 'ਚ ਹਾਕੀ ਦੇ ਵਿਕਾਸ ਲਈ ਸਹਿਯੋਗ ਦੀ ਲੋੜ : ਕੋਹਲੀ, ਪੁਆਰ

**ਜਲੰਧਰ ( ਸ਼ੈਲੀ ਐਲਬਰਟ)** ਪੰਜਾਬ ਦੀ ਹਾਕੀ ਨੇ ਭਾਰਤੀ ਹਾਕੀ ਨੂੰ ਦੁਬਾਰਾ ਸੁਰਜੀਤ ਕੀਤਾ ਹੈ ਇਸ ਲਈ ਉਭਰਦੇ ਖਿਡਾਰੀਆਂ ਦੀ ਖੇਡ ਨੂੰ ਨਿਖਾਰਨ ਲਈ ਯੋਜਨਾਬੱਧ ਤਰੀਕੇ ਨਾਲ ਉਪਰਾਲੇ ਕੀਤੇ ਜਾਣੇ ਚਾਹੀਦੇ ਹਨ। ਇਸ ਵਿਚਾਰ ਹਾਕੀ ਪੰਜਾਬ ਦੇ ਪ੍ਰਧਾਨ ਨਿਤਿਨ ਕੋਹਲੀ ਅਤੇ ਜਨਰਲ ਸਕੱਤਰ ਅਮਰੀਕ ਸਿੰਘ ਪੁਆਰ ਨੇ ਪੰਜਾਬ ਦੇ ਸਨਅਤਕਾਰਾਂ ਨਾਲ ਜਲੰਧਰ ਵਿੱਚ ਖਾਸ ਮਿਲਣੀ ਦੌਰਾਨ ਪੇਸ਼ ਕੀਤੇ । ਉਨ੍ਹਾਂ ਕਿਹਾ ਕਿ ਹਾਕੀ ਪੰਜਾਬ ਵਲੋਂ ਹਾਕੀ ਦੇ ਵਿਕਾਸ ਉਪਰਾਲੇ ਕੀਤੇ ਜਾ ਰਹੇ ਹਨ ਪਰ ਉਸ ਵਿੱਚ ਹੋਰ ਬਹੁਤ ਸਾਰੇ ਲੋਕਾਂ ਦੇ ਸਹਿਯੋਗ ਦੀ ਲੋੜ ਹੈ।। ਉਨ੍ਹਾਂ ਕਿਹਾ ਕਿ ਪਿਛਲੇ 12 ਸਾਲਾਂ ਵਿੱਚ ਹਾਕੀ ਪੰਜਾਬ ਦੀਆਂ ਟੀਮਾਂ ਨੇ ਹਾਕੀ ਇੰਡੀਆ ਵਲੋਂ ਕਰਵਾਈਆਂ ਗਈਆਂ ਸਾਰੀਆਂ ਚੈਂਪੀਅਨਸ਼ਿਪਾਂ ਵਿੱਚ ਭਾਗ ਲਿਆ ਹੈ ਅਜੇ ਤੱਕ ਇਹ ਨਹੀਂ ਹੋਇਆ ਕਿ ਹਾਕੀ ਪੰਜਾਬ ਨੇ ਹਾਕੀ ਇੰਡੀਆ ਵਲੋਂ ਕਰਵਾਈ ਕਿਸੇ ਵੀ ਚੈਂਪੀਅਨਸ਼ਿਪ ਵਿੱਚ ਕੋਈ ਟੀਮ ਨਾ ਭੇਜੀ ਹੋਵੇ। ਭਾਰਤੀ ਹਾਕੀ ਟੀਮ ਦੇ ਮੌਜੂਦਾ ਕਪਤਾਨ ਉਲੰਪੀਅਨ ਹਰਮਨਪ੍ਰੀਤ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਹਾਕੀ ਦੀ ਪ੍ਰਤਿਭਾ ਦੀ ਕੋਈ ਘਾਟ ਨਹੀਂ ਪਰ ਸਮੇਂ ਦੀ ਲੋੜ ਹੈ ਕਿ ਯੋਜਨਾਬੱਧ ਤਰੀਕੇ ਨਾਲ ਹਾਕੀ ਦਾ ਵਿਕਾਸ ਕੀਤਾ ਜਾਵੇ ਤਾਂ ਜੋ ਦੇਸ਼ ਦਾ ਨਾਂਅ ਬੁਲੰਦੀਆਂ 'ਤੇ ਪਹੁੰਚਾਇਆ ਜਾ ਸਕੇ।। ਇਸ ਸਮੇਂ ਏਜੀਆਈ ਗਰੁੱਪ ਅਤੇ ਟਰੇਸਰ ਗਰੁੱਪ ਵਲੋਂ ਹਾਕੀ ਪੰਜਾਬ ਨੂੰ 5-5 ਲੱਖ ਦੀ ਸਪਾਂਸਰਸ਼ਿਪ ਦੇਣ ਦਾ ਐਲਾਨ ਕੀਤਾ । ਸਨਅਤਕਾਰਾਂ ਵਲੋਂ ਭਾਰਤੀ ਹਾਕੀ ਟੀਮ ਦੇ ਖਿਡਾਰੀਆਂ ਉਲੰਪੀਅਨ ਹਰਮਨਪ੍ਰੀਤ ਸਿੰਘ, ਉਲੰਪੀਅਨ ਦਿਲਪ੍ਰੀਤ ਸਿੰਘ, ਉਲੰਪੀਅਨ ਮਨਦੀਪ ਸਿੰਘ, ਉਲੰਪੀਅਨ ਵਰੁੱਣ ਕੁਮਾਰ, ਅੰਤਰਰਾਸ਼ਟਰੀ ਖਿਡਾਰੀ ਸੁਖਜੀਤ ਸਿੰਘ ਜਸਜੀਤ ਸਿੰਘ ਕੁਲਾਰ, ਗੁਰਸਾਹਿਬਜੀਤ ਸਿੰਘ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ 'ਚ ਲਵਲੀ ਗਰੁਪ ਦੇ ਮੁੱਖੀ ਰਮੇਸ਼ ਮਿੱਤਲ, ਏਜੀਆਈ ਗਰੁੱਪ ਦੇ ਐਮਡੀ ਸੁਖਦੇਵ ਸਿੰਘ, ਸਾਹਿਲ ਸੰਧੂ ਸਪਰਿੰਗ ਡੇਲ ਗਰੁੱਪ, ਡਾਕਟਰ ਅਨੂਪ ਬੌਰੀ, ਡਾਕਟਰ ਚੰਦਲ ਬੋਰੀ (ਇੰਨੋਸੈਂਟ ਗਰੁੱਪ), ਨਿਸ਼ਾਂਤ ਗੁਪਤਾ, ਦੀਪਕ ਭਾਟੀਆ (ਕੈਂਬਰਿਜ ਗਰੁੱਪ) , ਗੌਰਵ (ਰਾਗਾ ਮੋਟਰਜ਼), ਸੰਜੀਵ ਮੜੀਆ(ਲਿਟਲ ਬਲੋਸਮ), ਅੰਮ੍ਰਿਤਪਾਲ ਸਿੰਘ (ਅੰਮ੍ਰਿਤ ਫਾਇਨੈਂਸ), ਅੰਗਦ ਸਿੰਘ ਕਪੂਰ, ਰਾਜਨ ਕੋਹਲੀ (ਟਾਇਕਾ), ਸੰਜੇ ਕੋਹਲੀ (ਰਕਸ਼ਕ), ਕਪਿਲ ਕੋਹਲੀ,ਰਿਜੁਲ ਕੋਹਲੀ (ਵਿਜੈਂਤੀ), ਜਤਿਨ ਮਹਾਜਨ (ਅਲਫਾ), ਸੁਨੀਲ ਸਚਦੇਵਾ, ਧਰੁਵ ਸਚਦੇਵਾ (ਫੈਂਟਾ), ਰਾਘਵ ਕੋਹਲੀ (ਸ਼੍ਰੇਅ), ਗੌਰਵ ਮਹਾਜਨ(ਜੌਨੈਕਸ), ਅਕੁੰਰ ਓਬਰਾਏ (ਫਲੈਸ਼), ਵਿਧਾਇਕ ਪਰਗਟ ਸਿੰਘ, ਉਲੰਪੀਅਨ ਰਜਿੰਦਰ ਸਿੰਘ (ਸੀਨੀਅਰ),ਉਲੰਪੀਅਨ ਹਰਪ੍ਰੀਤ ਸਿੰਘ ਮੰਡੇਰ, ਉਲੰਪੀਅਨ ਸੰਜੀਵ ਕੁਮਾਰ, ਉਲੰਪੀਅਨ ਬਲਜੀਤ ਸਿੰਘ ਢਿੱਲੋਂ, ਰਿਪੁਦਮਨ ਕੁਮਾਰ ਸਿੰਘ, ਦਲਜੀਤ ਸਿੰਘ ਢਿੱਲੋਂ, ਹਰਿੰਦਰ ਸਿੰਘ ਸੰਘਾ ਅਤੇ ਹੋਰ ਹਾਜ਼ਰ ਸਨ।। -( ਫੋਟੋ ਨਾਲ ਨੱਥੀ)



# ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਦੀ ਭਲਕੇ ਦੀ ਸੰਗਰੂਰ ਰੈਲੀ ਦੌਰਾਨ ਸਾਰੇ ਮੁਲਾਜ਼ਮ ਕਰਨਗੇ ਸ਼ਮੂਲੀਅਤ : ਓਢਰਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ )**-ਪੰਜਾਬ ਸਰਕਾਰ ਵਲੋਂ ਪੁਰਾਣੀ ਪੈਨਸ਼ਨ ਸਕੀਮ ਨੂੰ ਮੁੜ ਲਾਗੂ ਕਰਨ ਦੇ ਕੀਤੇ ਐਲਾਨ ਦੇ ਇੱਕ ਸਾਲ ਤੋਂ ਵੀ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਹਕੀਕੀ ਰੂਪ ਵਿੱਚ ਨਾ ਲਾਗੂ ਹੋਣ ਦੇ ਖ਼ਿਲਾਫ਼ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ (ਪੀ.ਪੀ.ਪੀ.ਐੱਫ.) ਵਲੋਂ ਭਲਕੇ 19 ਨਵੰਬਰ ਦਿਨ ਐਤਵਾਰ ਨੂੰ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿਖੇ ਕੀਤੀ ਜਾਣ ਵਾਲੀ ਸੂਬਾ ਪੱਧਰੀ ਪੈਨਸ਼ਨ ਪ੍ਰਾਪਤੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਮੁਲਾਜ਼ਮ ਸ਼ਮੂਲੀਅਤ ਕਰਨਗੇ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ ਦੇ ਦੋਆਬਾ ਜ਼ੋਨ ਦੇ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ, ਜ਼ਿਲ੍ਹਾ ਕਨਵੀਨਰ ਗੁਰਜਿੰਦਰ ਸਿੰਘ ਮੰਝਪੁਰ, ਡੀ.ਐੱਮ.ਐੱਫ. ਦੇ ਜ਼ਿਲ੍ਹਾ ਜਨਰਲ ਸਕੱਤਰ ਮਨਜੀਤ ਸਿੰਘ ਦਸੂਹਾ, ਡੀ.ਟੀ.ਐੱਫ. ਦੇ ਜ਼ਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ, ਬਲਜੀਤ ਸਿੰਘ ਮਹਿਮੋਵਾਲ ਅਤੇ ਅਸ਼ਨੀ ਕੁਮਾਰ ਆਦਿ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਸੂਬੇ ਅੰਦਰ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੇ ਕਾਗਜ਼ੀ ਐਲਾਨ ਦੇ ਬਾਵਜੂਦ ਵੀ ਅਜੇ ਤੱਕ ਨਾ ਤਾਂ ਪੰਜਾਬ ਸਰਕਾਰ ਵਲੋਂ ਮੁਲਾਜ਼ਮਾਂ ਦੇ ਜਨਰਲ ਪਰਾਵੀਡੈਂਟ ਫ਼ੰਡ (ਜੀ.ਪੀ.ਐੱਫ.) ਦੇ ਖ਼ਾਤੇ ਹੀ ਖੋਲ੍ਹੇ ਗਏ ਅਤੇ ਨਾ ਹੀ ਕੇਂਦਰੀ ਪੈਨਸ਼ਨ ਏਜੰਸੀ ਕੋਲ਼ ਜਮ੍ਹਾਂ ਪਿਆ ਪੰਜਾਬ ਦੇ ਮੁਲਾਜ਼ਮਾਂ ਦਾ ਕਰੋੜਾਂ ਰੁਪਇਆ ਹੀ ਮੁਲਾਜ਼ਮਾਂ ਨੂੰ ਵਾਪਿਸ ਮਿਲਿਆ ਹੈ।

ਉਨ੍ਹਾਂ ਕਿਹਾ ਕਿ ਪੁਰਾਣੀ ਪੈਨਸ਼ਨ ਸਕੀਮ ਨੂੰ ਹਕੀਕੀ ਰੂਪ ਵਿੱਚ ਲਾਗੂ ਕਰਵਾਉਣ ਲਈ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ ਵਲੋਂ 19 ਨਵੰਬਰ ਦਿਨ ਐਤਵਾਰ ਨੂੰ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿਖੇ ਸੂਬਾ ਪੱਧਰੀ ਪੈਨਸ਼ਨ ਪ੍ਰਾਪਤੀ ਰੈਲੀ ਕੀਤੀ ਜਾਵੇਗੀ ਜਿਸ ਵਿੱਚ ਸੂਬੇ ਭਰ ਤੋਂ ਮੁਲਾਜ਼ਮ ਪੰਜਾਬ ਸਰਕਾਰ ਤੋਂ ਪੁਰਾਣੀ ਪੈਨਸ਼ਨ ਦੀ ਮੰਗ ਕਰਨਗੇ। ਇਸ ਮੌਕੇ ਮਨਜੀਤ ਸਿੰਘ ਬਾਬਾ, ਰਜਿੰਦਰ ਹੇਜਮਾਂ, ਰੇਸ਼ਮ ਸਿੰਘ ਧੁੱਗਾ, ਵਰਿੰਦਰ ਸੈਣੀ, ਰਾਕੇਸ਼ ਕੁਮਾਰ, ਜਸਵਿੰਦਰ ਝਿੰਗੜ, ਬਲਵਿੰਦਰ ਬਾਜਵਾ, ਨਿਰਮਲ ਸਿੰਘ ਨਿਹਾਲਪੁਰ, ਨੰਦ ਰਾਮ, ਪਰਵੀਨ ਸ਼ੇਰਪੁਰ, ਸੋਮ ਪਾਲ, ਹਰਿੰਦਰ ਸਿੰਘ, ਕਰਨੈਲ ਸਿੰਘ, ਰਮੇਸ਼ ਬੱਗਾ, ਜਰਨੈਲ ਸਿੰਘ, ਬਲਕਾਰ ਪੁਰੀਕਾ, ਰਾਜ ਕੁਮਾਰ, ਪਰਮਜੀਤ ਸਿੰਘ, ਗੁਰਦੇਵ ਸਿੰਘ ਲਾਲਪੁਰ, ਪਰਵੀਨ ਕੁਮਾਰ, ਵਰਿੰਦਰ ਸ਼ਹਿਬਾਜ਼ਪੁਰ, ਅਮਨਦੀਪ ਚੌਹਾਨ, ਬਲਰਾਜ ਸਿੰਘ, ਸੁਖਵੀਰ ਸਿੰਘ, ਬਲਬੀਰ ਸਿੰਘ ਧਾਮੀ, ਬਰਿੰਦਰ ਸਹੋਤਾ ਤੇ ਰਵਿੰਦਰ ਸਿੰਘ ਆਦਿ ਆਗੂ ਵੀ ਹਾਜ਼ਰ ਸਨ।



# ਐਕਸ਼ਨ ਕਮੇਟੀ ਵੱਲੋਂ ਨਸ਼ਿਆਂ ਵਿਰੁੱਧ ਮੁੜ ਫੈਸਲਾਕੁਨ ਲੜਾਈ ਵਿੱਢਣ ਦੀ ਚਿਤਾਵਨੀ

- ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਵਸ ਮੌਕੇ ਲਿਆ ਪ੍ਰਣ
- ਪੁਲਸ ਪ੍ਰਸ਼ਾਸਨ ਨਸ਼ਾ ਤਸਕਰਾਂ ਵਿਰੁੱਧ ਨਹੀਂ ਕਰ ਰਿਹਾ ਕੋਈ ਕਾਰਵਾਈ : ਰਾਣਾ, ਝੋਟਾ



**ਮਾਨਸਾ (ਆਤਮਾ ਸਿੰਘ ਪਮਾਰ)**
ਨਸ਼ਾ ਵਿਰੋਧੀ ਐਕਸ਼ਨ ਕਮੇਟੀ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਮੌਕੇ ਮਾਨਸਾ ਜ਼ਿਲ੍ਹੇ ਤੋਂ ਮੁੜ ਨਸ਼ਿਆਂ ਵਿਰੁੱਧ ਫੈਸਲਾਕੁਨ ਲੜਾਈ ਵਿੱਢਣ ਦਾ ਐਲਾਨ ਕੀਤਾ ਹੈ। ਕਮੇਟੀ ਨੇ ਦੋਸ਼ ਲਗਾਇਆ ਕਿ ਮਾਨਸਾ ਸ਼ਹਿਰ ਅੰਦਰ ਮੁੜ ਸ਼ਰੇਆਮ ਨਸ਼ਾ ਵੇਚਿਆ ਜਾ ਰਿਹਾ ਹੈ, ਪਰ ਪੁਲਸ ਪ੍ਰਸ਼ਾਸਨ ਵੱਲੋਂ ਕਸੂਰਵਾਰ ਦੁਕਾਨਦਾਰ ਖਿਲਾਫ ਕੋਈ ਵੀ ਕਾਰਵਾਈ ਨਹੀਂ ਕੀਤੀ ਜਾ ਰਹੀ, ਜਿਸ ਕਾਰਨ ਐਕਸ਼ਨ ਕਮੇਟੀ ਵੱਲੋਂ ਸ਼ਹਿਰ ਦੇ ਮੁਹੱਲਿਆ 'ਚ ਕਮੇਟੀਆਂ ਦਾ ਗਠਨ ਕਰਕੇ ਮੁੜ ਸਰਕਾਰ ਤੇ ਪੁਲਸ ਪ੍ਰਸ਼ਾਸਨ ਵਿਰੁੱਧ ਮੋਰਚਾ ਲਾਇਆ ਜਾਵੇਗਾ।

ਐਕਸ਼ਨ ਕਮੇਟੀ ਦੇ ਕਨਵੀਨਰ ਤੇ ਸੀ.ਪੀ.ਆਈ. (ਐੱਮ ਐੱਲ) ਲਿਬਰੇਸ਼ਨ ਦੇ ਬੁਲਾਰੇ ਕਾ. ਰਾਣਾ, ਐਂਟੀ ਡਰੱਗ ਟਾਸਕ ਫੋਰਸ ਦੇ ਆਗੂ ਪਰਵਿੰਦਰ ਸਿੰਘ ਝੋਟਾ ਨੇ ਬਾਲ ਭਵਨ ਵਿਖੇ ਹੋਏ ਸਮਾਗਮ ਨੂੰ ਸੰਬੋਧਨ ਕਰਦਿਆਂ ਦੁੱਖ ਜ਼ਾਹਰ ਕੀਤਾ ਕਿ ਮਾਨਸਾ ਜ਼ਿਲ੍ਹੇ ਅੰਦਰ ਫਿਰ ਨਸ਼ਿਆਂ ਦੀ ਹਨੇਰੀ ਝੁਲ ਰਹੀ ਹੈ ਤੇ ਸਥਾਨਕ ਦੁਕਾਨਦਾਰ ਸ਼ਰੇਆਮ ਨਸ਼ੇ ਵਾਲੀਆਂ ਗੋਲੀਆਂ ਤੇ ਹੋਰ ਪਦਾਰਥ ਵੇਚ ਰਹੇ ਹਨ, ਪਰ ਪੁਲਸ ਪ੍ਰਸ਼ਾਸਨ ਫਿਰ ਇਨ੍ਹਾਂ ਦੁਕਾਨਦਾਰਾਂ ਦੇ ਪੱਖ ਵਿੱਚ ਖੜਦਾ ਨਜ਼ਰ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਹੁਣ ਜਦੋਂ ਉਹ ਪੁਲਸ ਪ੍ਰਸ਼ਾਸਨ ਨੂੰ ਸਬੂਤਾਂ ਸਹਿਤ ਸਬੰਧਤ ਦੁਕਾਨਦਾਰਾਂ ਸਬੰਧੀ ਉਸ ਨੂੰ ਸੂਚਿਤ ਕਰ ਰਹੇ ਹਨ ਤੇ ਉਨ੍ਹਾਂ ਨੂੰ ਫੜਾਉਣ 'ਚ ਮਦਦ ਕਰ ਰਹੇ ਹਨ, ਤਾਂ ਪੁਲਸ ਉਨ੍ਹਾਂ ਨੂੰ ਇਕ ਵਾਰ ਫੜ ਕੇ ਫਿਰ ਛੱਡ ਦਿੰਦੀ ਹੈ। ਉਨ੍ਹਾਂ ਦੱਸਿਆ ਕਿ ਤਿਕੋਣੀ 'ਤੇ ਇਕ ਦੁਕਾਨਦਾਰ ਸ਼ਰੇਆਮ ਨਸ਼ੇ ਵਾਲੀਆਂ ਗੋਲੀਆਂ ਵੇਚ ਰਿਹਾ ਹੈ, ਹਾਲਾਂਕਿ ਉਸ ਦਾ ਲਾਈਸੰਸ ਡਰੱਗ ਇੰਸਪੈਕਟਰ ਵੱਲੋਂ ਕੈਂਸਲ ਕੀਤਾ ਹੋਇਆ ਹੈ, ਪਰ ਉਹ ਕਿਸੇ ਹੋਰ ਨਾਮ ਅਧੀਨ ਹੁਣ ਨਸ਼ੇ ਵੇਚ ਰਿਹਾ ਹੈ, ਉਸ ਨੂੰ ਪੁਲਸ ਕੋਲ ਫੜਾਇਆ ਵੀ ਗਿਆ ਸੀ, ਪਰ ਉਸ ਨੂੰ ਸਿਟੀ-2 ਦੇ ਐੱਸ ਐੱਚ ਓ ਨੇ ਇਹ ਦਲੀਲ ਦਿੰਦਿਆਂ ਛੱਡ ਦਿੱਤਾ ਕਿ ਕੋਰਟ ਤੋਂ ਇਸ ਸਬੰਧੀ ਮਨਜ਼ੂਰੀ ਲਈ ਜਾਵੇਗੀ, ਹਾਲਾਂਕਿ ਉਸ ਉਪਰ 420 ਸਮੇਤ ਹੋਰ ਧਰਾਵਾਂ ਸਹਿਤ ਕੇਸ ਬਣਦਾ ਸੀ। ਇਸੇ ਤਰ੍ਹਾਂ ਪਹਿਲਾਂ ਫੜਿਆ ਗਿਆ ਇੱਕ ਮੈਡੀਕਲ ਵਾਲਾ ਦੁਕਾਨਦਾਰ ਫਿਰ ਸ਼ਰੇਆਮ ਨਸ਼ੇ ਵਾਲੀਆਂ ਗੋਲੀਆਂ ਵੇਚ ਰਿਹਾ ਹੈ, ਪਰ ਪੁਲਸ ਨੇ ਚੁੱਪੀ ਧਾਰੀ ਹੋਈ ਹੈ। ਉਨ੍ਹਾਂ ਪੁਲਸ ਥਾਣਾ ਇੰਚਾਂ ਸਿਟੀ-2 ਨੂੰ ਵੀ ਬਦਲਣ ਦੀ ਮੰਗ ਕੀਤੀ।

ਸਮਾਗਮ ਨੂੰ ਸੰਬੋਧਨ ਕਰਦਿਆਂ ਨਸ਼ਾ ਵਿਰੋਧੀ ਐਕਸ਼ਨ ਕਮੇਟੀ ਦੇ ਆਗੂ ਗਗਨ ਸ਼ਰਮਾ, ਕੁਲਵਿੰਦਰ ਸਿੰਘ ਕਾਲੀਆ, ਮੇਜਰ ਸਿੰਘ ਜਮਹੂਰੀ ਕਿਸਾਨ ਸਭਾ, ਮੀਹਾਂ ਸਿੰਘ ਨੇ ਸੰਬੋਧਨ ਕਰਦਿਆਂ ਚਿਤਾਵਨੀ ਦਿੱਤੀ ਕਿ ਜੇਕਰ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਕੋਈ ਕਾਰਵਾਈ ਨਾ ਹੋਈ ਤਾਂ ਪੰਜਾਬ ਸਰਕਾਰ ਤੇ ਪੁਲਸ ਪ੍ਰਸ਼ਾਸਨ ਵਿਰੁੱਧ ਤਿੱਖੇ ਮੋਰਚੇ ਤੋਂ ਵੀ ਗਰੇਜ਼ ਨਹੀਂ ਕੀਤਾ ਜਾਵੇਗਾ।

## ਸ਼੍ਰੋਮਣੀ ਕਮੇਟੀ ਚੋਣਾਂ ਲਈ ਵੋਟਰ ਸੂਚੀਆਂ ਤਿਆਰ ਕਰਨ ਦੀ ਮਿਤੀ 'ਚ ਵਾਧਾ

**ਸੰਗਤ ਮੰਡੀ (ਰਾਜਦੀਪ ਜੋਸ਼ੀ)**
ਚੀਫ ਕਮਿਸ਼ਨਰ ਗੁਰਦੁਆਰਾ ਚੋਣਾਂ ਪੰਜਾਬ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਬੋਰਡ) ਚੋਣਾਂ ਲਈ ਵੋਟਰ ਸੂਚੀ ਦੀ ਤਿਆਰੀ ਦਾ ਸ਼ਡਿਊਲ ਜਾਰੀ ਕੀਤਾ ਗਿਆ ਸੀ। ਹੁਣ ਕਮਿਸ਼ਨਰ ਗੁਰਦੁਆਰਾ ਚੋਣਾਂ ਵੱਲੋਂ ਪਹਿਲਾਂ ਜਾਰੀ ਸ਼ਡਿਊਲ ਵਿੱਚ ਸੋਧ ਕਰਦੇ ਹੋਏ ਰਿਵਾਇਜ਼ਡ ਸ਼ਡਿਊਲ ਜਾਰੀ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਪਹਿਲਾਂ ਜਾਰੀ ਸ਼ਡਿਊਲ ਅਨੁਸਾਰ ਵੋਟਰ ਸੂਚੀ ਵਿੱਚ ਰਜਿਸਟ੍ਰੇਸ਼ਨ ਲਈ ਫਾਰਮ 21 ਅਕਤੂਬਰ 2023 ਤੋਂ ਸ਼ੁਰੂ ਹੋ ਕੇ 15 ਨਵੰਬਰ 2023 ਤੱਕ ਪ੍ਰਾਪਤ ਕੀਤੇ ਜਾਣੇ ਸਨ, ਪ੍ਰੰਤੂ ਹੁਣ ਰਿਵਾਈਜ਼ਡ ਸ਼ਡਿਊਲ ਅਨੁਸਾਰ ਫਾਰਮ ਪ੍ਰਾਪਤ ਕਰਨ ਦੀ ਆਖਿਰੀ ਮਿਤੀ 15 ਨਵੰਬਰ 2023 ਵਿੱਚ ਵਾਧਾ ਕਰਕੇ 29 ਫਰਵਰੀ 2024 ਤੱਕ ਕਰ ਦਿੱਤੀ ਗਈ ਹੈ। ਇਸ ਉਪਰੰਤ ਰਿਵਾਈਜ਼ਡ ਸ਼ਡਿਊਲ ਅਨੁਸਾਰ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ 21 ਮਾਰਚ 2024 ਨੂੰ ਕੀਤੀ ਜਾਵੇਗੀ। ਮੁੱਢਲੀ ਪ੍ਰਕਾਸ਼ਿਤ ਵੋਟਰ ਸੂਚੀ ਤੇ ਦਾਅਵੇ/ਇਤਰਾਜ਼ 11 ਅਪ੍ਰੈਲ 2024 ਤੱਕ ਪ੍ਰਾਪਤ ਕੀਤੇ ਜਾਣਗੇ ਤੇ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ 03 ਮਈ 2024 ਨੂੰ ਕੀਤੀ ਜਾਵੇਗੀ।

# ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਰਧਾਂਜਲੀ ਸਮਾਗਮ ਮੌਕੇ ਗਦਰ ਲਹਿਰ ਦੇ ਅਧੂਰੇ ਕਾਰਜ ਪੂਰੇ ਕਰਨ ਦਾ ਪ੍ਰਣ

- ਚੰਡੀਗੜ੍ਹ ਧਰਨੇ 'ਚ ਹਜ਼ਾਰਾਂ ਦੀ ਗਿਣਤੀ 'ਚ ਸ਼ਾਮਲ ਹੋਣ ਦਾ ਐਲਾਨ



**ਜਗਰਾਓਂ (ਅਮਿਤ ਖੰਨਾ)**-ਪਿੰਡ ਬੱਸੀਆਂ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਬਲਾਕ ਜਗਰਾਓਂ ਤੇ ਰਾਏਕੋਟ ਦੀਆਂ ਸਮੂਹ ਇਕਾਈਆਂ ਦੀ ਮੀਟਿੰਗ ਗੁਰਦੁਆਰਾ ਸ਼ਤਰੰਜ ਸਾਹਿਬ ਵਿਖੇ ਹੋਈ। ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਦੀ ਅਗਵਾਈ 'ਚ ਹੋਈ ਮੀਟਿੰਗ ਵਿੱਚ ਸਭ ਤੋਂ ਪਹਿਲਾਂ ਗਦਰ ਲਹਿਰ ਦੇ ਮਹਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਉਨ੍ਹਾਂ ਨਾਲ ਫਾਂਸੀ ਚੜ੍ਹਨ ਵਾਲੇ ਛੇ ਹੋਰ ਸ਼ਹੀਦਾਂ ਵਿਸ਼ਣੂ ਗਣੇਸ਼ ਪਿੰਗਲੇ, ਹਰਨਾਮ ਸਿੰਘ ਸਿਆਲਕੋਟੀ, ਸ਼ਹੀਦ ਜਗਤ ਸਿੰਘ, ਸ਼ਹੀਦ ਬਖਸ਼ੀਸ਼ ਸਿੰਘ, ਸ਼ਹੀਦ ਸੁਰੈਣ ਸਿੰਘ (ਵੱਡਾ) ਤੇ ਸੁਰੈਣ ਸਿੰਘ (ਛੋਟਾ) ਨੂੰ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਸਮੇਂ ਤਰਕਸ਼ੀਲ ਤੇ ਕਿਸਾਨ ਆਗੂ ਸੁਰਜੀਤ ਦੌਧਰ ਨੇ ਸ਼ਹੀਦਾਂ ਦੇ ਤਿਆਗ ਨੂੰ ਸਿਜਦਾ ਕਰਦਿਆਂ ਕਿਹਾ ਕਿ ਜਿਸ ਸਾਮਰਾਜ ਨੂੰ ਦੇਸ਼ 'ਚੋਂ ਕੱਢ ਕੇ ਆਜ਼ਾਦੀ ਖਾਤਰ ਇਹ ਯੋਧੇ ਫਾਂਸੀ ਚੜ੍ਹੇ ਸੀ, ਉਹ ਸਾਮਰਾਜ ਅੱਜ ਵੀ ਦੇਸ਼ 'ਤੇ ਕਾਬਜ਼ ਹੋ ਕੇ ਕਿਸਾਨ ਮਜ਼ਦੂਰ ਵਿਰੋਧੀ ਤੇ ਕਾਰਪੋਰੇਟ ਪੱਖੀ ਰਾਜ ਚਲਾ ਰਿਹਾ ਹੈ। ਇਹ ਸਾਮਰਾਜੀ ਸਰਗਨਾ ਅਮਰੀਕਾ ਹੀ ਹੈ, ਜਿਹੜਾ ਖੇਤੀ ਵਿਰੋਧੀ ਕਾਲੇ ਕਨੂੰਨ ਲਿਆਇਆ ਸੀ ਤੇ ਹੁਣ ਜਿਹੜਾ ਇਜ਼ਰਾਈਲ ਰਾਹੀਂ ਫਲੀਸਤੀਨ 'ਤੇ ਕਬਜ਼ਾ ਕਰਕੇ ਫਲੀਸਤੀਨੀ ਲੋਕਾਂ ਦੀ ਨਸਲਕੁਸ਼ੀ ਕਰ ਰਿਹਾ ਹੈ। ਉਨ੍ਹਾਂ ਫਲੀਸਤੀਨ ਦੀ ਆਜ਼ਾਦੀ ਬਹਾਲ ਕਰਨ ਤੇ ਨਿਹੱਕੀ ਜੰਗ ਬੰਦ ਕਰਨ ਦੀ ਮੰਗ ਕੀਤੀ। ਇਸ ਸਮੇਂ ਇੰਦਰਜੀਤ ਸਿੰਘ ਧਾਲੀਵਾਲ, ਸਰਬਜੀਤ ਸਿੰਘ ਧੂੜਕੋਟ, ਤਰਸੇਮ ਸਿੰਘ ਬੱਸੂਵਾਲ ਨੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ 26, 27, 28 ਨਵੰਬਰ ਨੂੰ ਚੰਡੀਗੜ੍ਹ 'ਚ ਗਵਰਨਰ ਪੰਜਾਬ ਦੇ ਤਿੰਨ ਰੋਜ਼ਾ ਘਿਰਾਓ 'ਚ ਵਧ ਚੜ੍ਹ ਕੇ ਸ਼ਾਮਲ ਹੋਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਨਵੀਂ ਖੇਤੀ ਨੀਤੀ ਲਿਆਉਣ, ਤੇਈ ਫਸਲਾਂ 'ਤੇ ਐੱਮ ਐੱਸ ਪੀ ਹਾਸਲ ਕਰਨ, ਪ੍ਰਦੂਸ਼ਣ ਐਕਟ 2020 'ਚੋਂ ਕਿਸਾਨੀ ਨੂੰ ਬਾਹਰ ਕਢਾਉਣ, ਬਿਜਲੀ ਐਕਟ 2020 ਰੱਦ ਕਰਾਉਣ, ਹਰ ਕਿਸਮ ਦੇ ਕਿਸਾਨੀ ਕਰਜ਼ਿਆਂ 'ਤੇ ਲੀਕ ਮਰਵਾਉਣ, ਫਸਲ ਦੀ ਬੀਮਾ ਸਕੀਮ ਲਾਗੂ ਕਰਵਾਉਣ, ਸੱਠ ਸਾਲ ਤੋਂ ਉੱਪਰ ਕਿਸਾਨ ਲਈ ਦਸ ਹਜ਼ਾਰ ਰੁਪਏ ਮਾਸਕ ਪੈਨਸ਼ਨ ਹਾਸਲ ਕਰਨ, ਲਖੀਮਪੁਰ ਖੀਰੀ ਦੇ ਕਾਤਲਾਂ ਨੂੰ ਸਜ਼ਾਵਾਂ ਦਿਵਾਉਣ, ਚਿੱਪ ਵਾਲੇ ਮੀਟਰ ਬੰਦ ਕਰਵਾਉਣ, ਸ਼ਹੀਦ ਕਿਸਾਨ ਪਰਿਵਾਰਾਂ ਦੇ ਮੁਆਵਜ਼ੇ ਤੇ ਨੌਕਰੀ ਦੇ ਬਕਾਇਆ ਕੇਸਾਂ ਦਾ ਨਿਪਟਾਰਾ ਕਰਾਉਣ, ਪਰਾਲੀ ਦੇ ਪਰਚੇ ਰੱਦ ਕਰਾਉਣ ਲਈ ਕੇਂਦਰ ਤੇ ਪੰਜਾਬ ਸਰਕਾਰ ਨਾਲ ਸਬੰਧਤ ਮੰਗਾਂ ਨੂੰ ਲੈ ਕੇ ਇਹ ਸੰਘਰਸ਼ ਸ਼ੁਰੂ ਕੀਤਾ ਜਾ ਰਿਹਾ ਹੈ। ਇਸ ਸਮੇਂ ਹਰ ਪਿੰਡ 'ਚੋਂ ਵੱਧ ਤੋਂ ਵੱਧ ਟਰਾਲੀਆਂ ਲੈ ਕੇ 26 ਨਵੰਬਰ ਨੂੰ ਸਵੇਰੇ ਸਾਜਰੇ ਪਿੰਡਾਂ 'ਚੋਂ ਗੁਰਦੁਆਰਾ ਅੰਬ ਸਾਹਿਬ ਮੁਹਾਲੀ ਵੱਲ ਨੂੰ ਕੂਚ ਕਰਨ ਦਾ ਫੈਸਲਾ ਕੀਤਾ ਗਿਆ। ਇਸ ਸਮੇਂ ਚੰਡੀਗੜ੍ਹ ਧਰਨੇ ਦੀ ਠੋਸ ਵਿਉਂਤਬੰਦੀ ਵੀ ਕੀਤੀ ਗਈ। ਇਕ ਮਤੇ ਰਾਹੀਂ ਪੰਜਾਬ 'ਚ ਸਾਰੀਆਂ ਬੰਦ ਕੀਤੀਆਂ ਮੰਡੀਆਂ ਦੁਬਾਰਾ ਸ਼ੁਰੂ ਕਰਨ ਤੇ ਪਰਾਲੀ ਦੇ ਪਰਚੇ ਰੱਦ ਕਰਨ ਦੀ ਮੰਗ ਕੀਤੀ ਗਈ। ਅੰਤ 'ਤੇ ਸ਼ਹੀਦਾਂ ਦੀ ਯਾਦ 'ਚ ਨਾਅਰੇ ਗੂੰਜਾਏ ਗਏ।

## ਕਾਤਰਾਂ

### ਅਮਨਦੀਪ ਚੁੱਘ ਨਮਿੱਤ ਪਾਠ ਦਾ ਭੋਗ 19 ਨੂੰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਸਥਾਨਕ ਸਿਟੀ ਥਾਣਾ ਬਾਜ਼ਾਰ ਸਥਿਤ ਤੁਹਾਡਾ ਗਿਫਟ ਹਾਊਸ ਦੇ ਮਾਲਕ ਖੁਸ਼ਹਾਲ ਚੁੱਘ (ਟੀਟੂ) ਦੇ ਨੌਜਵਾਨ ਪੁੱਤਰ ਅਮਨਦੀਪ ਚੁੱਘ (ਅੰਮੂ) ਕੁਝ ਦਿਨ ਤੋਂ ਡੇਂਗੂੰ ਦੀ ਬਿਮਾਰੀ ਤੋਂ ਪੀੜਤ ਸਨ ਤੇ ਇਲਾਜ ਦੌਰਾਨ ਹੀ ਉਹ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ। ਉਹ ਆਪਣੇ ਪਿੱਛੇ ਰੋਂਦੀ ਵਿਲਕਦੀ ਪਤਨੀ ਜੀਨੀਆ ਰਾਣੀ ਤੇ ਮਾਸੂਮ ਪੁੱਤਰ ਵਰਦਾਨ ਚੁੱਘ ਸਮੇਤ ਦੁੱਖਾਂ ਦੇ ਸਮੁੰਦਰ 'ਚ ਡੁੱਬਿਆ ਪਰਵਾਰ ਛੱਡ ਗਏ ਹਨ। ਸਵ: ਅਮਨਦੀਪ ਚੁੱਘ ਦੀ ਇਸ ਬੇਵਕਤੀ ਮੌਤ 'ਤੇ ਸਥਾਨਕ ਗਾਂਧੀ ਨਗਰ ਸਥਿਤ ਡੇਰਾ ਸੰਤ ਬਾਬਾ ਬੱਗੂ ਭਗਤ ਦੇ ਗੱਦੀ ਨਸ਼ੀਨ ਭਗਤ ਸ਼ੰਮੀ ਚਾਵਲਾ (ਬਾਊ ਜੀ) ਨੇ ਸਮੁੱਚੀ ਡੇਰਾ ਸੰਗਤ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਇਸ ਤੋਂ ਇਲਾਵਾ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਸਮੇਤ ਸਮੂਹ ਆਗੂਆਂ ਤੇ ਮੈਂਬਰਾਂ ਨੇ ਚੁੱਘ ਪਰਵਾਰ ਨਾਲ ਦੁੱਖ ਦਾ ਇਜ਼ਹਾਰ ਕੀਤਾ ਹੈ। ਸਵ: ਅਮਨਦੀਪ ਚੁੱਘ ਨਮਿੱਤ ਅੰਤਿਮ ਅਰਦਾਸ ਤੇ ਪਾਠ ਦਾ ਭੋਗ 19 ਨਵੰਬਰ ਨੂੰ ਦੁਪਹਿਰ ਦੇ 1:00 ਤੋਂ 2:00 ਵਜੇ ਤੱਕ ਸਥਾਨਕ ਜਲਾਲਾਬਾਦ ਰੋਡ ਸਥਿਤ ਸ਼ਿਵ ਸ਼ਕਤੀ ਹਾਲ ਵਿਖੇ ਪਵੇਗਾ।

### ਉੱਘੇ ਹਾਕੀ ਖਿਡਾਰੀ ਰਵਿੰਦਰ ਮਲਹੋਤਰਾ ਦੀ ਰਸਮ ਪਗੜੀ 20 ਨੂੰ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-78 ਸਾਲ ਦੀ ਉਮਰ 'ਚ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਬੀਤੇ ਸ਼ੁੱਕਰਵਾਰ ਵਿਛੋੜਾ ਦੇ ਗਏ ਖੇਡ ਜਗਤ 'ਚ ਜੈ ਹਿੰਦ ਦੇ ਨਾਮ ਨਾਲ ਜਾਣੇ ਜਾਂਦੇ ਉੱਘੇ ਹਾਕੀ ਖਿਡਾਰੀ ਰਵਿੰਦਰ ਮਲਹੋਤਰਾ ਦੀ ਰਸਮ ਪਗੜੀ 20 ਨਵੰਬਰ ਨੂੰ ਉਨ੍ਹਾ ਦੇ ਜੱਦੀ ਸ਼ਹਿਰ ਬਸੀ ਪਠਾਣਾਂ ਦੇ ਨਾਮਦੇਵ ਮੰਦਰ ਵਿਖੇ ਦੁਪਹਿਰ 2 ਵਜੇ ਹੋਵੇਗੀ। ਉਪਰੋਕਤ ਜਾਣਕਾਰੀ ਮਰਹੂਮ ਰਵਿੰਦਰ ਮਲਹੋਤਰਾ ਦੇ ਛੋਟੇ ਭਰਾ ਤੇ ਪ੍ਰੈੱਸ ਕਲੱਬ ਬਸੀ ਪਠਾਣਾਂ ਦੇ ਪ੍ਰਧਾਨ ਅਜੈ ਮਲਹੋਤਰਾ ਨੇ ਦਿੱਤੀ। ਮਰਹੂਮ ਪੱਤਰਕਾਰ ਦਿਨੇਸ਼ ਮਲਹੋਤਰਾ, ਐਡਵੋਕੇਟ ਸ਼ਿਵ ਮਲਹੋਤਰਾ, ਅਜੈ ਮਲਹੋਤਰਾ, ਮਹਿੰਦਰ ਮਲਹੋਤਰਾ ਤੇ ਰਵਿੰਦਰ ਮਲਹੋਤਰਾ (ਜੈ ਹਿੰਦ) ਆਪਸ 'ਚ ਸਕੇ ਭਰਾ ਸਨ। ਕੇਂਦਰ ਸਰਕਾਰ ਦੇ ਮਨਿਸਟਰੀ ਆਫ ਪਲੈਨਿੰਗ ਵਿਭਾਗ 'ਚ ਕੀਤੀ ਲੰਮੀ ਸਰਵਿਸ ਦੌਰਾਨ ਮਰਹੂਮ ਰਵਿੰਦਰ ਮਲਹੋਤਰਾ ਬੇਸ਼ੱਕ ਫਿਰੋਜ਼ਪੁਰ, ਹੁਸ਼ਿਆਰਪੁਰ, ਚੰਡੀਗੜ੍ਹ ਤੇ ਅੰਬਾਲਾ ਆਦਿ ਸ਼ਹਿਰਾਂ 'ਚ ਤਾਇਨਾਤ ਰਹੇ, ਪਰ ਆਪਣੇ ਜੱਦੀ ਸ਼ਹਿਰ ਬਸੀ ਪਠਾਣਾਂ ਦੇ ਲੋਕਾਂ ਨਾਲ ਉਨ੍ਹਾਂ ਦਾ ਨਾਤਾ ਅੰਤਲੇ ਸਮੇਂ ਤੱਕ ਬਹੁਤ ਨੇੜੇ ਦਾ ਰਿਹਾ। ਵਿਰਾਸਤ 'ਚ ਮਿਲੇ ਗੁਣਾਂ ਸਦਕਾ ਬਹੁ-ਰਾਸ਼ਟਰੀ ਕੰਪਨੀ ਪਰੂਡੈਂਸ਼ੀਅਲ ਲਾਈਫ 'ਚ ਵੀਅਤਨਾਮ ਵਿਖੇ ਉੱਚ ਅਹੁਦੇ 'ਤੇ ਕੰਮ ਰਹੇ ਮਰਹੂਮ ਰਵਿੰਦਰ ਮਲਹੋਤਰਾ ਦੇ ਪੁੱਤਰ ਅਦਿੱਤਿਆ ਮਲਹੋਤਰਾ ਨੂੰ ਜਿੱਥੇ ਪਹਿਲੇ ਪੰਜਾਬੀ ਵਜੋਂ ਐਕਚੁਅਰੀ (ਯੂ.ਕੇ.) ਤੋਂ ਫੈਲੋਸ਼ਿਪ ਪ੍ਰਾਪਤ ਕਰਨ ਦਾ ਮਾਣ ਹਾਸਲ ਹੈ, ਉੱਥੇ ਹੀ ਉਨ੍ਹਾਂ ਦੀ ਬੇਟੀ ਵੀ ਛੋਟੀ ਉਮਰ 'ਚ ਬਹੁ-ਰਾਸ਼ਟਰੀ ਕੰਪਨੀ ਫਲਿੱਪਕਾਰਟ 'ਚ ਡਾਇਰੈਕਟਰ ਦੇ ਅਹੁਦੇ 'ਤੇ ਪਹੁੰਚ ਕੇ ਮਲਹੋਤਰਾ ਪਰਿਵਾਰ ਦੇ ਦੂਸਰੇ ਬੱਚਿਆਂ ਵਾਂਗ ਆਪਣੇ ਪਰਿਵਾਰ ਤੇ ਬਸੀ ਪਠਾਣਾਂ ਸ਼ਹਿਰ ਦਾ ਨਾਮ ਰੌਸ਼ਨ ਕਰ ਚੁੱਕੀ ਹੈ।

### ਛਾਪਾ 'ਚ ਅੱਖਾਂ ਦਾ ਮੁਫਤ ਚੈੱਕਅਪ ਤੇ ਅਪ੍ਰੇਸ਼ਨ ਕੈਂਪ 26 ਨੂੰ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਨੂੰ ਸਮਰਪਤ ਅੱਖਾਂ ਦਾ ਦੂਸਰਾ ਫਰੀ ਚੈੱਕਅੱਪ ਤੇ ਅਪ੍ਰੇਸ਼ਨ ਕੈਂਪ 26 ਨਵੰਬਰ ਨੂੰ ਗੁਰਦੁਆਰਾ ਸ਼ਹੀਦ ਬਾਬਾ ਆਕਲ ਸਿੰਘ ਜੀ ਸ਼ਹੀਦਾਂ ਦੇ ਅਸਥਾਨ ਛਾਪਾ ਵਿਖੇ ਸਮੂਹ ਨਗਰ, ਐੱਨ ਆਰ ਆਈ ਵੀਰਾਂ, ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਸਫਾਈ ਸੇਵਾ ਕਲੱਬ, ਸਮੂਹ ਕਿਸਾਨ ਜਥੇਬੰਦੀਆਂ, ਗ੍ਰਾਮ ਪੰਚਾਇਤ ਛਾਪਾ ਵੱਲੋਂ ਲਗਾਇਆ ਜਾ ਰਿਹਾ ਹੈ। ਇਸ ਮੌਕੇ ਡਾ: ਤ੍ਰਿਲੋਕੀ ਨਾਥ ਅੱਖਾਂ ਦਾ ਹਸਪਤਾਲ ਬਰਨਾਲਾ ਤੋਂ ਮਾਹਰ ਅੱਖਾਂ ਦੇ ਡਾਕਟਰ ਸਾਹਿਬਾਨ ਦੀ ਅਗਵਾਈ ਹੇਠ ਟੀਮ ਵੱਲੋਂ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕਰਕੇ ਲੋੜਵੰਦਾਂ ਨੂੰ ਮੁਫਤ ਲੈਂਜ ਪਾਉਣ ਲਈ ਰੈਫਰ ਕੀਤਾ ਜਾਵੇਗਾ। ਪ੍ਰਬੰਧਕਾਂ ਨੇ ਸਮਾਜ ਸੇਵਾ ਦੇ ਕਾਰਜ ਦੀ ਸਫਲਤਾ ਲਈ ਸਹਿਯੋਗ ਦੀ ਅਪੀਲ ਕੀਤੀ ਹੈ।

# ਨੌਜਵਾਨ ਭਾਰਤ ਸਭਾ ਵੱਲੋਂ ਸ਼ਹੀਦੀ ਦਿਹਾੜੇ ਨੂੰ ਸਮਰਪਤ ਕਨਵੈਨਸ਼ਨ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਨੌਜਵਾਨ ਭਾਰਤ ਸਭਾ ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਕੀਤੀ ਗਈ। ਸੂਬਾ ਆਗੂ ਦਵਿੰਦਰ ਛਬੀਲਪੁਰ ਵੱਲੋਂ ਪ੍ਰੋਗਰਾਮ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਨੌਜਵਾਨਾਂ ਸਾਹਮਣੇ ਕੋਈ ਨਾਇਕ ਨਾ ਹੋਣ ਕਰਕੇ ਹੀ ਅੱਜ ਦੀ ਪੀੜ੍ਹੀ ਨਸ਼ੇ, ਗੈਂਗਵਾਰ ਤੇ ਪ੍ਰਵਾਸ ਦਾ ਸ਼ਿਕਾਰ ਹੋ ਰਹੀ ਹੈ, ਇਸ ਕਰਕੇ ਜ਼ਰੂਰਤ ਹੈ ਕਿ ਰੁਲ ਰਹੀਆਂ ਸ਼ਹੀਦਾਂ ਦੀਆਂ ਵਿਰਾਸਤਾਂ ਦੀ ਸਾਂਭ-ਸੰਭਾਲ ਕੀਤੀ ਜਾਵੇ। ਸਭਾ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਫਿਰੋਜ਼ਪੁਰ ਤੂੜੀ ਬਜ਼ਾਰ ਵਿਖੇ ਸਥਿਤ ਗੁਪਤ ਟਿਕਾਣੇ ਨੂੰ ਇਤਿਹਾਸਕ ਵਿਰਾਸਤ ਵਜੋਂ ਸੰਭਾਲਣ ਲਈ ਸੰਘਰਸ਼ ਕੀਤਾ ਜਾ ਰਿਹਾ ਤੇ ਇਸੇ ਨੂੰ ਅੱਗੇ ਤੋਰਦਿਆਂ ਜ਼ਿਲ੍ਹੇ ਦੇ ਵੱਖ ਵੱਖ ਪਿੰਡਾਂ ਵਿੱਚ ਮੀਟਿੰਗਾਂ ਕਰਕੇ ਲਾਮਬੰਦੀ ਕੀਤੀ ਜਾਵੇਗੀ। ਪ੍ਰੋਗਰਾਮ ਦੇ ਮੁੱਖ ਬੁਲਾਰੇ ਹਰਦੀਪ ਟੋਡਰਪੁਰ (ਸੂਬਾ ਸਕੱਤਰ, ਡੀ.ਐੱਮ.ਐੱਫ.) ਨੇ ਨੌਜਵਾਨਾਂ ਨੂੰ ਸੰਬੋਧਨ ਕਰਦੇ ਹੋਏ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਜੀਵਨੀ 'ਤੇ ਚਾਨਣਾ ਪਾਉਂਦੇ ਹੋਏ ਉਨ੍ਹਾਂ ਦੇ ਵਿਚਾਰਾਂ ਦੀ ਅੱਜ ਦੇ ਸਮੇਂ 'ਚ ਪ੍ਰਸੰਗਕਤਾ ਬਾਰੇ ਦੱਸਿਆ ਤੇ ਜਥੇਬੰਦ ਹੋਣ ਦਾ ਸੱਦਾ ਦਿੱਤਾ। ਇਸ ਮੌਕੇ ਭਰਾਤਰੀ ਜਥੇਬੰਦੀ ਦੇ ਆਗੂ ਸੈਂਟੀ ਟੋਡਰਪੁਰ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸ਼ਰਧਾਂਜਲੀ ਦੇਣ ਵਜੋਂ ਦੋ ਸ਼ਬਦ ਕਹੇ ਤੇ ਜ਼ਿਲ੍ਹਾ ਸਕੱਤਰ ਖੁਸ਼ਵੰਤ ਹਨੀ ਨੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ। ਪ੍ਰੋਗਰਾਮ ਦੇ ਅੰਤ 'ਤੇ ਜ਼ਿਲ੍ਹਾ ਆਗੂ ਮਨਪ੍ਰੀਤ ਮਰਦਾਂਹੇੜੀ ਨੇ ਪਹੁੰਚੇ ਹੋਏ ਨੌਜਵਾਨਾਂ ਦਾ ਧੰਨਵਾਦ ਕਰਦੇ ਹੋਏ ਪਿੰਡ ਪਿੰਡ ਕਮੇਟੀਆਂ ਬਣਾ ਕੇ ਜਥੇਬੰਦਕ ਤਾਕਤ ਮਜ਼ਬੂਤ ਕਰਨ ਦਾ ਸੱਦਾ ਦਿੱਤਾ।

## ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ 'ਚ ਬਾਲ ਦਿਵਸ ਮਨਾਇਆ



**ਹਠੂਰ (ਨਛੱਤਰ ਸੰਧੂ)**-ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਚਿਲਡਰਨ ਡੇ ਮਨਾਇਆ ਗਿਆ। ਸਕੂਲ ਦੀ ਸਵੇਰ ਦੀ ਸਭਾ ਵਿੱਚ ਸੁਪਰੀਮ ਕੌਨਵੈਂਟ ਸਕੂਲ ਦੇ ਪ੍ਰਿੰਸੀਪਲ ਸਰ ਸੰਦੀਪ ਕੁਮਾਰ ਵੱਲੋਂ ਬੱਚਿਆਂ ਨੂੰ ਬਾਲ ਦਿਵਸ ਦੀ ਵਧਾਈ ਦਿੰਦਿਆਂ ਬਾਲ ਦਿਵਸ ਦੀ ਮਹੱਤਤਾ ਬਾਰੇ ਦੱਸਿਆ ਗਿਆ। ਪ੍ਰਿੰਸੀਪਲ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਡੇ ਬੱਚੇ ਸਾਡੇ ਦੇਸ਼ ਦਾ ਭਵਿੱਖ ਹਨ। ਉਨ੍ਹਾਂ ਵਿੱਚ ਚੰਗੀਆਂ ਆਦਤਾਂ ਤੇ ਸਖਤ ਮਿਹਨਤ ਕਰਨ ਦੀ ਲਗਨ ਪੈਦਾ ਕਰਨੀ ਚਾਹੀਦੀ ਹੈ। ਇਸ ਦੌਰਾਨ ਸਕੂਲ ਦੇ ਡਾਇਰੈਕਟਰ ਚਰਨ ਸਿੰਘ ਨੇ ਬੱਚਿਆਂ ਨੂੰ ਬਾਲ ਦਿਵਸ ਦੀ ਅਹਿਮ ਜਾਣਕਾਰੀ ਦਿੱਤੀ। ਚੇਅਰਮੈਨ ਜੋਗਿੰਦਰ ਪ੍ਰਸਾਦ ਸ਼ਰਮਾ ਨੇ ਬੱਚਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਬੱਚੇ ਦਾ ਜੀਵਨ ਕੋਰਾ ਕਾਗਜ਼ ਹੈ। ਬੱਚਿਆਂ ਨੂੰ ਵਿਦਿਆਰਥੀ ਜੀਵਨ 'ਚ ਮਿਹਨਤ ਤੇ ਲਗਨ ਦੀ ਭਾਵਨਾ ਪੈਦਾ ਕਰਨੀ ਚਾਹੀਦੀ ਹੈ। ਬਾਲ ਦਿਵਸ 'ਤੇ ਸੁਪਰੀਮ ਕੌਨਵੈਂਟ ਸਕੂਲ 'ਚ ਪ੍ਰੀ ਪ੍ਰਾਇਮਰੀ ਵਿੰਗ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕਰਦਿਆਂ ਟੀਚਰਾਂ ਨੇ ਬੱਚਿਆਂ ਨੂੰ ਬਾਲ ਦਿਵਸ ਦੇ ਕਾਰਡ ਤੇ ਟੌਫੀਆਂ ਦਿੱਤੀਆਂ। ਪਹਿਲੀ ਕਲਾਸ ਤੋਂ ਲੈ ਕੇ ਚੌਥੀ ਕਲਾਸ ਤੱਕ ਬਾਲ ਸਭਾ ਕਰਵਾਈ ਗਈ। ਅਧਿਆਪਕਾਂ ਨੇ ਬੱਚਿਆਂ ਨੂੰ ਵਧਾਈ ਦਿੱਤੀ ਤੇ ਚੰਗੀਆਂ ਆਦਤਾਂ ਅਪਣਾਉਣ ਤੇ ਪੜ੍ਹਨ ਲਈ ਪ੍ਰੇਰਿਤ ਕੀਤਾ। ਅੰਤ ਵਿੱਚ ਪ੍ਰਿੰਸੀਪਲ ਨੇ ਬਾਲ ਦਿਵਸ ਦੇ ਵਿਸ਼ੇਸ਼ ਮੌਕੇ 'ਤੇ ਬੱਚਿਆਂ ਨੂੰ ਵਧਾਈ ਦਿੰਦਿਆਂ ਸਭ ਦਾ ਧੰਨਵਾਦ ਕੀਤਾ।

## ਕੌਮੀ ਪ੍ਰੈੱਸ ਦਿਵਸ ਮੌਕੇ ਪੱਤਰਕਾਰਾਂ ਦੀ ਇਕੱਤਰਤਾ



**ਲਹਿਰਾ ਮੁਹੱਬਤ (ਪੱਤਰ ਪ੍ਰੇਰਕ)**-ਕੌਮੀ ਪ੍ਰੈੱਸ ਦਿਵਸ ਮੌਕੇ ਮਿਉਂਸਪਲ ਪਾਰਕ ਭੁੱਚੋ ਮੰਡੀ ਵਿਖੇ ਪੱਤਰਕਾਰਾਂ ਵੱਲੋਂ ਕੀਤੀ ਗਈ ਇਕੱਤਰਤਾ ਦੌਰਾਨ ਅਜੋਕੇ ਸਮੇਂ ਪੱਤਰਕਾਰਾਂ ਨੂੰ ਦਰਪੇਸ਼ ਮੁਸ਼ਕਲਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਜ਼ਿਲ੍ਹਾ ਬਠਿੰਡਾ ਦੇ ਕਨਵੀਨਰ ਪਰਵਿੰਦਰ ਸਿੰਘ ਜੌੜਾ ਨੇ ਕਿਹਾ ਕਿ ਸਮੇਂ ਦੀਆਂ ਸਰਕਾਰਾਂ ਪੱਤਰਕਾਰਾਂ ਤੇ ਮੀਡੀਆ ਅਦਾਰਿਆਂ ਨੂੰ 'ਆਪਣੇ' ਮੁਤਾਬਕ ਚਲਾਉਣਾ ਚਾਹੁੰਦੀਆਂ ਹਨ। ਉਨ੍ਹਾ ਚਿੰਤਾ ਪ੍ਰਗਟ ਕੀਤੀ ਕਿ ਜੋ ਪੱਤਰਕਾਰ ਤੇ ਮੀਡੀਆ ਅਦਾਰੇ ਸਰਕਾਰਾਂ ਦੀਆਂ ਬਦਨੀਤੀਆਂ ਅੱਗੇ ਨਹੀਂ ਝੁਕਦੇ, ਉਨ੍ਹਾਂ ਨੂੰ ਆਪਣੇ ਸਿਆਸੀ ਵਿਰੋਧੀਆਂ ਦੀ ਤਰ੍ਹਾਂ ਪ੍ਰੇਸ਼ਾਨ ਕੀਤਾ ਜਾਂਦਾ ਹੈ। ਉਨ੍ਹਾ ਕਿਹਾ ਕਿ ਅਜੋਕਾ ਸਮਾਂ ਪੱਤਰਕਾਰਾਂ ਤੇ ਪੱਤਰਕਾਰੀ ਲਈ ਸਭ ਤੋਂ ਮੁਸ਼ਕਲ ਸਮਾਂ ਹੈ, ਪ੍ਰੰਤੂ ਬਾਵਜੂਦ ਇਸ ਦੇ ਧਰਾਤਲੀ ਪੱਤਰਕਾਰ ਬਿਨਾਂ ਕਿਸੇ ਵਿਸ਼ੇਸ਼ ਸਹੂਲਤਾਂ ਦੇ ਸਮਾਜਿਕ ਮਸਲਿਆਂ ਨੂੰ ਬੇਬਾਕੀ ਨਾਲ ਉਭਾਰ ਰਹੇ ਹਨ, ਤਾਂ ਜੋ ਇਨ੍ਹਾਂ ਮਸਲਿਆਂ ਦੇ ਹੱਲ ਹੋਣ ਨਾਲ ਬਿਹਤਰ ਸਮਾਜ ਦੀ ਸਿਰਜਣਾ ਹੋ ਸਕੇ ਤੇ ਲੋਕਾਂ ਦਾ ਜੀਵਨ ਪੱਧਰ ਉੱਚਾ ਤੇ ਸੁਖਾਲਾ ਹੋ ਸਕੇ। ਉਨ੍ਹਾਂ ਇਜ਼ਰਾਈਲ ਤੇ ਹਮਾਸ ਦੇ ਅੱਤਵਾਦੀਆਂ ਦਰਮਿਆਨ ਚੱਲ ਰਹੇ ਯੁੱਧ ਦੌਰਾਨ ਵੱਡੀ ਗਿਣਤੀ ਵਿੱਚ ਮਾਰੇ ਗਏ ਪੱਤਰਕਾਰਾਂ ਦੇ ਮਾਮਲੇ 'ਤੇ ਗਹਿਰੀ ਚਿੰਤਾ ਪ੍ਰਗਟ ਕਰਦਿਆਂ ਇਸ ਯੁੱਧ ਦੇ ਜਲਦੀ ਸਮਾਪਤ ਹੋਣ ਦੀ ਕਾਮਨਾ ਕੀਤੀ। ਇਸ ਮੌਕੇ ਪੱਤਰਕਾਰ ਭੀਮ ਸੈਨ ਹਦਵਾਰੀਆ, ਸੁਖਨੈਬ ਸਿੰਘ ਸਿੱਧੂ, ਹਰਬੰਸ ਸਿੰਘ ਭੋਲਾ, ਹਰਮੇਲ ਸਾਗਰ ਤੇ ਚਰਨਜੀਤ ਸਿੰਘ ਹਾਜ਼ਰ ਸਨ।

# ਪੰਥ ਵਿਰੋਧੀ ਤਾਕਤਾਂ ਸਿੱਖ ਕੌਮ ਨੂੰ ਵੰਡਣ ਦੇ ਰੌਅ 'ਚ : ਕਬੀਰ ਦਾਸ/ਹਰਿਆਊ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**
ਪੰਥ ਵਿਰੋਧੀ ਤਾਕਤਾਂ ਗੁਰੂ ਘਰਾਂ ਦੇ ਪ੍ਰਬੰਧ ਆਪਣੇ ਹੱਥਾਂ ਵਿੱਚ ਲੈ ਕੇ ਸਿੱਖ ਕੌਮ ਨੂੰ ਵੰਡ ਕੇ ਇਸ ਨੂੰ ਖਤਮ ਕਰਨ ਦੇ ਮਨਸੂਬੇ ਬਣਾ ਰਹੀਆਂ ਹਨ, ਪਰ ਸ਼੍ਰੋਮਣੀ ਅਕਾਲੀ ਦਲ ਦੇ ਜੁਝਾਰੂ ਵਰਕਰ ਪੰਥ ਵਿਰੋਧੀ ਇਨ੍ਹਾਂ ਤਾਕਤਾਂ ਨੂੰ ਕਦੇ ਮੂੰਹ ਨਹੀਂ ਲਾਉਣਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਇੰਚਾਰਜ ਬਾਬੂ ਕਬੀਰ ਦਾਸ ਤੇ ਸੀਨੀਅਰ ਅਕਾਲੀ ਆਗੂ ਜਗਮੀਤ ਸਿੰਘ ਹਰਿਆਊ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਆਉਣ ਵਾਲੀਆਂ ਚੋਣਾਂ ਲਈ ਵੋਟਾਂ ਬਣਾਉਣ ਦੀ ਚੱਲ ਰਹੀ ਮੁਹਿੰਮ ਦੌਰਾਨ ਅਕਾਲੀ ਆਗੂ ਅਜੈਬ ਸਿੰਘ ਮੱਲੀ ਦੇ ਗ੍ਰਹਿ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਕਬੀਰ ਦਾਸ ਤੇ ਸੀਨੀਅਰ ਅਕਾਲੀ ਆਗੂ ਜਗਮੀਤ ਸਿੰਘ ਹਰਿਆਊ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਆਪਣੀ ਸਰਕਾਰ ਦੇ ਦਸ ਸਾਲਾਂ ਦੇ ਕਾਰਜਕਾਲ ਦੌਰਾਨ ਸੂਬੇ ਦੇ ਵਿਕਾਸ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਪਾਇਆ, ਜੋ ਪੰਥ ਤੇ ਪੰਜਾਬ ਵਿਰੋਧੀ ਤਾਕਤਾਂ ਨੂੰ ਹਜ਼ਮ ਨਹੀਂ ਹੋਇਆ, ਜਿਸ ਕਰਕੇ ਇੱਕ ਪ੍ਰਾਪੇਗੰਡੇ ਤਹਿਤ ਸ਼੍ਰੋਮਣੀ ਅਕਾਲੀ ਦਲ ਨੂੰ ਬਦਨਾਮ ਕਰਨ ਦੀ ਮੁਹਿੰਮ ਵਿੱਢੀ ਗਈ। ਉਨ੍ਹਾ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੇ ਮਾਮਲੇ ਉੱਤੇ ਸਿਆਸਤ ਕਰਨ ਵਾਲੇ ਕਾਂਗਰਸੀ ਤੇ ਆਮ ਆਦਮੀ ਪਾਰਟੀ ਦੇ ਆਗੂਆਂ ਨੇ ਸੱਤਾ ਸੰਭਾਲਣ ਮਗਰੋਂ ਮਾਮਲੇ ਨੂੰ ਠੰਢੇ ਬਸਤੇ ਵਿੱਚ ਪਾ ਦਿੱਤਾ, ਪਰ ਸ਼੍ਰੋਮਣੀ ਅਕਾਲੀ ਦਲ ਨੂੰ ਬੇਅਦਬੀ ਦੇ ਮਾਮਲੇ 'ਚ ਬਦਨਾਮ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ। ਆਗੂਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਥ ਵਿਰੋਧੀ ਤਾਕਤਾਂ ਨੂੰ ਭਾਂਜ ਦੇਣ ਦੇ ਮਕਸਦ ਨਾਲ ਆਉਣ ਵਾਲੇ ਸਮੇਂ ਵਿੱਚ ਹੋਣ ਜਾ ਰਹੀਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲਈ ਵੱਧ ਤੋਂ ਵੱਧ ਗਿਣਤੀ 'ਚ ਆਪਣੀਆਂ ਵੋਟਾਂ ਬਣਵਾਉਣ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੀਨੀਅਰ ਅਕਾਲੀ ਆਗੂ ਰਣਜੀਤ ਸਿੰਘ ਸਾਹੀ, ਲਖਵਿੰਦਰ ਸਿੰਘ ਮੌਲਵੀਵਾਲਾ, ਜਸਪਾਲ ਸਿੰਘ ਨੂਰਪੁਰਾ, ਤੇਜਵੀਰ ਸਿੰਘ ਖਾਂਗ ਤੇ ਸਿਕੰਦਰ ਸਿੰਘ ਦੁਗਾਲ ਆਦਿ ਹਾਜ਼ਰ ਸਨ।



ਆਗੂਆਂ ਨੂੰ ਸਨਮਾਨਤ ਕਰਦੇ ਹੋਏ ਸੀਨੀਅਰ ਅਕਾਲੀ ਆਗੂ ਅਜੈਬ ਸਿੰਘ ਮੱਲ੍ਹੀ ਤੇ ਹੋਰ।

# ਬਾਰ ਐਸੋਸੀਏਸ਼ਨ ਵੱਲੋਂ ਸ਼ਹੀਦ ਸਰਾਭਾ ਤੇ ਸਾਥੀਆਂ ਨੂੰ ਸ਼ਰਧਾਂਜਲੀ

**ਸਮਰਾਲਾ (ਸੁਰਜੀਤ ਸਿੰਘ)**
ਬਾਰ ਐਸੋਸੀਏਸ਼ਨ ਸਮਰਾਲਾ ਵੱਲੋਂ ਮਹਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਉਨ੍ਹਾਂ ਨਾਲ ਸ਼ਹੀਦ ਕੀਤੇ ਛੇ ਹੋਰ ਸ਼ਹੀਦਾਂ ਵਿਸ਼ਨੂੰ, ਗਣੇਸ਼ ਪਿੰਗਲੇ, ਜਗਤ ਸਿੰਘ, ਹਰਨਾਮ ਸਿੰਘ ਸਿਆਲਕੋਟੀ, ਬਖਸ਼ੀਸ਼ ਸਿੰਘ, ਸੁਰੈਣ ਸਿੰਘ (ਵੱਡਾ) ਤੇ ਸੁਰੈਣ ਸਿੰਘ (ਛੋਟਾ) ਦੇ ਸ਼ਹੀਦੀ ਦਿਨ ਮੌਕੇ ਇਕੱਠੇ ਹੋ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਦਲਜੀਤ ਸਿੰਘ ਸ਼ਾਹੀ ਨੇ ਕਰਤਾਰ ਸਿੰਘ ਸਰਾਭੇ ਬਾਰੇ ਸੰਖੇਪ 'ਚ ਉਨ੍ਹਾਂ ਦੀ ਜ਼ਿੰਦਗੀ ਤੇ ਬਾਕੀ ਸ਼ਹੀਦਾਂ ਦੀ ਸ਼ਹਾਦਤ ਸਬੰਧੀ ਜਾਣਕਾਰੀ ਦਿੱਤੀ। ਉਨ੍ਹਾ ਆਪਣੇ ਸੰਬੋਧਨ ਵਿੱਚ ਕਿਹਾ ਕਿ ਕਰਤਾਰ ਸਿੰਘ ਸਰਾਭੇ ਨੂੰ ਸ਼ਹੀਦ ਭਗਤ ਸਿੰਘ ਵੀ ਆਪਣਾ ਆਦਰਸ਼ ਮੰਨਦਾ ਸੀ। ਸਰਾਭਾ ਹੁਰਾਂ ਨੇ ਗ਼ਦਰ ਪਾਰਟੀ ਦੇ ਅਖ਼ਬਾਰ "ਗ਼ਦਰ" ਨੂੰ ਪੰਜਾਬੀ, ਹਿੰਦੀ, ਉਰਦੂ, ਗੁਜਰਾਤੀ ਤੇ ਪਸ਼ਤੋ ਭਾਸ਼ਾ ਵਿੱਚ ਕੱਢਿਆ। ਦੇਸ਼ ਦੀ ਆਜ਼ਾਦੀ ਲਈ ਲੜਾਈ ਲੜ ਰਹੇ ਇਨ੍ਹਾਂ ਪ੍ਰਵਾਨਿਆਂ ਨੂੰ 16 ਨਵੰਬਰ 1915 ਨੂੰ ਅੰਗਰੇਜ਼ ਸਰਕਾਰ ਨੇ ਲਹੌਰ ਸੈਂਟਰਲ ਜੇਲ੍ਹ ਵਿੱਚ ਫ਼ਾਂਸੀ ਦੇ ਦਿੱਤੀ। ਇਸ ਮੌਕੇ ਐਡਵੋਕੇਟ ਨਰਿੰਦਰ ਕੁਮਾਰ ਸ਼ਰਮਾ, ਪਰਮਿੰਦਰ ਸਿੰਘ ਗਿੱਲ ਨੇ ਸ਼ਹੀਦਾਂ ਦੀ ਸ਼ਹੀਦੀ ਨੂੰ ਨਮਨ ਕਰਦੇ ਹੋਏ ਆਪਣੇ ਵਿਚਾਰ ਰੱਖੇ ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਐਡਵੋਕੇਟ ਸੇਖੋਂ, ਬਲਵਿੰਦਰ ਕੌਰ, ਰੁਪਿੰਦਰ ਕੌਰ, ਕਰਨੈਲ ਸਿੰਘ ਢਿੱਲੋਂ, ਦਵਿੰਦਰ ਸ਼ਾਮਗੜ੍ਹ, ਲਖਵੀਰ ਸਿੰਘ, ਐੱਸ. ਕੇ. ਵਸ਼ਿਸ਼ਟ ਤੇ ਸਮੂਹ ਬਾਰ ਮੈਂਬਰਜ਼ ਹਾਜ਼ਰ ਸਨ। ਆਖੀਰ ਵਿੱਚ ਬਾਰ ਐਸੋ: ਸਮਰਾਲਾ ਦੇ ਪ੍ਰਧਾਨ ਐਡਵੋਕੇਟ ਦਲਜੀਤ ਸ਼ਾਹੀ ਨੇ ਸਭ ਦਾ ਧੰਨਵਾਦ ਕੀਤਾ।



ਸਮੂਹ ਵਕੀਲ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੰਦੇ ਹੋਏ।

## ਅਕਾਲ ਅਕੈਡਮੀ ਦੇ ਵਿਦਿਆਰਥੀਆਂ ਨਸ਼ਿਆਂ ਖਿਲਾਫ ਰੈਲੀ ਕੱਢੀ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਮਿੱਠੇਵਾਲ ਵਿਖੇ ਅਕਾਲ ਅਕੈਡਮੀ ਮਨਾਲ ਦੇ ਵਿਦਿਆਰਥੀਆਂ, ਸਟਾਫ ਮੈਂਬਰਾਂ ਵੱਲੋਂ ਪ੍ਰਿੰਸੀਪਲ ਅਰਸ਼ਪ੍ਰੀਤ ਕੌਰ ਦੀ ਅਗਵਾਈ ਹੇਠ ਨਸ਼ਿਆਂ ਵਿਰੁੱਧ ਰੈਲੀ ਕੱਢੀ ਗਈ, ਜਿਸ ਵਿੱਚ ਬੱਚਿਆਂ ਦੁਆਰਾ ਵੱਖਰੇ ਵੱਖਰੇ ਨਾਅਰੇ ਬੋਲ ਕੇ ਲੋਕਾਂ ਨੂੰ ਨਸ਼ਿਆਂ ਬਾਰੇ ਜਾਗਰੂਕ ਕੀਤਾ ਗਿਆ। ਪ੍ਰਿੰਸੀਪਲ ਅਰਸ਼ਪ੍ਰੀਤ ਕੌਰ ਨੇ ਨਸ਼ਿਆਂ ਦੇ ਵਧ ਰਹੇ ਮਾਰੂ ਪ੍ਰਭਾਵ ਉੱਪਰ ਡੂੰਘੀ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਨੌਜਵਾਨ ਵਰਗ ਨੂੰ ਸਮਾਜਿਕ ਅਲਾਮਤਾਂ ਤੋਂ ਬਚਾ ਕੇ ਗੁਰਸਿੱਖੀ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ। ਇਸ ਪ੍ਰੋਗਰਾਮ ਦਾ ਮੁੱਖ ਮਕਸਦ ਲੋਕਾਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵ ਤੋਂ ਜਾਣੂ ਕਰਵਾ ਕੇ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਣਾ ਹੈ। ਉਨ੍ਹਾਂ ਪਿੰਡਾਂ ਦੀਆਂ ਨਗਰ ਪੰਚਾਇਤਾਂ, ਯੂਥ ਕਲੱਬਾਂ, ਸਮਾਜ ਸੇਵਕ ਸੰਸਥਾਵਾਂ, ਗੁਰਦੁਆਰਾ ਕਮੇਟੀਆਂ ਨੂੰ ਨਸ਼ਿਆਂ ਦੀ ਲਾਹਨਤ ਖਿਲਾਫ ਅੱਗੇ ਆਉਣ ਦੀ ਅਪੀਲ ਕੀਤੀ।




# ਐੱਸ ਐੱਸ ਗਰੁੱਪ ਆਫ ਕਾਲਜਿਜ਼ ਵਿਖੇ ਨੋਡਲ ਅਫਸਰਾਂ ਦੀ ਵਰਕਸ਼ਾਪ



**ਮਾਨਸਾ (ਆਤਮਾ ਸਿੰਘ ਪਮਾਰ)**
ਗਰੀਨ ਸਕੂਲ ਪ੍ਰੋਗਰਾਮ ਤਹਿਤ ਪੰਜਾਬ ਸਟੇਟ ਕਾਊਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ ਤੇ ਸੀ ਐੱਸ ਈ ਦੀ ਅਗਵਾਈ ਹੇਠ ਮਾਨਸਾ ਜ਼ਿਲ੍ਹੇ ਵਿੱਚ ਜ਼ਿਲ੍ਹਾ ਸਿੱਖਿਆ ਅਫਸਰ (ਸੈ ਸਿੱ) ਮਾਨਸਾ ਹਰਿੰਦਰ ਸਿੰਘ ਭੁੱਲਰ ਉੱਪ ਜ਼ਿਲ੍ਹਾ ਸਿੱਖਿਆ ਅਫਸਰ (ਸੈ ਸਿ) ਅਸ਼ੋਕ ਕੁਮਾਰ, ਪ੍ਰਿੰਸੀਪਲ ਡਾਇਟ ਅਹਿਮਦਪੁਰ ਬੂਟਾ ਸਿੰਘ ਸੇਖੋਂ ਦੀ ਅਗਵਾਈ ਹੇਠ ਜ਼ਿਲ੍ਹੇ ਦੇ 196 ਦੇ ਕਰੀਬ ਵੱਖ ਵੱਖ ਸਕੂਲਾਂ ਤੋਂ ਆਏ ਗਰੀਨ ਸਕੂਲ ਪ੍ਰੋਗਰਾਮ ਦੇ ਨੋਡਲ ਅਫਸਰਾਂ ਨੂੰ ਇਸ ਪ੍ਰੋਗਰਾਮ ਤਹਿਤ ਵਾਤਾਵਰਨ ਪ੍ਰਤੀ ਜਿਹੜੀਆਂ ਚਣੌਤੀਆਂ ਦਾ ਅਸੀਂ ਸਾਹਮਣਾ ਕਰ ਰਹੇ ਹਾਂ, ਉਸ ਬਾਰੇ ਜ਼ਿਲ੍ਹਾ ਕੋਆਰਡੀਨੇਟਰ ਗ੍ਰੀਨ ਪ੍ਰੋਗਰਾਮ ਅਮਰੀਕ ਸਿੰਘ ਨੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਜ਼ਿਲ੍ਹਾ ਸਿੱਖਿਆ ਅਫਸਰ ਹਰਿੰਦਰ ਸਿੰਘ ਭੁੱਲਰ ਨੇ ਆਪਣੇ ਕੁੰਜੀਵਤ ਭਾਸ਼ਣ ਰਾਹੀਂ ਨੋਡਲ ਅਫਸਰਾਂ ਨੂੰ ਉਤਸ਼ਾਹਤ ਕੀਤਾ ਕਿ ਜ਼ਿਲ੍ਹੇ ਵਿੱਚ ਵੱਧ ਤੋਂ ਵੱਧ ਸਕੂਲਾਂ ਦੀ ਰਜਿਸਟ੍ਰੇਸ਼ਨ ਕਰਵਾਈ ਜਾਵੇ। ਪ੍ਰਿੰਸੀਪਲ ਅਵਤਾਰ ਸਿੰਘ ਉੱਭਾ ਬੁਰਜ ਢਿੱਲਵਾਂ ਨੇ ਵਾਤਾਵਰਨ ਸਿੱਖਿਆ ਸਬੰਧੀ ਵਿਸਤਰਿਤ ਜਾਣਕਾਰੀ ਦਿੱਤੀ। ਗ੍ਰੀਨ ਸਕੂਲ ਪ੍ਰੋਗਰਾਮ ਲਈ ਆਡਿਟ ਰਿਪੋਰਟ ਭਰਨ ਸਬੰਧੀ ਜ਼ਿਲ੍ਹਾ ਕੋਆਰਡੀਨੇਟਰ ਅਮਰੀਕ ਸਿੰਘ ਨੇ ਵੀ ਵੱਖ ਵੱਖ ਪੈਰਾਮੀਟਰ ਜਿਵੇਂ ਪਾਣੀ, ਹਵਾ, ਧਰਤੀ, ਜਲਵਾਯੂ ਪਰਿਵਰਤਨ, ਊਰਜਾ, ਭੋਜਨ ਆਦਿ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਸਾਰੇ ਨੋਡਲ ਅਫਸਰਾਂ ਨੂੰ ਰਿਫਰੈਸ਼ਮੈਂਟ 'ਚ ਚਾਹ ਤੇ ਸਨੈਕਸ ਵਿੱਚ ਸਮੋਸਾ, ਸੈਂਡਵਿਚ ਤੇ ਫਲ ਆਦਿ ਦਿੱਤੇ ਗਏ।

ਸਟੇਸ਼ਨਰੀ 'ਚ ਪੈੱਨ ਤੇ ਕਾਪੀ ਵੀ ਦਿੱਤੀ ਗਈ। ਰਜਿਸਟ੍ਰੇਸ਼ਨ ਟੀਮ 'ਚ ਹਰਲੀਨ ਕੌਰ, ਮਨਪ੍ਰੀਤ ਕੌਰ ਤੇ ਰੁਪਿੰਦਰ ਕੌਰ ਨੇ ਆਪਣੀ ਡਿਊਟੀ ਬਾਖੂਬੀ ਨਿਭਾਈ। ਟੈਕਨੀਕਲ ਟੀਮ ਵਿੱਚ ਸੋਨੀ ਸਿੰਗਲਾ, ਵਿਜੈ ਕੁਮਾਰ, ਫੋਟੋਗ੍ਰਾਫੀ ਮੁਕੇਸ਼ ਕੁਮਾਰ ਨੇ ਆਪਣੇ ਜ਼ਿੰਮੇ ਲੱਗੀ ਡਿਊਟੀ ਨੂੰ ਨਿਭਾਉਣ 'ਚ ਕੋਈ ਕਸਰ ਬਾਕੀ ਨਹੀਂ ਛੱਡੀ। ਇਸ ਤੋਂ ਇਲਾਵਾ ਨੋਡਲ ਅਫਸਰਾਂ, ਜਿਨ੍ਹਾਂ 'ਚ ਹਰਦੀਪ ਸਿੰਘ ਫਤਿਹਪੁਰ, ਸਤਵੀਰ ਸਿੰਘ, ਅਮਰੀਕ ਸਿੰਘ ਕੋਟ ਧਰਮੂ, ਬਲਵੀਰ ਸਿੰਘ, ਸਤੀਸ਼ ਗੋਇਲ ਤੇ ਹੋਰ ਹਾਜ਼ਰੀਨ ਨੇ ਦੱਸਿਆ ਕਿ ਇੱਕ ਰੋਜ਼ਾ ਵਰਕਸ਼ਾਪ ਦੌਰਾਨ ਉਨ੍ਹਾਂ ਨੇ ਬਹੁਤ ਕੁਝ ਨਵਾਂ ਸਿੱਖਿਆ ਹੈ। ਅੰਤ ਵਿੱਚ ਪ੍ਰਿੰਸੀਪਲ ਅਵਤਾਰ ਸਿੰਘ ਤੇ ਅਮਰੀਕ ਸਿੰਘ ਕੋਆਰਡੀਨੇਟਰ ਵੱਲੋਂ ਹਾਜ਼ਰੀਨ ਦਾ ਧਨਵਾਦ ਕੀਤਾ।

# ਵਿਧਾਇਕ ਬੱਗਾ ਵੱਲੋਂ ਸੜਕਾਂ ਦੇ ਨਵੀਨੀਕਰਨ ਦਾ ਉਦਘਾਟਨ



**ਲੁਧਿਆਣਾ (ਰਾਜ ਸਿੰਗਲਾ)**
ਵਿਧਾਇਕ ਚੌਧਰੀ ਮਦਨ ਲਾਲ ਬੱਗਾ ਵੱਲੋਂ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਅਧੀਨ ਵਾਰਡ ਨੰਬਰ 89 (84) ਅਧੀਨ ਪੁਰਾਣੀ ਸਬਜ਼ੀ ਮੰਡੀ ਚੌਕ ਤੋਂ ਦੋਮੋਰੀਆ ਪੁਲ ਦੀ ਮੁੱਖ ਸੜਕ ਦੇ ਨਵੀਨੀਕਰਨ ਦੀ ਸ਼ੁਰੂਆਤ ਕਰਵਾਈ ਗਈ। ਵਿਧਾਇਕ ਬੱਗਾ ਨੇ ਦੱਸਿਆ ਕਿ ਇਸ ਪ੍ਰੋਜੈਕਟ 'ਤੇ ਕਰੀਬ 45 ਲੱਖ ਰੁਪਏ ਦੀ ਲਾਗਤ ਆਵੇਗੀ ਤੇ ਸੜਕਾਂ ਦਾ ਨਿਰਮਾਣ ਕਾਰਜ ਮੁਕੰਮਲ ਹੋਣ ਨਾਲ ਵਸਨੀਕਾਂ ਦੀ ਆਵਾਜਾਈ ਲਈ ਰਾਹ ਸੌਖਾ ਹੋਵੇਗਾ। ਉਨ੍ਹਾਂ ਦੱਸਿਆ ਕਿ ਵਿਧਾਇਕ ਜਨਤਾ ਦੇ ਦਰਬਾਰ ਮੁਹਿੰਮ ਤਹਿਤ ਸ਼ਹਿਰ ਦੀਆਂ ਸਭ ਸੜਕਾਂ ਤੇ ਗਲੀਆਂ-ਨਾਲੀਆਂ ਨੂੰ ਪੱਕਾ ਕੀਤਾ ਜਾਵੇਗਾ ਅਤੇ ਲੋਕਾਂ ਨੂੰ ਜਿਹੜੀਆਂ ਵੀ ਮੁਸ਼ਕਲਾਂ ਆਉਣਗੀਆਂ, ਉਹ ਲੋਕਾਂ ਵਿੱਚ ਰਹਿ ਕੇ ਲੋਕਾਂ ਨਾਲ ਖੜ ਕੇ ਹੱਲ ਕੀਤੀਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਦੀ ਆਪਣੀ ਸਰਕਾਰ ਹੈ ਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਪਹਿਲ ਦੇ ਆਧਾਰ 'ਤੇ ਮੁਹੱਈਆ ਕਰਵਾਈਆਂ ਜਾਣਗੀਆਂ।

# ਬਾਈਬਲ ਦੇ ਪਵਿੱਤਰ ਸ਼ਬਦ ਦਾ ਨਿਰਾਦਰ ਕਰਨ ਵਾਲੇ ਖਿਲਾਫ ਕਾਰਵਾਈ ਹੋਵੇ : ਪਾਸਟਰ ਗੁਰਚਰਨ ਸਿੰਘ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**
ਬਾਈਬਲ ਦੇ ਪਵਿੱਤਰ ਸ਼ਬਦ ਦਾ ਮਜ਼ਾਕ ਉਡਾਉਣ ਵਾਲੇ ਧੀਰੇਂਦਰ ਸ਼ਾਸਤਰੀ ਵਿਰੁੱਧ ਪੰਜਾਬ ਸਰਕਾਰ ਵੱਲੋਂ ਕੋਈ ਕਾਰਵਾਈ ਨਾ ਹੋਣ ਦੇ ਰੋਸ ਵਜੋਂ ਅੱਜ ਵੇਅ ਆਫ ਫੇਥ ਚਰਚ ਰੇਤਗੜ੍ਹ ਸਮਾਣਾ ਦੇ ਪਾਸਟਰ ਗੁਰਚਰਨ ਸਿੰਘ ਵੱਲੋਂ ਭਵਾਨੀਗੜ੍ਹ ਵਿਖੇ ਇੱਕ ਅਹਿਮ ਮੀਟਿੰਗ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬੀਤੇ ਦਿਨੀਂ ਅੰਮ੍ਰਿਤਸਰ ਵਿਖੇ ਬਾਘੇਸ਼ਵਰ ਧਾਮ ਦੇ ਬਾਬਾ ਧੀਰੇਂਦਰ ਸ਼ਾਸਤਰੀ ਨੇ ਬਾਈਬਲ ਦੇ ਪਵਿੱਤਰ ਸ਼ਬਦ ਦਾ ਮਜ਼ਾਕ ਉਡਾਇਆ ਸੀ, ਜਿਸ ਕਾਰਨ ਇਸਾਈ ਭਾਈਚਾਰੇ ਵਿੱਚ ਕਾਫੀ ਰੋਸ ਪਾਇਆ ਜਾ ਰਿਹਾ ਹੈ ਅਤੇ ਅਸੀਂ ਇਸ ਦਾ ਤਿੱਖੇ ਸ਼ਬਦਾਂ 'ਚ ਵਿਰੋਧ ਕਰਦੇ ਹਾਂ, ਪਰ ਪੰਜਾਬ ਸਰਕਾਰ ਵੱਲੋਂ ਵੀ ਇਸ ਬਾਬੇ ਉੱਪਰ ਅਜੇ ਤੱਕ ਕੋਈ ਵੀ ਪ੍ਰਸ਼ਾਸਨਕ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਇੱਕ ਪਾਸੇ ਤਾਂ ਭੜਕਾਊ ਭਾਸ਼ਣ ਦੇਣੇ ਵਾਲੇ ਉੱਪਰ ਸਖਤ ਪਾਬੰਦੀ ਲਾਉਣ ਦਾ ਦਿਖਾਵਾ ਕੀਤਾ ਜਾਂਦਾ ਹੈ, ਪਰ ਦੂਜੇ ਪਾਸੇ ਬਾਬੇ ਉੱਪਰ ਕੋਈ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਦੱਸਿਆ ਕਿ ਗਿਆਰਾਂ ਮੈਂਬਰੀ ਕਮੇਟੀ ਵੱਲੋਂ ਇਹ ਫੈਸਲਾ ਕੀਤਾ ਗਿਆ ਹੈ ਕਿ ਜੇਕਰ ਸਰਕਾਰ ਵੱਲੋਂ ਕੋਈ ਕਾਰਵਾਈ ਨਾ ਕੀਤੀ ਗਈ, ਤਾਂ ਸਾਡੇ ਵੱਲੋਂ ਤਿੱਖਾ ਸੰਘਰਸ਼ ਕੀਤਾ ਜਾਵੇਗਾ ਤੇ ਅਸੀਂ ਆਉਣ ਵਾਲੀਆਂ 2024 ਦੀਆਂ ਚੋਣਾਂ ਵਿੱਚ ਪੰਜਾਬ ਸਰਕਾਰ ਦਾ ਡੱਟਵਾਂ ਵਿਰੋਧ ਕਰਾਂਗੇ ਅਤੇ ਵੋਟਾਂ ਦੇਣ ਵੇਲੇ ਵੇਅ ਆਫ ਫੇਥ ਚਰਚ ਰੇਤਗੜ੍ਹ ਸਮਾਣਾ ਵੱਲੋਂ ਲਿਆ ਗਿਆ ਫੈਸਲਾ ਹੀ ਅਹਿਮ ਫੈਸਲਾ ਹੋਵੇਗਾ। ਇਸ ਮੌਕੇ ਪਾਸਟਰ ਰਾਜਵਿੰਦਰ ਕੌਰ, ਕਰਨੈਲ ਸਿੰਘ ਸਮਾਣਾ, ਜੀਤ ਕੌਰ ਬੱਲਰਾਂ, ਅਵਤਾਰ ਸਿੰਘ, ਮਨਪ੍ਰੀਤ ਸਿੰਘ, ਰੁਪਿੰਦਰ ਸਿੰਘ, ਦਰਸ਼ਨ ਸਿੰਘ ਕਕਰਾਲਾ, ਸਤਵਿੰਦਰ ਸਿੰਘ ਲਹਿਰਾ, ਖੁਸ਼ਵਿੰਦਰ ਸਿੰਘ ਲਾਡੀ, ਉਧਮ ਸਿੰਘ ਚਰਾਸੋਂ, ਰਾਜਵਿੰਦਰ ਪਟਿਆਲਾ, ਭੋਲਾ ਸਿੰਘ ਪਟਿਆਲਾ ਤੇ ਕ੍ਰਿਸ਼ਨ ਚੌਹਾਨ ਭਵਾਨੀਗੜ੍ਹ ਪ੍ਰੈੱਸ ਸਕੱਤਰ ਆਦਿ ਮੌਜੂਦ ਸਨ।

# ਸਿਵੀਆ ਦੇ ਸਕੂਲ 'ਚ ਵਰਦੀਆਂ ਦੀ ਸਿਖਲਾਈ ਸੰਬੰਧੀ ਕੋਰਸ ਸ਼ੁਰੂ



**ਸੰਗਤ ਮੰਡੀ (ਰਾਜਦੀਪ ਜੋਸ਼ੀ)**
ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੇਂਡੂ ਸਵੈ ਰੁਜ਼ਗਾਰ ਸਿਖਲਾਈ ਸੰਸਥਾ (ਆਰਸੈਟੀ) ਅਤੇ ਪੰਜਾਬ ਰਾਜ ਪੇਂਡੂ ਅਜੀਵਿਕਾ ਮਿਸ਼ਨ ਦਫਤਰ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦੇ ਉਪਰਾਲੇ ਨਾਲ ਜ਼ਿਲ੍ਹੇ ਦੇ ਪਿੰਡ ਸਿਵੀਆ ਵਿਖੇ ਸਕੂਲ ਵਰਦੀਆਂ ਦੀ ਸਿਖਲਾਈ ਸੰਬੰਧੀ ਕੋਰਸ ਸ਼ੁਰੂ ਕੀਤਾ ਗਿਆ, ਜਿਸ ਵਿੱਚ ਸਵੈ ਸਹਾਇਤਾ ਸੰਗਠਨ ਦੀਆਂ ਔਰਤਾਂ ਨੂੰ ਸਿਖਲਾਈ ਦਿੱਤੀ ਜਾਵੇਗੀ, ਜੋ ਕਿ ਪਹਿਲ ਪ੍ਰੋਜੈਕਟ ਦੇ ਅਧੀਨ ਹੈ।

ਇਸ ਮੌਕੇ ਬਲਾਕ ਵਿਕਾਸ ਅਫਸਰ ਮਹਿਕਮੀਤ ਸਿੰਘ ਗਿੱਲ ਨੇ ਦੱਸਿਆ ਕਿ ਇਹ ਪ੍ਰੋਜੈਕਟ ਪੰਜਾਬ ਸਰਕਾਰ ਦੇ ਅਧੀਨ ਹੈ, ਇਸ ਦੀ ਮਦਦ ਨਾਲ ਸਵੈ-ਸਹਾਇਤਾ ਸੰਗਠਨ ਦੀਆਂ ਔਰਤਾਂ ਲਈ ਸਿਖਲਾਈ ਤੋਂ ਬਾਅਦ ਰੋਜ਼ਗਾਰ ਦੇ ਕਈ ਰਸਤੇ ਖੁੱਲ੍ਹਣਗੇ। ਇਸ ਪ੍ਰੋਜੈਕਟ ਦਾ ਮਕਸਦ ਔਰਤਾਂ ਨੂੰ ਆਤਮ ਨਿਰਭਰ ਬਣਾਉਣਾ ਹੈ ਤਾਂ ਜੋ ਉਹ ਆਪਣੇ ਆਪ ਨੂੰ ਕਿਸੇ ਵੀ ਪੱਖੋਂ ਕਮਜ਼ੋਰ ਨਾ ਸਮਝਣ ਤੇ ਸਵੈ-ਨਿਰਭਰ ਹੋ ਕੇ ਆਪਣੇ ਪਰਿਵਾਰ ਦਾ ਗੁਜ਼ਾਰਾ ਵਧੀਆ ਢੰਗ ਨਾਲ ਕਰ ਸਕਣ। ਇਸ ਮੌਕੇ ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਪੀ.ਐੱਸ.ਆਰ.ਐੱਲ.ਐੱਮ. ਬਠਿੰਡਾ ਸ਼੍ਰੀ ਸੁਖਵਿੰਦਰ ਸਿੰਘ ਚੱਠਾ ਨੇ ਇਸ ਪ੍ਰੋਗਰਾਮ ਦੀ ਸੰਪੂਰਨ ਜਾਣਕਾਰੀ ਦਿੱਤੀ ਕਿ ਕਿਸ ਤਰ੍ਹਾਂ ਇਨ੍ਹਾਂ ਸਵੈ-ਸਹਾਇਤਾ ਸੰਗਠਨ ਦੀਆਂ ਔਰਤਾਂ ਨੂੰ ਸਿਖਲਾਈ ਦੇ ਕੇ ਸਕੂਲਾਂ ਦੀਆਂ ਵਰਦੀਆਂ ਸਿਓਣ ਦਾ ਕਿੱਤਾ ਇਨ੍ਹਾਂ ਹੁਨਰਮੰਦ ਔਰਤਾਂ ਤੋਂ ਕਰਵਾਇਆ ਜਾਵੇਗਾ, ਜਿਸ ਰਾਹੀਂ ਇਹ ਆਪਣੇ ਪੈਰਾਂ ਸਿਰ ਖੜੇ ਹੋ ਆਪਣੀ ਆਮਦਨ ਵਿੱਚ ਵਾਧਾ ਕਰ ਸਕਣਗੀਆਂ। ਇਸ ਮੌਕੇ ਆਰਸੈਟੀ ਡਾਇਰੈਕਟਰ ਸੰਜੀਵ ਸਿੰਗਲਾ ਨੇ ਆਰਸੈਟੀ ਦੁਆਰਾ ਚਲਾਏ ਜਾ ਰਹੇ ਸਿਖਲਾਈ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਰਸੈਟੀ 'ਚ ਪਿੰਡਾਂ ਦੇ ਬੇਰੁਜ਼ਗਾਰ ਲੜਕੇ-ਲੜਕੀਆਂ ਨੂੰ ਮੁਫਤ ਸਿਖਲਾਈ, ਸਿਖਲਾਈ ਦੌਰਾਨ ਸਿੱਖਣ ਲਈ ਸਾਮਾਨ ਵੀ ਮੁਹੱਈਆ ਕਰਵਾਇਆ ਜਾਂਦਾ ਹੈ। ਉਨ੍ਹਾ ਦੱਸਿਆ ਕਿ ਇਸ ਵਿੱਤੀ ਵਰ੍ਹੇ ਸੰਸਥਾ ਨੇ ਵੱਖ ਵੱਖ ਕੋਰਸਾਂ 'ਚ 510 ਪੇਂਡੂ ਨੌਜਵਾਨਾਂ ਨੂੰ ਸਿਖਲਾਈ ਦੇਣ ਦਾ ਟੀਚਾ ਮਿੱਥਿਆ ਗਿਆ ਹੈ ਤੇ ਸੰਸਥਾ ਵੱਲੋਂ ਹੁਣ ਤੱਕ 318 ਸਿਖਿਆਰਥੀਆਂ ਨੂੰ ਸਿਖਲਾਈ ਦਿੱਤੀ ਜਾ ਚੁੱਕੀ ਹੈ। ਇਸ ਮੌਕੇ ਮੈਨੇਜਰ ਗ੍ਰਾਮੀਣ ਬੈਂਕ ਪ੍ਰਵੀਨ ਕੁਮਾਰ, ਸਰਪੰਚ ਹਰਇੰਦਰ ਕੌਰ, ਪੰਚਾਇਤ ਸਕੱਤਰ ਅਰਵਿੰਦ ਕੁਮਾਰ ਗਰਗ, ਡਾ. ਬੂਟਾ ਸਿੰਘ, ਆਰਸੈਟੀ ਤੇ ਐੱਸ. ਆਰ. ਐੱਲ. ਐੱਮ. ਦੇ ਅਧਿਕਾਰੀ ਮੌਜੂਦ ਸਨ।

## ਚੰਡੀਗੜ੍ਹ ਦੇ ਘਿਰਾਓ ਨੂੰ ਲੈ ਕੇ ਕਿਰਤੀ ਕਿਸਾਨ ਯੂਨੀਅਨ ਵੱਲੋਂ ਪਿੰਡ-ਪਿੰਡ ਲਾਮਬੰਦੀ



**ਮੋਗਾ (ਅਮਰਜੀਤ ਬੱਬਰੀ)**-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ ਚੰਡੀਗੜ੍ਹ ਦੇ ਘਿਰਾਓ ਨੂੰ ਲੈ ਕੇ ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਮੋਗਾ-2 ਵੱਲੋਂ ਗੁਰਦੁਆਰਾ ਤੰਬੂਮਾਲ ਸਾਹਿਬ ਵਿੱਚ ਮੀਟਿੰਗ ਜ਼ਿਲ੍ਹਾ ਪ੍ਰਧਾਨ ਪਰਗਟ ਸਿੰਘ ਸਫੂਵਾਲਾ ਦੀ ਅਗਵਾਈ ਹੇਠ ਕੀਤੀ ਗਈ। ਇਸ ਦੌਰਾਨ ਮੀਟਿੰਗ ਦੀ ਜਾਣਕਾਰੀ ਦਿੰਦਿਆਂ ਚਮਕੌਰ ਸਿੰਘ ਸੂਬਾਈ ਆਗੂ, ਬਲਾਕ ਪ੍ਰਧਾਨ ਮੁਖਤਿਆਰ ਸਿੰਘ ਕਾਹਨ ਸਿੰਘ ਵਾਲਾ, ਬਲਾਕ ਸਕੱਤਰ ਨਿਰਮਲਜੀਤ ਸਿੰਘ ਘਾਲੀ ਤੇ ਬਲਾਕ ਮੀਤ ਪ੍ਰਧਾਨ ਕੁਲਦੀਪ ਸਿੰਘ ਖੁਖਰਾਣਾ ਨੇ ਪ੍ਰੈੱਸ ਦੱਸਿਆ ਕਿ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ 26, 27, 28 ਨਵੰਬਰ ਨੂੰ ਚੰਡੀਗੜ੍ਹ ਕੂਚ ਨੂੰ ਲੈ ਕੇ ਪਿੰਡ-ਪਿੰਡ ਲਾਮਬੰਦੀ ਕੀਤੀ ਜਾ ਰਹੀ ਹੈ। ਕਿਸਾਨ ਆਗੂਆਂ ਨੇ ਦੱਸਿਆ ਕਿ ਧਰਨਾ ਭਾਵੇਂ ਸੰਯੁਕਤ ਕਿਸਾਨ ਮੋਰਚਾ ਵੱਲੋਂ ਪੰਜਾਬ ਦੇ ਲੋਕਾਂ ਦੀਆਂ ਰਹਿੰਦੀਆਂ ਮੰਗਾਂ ਨੂੰ ਲੈ ਕੇ ਲੱਗ ਰਿਹਾ ਹੈ, ਜਿਵੇਂ ਐੱਮ ਐੱਸ ਪੀ ਕਾਨੂੰਨ ਬਣਾਉਣ ਤੇ 2+50% ਅਨੁਸਾਰ ਭਾਅ ਲੈਣ, ਅੰਦੋਲਨ ਦੌਰਾਨ ਕਿਸਾਨਾਂ ਤੇ ਕਿਸਾਨ ਆਗੂਆਂ ਉੱਤੇ ਕੀਤੇ ਪਰਚੇ ਰੱਦ ਕਰਵਾਉਣ ਲਈ, ਲਖੀਮਪੁਰ ਖੀਰੀ ਤੇ ਅੰਦੋਲਨ ਦੇ ਸ਼ਹੀਦਾਂ ਨੂੰ ਮੁਆਵਜ਼ੇ ਦੇ ਨਾਲ-ਨਾਲ ਪਰਿਵਾਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ। ਕਿਸਾਨਾਂ ਦਾ ਪੂਰਾ ਕਰਜ਼ਾ ਮੁਆਫ ਕੀਤਾ ਜਾਵੇ। ਖੇਤੀ ਨੂੰ ਕਾਰਪੋਰੇਟਾਂ ਦੇ ਹਵਾਲੇ ਕਰਨ ਦੇ ਸਾਰੇ ਨੀਤੀਗਤ ਫੈਸਲੇ ਰੱਦ ਕੀਤੇ ਜਾਣ। ਕਿਸਾਨ ਪੱਖੀ ਬੀਮਾ ਯੋਜਨਾ ਬੀਮਾ ਲਾਗੂ ਕੀਤਾ ਜਾਵੇ। ਨਿਊਜ਼ ਕਲਿੱਕ ਖਿਲਾਫ਼ ਦਰਜ ਕੀਤੀ ਐੱਫ.ਆਈ.ਆਰ. ਰੱਦ ਕਰਕੇ ਗ੍ਰਿਫਤਾਰ ਕੀਤੇ ਪੱਤਰਕਾਰ ਰਿਹਾਅ ਕੀਤੇ ਜਾਣ। ਪੰਜਾਬ ਸਰਕਾਰ ਪੰਜਾਬ ਵਿੱਚ ਪਰਾਲੀ ਦੇ ਪੁਖਤਾ ਪ੍ਰਬੰਧ ਕਰੇ। ਪੰਜਾਬ ਵਿੱਚੋਂ ਪ੍ਰੀਪੇਡ ਮੀਟਰ ਲਗਾਉਣੇ ਬੰਦ ਕੀਤੇ ਜਾਣ ਤੇ ਸਰਕਾਰੀ ਸੰਸਥਾਵਾਂ ਦਾ ਕੇਂਦਰੀਕਰਨ ਬੰਦ ਕੀਤਾ ਜਾਵੇ। ਇਨ੍ਹਾਂ ਸਾਰੀਆਂ ਮੰਗਾਂ ਨੂੰ ਲੈ ਕੇ ਚੰਡੀਗੜ੍ਹ ਦਾ ਵੱਡੀ ਪੱਧਰ 'ਤੇ ਪੰਜਾਬ ਦੇ ਲੋਕਾਂ ਵੱਲੋਂ ਘਿਰਾਓ ਕੀਤਾ ਜਾਵੇਗਾ, 25 ਨਵੰਬਰ ਤੋਂ ਪੂਰੇ ਪੰਜਾਬ ਵਿੱਚ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ ਕਿਸਾਨ ਟਰੈਕਟਰ-ਟਰਾਲੀਆਂ ਨਾਲ ਕਾਫਲੇ ਬਣਾ ਕੇ ਚੰਡੀਗੜ੍ਹ ਨੂੰ ਕੂਚ ਕਰਨਗੇ। ਇਸ ਮੀਟਿੰਗ ਵਿੱਚ ਅਮਰਜੀਤ ਡਗਰੂ, ਨਾਹਰ ਸਿੰਘ ਮੰਗੇਵਾਲ, ਬਰਮਬੀਰ ਥੰਮਣ ਹਾਜ਼ਰ ਹੋਏ।

# ਲੋਕ ਮਸਲਿਆਂ ਨੂੰ ਲੈ ਕੇ ਪੰਜਾਬ ਖੇਤ ਮਜ਼ਦੂਰ ਸਭਾ ਵੱਲੋਂ ਇਕੱਤਰਤਾ

## ਕੰਮ ਦਿਹਾੜੀ 12 ਘੰਟੇ ਦੇ ਨੋਟੀਫਿਕੇਸ਼ਨ ਵਿਰੁੱਧ ਸੰਘਰਸ਼ ਵਿੱਢਣ ਦਾ ਕੀਤਾ ਐਲਾਨ



**ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)**- ਪੰਜਾਬ ਖੇਤ ਮਜ਼ਦੂਰ ਸਭਾ ਦੀ ਮੀਟਿੰਗ ਸਰਹਾਲੀ ਕਲਾਂ ਵਿਖੇ ਕਾਮਰੇਡ ਕੁਲਵਿੰਦਰ ਸਿੰਘ ਚੰਬਾ ਖੁਰਦ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾਂ ਨੇ ਕਿਹਾ ਕਿ ਪੰਜਾਬ ਖੇਤ ਮਜ਼ਦੂਰ ਸਭਾ ਦਾ ਸੂਬਾਈ ਅਜਲਾਸ 25-26 ਨਵੰਬਰ ਨੂੰ ਫਰੀਦਕੋਟ ਵਿਖੇ ਹੋ ਰਿਹਾ ਹੈ। 25 ਨਵੰਬਰ ਨੂੰ ਪਬਲਿਕ ਰੈਲੀ ਕੀਤੀ ਜਾਵੇਗੀ। ਇਸ ਰੈਲੀ ਵਿੱਚ ਸ਼ਾਮਲ ਹੋਣ ਵਾਸਤੇ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਪਿੰਡਾਂ ਤੋਂ ਬਹੁਤ ਵੱਡਾ ਹੁੰਗਾਰਾ ਮਿਲ ਰਿਹਾ ਹੈ ਅਤੇ ਜ਼ਿਲ੍ਹਾ ਤਰਨ ਤਾਰਨ ਵਿੱਚੋਂ ਮਜ਼ਦੂਰ ਸਾਥੀ ਬਹੁਤ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ। ਉਨ੍ਹਾਂ ਕਿਹਾ ਕਿ ਚੋਣਾਂ ਵੇਲੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨਾਲ ਜੋ ਵਾਅਦੇ ਕੀਤੇ ਸੀ ਜਿਵੇਂ ਕੇ ਘਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇਗੀ, ਵਿਧਵਾ, ਬੁਢਾਪਾ ਅਤੇ ਅੰਗਹੀਣ ਪੈਨਸ਼ਨ 2500 ਰੁਪਏ ਪ੍ਰਤੀ ਮਹੀਨਾ, ਔਰਤਾਂ ਦੇ ਖਾਤੇ ਵਿੱਚ ਇੱਕ ਇੱਕ ਹਜ਼ਾਰ ਰੁਪਏ ਪਾਉਣਾ ਉਹ ਪੂਰੇ ਨਹੀਂ ਕੀਤੇ। ਸਭ ਵਾਅਦੇ ਖੋਖਲੇ ਸਾਬਤ ਹੋਏ ਹਨ। ਪਿੰਡਾਂ ਦੇ ਮਜ਼ਦੂਰਾਂ ਦੇ ਰਾਸ਼ਨ ਕਾਰਡ ਜੋ ਬਿਨਾਂ ਜਾਚ ਪੜਤਾਲ ਤੋਂ ਕੱਟ ਦਿਤੇ ਗਏ ਹਨ, ਦਾ ਵੀ ਸਰਕਾਰ ਨੂੰ ਆਉਣ ਵਾਲੀਆਂ ਚੋਣਾਂ ਵਿੱਚ ਖਮਿਆਜ਼ਾ ਭੁਗਤਣਾ ਪਵੇਗਾ।

ਪੰਜਾਬ ਸਰਕਾਰ ਨੇ 8 ਤੋਂ 12 ਘੰਟੇ ਕੰਮ ਦਿਹਾੜੀ ਦੇ ਨੋਟੀਫਿਕੇਸ਼ਨ 'ਤੇ ਦਸਤਖਤ ਕਰ ਦਿੱਤੇ ਹਨ ਜੋ ਕਿਰਤੀਆਂ ਦੇ ਹੱਕਾਂ ਉੱਤੇ ਡਾਕਾ ਹੈ। ਉਸ ਨੂੰ ਰੱਦ ਕਰਵਾਉਣ ਲਈ ਕਿਰਤੀ ਲੋਕਾਂ ਵੱਲੋਂ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਉਨ੍ਹਾਂ ਕਿਰਤੀ ਲੋਕਾਂ ਨੂੰ ਅਪੀਲ ਕੀਤੀ ਕੇ 25 ਨਵੰਬਰ ਨੂੰ ਜ਼ਿਲ੍ਹਾ ਫਰੀਦਕੋਟ ਵਿਖੇ ਹੋਣ ਵਾਲੀ ਰੈਲੀ ਵਿੱਚ ਪੁੱਜ ਕੇ ਆਪਣੀ ਤਾਕਤ ਦਾ ਪੱਖ ਰੱਖਿਆ ਜਾਵੇ। ਇਸ ਮੌਕੇ ਪੂਜਾ ਗਿੱਲ ਚੰਬਾ ਖੁਰਦ, ਸੁੱਖਵਿੰਦਰ ਕੌਰ ਚੰਬਾ ਖੁਰਦ, ਜਗਰੂਪ ਸਿੰਘ ਚੰਬਾ ਖੁਰਦ, ਬਲਜਿੰਦਰ ਕੌਰ ਸਰਹਾਲੀ ਕਲਾਂ, ਗੌਰਵਜੀਤ ਸਿੰਘ ਸਰਹਾਲੀ ਕਲਾਂ, ਬਲਵਿੰਦਰ ਸਿੰਘ, ਸੁਖਚੈਨ ਸਿੰਘ, ਅਰਸ਼ਦੀਪ ਸਿੰਘ, ਪ੍ਰਗਟ ਸਿੰਘ, ਸਤਨਾਮ ਸਿੰਘ ਕਿਰਤੋਵਾਲ ਆਦਿ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਸਬੰਧੀ ਵੋਟਾਂ ਬਣਾਉਣ ਦੇ ਸਮੇਂ 'ਚ ਵਾਧਾ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕੀ ਕਮੇਟੀ ਦੀਆਂ ਚੋਣਾਂ ਵਿੱਚ ਵੋਟ ਪਾਉਣ ਲਈ ਵੋਟਰ ਵਜੋਂ ਨਾਂਅ ਰਜਿਸਟਰ ਕਰਵਾਉਣ ਦੀ ਆਖਰੀ ਮਿਤੀ 15 ਨਵੰਬਰ 2023 ਤੋਂ ਵਧਾ ਕੇ 29 ਫਰਵਰੀ, 2024 ਕਰ ਦਿੱਤੀ ਗਈ ਹੈ। ਸੋਧੇ ਹੋਏ ਸ਼ਡਿਊਲ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕੀ ਕਮੇਟੀ ਦੀਆਂ ਚੋਣਾਂ ਲਈ ਸਾਰੇ ਯੋਗ ਵੋਟਰ ਹੁਣ ਮਿਤੀ 29 ਫਰਵਰੀ ਤੱਕ ਆਪਣੇ ਨਾਂਅ ਰਜਿਸਟਰਡ ਕਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ 21 ਮਾਰਚ, 2024 ਤੱਕ ਮੁੱਢਲੀ ਸੂਚੀਆਂ ਦੀ ਪ੍ਰਕਾਸ਼ਨਾ ਕੀਤੀ ਜਾਵੇਗੀ ਜਦਕਿ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨ ਦੀ ਆਖਰੀ ਮਿਤੀ 11 ਅਪ੍ਰੈਲ 2024 ਤੱਕ ਹੈ। ਉਨ੍ਹਾਂ ਕਿਹਾ ਕਿ ਦਾਅਵਿਆਂ ਤੇ ਇਤਰਾਜ਼ਾਂ ਦੇ ਨਿਪਟਾਰੇ ਅਤੇ ਇਸ ਸਬੰਧੀ ਸੰਸੋਧਿਤ ਅਥਾਰਟੀ ਵੱਲੋਂ ਡਿਪਟੀ ਕਮਿਸ਼ਨਰਾਂ ਨੂੰ ਫੈਸਲਿਆਂ ਦੇ ਸੰਚਾਰ ਦੀ ਆਖਰੀ ਮਿਤੀ 21 ਅਪ੍ਰੈਲ, 2024 ਹੈ ਅਤੇ ਸਪਲੀਮੈਂਟਰੀ ਵੋਟਰ ਸੂਚੀ ਦੇ ਖਰੜੇ ਦੀਆਂ ਤਿਆਰੀਆਂ ਅਤੇ ਸਪਲੀਮੈਂਟ ਦੀ ਛਪਾਈ ਦੀ ਮਿਤੀ 2 ਮਈ, 2024 ਹੋਵੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਦੀ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ 3 ਮਈ, 2024 ਨੂੰ ਹੋਵੇਗੀ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸਾਰੇ ਯੋਗ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ 29 ਫਰਵਰੀ, 2024 ਤੱਕ ਆਪਣੇ ਨਾਂਅ ਜ਼ਰੂਰ ਰਜਿਸਟਰਡ ਕਰਵਾ ਲੈਣ।

# ਮਜੀਠਾ ਤੋਂ ਫਤਿਹਗੜ੍ਹ ਚੂੜੀਆਂ ਦੀ ਖਸਤਾ ਹਾਲ ਸੜਕ ਦਾ ਨਿਰਮਾਣ ਕਾਰਜ ਸ਼ੁਰੂ



**ਮਜੀਠਾ (ਸੋਇਮ ਆਨੰਦ)**- ਮਜੀਠਾ ਤੋਂ ਬਰਾਸਤਾ ਪਿੰਡ ਹਮਜਾ, ਭੋਮਾ, ਵਡਾਲਾ, ਵੀਰਮ, ਭਾਲੋਵਾਲੀ ਆਦਿ ਪਿੰਡਾਂ ਵਿਚੋਂ ਹੁੰਦੀ ਹੋਈ ਫਤਿਹਗੜ੍ਹ ਚੂੜੀਆਂ ਪਹੁੰਚਦੀ ਸੜਕ ਪਿਛਲੇ ਲੰਮੇ ਸਮੇਂ ਤੋਂ ਟੁੱਟੀ ਹੋਣ ਕਰਕੇ ਇਸ ਸੜਕ 'ਤੇ ਅਨੇਕਾਂ ਹਾਦਸੇ ਹੋ ਚੁੱਕੇ ਹਨ। ਇਸ ਦੇ ਨਾਲ ਹੀ ਅਜਾਇਬਵਾਲੀ ਦਾ ਪੁਲ ਜੋ ਮਜੀਠਾ ਕੱਥੂਨੰਗਲ ਨੂੰ ਜੋੜਦਾ ਹੈ, ਵੀ ਟੁੱਟਾ ਸੀ। ਇਨ੍ਹਾਂ ਪਿੰਡਾਂ ਵਾਲਿਆਂ ਵੱਲੋਂ ਹਲਕਾ ਵਿਧਾਇਕ ਬੀਬਾ ਗਨੀਵ ਕੌਰ ਮਜੀਠੀਆ ਅਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਕੋਲ ਇਸ ਸੜਕ ਅਤੇ ਅਜਾਇਬਵਾਲੀ ਦਾ ਪੁਲ ਬਣਾਉਣ ਦੀ ਮੰਗ ਰੱਖੀ ਗਈ ਸੀ ਜਿਸ 'ਤੇ ਹਲਕਾ ਮਜੀਠਾ ਵਾਸੀਆਂ ਦੀ ਪੁਰਜ਼ੋਰ ਮੰਗ ਤੇ ਇਹ ਮਾਮਲਾ ਬੀਬਾ ਗਨੀਵ ਕੌਰ ਮਜੀਠੀਆ ਵੱਲੋਂ ਪੰਜਾਬ ਵਿਧਾਨ ਸਭਾ ਵਿੱਚ ਉਠਾਇਆ ਅਤੇ ਇਹ ਸੜਕ 'ਤੇ ਪੁਲ ਜਲਦੀ ਤੋਂ ਜਲਦੀ ਬਣਾਉਣ ਦੀ ਮੰਗ ਕੀਤੀ ਜਿਸ 'ਤੇ ਸਬੰਧਤ ਵਿਭਾਗ ਦੇ ਮੰਤਰੀ ਨੇ ਵਿਧਾਨ ਸਭਾ ਵਿਚ ਇਹ ਸੜਕ ਬਣਾਉਣ ਦਾ ਵਾਅਦਾ ਕੀਤਾ ਸੀ ਜਿਸ ਦੀ ਵਿਧਾਇਕਾ ਬੀਬਾ ਗਨੀਵ ਕੌਰ ਮਜੀਠੀਆ ਵੱਲੋਂ ਲਗਾਤਾਰ ਪੈਰਵਾਈ ਕੀਤੀ ਗਈ ਅਤੇ ਇਹ ਸੜਕ ਮੁਰੰਮਤ ਕਰਨ ਲਈ ਮਨਜ਼ੂਰੀ ਦਿਵਾ ਕੇ ਸਾਰੀਆਂ ਵਿਭਾਗੀ ਕਾਰਵਾਈਆਂ ਪੂਰੀਆਂ ਕਰਨ ਉਪਰੰਤ ਇਸ ਸੜਕ ਦਾ ਨਿਰਮਾਣ ਸ਼ੁਰੂ ਕਰਵਾਇਆ ਗਿਆ। ਇਸ ਦੇ ਨਾਲ ਹੀ ਅਜਾਇਬਵਾਲੀ ਦਾ ਪੁਲ ਜਿਹੜਾ ਟੁੱਟਾ ਸੀ, ਨੂੰ ਦੁਬਾਰਾ ਬਣਾਉਣ ਦਾ ਕੰਮ ਸ਼ੁਰੂ ਕਰਾਇਆ ਗਿਆ। ਸੜਕ ਦਾ ਉਦਘਾਟਨ ਬੀਤੇ ਦਿਨ ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਅਤੇ ਬੀਬਾ ਗਨੀਵ ਕੌਰ ਮਜੀਠੀਆ ਵੱਲੋਂ ਕੀਤਾ ਗਿਆ। ਇਸ ਮੌਕੇ ਮੈਂਬਰ ਸ਼੍ਰੋਮਣੀ ਕਮੇਟੀ ਜੋਧ ਸਿੰਘ ਸਮਰਾ, ਐਡਵੋਕੇਟ ਰਾਕੇਸ਼ ਪ੍ਰਾਸ਼ਰ ਨਾਲ ਸਾਬਕਾ ਪ੍ਰਧਾਨ ਕੌਂਸਲਰ ਤਰੁਨ ਅਬਰੋਲ, ਪ੍ਰਿੰਸ ਨਈਅਰ, ਸਰਬਜੀਤ ਸਿੰਘ ਸੁਪਾਰੀਵਿੰਡ, ਸਰਪੰਚ ਮਨਪ੍ਰੀਤ ਸਿੰਘ ਉਪਲ, ਧੀਰ ਸਿੰਘ ਦਾਦੂਪੁਰਾ, ਬਿੱਲਾ ਆੜ੍ਹਤੀ, ਅਜੇ ਚੋਪੜਾ, ਨਰੇਸ਼ ਕੁਮਾਰ, ਜੱਜ ਮਰੜੀ, ਗੁਰਪ੍ਰੀਤ ਸਿੰਘ ਪਿੰਟੂ, ਰਸ਼ਪਾਲ ਸਿੰਘ ਅਲਾਬਾਦੀ ਵਰਪਾਲ, ਜਗਜੀਤ ਸਿੰਘ, ਮੁਖਵਿੰਦਰ ਸਿੰਘ, ਬੱਬੀ ਭਗਵਾਂ, ਰਾਜਾ ਮਜੀਠਾ ਆਦਿ ਅਕਾਲੀ ਵਰਕਰ ਹਾਜ਼ਰ ਸਨ।

# ਸੰਗੀਤ ਕੰਪੀਟੀਸ਼ਨ ਸੀਜ਼ਨ-3 ਦੇ ਜੇਤੂ ਅਵੀਜੋਤ ਦਾ ਮਾਣ-ਸਨਮਾਨ

**ਮਜੀਠਾ (ਸੋਇਮ ਆਨੰਦ)**-ਰੇ-ਵੰਨ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਹਰੀਆਂ ਰੋਡ ਮਜੀਠਾ ਦੇ ਵਿਦਿਆਰਥੀ ਅਵੀਜੋਤ ਸਿੰਘ ਪੁੱਤਰ ਯੋਧਬੀਰ ਸਿੰਘ ਵਾਸੀ ਸ਼ਾਮਨਗਰ ਨੇ ਸੰਗੀਤ ਕੰਪੀਟੀਸ਼ਨ ਸੀਜ਼ਨ ਤਿੰਨ ਵਿੱਚ ਭਾਗ ਗਿਆ ਜਿਸ ਸਬੰਧੀ ਰੇ-ਵੰਨ ਸਕੂਲ ਦੇ ਡਾਇਰੈਕਟਰ ਅਮਰਪਰੀਤ ਸਿੰਘ, ਮੈਡਮ ਗੁਰਪਰੀਤ ਕੌਰ ਅਤੇ ਪ੍ਰਿੰ. ਵਰਿੰਦਰ ਨਈਅਰ ਨੇ ਦੱਸਿਆਂ ਕਿ ਅਵੀਜੋਤ ਸਿੰਘ ਬਹੁਤ ਹੀ ਹੋਣਹਾਰ ਵਿਦਿਆਰਥੀ ਹੈ ਅਤੇ ਸਕੂਲ ਵਿਖੇ ਵੀ ਸੰਗੀਤ ਦੀਆਂ ਗਤੀਵਿਧੀਆਂ ਵਿੱਚ ਭਾਗ ਲੈਂਦਾ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਬਹੁਤ ਖੁਸ਼ੀ ਮਹਿਸੂਸ ਹੋਈ ਕਿ ਸਾਡੇ ਸਕੂਲ ਦੇ ਵਿਦਿਆਰਥੀ ਨੇ ਦਿੱਲੀ ਵਿਖੇ ਹੋਏ ਸੰਗੀਤ ਕੰਪੀਟੀਸ਼ਨ ਵਿੱਚ ਪਹਿਲੀ ਪੁਜ਼ੀਸ਼ਨ ਹਾਸਲ ਕਰਕੇ ਆਪਣੇ ਪਿੰਡ, ਮਾਪਿਆਂ ਤੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਜਿਸ ਦਾ ਸਕੂਲ ਪਹੁੰਚਣ 'ਤੇ ਸਕੂਲ ਮੈਨੇਜਮੈਂਟ ਵੱਲੋਂ ਨਿੱਘਾ ਸੁਆਗਤ ਕੀਤਾ ਗਿਆ ਅਤੇ ਅਵੀਜੋਤ ਨੂੰ ਸਕੂਲ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਐੱਮਡੀ ਅਮਰਪਰੀਤ ਸਿੰਘ ਗਿੱਲ, ਮੈਡਮ ਗੁਰਪ੍ਰੀਤ ਕੌਰ, ਪ੍ਰਿੰ. ਵਰਿੰਦਰ ਨਈਅਰ, ਅੰਮਿਤ ਸ਼ਰਮਾ, ਪ੍ਰਭਜੀਤ ਕੌਰ, ਰਾਜਵਿੰਦਰ ਕੌਰ, ਯੋਧਬੀਰ ਸਿੰਘ, ਸੁਖਵਿੰਦਰ ਕੌਰ ਸਮੇਤ ਸਮੂਹ ਅਧਿਆਪਕ ਹਾਜ਼ਰ ਸਨ।



# ਰਾਸ਼ਟਰੀ ਪ੍ਰੈੱਸ ਦਿਵਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਪੱਤਰਕਾਰ ਭਾਈਚਾਰੇ ਨੂੰ ਵਧਾਈ



**ਪੱਟੀ, ਤਰਨਤਾਰਨ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ/ਪ੍ਰਿਤਪਾਲ ਸਿੰਘ)**-ਡਿਪਟੀ ਕਮਿਸ਼ਨਰ ਸੰਦੀਪ ਕੁਮਾਰ ਨੇ ਰਾਸ਼ਟਰੀ ਪ੍ਰੈੱਸ ਦਿਵਸ ਦੇ ਮੌਕੇ ਪੱਤਰਕਾਰਤਾ ਨਾਲ ਜੁੜੀਆਂ ਵੱਖ-ਵੱਖ ਪ੍ਰੈਸ ਕਲੱਬਾਂ, ਐਸੋਸੀਏਸ਼ਨਾਂ ਅਤੇ ਸਮੂਹ ਪੱਤਰਕਾਰ ਭਾਈਚਾਰੇ ਨੂੰ ਵਧਾਈ ਦਿੱਤੀ ਅਤੇ ਲੋਕਤੰਤਰ ਦੇ ਚੌਥੇ ਥੰਮ੍ਹ ਪ੍ਰੈਸ/ਮੀਡੀਆ ਨੂੰ ਭੈ-ਮੁਕਤ ਹੋ ਕੇ ਨਿਰਪੱਖ ਪੱਤਰਕਾਰੀ ਕਰਨ ਦਾ ਸੱਦਾ ਦਿੱਤਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪ੍ਰੈੱਸ ਅਤੇ ਪ੍ਰਸ਼ਾਸਨ ਦਾ ਨਹੁੰ-ਮਾਸ ਦਾ ਰਿਸ਼ਤਾ ਹੈ ਅਤੇ ਦੋਵੇਂ ਧਿਰਾਂ ਦੇ ਮਿਲਵਰਤਣ ਨਾਲ ਲੋਕ ਭਲਾਈ ਸਕੀਮਾਂ, ਵਿਕਾਸ ਕਾਰਜਾਂ ਦਾ ਲਾਭ ਆਮ ਲੋਕਾਂ ਤੱਕ ਪੁੱਜਦਾ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਦਿਨ ਸਾਨੂੰ ਪ੍ਰਣ ਕਰਨਾ ਚਾਹੀਦਾ ਹੈ ਕਿ ਅਸੀਂ ਸਮਾਜ ਅਤੇ ਦੇਸ਼ ਦੀ ਬਿਹਤਰੀ ਲਈ ਹੋਰ ਮਿਹਨਤ ਨਾਲ ਕੰਮ ਕਰੀਏ। ਉਨ੍ਹਾਂ ਕਿਹਾ ਕਿ 16 ਨਵੰਬਰ 1966 ਤੋਂ ਇਹ ਦਿਨ ਰਾਸ਼ਟਰੀ ਪ੍ਰੈੱਸ ਦਿਵਸ ਦੇ ਤੌਰ 'ਤੇ ਮਨਾਇਆ ਜਾਂਦਾ ਹੈ ਜੋ ਕਿ ਸਾਡੇ ਦੇਸ਼ ਵਿਚ ਸੁਤੰਤਰ ਤੇ ਜ਼ਿੰਮੇਵਾਰ ਪ੍ਰੈੱਸ ਦੀ ਮੌਜੂਦਗੀ ਦਾ ਸੰਕੇਤ ਦਿੰਦਾ ਹੈ ਅਤੇ ਪ੍ਰੈੱਸ ਦੀ ਆਜ਼ਾਦੀ ਅਤੇ ਜ਼ਿੰਮੇਵਾਰੀ ਵੱਲ ਸਾਡਾ ਧਿਆਨ ਕੇਂਦਰਿਤ ਕਰਦਾ ਹੈ। ਉਨ੍ਹਾਂ ਕਿਹਾ ਕਿ ਰਾਸ਼ਟਰੀ ਪ੍ਰੈੱਸ ਦਿਵਸ ਦਾ ਮਕਸਦ ਪੱਤਰਕਾਰਾਂ ਨੂੰ ਸਸ਼ਕਤੀਕਰਨ ਦੇ ਉਦੇਸ਼ ਨਾਲ ਆਪਣੇ ਆਪ ਨੂੰ ਮੁੜ ਸਰਗਰਮ ਕਰਨ ਦਾ ਮੌਕਾ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿਚ ਪੱਤਰਕਾਰੀ ਦਾ ਖੇਤਰ ਬਹੁਤ ਵਿਸ਼ਾਲ ਹੈ ਅਤੇ ਪੱਤਰਕਾਰੀ ਲੋਕਾਂ ਨੂੰ ਹਰ ਤਰ੍ਹਾਂ ਦੀ ਭਰਪੂਰ ਜਾਣਕਾਰੀ ਤੋਂ ਇਲਾਵਾ ਵਿੱਦਿਅਕ, ਮਨੋਰੰਜਕ ਸੰਦੇਸ਼ ਪਹੁੰਚਾਉਣ ਦੀ ਕਲਾ ਅਤੇ ਢੰਗ ਹੈ।

ਉਨ੍ਹਾਂ ਪੱਤਰਕਾਰ ਭਾਈਚਾਰੇ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਨੂੰ ਅੱਜ ਦੇ ਦਿਨ ਤੋਂ ਹੋਰ ਪ੍ਰੇਰਨਾ ਲੈ ਕੇ ਸਮਾਜ ਦੇ ਅਣਗੌਲੇ ਲੋਕਾਂ ਲਈ ਹੋਰ ਵੱਧ ਸ਼ਿੱਦਤ ਨਾਲ ਕੰਮ ਕਰਨ ਦੀ ਅਪੀਲ ਕੀਤੀ।

# ਸੂਬੇ 'ਚ ਸਨਅਤ ਪੱਖੀ ਮਾਹੌਲ ਬਣਾਉਣ ਤੇ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਵੱਲ ਦਿੱਤਾ ਜਾ ਰਿਹਾ ਵਿਸ਼ੇਸ਼ ਧਿਆਨ : ਬਹਿਲ

## ਪੰਜਾਬ ਸਰਕਾਰ ਨੇ 18 ਮਹੀਨਿਆਂ ਦੇ ਕਾਰਜਕਾਲ 'ਚ ਕਈ ਲੋਕ-ਪੱਖੀ ਤੇ ਵਿਕਾਸ ਮੁਖੀ ਫੈਸਲੇ ਲਏ



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਸਮਾਜ ਦੇ ਹਰੇਕ ਵਰਗ ਦੀ ਭਲਾਈ ਲਈ ਕਈ ਮਿਸਾਲੀ ਪਹਿਲਕਦਮੀਆਂ ਕੀਤੀਆਂ ਹਨ ਅਤੇ ਮਾਨ ਸਰਕਾਰ ਦੇ 18 ਮਹੀਨਿਆਂ ਵਿੱਚ ਸੂਬੇ ਵਿੱਚ ਰਿਕਾਰਡ ਵਿਕਾਸ ਕਾਰਜ ਹੋਏ ਹਨ। ਇਹ ਪ੍ਰਗਟਾਵਾ ਕਰਦਿਆਂ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਸੂਬਾ ਸਰਕਾਰ ਨੇ ਪੰਜਾਬ ਵਿੱਚ ਵਿਕਾਸ ਤੇ ਤਰੱਕੀ ਦੇ ਨਵੇਂ ਯੁੱਗ ਦਾ ਮੁੱਢ ਬੰਨ੍ਹਿਆ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀਆਂ ਪੁਰਜ਼ੋਰ ਕੋਸ਼ਿਸ਼ਾਂ ਕਾਰਨ ਪੰਜਾਬ ਅੱਜ ਹਰੇਕ ਖ਼ੇਤਰ ਵਿੱਚ ਦੇਸ਼ ਭਰ ਵਿੱਚੋਂ ਮੋਹਰੀ ਬਣ ਕੇ ਉੱਭਰ ਰਿਹਾ ਹੈ। ਚੇਅਰਮੈਨ ਬਹਿਲ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਨੂੰ ਸਨਅਤੀ ਖੇਤਰ ਵਿੱਚ ਮੋਹਰੀ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਪੁਰਜ਼ੋਰ ਕੋਸ਼ਿਸ਼ਾਂ ਨਾਲ ਪੰਜਾਬ ਵਿੱਚ 57,796 ਕਰੋੜ ਰੁਪਏ ਦਾ ਨਿਵੇਸ਼ ਹੋਇਆ ਹੈ, ਜਿਸ ਨਾਲ ਨੌਜਵਾਨਾਂ ਨੂੰ 2.98 ਲੱਖ ਨੌਕਰੀਆਂ ਮਿਲਣਗੀਆਂ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਸਿਰਫ਼ 18 ਮਹੀਨਿਆਂ ਵਿੱਚ 57,796 ਕਰੋੜ ਰੁਪਏ ਦਾ ਨਿਵੇਸ਼ ਕਰਵਾਇਆ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਸਨਅਤ ਪੱਖੀ ਮਾਹੌਲ ਬਣਨ ਨਾਲ ਇਥੇ ਨੌਜਵਾਨਾਂ ਲਈ ਹੋਰ ਵੀ ਰੋਜ਼ਗਾਰ ਦੇ ਮੌਕੇ ਪੈਦਾ ਹੋਣਗੇ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਸਿੱਖਿਆ ਦੇ ਖੇਤਰ ਵਿੱਚ ਸੁਧਾਰ ਕਰਦਿਆਂ ਸਕੂਲ ਆਫ ਐਮੀਨੈਂਸ ਸ਼ੁਰੂ ਕਰਕੇ ਨਵੀਂ ਸਿੱਖਿਆ ਕ੍ਰਾਂਤੀ ਸ਼ੁਰੂ ਕੀਤੀ ਹੈ। ਇਸੇ ਤਰ੍ਹਾਂ ਸਿਹਤ ਖੇਤਰ ਵਿੱਚ ਆਮ ਆਦਮੀ ਕਲੀਨਿਕ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਮਿਆਰੀ ਸਿਹਤ ਸੇਵਾਵਾਂ ਦੇ ਰਹੇ ਹਨ। ਹਰ ਵਰਗ ਨੂੰ 300 ਯੂਨਿਟ ਪ੍ਰਤੀ ਮਹੀਨਾਂ ਮੁਫ਼ਤ ਬਿਜਲੀ ਨਾਲ 90 ਫੀਸਦੀ ਘਰਾਂ ਦੇ ਜ਼ੀਰੋ ਬਿੱਲ ਆ ਰਹੇ ਹਨ।

ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਸੂਬੇ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਲਈ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਸੂਬੇ ਦੀ ਸੇਵਾ ਕੀਤੀ ਜਾ ਰਹੀ ਹੈ, ਜਿਸ ਤੋਂ ਸੂਬਾ ਵਾਸੀ ਸੰਤੁਸ਼ਟ ਹਨ।

# ਪੰਜਾਬ ਸਰਕਾਰ ਨੇ ਸੂਬੇ ਦੇ 31 ਸਕੂਲਾਂ ਦੇ ਨਾਂਅ ਸੁਤੰਤਰਤਾ ਸੰਗਰਾਮੀਆਂ ਤੇ ਸ਼ਹੀਦਾਂ ਦੇ ਨਾਂਅ 'ਤੇ ਰੱਖੇ : ਸੇਖਵਾਂ



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਅਜਾਦੀ ਘੁਲਾਟੀਆਂ ਅਤੇ ਸ਼ਹੀਦ ਸੈਨਿਕਾਂ ਨੂੰ ਸਨਮਾਨ ਦੇਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਇਨਾਂ ਸ਼ਖ਼ਸੀਅਤਾਂ ਤੋਂ ਜਾਣੂ ਕਰਵਾਉਣ ਦੇ ਮਕਸਦ ਨਾਲ ਸੂਬੇ ਦੇ 31 ਸਰਕਾਰੀ ਸਕੂਲਾਂ ਦੇ ਨਾਮ ਆਜ਼ਾਦੀ ਘੁਲਾਟੀਆਂ ਅਤੇ ਸ਼ਹੀਦ ਸੈਨਿਕਾਂ ਦੇ ਨਾਮ 'ਤੇ ਰੱਖਣ ਦਾ ਫੈਸਲਾ ਲਿਆ ਗਿਆ ਹੈ। ਰਾਜ ਸਰਕਾਰ ਦੇ ਇਸ ਫੈਸਲੇ ਦੀ ਸ਼ਲਾਘਾ ਕਰਦਿਆਂ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਦੇ ਨਾਮ ਆਜ਼ਾਦੀ ਘੁਲਾਟੀਆਂ ਅਤੇ ਸ਼ਹੀਦ ਸੈਨਿਕਾਂ ਦੇ ਨਾਮ 'ਤੇ ਰੱਖਣ ਦਾ ਫੈਸਲਾ ਕੀਤਾ ਗਿਆ ਸੀ ਜਿਸ ਤਹਿਤ ਚਾਲੂ ਸਾਲ ਦੌਰਾਨ ਤੀਜੇ ਗੇੜ ਵਿੱਚ ਬੀਤੇ ਦਿਨੀਂ 31 ਸਰਕਾਰੀ ਸਕੂਲਾਂ ਦੇ ਨਾਮ ਬਦਲੇ ਗਏ ਹਨ। ਸ. ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਇੱਛਾ ਅਨੁਸਾਰ ਸਰਕਾਰੀ ਸਕੂਲਾਂ ਦੇ ਨਾਮ ਆਜ਼ਾਦੀ ਘੁਲਾਟੀਆਂ ਅਤੇ ਸ਼ਹੀਦ ਸੈਨਿਕਾਂ ਦੇ ਨਾਂਅ 'ਤੇ ਰੱਖੇ ਜਾ ਰਹੇ ਹਨ ਤਾਂ ਜੋ ਇਨ੍ਹਾਂ ਹਸਤੀਆਂ ਦੀਆਂ ਕੁਰਬਾਨੀਆਂ ਤੋਂ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਵੀ ਜਾਣੂ ਹੋ ਸਕਣ। ਚੇਅਰਮੈਨ ਸੇਖਵਾਂ ਨੇ ਦੱਸਿਆ ਕਿ ਜਿਨਾਂ ਸਰਕਾਰੀ ਸਕੂਲਾਂ ਦੇ ਨਾਂ ਬਦਲੇ ਗਏ ਹਨ ਉਨ੍ਹਾਂ ਵਿੱਚ ਸਭ ਤੋਂ ਪ੍ਰਮੁੱਖ ਸਰਕਾਰੀ ਹਾਈ ਸਕੂਲ, ਖਟਕੜ ਕਲਾਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦਾ ਨਾਮ ਬਦਲ ਕੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਸਰਕਾਰੀ ਹਾਈ ਸਕੂਲ, ਖਟਕੜ ਕਲਾਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਰੱਖਿਆ ਹੈ।

ਉਨ੍ਹਾਂ ਦੱਸਿਆ ਕਿ ਜਿਹੜੇ 31 ਸਕੂਲਾਂ ਦੇ ਨਾਮ ਬਦਲੇ ਗਏ ਹਨ ਉਨ੍ਹਾਂ ਵਿੱਚ ਜ਼ਿਲ੍ਹਾ ਗੁਰਦਾਸਪੁਰ ਦੇ ਵੀ 4 ਸਕੂਲ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਸਰਕਾਰੀ ਪ੍ਰਾਇਮਰੀ ਸਕੂਲ ਸਿੱਧਪੁਰ ਦਾ ਨਾਂਅ ਸ਼ਹੀਦ ਗਨਰ ਰਣਜੀਤ ਸਿੰਘ ਸਰਕਾਰੀ ਪ੍ਰਾਇਮਰੀ ਸਕੂਲ, ਸਿੱਧਪੁਰ, ਸਰਕਾਰੀ ਹਾਈ ਸਕੂਲ, ਸੀੜ੍ਹਾ ਦਾ ਨਾਮ ਸ਼ਹੀਦ ਸਿਪਾਹੀ ਸੁਖਵਿੰਦਰ ਸਿੰਘ ਸਰਕਾਰੀ ਹਾਈ ਸਕੂਲ, ਸੀੜ੍ਹਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਮਸਾਣੀਆਂ, ਦਾ ਨਾਮ ਸ਼ਹੀਦ ਨਗਰ ਗੁਰਬਾਜ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਮਸਾਣੀਆਂ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਕੋਟਲੀ ਸੂਰਤ ਮੱਲੀ, ਦਾ ਨਾਂਅ ਸ਼ਹੀਦ ਹਰਵਿੰਦਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਕੋਟਲੀ ਸੂਰਤ ਮੱਲੀ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦਾ ਇਹ ਉਪਰਾਲਾ ਬੇਹੱਦ ਸ਼ਲਾਘਾਯੋਗ ਹੈ ਅਤੇ ਅਜਿਹਾ ਹੋਣ ਨਾਲ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਆਪਣੇ ਮਹਾਨ ਅਜ਼ਾਦੀ ਘੁਲਾਟੀਆਂ ਅਤੇ ਸ਼ਹੀਦਾਂ ਤੋਂ ਜਾਣੂ ਹੋ ਸਕਣਗੀਆਂ।

# ਐਸਮੀਤ ਕੌਰ ਵੱਲੋਂ ਗੁਰਮਤਿ ਸੰਗੀਤ ਮੁਕਾਬਲੇ 'ਚ ਸ਼ਾਨਦਾਰ ਪ੍ਰਦਰਸ਼ਨ




**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਗੁਰਦੁਆਰਾ ਬਾਬਾ ਦੀਪ ਸਿੰਘ ਜੀ ਪਹੂਵਿੰਡ ਵਿਖੇ ਪ੍ਰਬੰਧਕ ਕਮੇਟੀ ਵੱਲੋਂ ਕਰਵਾਏ ਗਏ ਗੁਰਮਤਿ ਸੰਗੀਤ ਮੁਕਾਬਲੇ ਵਿੱਚ ਕਲਗੀਧਰ ਪਬਲਿਕ ਸਕੂਲ ਭਿੱਖੀਵਿੰਡ ਦੀ ਵਿਦਿਆਰਥਣ ਐਸਮੀਤ ਕੌਰ ਨੇ ਤੀਜਾ ਸਥਾਨ ਹਾਸਿਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਜ਼ਿਕਰਯੋਗ ਹੈ ਕਿ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਐਸਮੀਤ ਕੌਰ ਨੂੰ 3100 ਰੁਪਏ, ਮੀਮੈਂਟੋ ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਉੱਧਰ ਸਕੂਲ ਪੁੱਜਣ 'ਤੇ ਐਸਮੀਤ ਕੌਰ ਦਾ ਸਕੂਲ ਦੇ ਐਜੂਕੇਸ਼ਨਲ ਡਾਇਰੈਕਟਰ ਨਵਤੇਜ ਸਿੰਘ ਵੱਲੋਂ ਸਵਾਗਤ ਕੀਤਾ ਗਿਆ। ਇਸ ਮੌਕੇ ਕਲਗੀਧਰ ਪਬਲਿਕ ਸਕੂਲ ਭਿੱਖੀਵਿੰਡ ਦੇ ਪ੍ਰਬੰਧਕੀ ਨਿਰਦੇਸ਼ਕ ਮਨਦੀਪ ਕੌਰ ਅਤੇ ਪ੍ਰਿੰਸੀਪਲ ਅਜੀਤ ਕੌਰ ਨੇ ਵਿਦਿਆਰਥਣ ਨੂੰ ਵਧਾਈ ਦਿੰਦਿਆਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸਕੂਲ ਦਾ ਨਾਂਅ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਡੀ ਸੀ/ਐੱਸ ਡੀ ਐੱਮ ਦਫਤਰ ਅੱਗੇ 20 ਨੂੰ ਧਰਨਾ : ਸਿੱਧਵਾਂ/ਮਾਣੋਚਾਹਲ



**ਤਰਨ ਤਾਰਨ, ਪੱਟੀ (ਪ੍ਰਿਤਪਾਲ ਸਿੰਘ, ਬਲਦੇਵ ਸਿੰਘ ਸੰਧੂ, ਸਮਸ਼ੇਰ ਸਿੰਘ ਯੋਧਾ)**-18 ਉੱਤਰੀ ਭਾਰਤ ਅਤੇ ਗੈਰ-ਰਾਜਨੀਤਕ ਸੰਯੁਕਤ ਮੋਰਚੇ ਨਾਲ ਤਾਲਮੇਲ ਕਰਕੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ 20 ਨਵੰਬਰ ਨੂੰ ਡੀਸੀ ਦਫਤਰ ਅਤੇ ਐੱਸਡੀਐੱਮ ਦਫਤਰ ਅੱਗੇ ਇੱਕ ਰੋਜ਼ਾ ਧਰਨਾ 12 ਤੋਂ 4 ਵਜੇ ਤੱਕ ਲਾਇਆ ਜਾ ਰਿਹਾ ਹੈ। ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਤਰਨਤਾਰਨ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ, ਸੂਬਾ ਆਗੂ ਤੇ ਜ਼ਿਲ੍ਹਾ ਸਕੱਤਰ ਹਰਜਿੰਦਰ ਸਿੰਘ ਸਕਰੀ ਦੀ ਪ੍ਰਧਾਨਗੀ ਹੇਠ ਪਿੰਡ ਪਿੱਦੀ ਵਿਖੇ ਬਾਬਾ ਕਾਹਨ ਸਿੰਘ ਜੀ ਦੇ ਸਥਾਨਾਂ 'ਤੇ ਹੋਈ ਜਿਸ ਵਿੱਚ ਸੂਬਾ ਆਗੂ ਸਤਨਾਮ ਸਿੰਘ ਪੰਨੂ, ਹਰਪ੍ਰੀਤ ਸਿੰਘ ਸਿੱਧਵਾਂ ਵਿਸ਼ੇਸ਼ ਤੌਰ 'ਤੇ ਪਹੁੰਚੇ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਆਗੂ ਦਿਆਲ ਸਿੰਘ ਮੀਆਂਵਿੰਡ, ਰੇਸ਼ਮ ਸਿੰਘ ਘੁਰਕਵਿੰਡ, ਜਰਨੈਲ ਸਿੰਘ ਨੂਰਦੀ, ਧੰਨਾ ਸਿੰਘ ਲਾਲੂਘੁੰਮਣ, ਹਰਬਿੰਦਰਜੀਤ ਸਿੰਘ ਕੰਗ, ਫਤਿਹ ਸਿੰਘ ਪਿੱਦੀ, ਬਲਵਿੰਦਰ ਸਿੰਘ ਚੋਹਲਾ ਸਾਹਿਬ ਨੇ ਕਿਹਾ ਕਿ ਸਰਕਾਰ ਦੀਆਂ

ਨੀਤੀਆਂ ਆਮ ਲੋਕਾਂ ਲਈ ਮਾਰੂ ਸਾਬਤ ਹੋ ਰਹੀਆਂ ਹਨ। ਲੋਕਾਂ ਦਾ ਜੀਵਨ ਬਦ ਤੋਂ ਬਦਤਰ ਹੁੰਦਾ ਜਾ ਰਿਹਾ। ਮਹਿੰਗਾਈ ਨੇ ਲੋਕਾਂ ਦੀ ਕਮਰ ਤੋੜ ਦਿੱਤੀ ਹੈ। ਬੇਰੋਜ਼ਗਾਰੀ ਦਿਨੋਂ ਦਿਨ ਵੱਧ ਰਹੀ ਹੈ। ਨਸ਼ਿਆਂ ਨੇ ਧੀਆਂ ਦੇ ਸੁਹਾਗ, ਮਾਵਾਂ ਦੇ ਪੁੱਤ ਖੋਹ ਲਏ ਹਨ ਪਰ ਸਰਕਾਰ ਦਾ ਸਾਰਾ ਜ਼ੋਰ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਪਹੁੰਚਾਉਣ ਵਿੱਚ ਲੱਗਾ ਹੋਇਆ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਨਸ਼ੇ 'ਤੇ ਨੱਥ ਪਾਈ ਜਾਵੇ ਅਤੇ ਨਸ਼ੇ ਦੇ ਸੌਦਾਗਰਾਂ ਨੂੰ ਜੇਲ੍ਹਾਂ ਵਿੱਚ ਬੰਦ ਕੀਤਾ ਜਾਵੇ। ਪਰਾਲੀ ਸਾੜਨ ਦਾ ਪੱਕਾ ਹੱਲ ਕੀਤਾ ਜਾਵੇ। ਕਿਸਾਨਾਂ 'ਤੇ ਹੋ ਰਹੇ ਨਜਾਇਜ਼ ਪਰਚੇ, ਰੈੱਡ ਐਂਟਰੀਆਂ ਰੱਦ ਕੀਤੀਆਂ ਜਾਣ। ਹਥਿਆਰ ਦੇ ਲਾਇਸੰਸ ਰੱਦ ਕਰਨਾ, ਸਬਸਿਡੀ ਰੱਦ ਕਰਨ ਸਮੇਤ ਹੋਰ ਸਰਕਾਰੀ ਸਹੂਲਤਾਂ ਰੱਦ ਕਰਨ ਦੇ ਨਿਰਦੇਸ਼ ਵਾਪਸ ਲਏ ਜਾਣ। ਨਿੱਜੀਕਰਨ ਨੂੰ ਉਤਸ਼ਾਹ ਦੇਣ ਵਾਲੀ ਨੀਤੀ ਤਹਿਤ ਪ੍ਰੀਪੇਡ ਮੀਟਰ ਲਗਾਉਣੇ ਬੰਦ ਕੀਤੇ ਜਾਣ, ਸੜੇ ਮੀਟਰਾਂ ਦੀ ਜਗ੍ਹਾ ਪਹਿਲੇ ਚੱਲ ਰਹੇ ਮੀਟਰ ਲਾਏ ਜਾਣ ਅਤੇ ਐਵਰੇਜ ਅਨੁਸਾਰ ਬਿੱਲ ਭੇਜਣੇ ਬੰਦ ਕੀਤੇ ਜਾਣ। ਆਰਬੀਟਰੇਸ਼ਨ ਵਿੱਚ ਚੱਲ ਰਹੇ ਕੇਸ ਤੁਰੰਤ ਨਿਪਟਾਏ ਜਾਣ ਅਤੇ ਰੱਦ ਕੀਤੇ ਗਏ ਕੇਸ ਤੁਰੰਤ ਬਹਾਲ ਕਰਕੇ ਯੋਗ ਮੁਆਵਜ਼ਾ ਦਿੱਤਾ ਜਾਵੇ। ਇਸ ਮੌਕੇ ਮਨਜਿੰਦਰ ਸਿੰਘ ਗੋਹਲਵੜ, ਗੁਰਭੇਜ ਸਿੰਘ ਧਾਰੀਵਾਲ, ਰਣਯੋਧ ਸਿੰਘ ਗੱਗੋਬੂਹਾ, ਮੁਖਤਾਰ ਸਿੰਘ ਬਿਹਾਰੀਪੁਰ, ਸਲਵਿੰਦਰ ਸਿੰਘ ਡਾਲੇਕੇ, ਸੁਖਵਿੰਦਰ ਸਿੰਘ ਦੁੱਗਲਵਾਲਾ, ਨਿਰੰਜਣ ਸਿੰਘ ਬਰਗਾੜੀ, ਸੁਖਦੇਵ ਸਿੰਘ ਦੁਬਲੀ, ਭਗਵਾਨ ਸਿੰਘ ਸੰਗਰ, ਕੁਲਦੀਪ ਸਿੰਘ ਵੇਈਂਪੁਈਂ, ਇਕਬਾਲ ਸਿੰਘ ਵੜਿੰਗ, ਪਰਮਜੀਤ ਸਿੰਘ ਛੀਨਾ, ਮਾਨ ਸਿੰਘ ਮਾੜੀਮੇਘਾ, ਸਰਬਜੀਤ ਸਿੰਘ ਆਦਿ ਆਗੂ ਹਾਜ਼ਰ ਸਨ।

# ਦਸਵੀਂ/ਬਾਰ੍ਹਵੀਂ ਪਾਸ ਬੇ-ਰੋਜ਼ਗਾਰ ਲੜਕੇ/ਲੜਕੀਆਂ ਲਈ ਸਵੈ-ਰੋਜ਼ਗਾਰ ਦੇ ਛੇ ਮਹੀਨੇ ਦੇ ਸਰਟੀਫਿਕੇਟ ਕੋਰਸਾਂ ਦਾ ਦਾਖਲਾ ਸ਼ੁਰੂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਲਾਈਫਲੌਂਗ ਲਰਨਿੰਗ ਵਿਭਾਗ ਵੱਲੋਂ ਸਵੈ-ਰੋਜ਼ਗਾਰ ਦੇ ਉਦੇਸ਼ ਨਾਲ ਯੂਨੀਵਰਸਿਟੀ ਕੈਂਪਸ ਵਿਖੇ ਦਸਵੀਂ/ਬਾਰਵੀਂ ਪਾਸ ਲੜਕੇ ਅਤੇ ਲੜਕੀਆਂ (ਬਿਨ੍ਹਾਂ ਉਮਰ ਹੱਦ ਦੇ) ਨੂੰ ਆਤਮ-ਨਿਰਭਰ ਬਣਾਉਣ ਲਈ ਛੇ ਮਹੀਂਨੇ ਦਾ ਸਰਟੀਫਿਕੇਟ ਕੋਰਸ ਸ਼ੁਰੂ ਕੀਤੇ ਜਾ ਰਹੇ ਹਨ। ਇਨ੍ਹਾਂ ਕੋਰਸਾਂ ਵਿਚ ਡਰੈਸ ਡਿਜ਼ਾਈਨਿੰਗ (ਦਸਵੀਂ ਪਾਸ ਲੜਕੀਆਂ ਵਾਸਤੇ); ਬਿਊਟੀ ਕਲਚਰ (ਦਸਵੀਂ ਪਾਸ ਲੜਕੀਆਂ ਵਾਸਤੇ); ਵੈਬ ਡਿਵੈਲਪਮੈਂਟ (ਬਾਰਵੀਂ ਪਾਸ ਲੜਕੇ ਅਤੇ ਲੜਕੀਆਂ ਵਾਸਤੇ); ਵੈਬ ਡਿਜਾਈਨਿੰਗ (ਬਾਰ੍ਹਵੀਂ ਪਾਸ ਲੜਕੇ ਅਤੇ ਲੜਕੀਆਂ ਵਾਸਤੇ); ਕੰਪਿਊਟਰ ਬੇਸਿਕ ਕੌਨਸਪੈਟ (ਬਾਰਵੀਂ ਪਾਸ ਲੜਕੇ ਅਤੇ ਲੜਕੀਆਂ ਵਾਸਤੇ); ਕਮਿਊਨੀਕੇਸ਼ਨ ਸਕਿਲਜ਼ ਇੰਨ ਇੰਗਲਿਸ਼ (ਬਾਰਵੀਂ ਪਾਸ ਲੜਕੇ ਅਤੇ ਲੜਕੀਆਂ ਵਾਸਤੇ); ਟੈਕਸਾਈਲ ਡਿਜ਼ਾਈਨਿੰਗ (ਬਾਰ੍ਹਵੀਂ ਪਾਸ ਲੜਕੀਆਂ ਵਾਸਤੇ) ਸ਼ਾਮਿਲ ਹਨ। ਵਿਭਾਗ ਦੇ ਡਾਇਰੈਕਟਰ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਨ੍ਹਾਂ ਕੋਰਸਾਂ ਵਿਚ ਦਾਖਲਾ ਲੈਣ ਦੇ ਚਾਹਵਾਨ ਉਮੀਦਵਾਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਵੈੱਬਸਾਈਟ www.gndu.ac.in/lifelong/default.aspx ਤੇ ਆਨਲਾਈਨ ਦਾਖਲਾ ਫਾਰਮ ਭਰ ਸਕਦੇ ਹਨ।

# ਦਾਣਾ ਮੰਡੀ ਗਹਿਰੀ ਤੇ ਰਈਆ 'ਚ ਕੀਤੀ ਕੰਡੇ-ਵੱਟੇ ਤੇ ਤੋਲ ਦੀ ਚੈਕਿੰਗ



**ਟਾਂਗਰਾ (ਲਾਡੀ ਮੱਲ੍ਹੀ)**-ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਜਸਵੰਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੰਯੁਕਤ ਡਾਇਰੈਕਟਰ ਖੇਤੀਬਾੜੀ (ਨਕਦੀ ਫਸਲਾਂ), ਇੰਚਾਰਜ ਮਾਰਕੀਟਿੰਗ ਵਿੰਗ ਸੁਰਿੰਦਰ ਸਿੰਘ ਦੀ ਰਹਿਨੁਮਾਈ ਹੇਠ ਸਹਾਇਕ ਮੰਡੀਕਰਨ ਅਫਸਰ (ਅੰਮ੍ਰਿਤਸਰ) ਹਰਦੀਪ ਕੌਰ ਦੀ ਅਗਵਾਈ ਹੇਠ ਸ਼ਿਵਾਨੀ ਪਲਿਆਲ, ਹਰਮਨਦੀਪ ਸਿੰਘ ਅਤੇ ਹਰਜਿੰਦਰ ਸਿੰਘ ਖੇਤੀਬਾੜੀ ਵਿਕਾਸ ਅਫਸਰ (ਮ) ਦੀ ਟੀਮ ਵੱਲੋਂ ਦਾਨਾ ਮੰਡੀ ਗਹਿਰੀ ਅਤੇ ਦਾਨਾ ਮੰਡੀ ਰਈਆ, ਜ਼ਿਲ੍ਹਾ ਅੰਮ੍ਰਿਤਸਰ ਵਿੱਚ ਕੰਡੇ-ਵੱਟੇ ਅਤੇ ਤੋਲ ਦੀ ਚੈਕਿੰਗ ਕੀਤੀ ਗਈ। ਇਸ ਦੌਰਾਨ ਹਰਦੀਪ ਕੌਰ ਵੱਲੋਂ ਕਿਸਾਨਾਂ ਨੂੰ ਤੋਲ ਆਪਣੀ ਨਿਗਰਾਨੀ ਹੇਠ ਕਰਵਾਉਣ ਲਈ ਕਿਹਾ ਗਿਆ ਅਤੇ ਉਨ੍ਹਾਂ ਵਲੋਂ ਦਿੱਤੇ ਜਾਂਦੇ ਉਤਰਾਈ ਅਤੇ ਸਫਾਈ ਦੇ ਖਰਚਿਆਂ ਬਾਰੇ ਦੱਸਿਆ ਗਿਆ। ਇਸਦੇ ਨਾਲ ਹੀ ਟੀਮ ਵੱਲੋਂ ਝੋਨੇ ਅਤੇ ਬਾਸਮਤੀ ਦੀ ਤੁਲਾਈ ਦੌਰਾਨ ਮਾਰਕੀਟ ਕਮੇਟੀ ਗਹਿਰੀ ਅਤੇ ਰਈਆ ਦੇ ਮੰਡੀ ਸੁਪਰਵਾਈਜ਼ਰ ਅਤੇ ਹੋਰ ਸਟਾਫ ਦੀ ਹਾਜ਼ਰੀ ਵਿੱਚ ਕੰਡੇ ਵੱਟਿਆਂ ਦੇ ਤਸਦੀਕਸ਼ੁਦਾ ਹੋਣ ਅਤੇ ਤੋਲ ਦੀ ਚੈਕਿੰਗ ਕੀਤੀ ਗਈ।

# ਤਰਨ ਤਾਰਨ ਵਿਧਾਨ ਸਭਾ ਹਲਕੇ ਨੂੰ ਮਿਲੇਗੀ ਆਧੁਨਿਕ ਲਾਇਬ੍ਰੇਰੀਆਂ ਦੀ ਸੌਗਾਤ : ਡਾ. ਸੋਹਲ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਤਰਨ ਤਾਰਨ ਵਿਧਾਨ ਸਭਾ ਹਲਕੇ ਦੇ ਪਿੰਡ ਝਬਾਲ, ਅੱਡਾ ਗੱਗੋਬੂਆ, ਸਰਾਏ ਅਮਾਨਤ ਖਾਂ, ਗੋਹਲਵੜ, ਕਿਲਾ ਕਵੀ ਸੰਤੋਖ ਸਿੰਘ ਵਿਖੇ ਲੋਕਾਂ ਨੂੰ ਬਹੁਤ ਜਲਦੀ ਆਧੁਨਿਕ ਸਹੂਲਤਾਂ ਨਾਲ ਲੈਸ ਲਾਇਬ੍ਰੇਰੀਆਂ ਦੀ ਸਹੂਲਤ ਮਿਲੇਗੀ। ਤਰਨ ਤਾਰਨ ਦੇ ਵਿਧਾਇਕ ਡਾ, ਕਸ਼ਮੀਰ ਸਿੰਘ ਸੋਹਲ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹਰੇਕ ਲਾਇਬ੍ਰੇਰੀ ਤੇ 30 ਲੱਖ ਦਾ ਖਰਚ ਆਵੇਗਾ। ਉਨ੍ਹਾਂ ਦੱਸਿਆ ਕਿ ਨੌਜਵਾਨਾਂ ਵਿੱਚ ਖੇਡਾਂ ਦੇ ਨਾਲ ਨਾਲ ਸਾਹਿਤ ਸੱਭਿਆਚਾਰ, ਸਿੱਖਿਆ ਦੇ ਖੇਤਰ, ਵਿੱਚ ਗਿਆਨ 'ਚ ਵਾਧਾ ਕਰਨ ਲਈ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਆਧੁਨਿਕ ਲਾਇਬ੍ਰੇਰੀਆਂ ਦੀ ਸੁਵਿਧਾ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਚੁਣਾਵੀ ਵਾਅਦੇ ਪੂਰੇ ਕੀਤੇ ਜਾ ਰਹੇ ਹਨ। ਪੰਜਾਬ ਸਰਕਾਰ ਵੱਲੋਂ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਸੁਧਾਰ ਲਈ ਸਕੂਲ ਆਫ ਐਮੀਨੈਂਸ ਅਤੇ ਮੁਹੱਲਾ ਕਲੀਨਿਕਾਂ ਦੀ ਸਹੂਲਤ ਨੂੰ ਲੋਕਾਂ ਵੱਲੋਂ ਬਹੁਤ ਪਸੰਦ ਕੀਤਾ ਜਾ ਰਿਹਾ ਹੈ। ਘਰੇਲੂ ਖਪਤਕਾਰਾਂ ਨੂੰ 600 ਯੂਨਿਟ ਮੁਫ਼ਤ ਬਿਜਲੀ ਦੀ ਸਹੂਲਤ ਦੇ ਕੇ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਦਾ ਮਨ ਜਿੱਤ ਲਿਆ ਹੈ। ਵਿਧਾਇਕ ਡਾ. ਸੋਹਲ ਨੇ ਕਿਹਾ ਕਿ ਪੰਜਾਬ ਦੇ ਸਮੁੱਚੇ ਵਿਕਾਸ ਲਈ ਸਰਕਾਰ ਵੱਲੋਂ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ ਜਿਸ ਕਾਰਨ ਆਮ ਆਦਮੀ ਪਾਰਟੀ ਲੋਕਾਂ ਦੀ ਪਹਿਲੀ ਪਸੰਦ ਬਣਦੀ ਜਾ ਰਹੀ ਹੈ। ਡਾ. ਸੋਹਲ ਨੇ ਹਲਕੇ ਦੇ ਵਿਕਾਸ ਲਈ ਲੋਕਾਂ ਤੋਂ ਸਹਿਯੋਗ ਦੀ ਮੰਗ ਕੀਤੀ ਹੈ।

# ਏ ਐੱਸ ਆਈ ਸਰੂਪ ਸਿੰਘ ਦੇ ਕਾਤਲਾਂ ਵਿਰੁੱਧ 302 ਦਾ ਮਾਮਲਾ ਦਰਜ, ਗ੍ਰਿਫ਼ਤਾਰੀ ਲਈ ਛਾਪੇਮਾਰੀ ਸ਼ੁਰੂ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਜ਼ਿਲਾ ਅੰਮ੍ਰਿਤਸਰ ਦਿਹਾਤੀ ਅਧੀਨ ਪੈਂਦੇ ਥਾਂ ਜੰਡਿਆਲਾ ਗੁਰੂ ਦੇ ਪੁਲਸ ਚੌਕੀ ਨਵਾਂ ਪਿੰਡ ਵਿੱਚ ਤਾਇਨਾਤ ਏਐੱਸਆਈ ਸਰੂਪ ਸਿੰਘ ਜਿਸ ਦਾ ਬੀਤੀ ਰਾਤ ਅਣਪਛਾਤੇ ਵਿਅਕਤੀਆਂ ਵੱਲੋਂ ਕਤਲ ਕਰ ਦਿੱਤਾ ਗਿਆ ਸੀ, ਦੇ ਦੋਸ਼ੀ ਦੀ ਪੁਲਸ ਵੱਲੋਂ ਪਛਾਣ ਕਰਕੇ ਉਸ ਦੇ ਖਿਲਾਫ ਕਤਲ ਦਾ ਮਾਮਲਾ ਦਰਜ ਕੀਤਾ ਗਿਆ ਹੈ। ਪੁਲਸ ਅਧਿਕਾਰੀਆਂ ਅਨੁਸਾਰ ਲਵਪ੍ਰੀਤ ਸਿੰਘ ਪੁੱਤਰ ਏਐੱਸਆਈ ਸਰੂਪ ਸਿੰਘ ਵਾਸੀ ਮਕਾਨ ਨੰ. 304-ਏ, ਪ੍ਰਤਾਪ ਐਵੀਨਿਊ ਜੀ. ਟੀ. ਰੋਡ ਅੰਮ੍ਰਿਤਸਰ ਨੇ ਜੰਡਿਆਲਾ ਪੁਲਸ ਨੂੰ ਬਿਆਨ ਦਰਜ ਕਰਵਾਇਆ ਕਿ ਉਸਦੇ ਪਿਤਾ ਏ. ਐੱਸ. ਆਈ. ਸਰੂਪ ਸਿੰਘ ਦੀ ਕਿਸੇ ਅਣਪਛਾਤੇ ਵਿਅਕਤੀਆਂ ਵੱਲੋਂ ਸਿਰ ਵਿੱਚ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਹੈ ਜਿਸ 'ਤੇ ਤੁਰੰਤ ਮੁੱਖ ਅਫਸਰ ਥਾਣਾ ਜੰਡਿਆਲਾ ਵੱਲੋਂ ਮੌਕੇ 'ਤੇ ਪਹੁੰਚ ਕਰਕੇ ਤਫਤੀਸ਼ ਸ਼ੁਰੂ ਕਰ ਦਿੱਤੀ ਗਈ। ਤਫਤੀਸ਼ ਦੌਰਾਨ ਸਤਿੰਦਰ ਸਿੰਘ ਆਈ. ਪੀ. ਐੱਸ., ਐੱਸ. ਐੱਸ. ਪੀ. ਅੰਮ੍ਰਿਤਸਰ ਦਿਹਾਤੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਲੱਗ-ਅਲੱਗ ਪੁਲਸ ਟੀਮਾਂ ਬਣਾ ਕੇ ਦੋਸ਼ੀਆਂ ਨੂੰ ਟ੍ਰੇਸ ਕਰਨਾ ਸ਼ੁਰੂ ਕੀਤਾ ਗਿਆ। ਤਫਤੀਸ਼ ਦੌਰਾਨ ਹਿਊਮਨ ਇੰਟੈਲੀਜੈਂਸ ਅਤੇ ਟੈਕਨੀਕਲੀ ਸਹਾਇਤਾ ਲੈ ਕੇ ਮੁਕੱਦਮੇ ਨੂੰ ਟਰੇਸ ਕਰਦਿਆਂ ਮੁੱਖ ਦੋਸ਼ੀ ਸ਼ਰਨਪ੍ਰੀਤ ਸਿੰਘ ਪੁੱਤਰ ਗੁਰਦੇਵ ਚੰਦ ਵਾਸੀ ਦਸਮੇਸ਼ ਨਗਰ ਥਾਣਾ ਤਰਸਿੱਕਾ ਨੂੰ ਨਾਮਜ਼ਦ ਕੀਤਾ ਗਿਆ ਹੈ ਜਿਸ ਦੀ ਗ੍ਰਿਫਤਾਰੀ ਲਈ ਵੱਖ-ਵੱਖ ਟੀਮਾਂ ਬਣਾ ਕੇ ਰੇਡ ਕੀਤੇ ਜਾ ਰਹੇ ਹਨ ਅਤੇ ਉਸ ਨੂੰ ਜਲਦੀ ਹੀ ਗ੍ਰਿਫਤਾਰ ਕਰਕੇ ਉਸ ਕੋਲੋਂ ਵਾਰਦਾਤ ਸਮੇਂ ਵਰਤਿਆ ਗਿਆ ਹਥਿਆਰ ਬਰਾਮਦ ਕੀਤਾ ਜਾਵੇਗਾ। ਜੇਕਰ ਉਸਦੇ ਨਾਲ ਹੋਰ ਵੀ ਕਿਸੇ ਦੀ ਸ਼ਮੂਲੀਅਤ ਪਾਈ ਗਈ ਤਾਂ ਉਸ ਖਿਲਾਫ ਵੀ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ। ਮੁੱਢਲੀ ਤਫਤੀਸ਼ ਤੋਂ ਇਹ ਮਾਮਲਾ ਨਿੱਜੀ ਰੰਜਿਸ਼ ਦਾ ਹੋਣਾ ਪਾਇਆ ਗਿਆ ਹੈ।

# ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਵੱਲੋਂ ਮਜੀਠਾ ਵਿਖੇ ਕਵੀ ਦਰਬਾਰ ਦਾ ਆਯੋਜਨ



**ਮਜੀਠਾ (ਸੋਇਮ ਆਨੰਦ)**-ਸੰਤ ਬਾਬਾ ਬੁੱਢਾ ਪਬਲਿਕ ਸਕੂਲ ਦੀ 37ਵੀਂ ਵਰ੍ਹੇਗੰਢ 'ਤੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਵਸ 'ਤੇ ਸਕੂਲ ਕੰਪਲੈਕਸ 'ਚ ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਮਜੀਠਾ ਵੱਲੋਂ ਕਵੀ ਦਰਦਾਰ ਦਾ ਅਯੋਜਨ ਕੀਤਾ ਗਿਆ, ਜਿਸ ਵਿੱਚ ਪੰਜਾਬ ਭਰ ਤੋਂ ਆਏ ਕਵੀਆਂ ਨੇ ਆਪਣੀਆਂ ਰਚਨਾਵਾਂ ਪੇਸ਼ ਕੀਤੀ। ਇਸ ਕਵੀ ਦਰਬਾਰ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚ ਮੁੱਖ ਮਹਿਮਾਨ ਡਾ. ਦਵਿੰਦਰ ਸਿੰਘ ਸੈਫੀ ਨੂੰ ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਮਜੀਠਾ ਵੱਲੋਂ ਕਵੀ ਸ਼ਾਹ ਮੁਹੰਮਦ ਯਾਦਗਾਰੀ ਐਵਾਰਡ ਨਾਲ ਵਿਸ਼ੇਸ਼ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜਿੱਥੇ ਦੂਰੋਂ-ਨੇੜਿਓਂ ਪਹੁੰਚੇ ਕਵੀਆਂ, ਲੇਖਕਾਂ ਵੱਲੋਂ ਆਪਣੀਆਂ ਕਵਿਤਾਵਾਂ ਗੀਤ ਗਾਏ ਗਏ ਉਥੇ ਮੁੱਖ ਮਹਿਮਾਨ ਡਾ. ਦਵਿੰਦਰ ਸਿੰਘ ਸੈਫੀ ਨੇ ਵੀ ਆਪਣੀਆਂ ਮਸ਼ਹੂਰ ਦਿਲ ਟੁੰਬਵੀਆਂ ਤੇ ਹਾਸਰਸ ਚਰਚਿਤ ਕਵਿਤਾਵਾਂ ਸੁਣਾ ਕੇ ਹਾਜ਼ਰੀਨ ਦਾ ਮਨੋਰੰਜਨ ਕੀਤਾ। ਉਪਰੰਤ ਕਵੀਆਂ ਦੀ ਮਜੀਠਾ ਇਕਾਈ ਦੇ ਪ੍ਰਬੰਧਕਾਂ ਵੱਲੋਂ ਆਏ ਕਵੀਆਂ, ਲੇਖਕਾ ਤੇ ਪੱਤਰਕਾਰਾਂ ਨੂੰ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਕਵੀ ਦਰਬਾਰ ਵਿੱਚ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਸੰਧੂ, ਧਰਮਿੰਦਰ ਸਿੰਘ ਔਲਖ, ਬਲਵਿੰਦਰ ਕੌਰ ਭੰਗੂ, ਪ੍ਰਧਾਨ ਸੁਖਬੀਰ ਸਿੰਘ ਭੁੱਲਰ, ਨਵਜੋਤ ਕੌਰ ਭੁੱਲਰ, ਨਿਰਮਲ ਕੌਰ ਕੋਟਲਾ, ਜਗਜੀਤ ਕਲੇਰ, ਕੁਲਦੀਪ ਸਿੰਘ ਕਾਹਲੋਂ, ਸਰਪੰਚ ਮਲਕੀਤ ਸਿੰਘ ਸ਼ਾਮ ਨਗਰ, ਅਮਰਜੀਤ ਸਿੰਘ ਐੱਸਡੀਓ ਗੁਰਬਾਜ ਸਿੰਘ ਛੀਨਾ, ਆਰਜੀਤ, ਗੁਰਮੇਲ ਸਿੰਘ ਸ਼ਾਮਨਗਰ, ਸੁਰਿੰਦਰ ਕੌਰ ਸਰਾਏ, ਨਿਰੰਜਨ ਸਿੰਘ ਗਿੱਲ, ਸਤਿੰਦਰਜੀਤ ਕੌਰ ਗਜ਼ਲਗੋ, ਯੁੱਧਬੀਰ ਔਲਖ, ਜਸਬੀਰ ਕੌਰ ਜੋਸ਼, ਮਾਸਟਰ ਸਤਨਾਮ ਸਿੰਘ ਪਾਖਰਪੁਰਾ, ਨਿਰਮਲ ਬਰਾੜ, ਸਰਬ ਮਜੀਠਾ, ਰਾਜਪਾਲ ਸ਼ਰਮਾ, ਹਰਮਨਜੋਤ ਸਿੰਘ, ਰਜਿੰਦਰ ਸਿੰਘ ਰਾਜੂ ਐੱਨਐੱਸਡੀ ਆਦਿ ਲੇਖਕ ਤੇ ਸਮੂਹ ਸਟਾਫ ਹਾਜ਼ਰ ਸੀ। ਅਖੀਰ ਵਿੱਚ ਨਵਜੋਤ ਸਿੰਘ ਨੇ ਆਏ ਲੇਖਕਾਂ, ਕਵੀਆਂ ਤੇ ਪੱਤਰਕਾਰਾਂ ਦਾ ਧੰਨਵਾਦ ਕੀਤਾ।

# ਸ੍ਰੀ ਗੁਰੂ ਹਰਿਕ੍ਰਿਸ਼ਨ ਸੀ: ਸੈ: ਪਬਲਿਕ ਸਕੂਲ ਵੱਲੋਂ ਸੱਭਿਆਚਾਰਕ ਸਮਾਰੋਹ ਆਯੋਜਿਤ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)** ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜੀ. ਟੀ. ਰੋਡ ਵਿਖੇ ਸਕੂਲ ਦੇ ਪ੍ਰੀ-ਪ੍ਰਾਇਮਰੀ ਸੈਕਸ਼ਨ ਵੱਲੋਂ ਸਕੂਲ ਵਿਖੇ ਸਲਾਨਾ ਸੱਭਿਆਚਾਰਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਸਮਾਰੋਹ ਵਿੱਚ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਅਤੇ ਐਮ.ਐਲ.ਏ. (ਦੱਖਣੀ) ਡਾ: ਇੰਦਰਬੀਰ ਸਿੰਘ ਨਿੱਜਰ ਅਤੇ ਉਹਨਾਂ ਦੀ ਪਤਨੀ ਗੁਰਬੀਰ ਕੌਰ ਨਿੱਜਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਚੀਫ਼ ਖ਼ਾਲਸਾ ਦੀਵਾਨ ਦੇ ਆਨਰੇਰੀ ਸੱਕਤਰ ਸਵਿੰਦਰ ਸਿੰਘ ਜੀ ਕੱਥੂਨੰਗਲ ਅਤੇ ਉਨਾਂ ਦੀ ਪਤਨੀ ਦਲਜਿੰਦਰ ਕੌਰ, ਮੀਤ ਪ੍ਰਧਾਨ ਅਤੇ ਜੀ. ਟੀ. ਰੋਡ ਸਕੂਲ ਦੇ ਮੈਂਬਰ ਇੰਚਾਰਜ ਜਗਜੀਤ ਸਿੰਘ ਅਤੇ ਉਨ੍ਹਾਂ ਦੀ ਪਤਨੀ ਰੀਤੂ, ਜਾਇੰਟ ਸੱਕਤਰ ਅਤੇ ਸਕੂਲ ਦੇ ਮੈਂਬਰ ਇੰਚਾਰਜ ਸੁਖਜਿੰਦਰ ਸਿੰਘ ਪ੍ਰਿੰਸ ਅਤੇ ਉਹਨਾਂ ਦੀ ਪਤਨੀ ਪਿੰਕੀ ਨੇ ਇਸ ਪ੍ਰੋਗਰਾਮ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਜਦਕਿ ਕੁਲਵੰਤ ਸਿੰਘ ਅਤੇ ਉਨਾਂ ਦੀ ਪਤਨੀ ਸੁਖਵੰਤ ਕੌਰ, ਅਮਰੀਕ ਸਿੰਘ, ਜਸਪਾਲ ਸਿੰਘ ਢਿੱਲੋਂ ਐਡੀਸ਼ਨਲ ਸੱਕਤਰ ਅਤੇ ਗੁਰਭੇਜ ਸਿੰਘ ਉਚੇਚੇ ਤੌਰ ਤੇ ਪ੍ਰੋਗਰਾਮ ਵਿੱਚ ਸ਼ਾਮਲ ਹੋਏ। ਸਮਾਗਮ ਦਾ ਆਰੰਭ ਸ਼ਬਦ ਨਾਲ ਕੀਤਾ ਗਿਆ ਤੇ ਪ੍ਰਿੰਸੀਪਲ ਮਨਦੀਪ ਸਿੰਘ ਨੇ ਮੁੱਖ ਮਹਿਮਾਨ ਅਤੇ ਆਏ ਹੋਏ ਮਹਿਮਾਨਾਂ ਦਾ ਤਹਿ ਦਿਲੋਂ ਸਵਾਗਤ ਕਰਦੇ ਹੋਏ ਸਕੂਲ ਦੀਆਂ ਉਪਲਬਧੀਆਂ ਦੀ ਸਾਲਾਨਾ ਰਿਪੋਰਟ ਪੜ੍ਹੀ। ਨੰਨ੍ਹੇ-ਮੁਨ੍ਹੇ ਬੱਚਿਆਂ ਵੱਲੋਂ ਸੁਆਗਤੀ ਨਾਚ ਪੇਸ਼ ਕੀਤਾ ਗਿਆ। ਬੱਚਿਆਂ ਵੱਲੋਂ ਪੇਸ਼ ਐਕਸ਼ਨ ਗੀਤ ਨੇ ਹਾਜ਼ਰ ਮਹਿਮਾਨਾਂ ਦਾ ਮਨ ਮੋਹ ਲਿਆ। ਇਸ ਤੋਂ ਇਲਾਵਾ ਬੱਚਿਆਂ ਨੇ ਫੈਂਸੀ ਡਰੈਸ ਸ਼ੋਅ ਵਿੱਚ ਸੋਸ਼ਲ ਮੀਡੀਆ, ਚੰਦਰਯਾਨ, ਮਾਂ ਬੋਲੀ, ਸਮਾਰਟ ਫੋਨ, ਅਖ਼ਬਾਰ ਅਤੇ ਪਾਣੀ ਦੀ ਬੂੰਦ ਆਦਿ ਰੂਪ ਵਿੱਚ ਸਟੇਜ ਤੇ ਆ ਕੇ ਦਰਸ਼ਕਾਂ ਦਾ ਖ਼ੂਬ ਮਨੋਰੰਜਨ ਕੀਤਾ। ਮੁੱਖ ਮਹਿਮਾਨ ਡਾ: ਨਿੱਜਰ ਤੇ ਕੱਥੂਨੰਗਲ ਨੇ ਛੋਟੇ-ਛੋਟੇ ਬੱਚਿਆਂ ਦੁਆਰਾ ਪੇਸ਼ ਕੀਤੇ ਪ੍ਰੋਗਰਾਮ ਦੀ ਭਰਪੂਰ ਸ਼ਲਾਘਾ ਕਰਦੇ ਹੋਏ ਭਵਿੱਖ ਲਈ ਹੋਰ ਸ਼ੁਭ ਕਾਮਨਾਵਾਂ ਦਿੱਤੀਆਂ। ਉਨ੍ਹਾਂ ਅਧਿਆਪਕਾਂ ਵੱਲੋਂ ਕੀਤੇ ਇਸ ਉਪਰਾਲੇ ਦੀ ਵੀ ਖ਼ੂਬ ਪ੍ਰਸ਼ੰਸਾ ਕੀਤੀ। ਪ੍ਰੋਗਰਾਮ ਦੇ ਅੰਤ ਵਿੱਚ ਬੱਚਿਆਂ ਨੇ ਪੰਜਾਬ ਦੇ ਲੋਕ ਨਾਚ ਭੰਗੜੇ ਰਾਹੀਂ ਸਾਰੇ ਦਰਸ਼ਕਾਂ ਨੂੰ ਝੂਮਣ ਲਈ ਮਜਬੂਰ ਕਰ ਦਿੱਤਾ। ਇਹ ਸਮਾਗਮ ਸਕੂਲ ਦੇ ਪ੍ਰਿੰਸੀਪਲ ਮਨਦੀਪ ਸਿੰਘ ਦੀ ਯੋਗ ਅਗਵਾਈ ਅਤੇ ਮੁੱਖ ਅਧਿਆਪਕ ਕਿਰਨਜੋਤ ਕੌਰ ਅਤੇ ਮਨਵਿੰਦਰ ਕੌਰ ਭੁੱਲਰ ਦੀ ਦੇਖ-ਰੇਖ ਹੇਠ ਨੇਪਰੇ ਚਾੜ੍ਹਿਆ ਗਿਆ। ਪ੍ਰੋਗਰਾਮ ਵਿੱਚ ਵਿਦਿਆਰਥੀ ਅਤੇ ਉਹਨਾਂ ਦੇ ਮਾਤਾ-ਪਿਤਾ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।

# ਐੱਲਜੀ ਦਾ ਵਾਸ਼ਟਾਵਰ ਭਾਰਤ 'ਚ ਲਾਂਚ

**ਚੰਡੀਗੜ੍ਹ** : ਭਾਰਤ ਦੇ ਪ੍ਰਮੁੱਖ ਉਪਭੋਗਤਾ ਟਿਕਾਊ ਬ੍ਰਾਂਡ ਐੱਲਜੀ ਇਲੈਕਟ੍ਰਾਨਿਕਸ (ਐੱਲਜੀ ਇਲੈਕਟ੍ਰਾਨਿਕਸ) ਨੇ ਅੱਜ ਭਾਰਤੀ ਬਾਜ਼ਾਰ ਵਿੱਚ ਐੱਲਜੀ ਵਾਸ਼ਟਾਵਰ ਦੀ ਅਧਿਕਾਰਤ ਲਾਂਚ ਦਾ ਐਲਾਨ ਕੀਤਾ। ਵਾਸ਼ਟਾਵਰ ਸਾਡੇ ਲਾਂਡਰੀ ਦੇ ਤਰੀਕੇ ਨੂੰ ਮੁੜ ਪਰਿਭਾਸ਼ਤ ਕਰਨ ਲਈ ਐੱਲਜੀ ਦੀ ਵਚਨਬੱਧਤਾ ਦਾ ਪ੍ਰਮਾਣ ਹੈ। ਇਹ ਇੱਕ ਯੂਨੀਬੌਡੀ ਡਿਜ਼ਾਈਨ ਪੇਸ਼ ਕਰਦਾ ਹੈ ਜੋ ਹਾਰਡਵੇਅਰ ਅਤੇ ਸਾਫਟਵੇਅਰ ਦੋਵਾਂ ਨੂੰ ਸਹਿਜੇ ਹੀ ਜੋੜਦਾ ਹੈ। ਇਹ ਭਾਰਤੀ ਪਰਿਵਾਰਾਂ ਲਈ ਲਾਂਡਰੀ ਅਨੁਭਵ ਨੂੰ ਮੁੜ ਪਰਿਭਾਸ਼ਤ ਕਰਨ ਦਾ ਵਾਅਦਾ ਕਰਦਾ ਹੈ। ਐੱਲਜੀ ਵਾਸ਼ਟਾਵਰ ਹਰੇ/ਬੇਜ ਰੰਗ ਦੇ ਸੁਮੇਲ ਵਿੱਚ ਉਪਲਬਧ ਹੈ। ਐੱਲਜੀ ਇੰਡੀਆ ਦੇ ਐੱਮਡੀ ਹੋਂਗ ਜੂ ਜੀਓਨ ਨੇ ਲਾਂਚ ਤੇ ਟਿੱਪਣੀ ਕਰਦੇ ਹੋਏ ਕਿਹਾਕਿ ਐੱਲਜੀ ਵਾਸਟਾਵਰ ਲਾਂਡਰੀ ਸਲਿਊਸ਼ਨ ਦੀ ਦੁਨੀਆ ਵਿੱਚ ਇੱਕ ਕਮਾਲ ਦਾ ਮੀਲ ਪੱਥਰ ਹੈ। ਇਹ ਹਾਰਡਵੇਅਰ ਅਤੇ ਸੌਫਟਵੇਅਰ ਨੂੰ ਸਹਿਜਤਾ ਨਾਲ ਜੋੜਦਾ ਹੈ, ਇੱਕ ਲਾਂਡਰੀ ਅਨੁਭਵ ਦੀ ਪੇਸਕਸ ਕਰਦਾ ਹੈ ਜੋ ਨਾ ਸਿਰਫ ਵਧੀਆ ਹੈ, ਸਗੋਂ ਸਪੇਸ-ਸੇਵਿੰਗ ਅਤੇ ਦੇਖਣ ਵਿੱਚ ਵੀ ਆਕਰਸ਼ਕ ਹੈ।

# ਸੂਬੇ ਦਾ ਚਹੁੰ-ਤਰਫ਼ਾ ਵਿਕਾਸ ਮੁੱਖ ਮੰਤਰੀ ਮਾਨ ਦਾ ਮੁੱਖ ਏਜੰਡਾ : ਧਾਲੀਵਾਲ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਪੰਜਾਬ ਦੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅਜਨਾਲਾ ਸ਼ਹਿਰ ਵਿਚ ਜਨਤਕ ਪਖਾਨੇ ਅਤੇ ਵਾਰਡ ਨੰਬਰ ਦਸ ਵਿੱਚ 56 ਲੱਖ ਰੁਪਏ ਦੀ ਲਾਗਤ ਨਾਲ ਬਣੀਆਂ ਗਲੀਆਂ ਦਾ ਉਦਘਾਟਨ ਕਰਦੇ ਦੱਸਿਆ ਕਿ ਛੇਤੀ ਹੀ ਇਸ ਵਾਰਡ ਜੋ ਕਿ ਪੱਖਾ ਹਰੀ ਸਿੰਘ ਪਿੰਡ ਦੇ ਨਾਂਅ ਨਾਲ ਜਾਣੀ ਜਾਂਦੀ ਹੈ, ਵਿੱਚ ਸੀਚੇਵਾਲ ਮਾਡਲ ਨਾਲ ਬਣਾਏ ਨਵੇਂ ਛੱਪੜ ਦਾ ਉਦਘਾਟਨ ਕੀਤਾ ਜਾਵੇਗਾ। ਇਸ ਮੌਕੇ ਉਨ੍ਹਾਂ ਨੇ ਦੱਸਿਆ ਕਿ ਅਜਨਾਲਾ ਸ਼ਹਿਰ ਵਿੱਚ ਛੇਤੀ ਹੀ ਪੰਜ ਥਾਵਾਂ ਉਤੇ ਜਨਤਕ ਪਖਾਨੇ ਚਾਲੂ ਤਰ ਦਿੱਤੇ ਜਾਣਗੇ। ਉਨ੍ਹਾਂ ਇਸ ਗੱਲ ਉਤੇ ਦੁੱਖ ਪ੍ਰਗਟ ਕਰਦੇ ਕਿਹਾ ਕਿ ਬੜੇ ਦੁੱਖ ਦੀ ਗੱਲ ਹੈ ਕਿ ਲੋਕਾਂ ਦੀਆਂ ਮੁੱਢਲੀਆਂ ਲੋੜਾਂ ਵੀ ਪਿਛਲੀਆਂ ਸਰਕਾਰਾਂ 75 ਸਾਲਾਂ ਵਿੱਚ ਪੂਰੀਆਂ ਨਹੀਂ ਕਰ ਸਕੀਆਂ। ਇਸ ਮੌਕੇ ਸੰਬੋਧਨ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੇ ਚਹੁੰ-ਤਰਫ਼ਾ ਵਿਕਾਸ ਨੂੰ ਆਪਣਾ ਮੁੱਖ ਏਜੰਡਾ ਬਣਾਇਆ ਹੈ ਅਤੇ ਸੂਬੇ ਵਿੱਚ ਸਿਹਤ, ਸਿੱਖਿਆ ਅਤੇ ਖੇਡਾਂ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਸੂਬੇ ਦੀਆਂ ਵਿਰੋਧੀ ਧਿਰਾਂ ਕੋਲ ਬੋਲਣ ਲਈ ਕੋਈ ਮੁੱਦਾ ਨਹੀਂ ਰਿਹਾ।

ਸ. ਧਾਲੀਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਆਪਣੀ ਸਰਕਾਰ ਹੈ ਅਤੇ ਸੂਬੇ ਦੇ ਲੋਕਾਂ ਦੀ ਭਲਾਈ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦਿਨ-ਰਾਤ ਇੱਕ ਕੀਤਾ ਹੋਇਆ ਹੈ ਅਤੇ ਪੰਜਾਬ ਨੂੰ ਸ਼ਹੀਦ ਭਗਤ ਸਿੰਘ ਤੇ ਹੋਰ ਸ਼ਹੀਦਾਂ ਦੇ ਸੁਪਨਿਆਂ ਦਾ ਰੰਗਲਾ ਪੰਜਾਬ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਹੈ। ਇਸ ਮੌਕੇ ਜਸਪਾਲ ਸਿੰਘ ਭੱਟੀ ਪ੍ਰਧਾਨ ਨਗਰ ਪੰਾਇਤ, ਦਵਿੰਦਰ ਸਿੰਘ ਸੋਨੂੰ ਬਲਾਕ ਪ੍ਰਧਾਨ, ਅਮਿਤ ਪੁਰੀ, ਪਵਿੱਤਰ ਸਿੰਘ, ਗੁਰਿੰਦਰ ਸਿੰਘ ਗੁੱਜਰਪੁਰਾ, ਰਸ਼ਪਾਲ ਸਿੰਘ ਕੋਟਲਾ ਕਾਜ਼ੀਆਂ, ਅਮਰਬੀਰ ਸਿੰਘ ਰਿੱਕੂ, ਅਜੈ ਕੁਮਾਰ, ਗੁਰਵਿੰਦਰ ਸਿੰਘ ਗੋਰਾ, ਦੀਪਕ ਭੱਟੀ ਆਦਿ ਹਾਜ਼ਰ ਸਨ।

17-Nov-PAGE- 12 qxd.qxd 11/17/2023 8:59 PM Page 1



# ਦੇਸ਼ 'ਤੇ ਰਾਜ ਕਰਨ ਵਾਲੀਆਂ ਧਿਰਾਂ ਹਮੇਸ਼ਾ ਚਾਹੁੰਦੀਆਂ ਕਿ ਪੱਤਰਕਾਰ ਉਨ੍ਹਾਂ ਦੀ ਬੋਲੀ ਬੋਲਣ : ਜਤਿੰਦਰ ਪੰਨੂੰ



**ਜਲੰਧਰ ( ਸ਼ੈਲੀ ਐਲਬਰਟ)**-ਪੰਜਾਬ ਪ੍ਰੈਸ ਕਲੱਬ ਅਤੇ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਵੱਲੋਂ ਸਾਂਝੇ ਤੌਰ 'ਤੇ ਮਨਾਏ ਗਏ ਕੌਮੀ ਪ੍ਰੈਸ ਦਿਵਸ ਮੌਕੇ ਕੇਂਦਰ ਸਰਕਾਰ ਵੱਲੋਂ ਸ਼ੋਸ਼ਲ ਮੀਡੀਆ 'ਤੇ ਸ਼ਿਕੰਜਾ ਕੱਸਣ ਲਈ ਬਰਾਡਕਾਸਟਿੰਗ ਰੈਗੂਲੇਸ਼ਨ ਕਾਨੂੰਨ ਬਣਾਉਣ ਨੂੰ ਖਤਰਨਾਕ ਦੱਸਿਆ। ਬੁਲਾਰਿਆਂ ਨੇ ਇਸ ਗੱਲ 'ਤੇ ਚਿੰਤਾ ਪ੍ਰਗਟਾਉਂਦਿਆ ਕਿਹਾ ਕਿ ਕਾਰਪੋਰੇਟ ਹਾਊਸਾਂ ਰਾਹੀ ਪਹਿਲਾਂ ਹੀ ਸਥਾਪਿਤ ਮੀਡੀਆ 'ਤੇ ਕਬਜ਼ਾ ਕੀਤਾ ਜਾ ਚੁੱਕਿਆ ਹੈ । ਸ਼ੋਸ਼ਲ ਮੀਡੀਆ ਰਾਹੀ ਜਿਹੜੀ ਮਾੜੀ-ਮੋਟੀ ਅਵਾਜ਼ ਉਠਾਈ ਜਾ ਰਹੀ ਹੈ, ਉਸ ਨੂੰ ਵੀ ਦਬਾਉਣ ਲਈ ਬਰਾਡਕਾਸਟਿੰਗ ਰੈਗੂਲੇਸ਼ਨ ਕਾਨੂੰਨ ਪਾਸ ਹੋ ਜਾਣ ਦੀ ਸੂਰਤ ਵਿੱਚ ਮੀਡੀਆ ਨੂੰ ਇੱਕ ਮਨੋਰੰਜਨ ਦੇ ਸਾਧਨ ਵਜੋਂ ਹੀ ਦੇਖਿਆ ਜਾਵੇਗਾ । ਬੁਲਾਰਿਆਂ ਨੇ ਦੇਸ਼ ਅੰਦਰ ਪੱਤਰਕਾਰਾਂ 'ਤੇ ਹੋ ਰਹੇ ਹਮਲਿਆਂ 'ਤੇ ਡੂੰਘੀ ਚਿੰਤਾ ਪ੍ਰਗਟਾਈ ਗਈ ਤੇ ਪੱਤਰਕਾਰਾਂ ਦੀਆਂ ਮੰਗਾਂ ਮਨਵਾਉਣ ਲਈ ਇੱਕਜੁਟ ਹੋ ਕੇ ਸੰਘਰਸ਼ ਕਰਨ ਦਾ ਸੱਦਾ ਦਿੱਤਾ । ਪੱਤਰਕਾਰਾਂ ਦੀ ਸੁਰੱਖਿਆ ਲਈ ਨਵੇਂ ਸਿਰੇ ਤੋਂ ਮੀਡੀਆ ਕਮਿਸ਼ਨ ਬਣਾਉਣ ਦੀ ਮੰਗ ਵੀ ਜ਼ੋਰਦਾਰ ਢੰਗ ਨਾਲ ਕੀਤੀ ਗਈ । ਆਲ ਇੰਡੀਆ ਜਰਨਲਿਸਟ ਯੂਨੀਅਨ ਦੇ ਸਕੱਤਰ ਜਨਰਲ ਬਲਵਿੰਦਰ ਜੰਮੂ ਨੇ ਕਿਹਾ ਦੇਸ਼ ਵਿੱਚ ਪੱਤਰਕਾਰਤਾ ਬਹੁਤ ਹੀ ਗੰਭੀਰ ਸੰਕਟ ਵਿੱਚੋਂ ਲੰਘ ਰਹੀ ਹੈ । ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਵਰਕਿੰਗ ਜਰਨਲਿਸਟ ਐਕਟ ਪਹਿਲਾਂ ਹੀ ਖਤਮ ਕਰਕੇ ਪੱਤਰਕਾਰਾਂ ਦੇ ਅਧਿਕਾਰਾਂ ਨੂੰ ਖੋਹ ਲਿਆ ਗਿਆ ਹੈ । ਸੀਨੀਅਰ ਪੱਤਰਕਾਰ ਜਤਿੰਦਰ ਪੰਨੂੰ ਨੇ ਕਿਹਾ ਕਿ ਦੇਸ਼ ਦੀ ਅਜ਼ਾਦੀ ਵਿੱਚ ਪੱਤਰਕਾਰਤਾ ਦਾ ਵੱਡਾ ਯੋਗਦਾਨ ਰਿਹਾ ਸੀ । ਦੇਸ਼ 'ਤੇ ਰਾਜ ਕਰਨ ਵਾਲੀਆਂ ਧਿਰਾਂ ਹਮੇਸ਼ਾਂ ਇਹ ਚਾਹੁੰਦੀਆਂ ਹੁੰਦੀਆਂ ਹਨ ਕਿ ਪੱਤਰਕਾਰ ਉਨ੍ਹਾਂ ਦੀ ਬੋਲੀ ਬੋਲਣ। ਸੱਤਾ ਦੇ ਕਬਜ਼ੇ ਹੇਠਲਾ ਮੀਡੀਆ ਝੂਠ ਨੂੰ ਸੱਚ ਅਤੇ ਸੱਚ ਨੂੰ ਝੂਠ ਬਣਾਉਣ ਵਿੱਚ ਲੱਗਾ ਰਹਿੰਦਾ ਹੈ। ਲੋਕਾਂ ਨੂੰ ਸਮਰੱਥ ਬਣਾਉਣ ਦੀ ਥਾਂ ਉਨ੍ਹਾਂ ਨੂੰ ਭਿਖਾਰੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਨਵੀਂ ਪੀੜ੍ਹੀ ਦੇ ਪੱਤਰਕਾਰਾਂ ਨੂੰ ਸਲਾਹ ਦਿੱਤੀ ਕਿ ਉਹ ਪੰਜਾਬ ਦੇ ਇਤਿਹਾਸ ਤੇ ਸਭਿਆਚਾਰ ਨੂੰ ਜ਼ਰੂਰ ਪੜ੍ਹਨ । ਪੰਜਾਬ ਪ੍ਰੈਸ ਕਲੱਬ ਜਲੰਧਰ ਦੇ ਪ੍ਰਧਾਨ ਸਤਨਾਮ ਮਾਣਕ ਨੇ ਕਿਹਾ ਕਿ ਅਜ਼ਾਦੀ ਤੋਂ ਪਹਿਲਾਂ ਪੱਤਰਕਾਰਾਂ ਨੇ ਪੂਰੀ ਦਲੇਰੀ ਨਾਲ ਕੰਮ ਕੀਤਾ ਸੀ। ਦੇਸ਼ ਦੀ ਵੰਡ ਤੋਂ ਬਾਅਦ ਵੀ ਪੱਤਰਕਾਰ ਅਜ਼ਾਦਾਨਾ ਤੌਰ 'ਤੇ ਕੰਮ ਕਰਦਾ ਰਿਹਾ ਸੀ। ਦੇਸ਼ ਵਿੱਚ ਜਦੋਂ ਐਮਰਜੰਸੀ ਲੱਗੀ ਸੀ ਉਦੋਂ ਮੀਡੀਆ 'ਤੇ ਸਭ ਤੋਂ ਵੱਡਾ ਹਮਲਾ ਹੋਇਆ ਸੀ। ਬਾਅਦ ਵਿੱਚ ਕੇਂਦਰ ਦੀ ਹਰ ਹਕੂਮਤ ਨੇ ਮੀਡੀਆ ਨੂੰ ਮਨਮਾਨੇ ਢੰਗ ਨਾਲ ਚਲਾਉਣ ਦੀਆਂ ਜਾਬਰ ਨੀਤੀਆਂ ਹੀ ਅਪਨਾਈਆਂ। ਹੌਲੀ-ਹੌਲੀ ਮੀਡੀਆ 'ਤੇ ਕਾਰਪੋਰੇਟ ਖੇਤਰ ਨੇ ਕਬਜ਼ਾ ਕਰ ਲਿਆ। ਹੁਣ ਮੀਡੀਆ ਦੀ ਅਜ਼ਾਦੀ ਖਤਰੇ ਵਿੱਚ ਪੈ ਗਈ ਹੈ। ਦੋਆਬਾ ਕਾਲਜ ਦੇ ਪੱਤਰਕਾਰੀ ਵਿਭਾਗ ਦੀ ਮੁਖੀ ਪ੍ਰੋ: ਸਿਮਰਨ ਸਿੱਧੂ ਨੇ ਕਿਹਾ ਕਿ ਖ਼ਬਰ ਕਦੇਂ ਵੀ ਮਰਿਆ ਨਹੀਂ ਕਰਦੀ, ਉਨ੍ਹਾ ਕਿਹਾ ਕਿ ਜਦੋਂ ਤੱਕ ਸੱਚ ਦੀ ਕਵਰੇਜ ਕਰਨ ਵਾਲੇ ਪੱਤਰਕਾਰ ਕਾਇਮ ਹਨ ਤਾਂ ਖ਼ਬਰ ਕਦੇ ਨਹੀਂ ਮਰ ਸਕਦੀ। ਲੇਖਕ ਤੇ ਸੀਨੀਅਰ ਪੱਤਰਕਾਰ ਸਤਨਾਮ ਚਾਨਾ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਉਨ੍ਹਾਂ ਦੇ ਹੋਰ ਗ਼ਦਰੀ ਸਾਥੀਆਂ ਨੂੰ ਸ਼ਰਧਾਂਜਲੀ ਭੇਂਟ ਕਰਦਿਆਂ ਕਿਹਾ ਕਿ ਸਰਾਭਾ ਪੰਜਾਬੀ ਪੱਤਰਕਾਰੀ ਦਾ ਪਹਿਲਾ ਸ਼ਹੀਦ ਪੱਤਰਕਾਰ ਸੀ। ਇਸੇ ਤਰ੍ਹਾਂ ਸ਼ਹੀਦ ਭਗਤ ਸਿੰਘ ਆਪਣੇ ਦੌਰ ਵਿੱਚ ਚੋਟੀ ਦੇ ਪੱਤਰਕਾਰ ਸਨ । ਉਨ੍ਹਾਂ ਕਿਹਾ ਕਿ ਕਾਰਪੋਰੇਟ ਮੀਡੀਆ ਝੂਠ ਦਾ ਸਹਾਰਾ ਲੈਕੇ ਗਲਤ ਗੱਲਾਂ ਦਾ ਪ੍ਰਚਾਰ ਕਰਦਾ ਹੈ ਜਦਕਿ ਸ਼ੋਸ਼ਲ ਮੀਡੀਆ 'ਤੇ ਬਹੁਤ ਸਾਰੀਆਂ ਗੱਲਾਂ ਦਾ ਸੱਚ ਸਾਹਮਣੇ ਆ ਰਿਹਾ ਹੈ। ਪਹਿਲਾਂ ਪੱਤਰਕਾਰਾਂ ਬਾਰੇ ਪੀਲੀ ਪੱਤਰਕਾਰੀ ਵਰਗਾ ਸ਼ਬਦ ਕਦੇਂ ਕਦਾਈ ਬੋਲਿਆ-ਸੁਣਿਆ ਜਾਂਦਾ ਸੀ ਪਰ ਹੁਣ ਸਾਰੇ ਪੱਤਰਕਾਰਾਂ ਨੂੰ ਇਸੇ ਨਜ਼ਰੀਏ ਨਾਲ ਦੇਖਿਆ ਜਾਣ ਲੱਗਾ ਹੈ। ਸਾਬਕਾ ਸੰਪਾਦਕ ਅਤੇ ਸੀਨੀਅਰ ਪੱਤਰਕਾਰ ਰਾਕੇਸ਼ ਸ਼ਾਂਤੀਦੂਤ ਨੇ ਕਿਹਾ ਕਿ ਜਿਹੜੇ ਲੋਕ ਆਪਣੇ ਪ੍ਰਤੀਨਿਧੀਆਂ ਨੂੰ ਚੁਣ ਕੇ ਭੇਜਦੇ ਹਨ ਤੇ ਫਿਰ ਉਹੀ ਲੋਕਾਂ 'ਤੇ ਜ਼ੁਲਮ ਕਰਨ ਲੱਗ ਪੈਂਦੇ ਹਨ । ਇਸ ਵਿਵਸਥਾ ਨੂੰ ਠੀਕ ਕਰਨ ਲਈ ਉਠਣਾ ਪਵੇਗਾ । ਉਨ੍ਹਾਂ ਕਿਹਾ ਕਿ ਕੇਬਲ ਰੈਗੂਲੇਸ਼ਨ ਐਕਟ 1995 ਵਿੱਚ ਸੋਧ ਕਰਕੇ ਉਸ ਦੀ ਥਾਂ 'ਤੇ ਬਰਾਡਕਾਸਟਿੰਗ ਰੈਗੂਲੇਸ਼ਨ ਕਾਨੂੰਨ ਲਿਆਂਦਾ ਜਾ ਰਿਹਾ ਹੈ।ਇਸ ਨਾਲ ਪੱਤਰਕਾਰਾਂ ਦੇ ਰਹਿੰਦੇ ਹੱਕ ਵੀ ਖਤਮ ਹੋ ਜਾਣਗੇ । ਟਾਈਮਜ਼ ਆਫ ਇੰਡੀਆ ਦੇ ਸੀਨੀਅਰ ਪੱਤਰਕਾਰ ਆਈ.ਪੀ.ਸਿੰਘ ਨੇ ਸੂਬੇ ਦੇ ਪੱਤਰਕਾਰਾਂ ਲਈ ਮੀਡੀਆ ਦੇ ਪੇਸ਼ ਆ ਰਹੀਆਂ ਮੁਸ਼ਕਲਾਂ ਵੱਲ ਧਿਆਨ ਦੇਣ ਲਈ ਪ੍ਰੇਰਿਤ ਕੀਤਾ । ਇਸ ਮੌਕੇ ਪੰਜਾਬ ਪ੍ਰੈਸ ਕਲੱਬ ਦੇ ਸੀਨੀਅਰ ਮੀਤ-ਪ੍ਰਧਾਨ ਰਾਜੇਸ਼ ਥਾਪਾ ਨੇ ਦੇਸ਼ ਅੰਦਰ ਪੱਤਰਕਾਰਾਂ 'ਤੇ ਹੋ ਰਹੇ ਹਮਲਿਆਂ 'ਤੇ ਡੂੰਘੀ ਚਿੰਤਾ ਜਤਾਉਂਦੇ ਕਿਹਾ ਕਿ ਜਦੋਂ ਦੀ ਕੇਂਦਰ ਵਿਚ ਭਾਜਪਾ ਸਰਕਾਰ ਆਈ ਹੈ, ਉਦੋਂ ਤੋਂ ਦੇਸ਼ ਵਿਚ ਅਸੁਰੱਖਿਆ ਦਾ ਮਾਹੌਲ ਬਣਿਆ ਹੋਇਆ ਹੈ। ਹਿੰਸਕ ਘਟਨਾਵਾਂ ਲਗਾਤਾਰ ਵਧ ਰਹੀਆਂ ਹਨ। ਪੱਤਰਕਾਰਾਂ ਦੀ ਆਵਾਜ਼ ਨੂੰ ਦਬਾਇਆ ਜਾ ਰਿਹਾ ਹੈ। ਆਪਣੇ ਸੰਬੋਧਨ ਦੌਰਾਨ ਡਾ.ਲਖਵਿੰਦਰ ਸਿੰਘ ਜੌਹਲ ਜਨਰਲ ਸਕੱਤਰ ਪੰਜਾਬ ਕਲਾ ਪ੍ਰੀਸ਼ਦ ਅਤੇ ਸਾਬਕਾ ਪ੍ਰਧਾਨ ਪੰਜਾਬ ਪ੍ਰੈਸ ਕਲੱਬ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਮੀਡੀਆ ਨੂੰ ਆਪਣੇ ਪੇਸ਼ ਆ ਰਹੀਆਂ ਮੁਸ਼ਕਲਾਂ ਵਾਸਤੇ ਇੱਕ ਜੁੱਟ ਹੋਣਾ ਪਵੇਗਾ।। ਪਰਵਾਸੀ ਪੰਜਾਬੀ ਲੇਖਕ ਸੁਰਿੰਦਰ ਸਿੰਘ ਸੁਨੰੜ, ਦੂਰਦਰਸ਼ਨ ਦੇ ਸਾਬਕਾ ਨਿਊਜ਼ ਰੀਡਰ ਰਮਨ ਕੁਮਾਰ, ਕਲੱਬ ਦੇ ਸਕੱਤਰ ਮੇਹਰ ਮਲਿਕ ਨੇ ਵੀ ਸੰਬੋਧਨ ਕੀਤਾ । ਕਲੱਬ ਦੇ ਕੈਸ਼ੀਅਰ ਸ਼ਿਵ ਸ਼ਰਮਾ, ਐਮ.ਐਸ. ਲੋਹੀਆ, ਹਰਵਿੰਦਰ ਸਿੰਘ ਫੁੱਲ, ਜਨਰਲ ਮੈਨੇਜਰ ਜਤਿੰਦਰ ਪਾਲ ਸਿੰਘ, ਧਰਮਿੰਦਰ ਸੋਂਧੀ, ਅਮਰਜੀਤ ਸਿੰਘ ਨਿੱਜਰ, ਜਸਬੀਰ ਸਿੰਘ ਸੋਢੀ, ਦਵਿੰਦਰ, ਹਰਜਿੰਦਰ ਸਿੰਘ ਅਟਵਾਲ, ਸੁਰਜੀਤ ਸਿੰਘ ਜੰਡਿਆਲਾ, ਇੰਦਰਜੀਤ ਆਰਟਿਸਟ, ਰਮੇਸ਼ ਗਾਬਾ, ਰਮੇਸ਼ ਭਗਤ ਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਵੀ ਮੌਜੂਦ ਸਨ।

## ਸਾਬਕਾ ਸੈਨਿਕਾਂ ਦੇ ਵੈਲਫੇਅਰ ਸੰਬੰਧੀ ਵਿਚਾਰ-ਚਰਚਾ



**ਸ਼ਾਹਕੋਟ (ਗਿਆਨ ਸੈਦਪੁਰੀ)** ਤਹਿਸੀਲ ਸ਼ਾਹਕੋਟ ਦੇ ਜੀ ਓ ਜੀਜ ਦੀ ਮੀਟਿੰਗ ਹੋਈ। ਮੀਟਿੰਗ ਸਬੰਧੀ ਜਾਣਕਾਰੀ ਦਿੰਦਿਆਂ ਕਰਨਲ ਸੁਰਜੀਤ ਸਿੰਘ ਟੁਰਨਾ ਨੇ ਦੱਸਿਆ ਕਿ ਮੀਟਿੰਗ ਵਿੱਚ ਸਾਬਕਾ ਸੈਨਿਕਾਂ ਦੇ ਵੈਲਫੇਅਰ ਸੰਬੰਧੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੀਆਂ ਵਿਧਵਾਵਾਂ ਨੂੰ ਆ ਰਹੀਆਂ ਮੁਸ਼ਕਲਾਂ ਸਬੰਧੀ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਵੱਧ ਤੋਂ ਵੱਧ ਮੈਂਬਰ ਐਕਸ ਸਰਵਿਸਮੈਨ ਲੀਗ ਨਾਲ ਜੋੜੇ ਜਾਣ ਤਾਂ ਕਿ ਕਿਸੇ ਵੀ ਸਾਬਕਾ ਸੈਨਿਕ ਨੂੰ ਕਿਸੇ ਕਿਸਮ ਦੀ ਤਕਲੀਫ ਹੋਵੇ ਤਾਂ ਉਸ ਦੀ ਮਦਦ ਕੀਤੀ ਜਾ ਸਕੇ। ਉਨ੍ਹਾਂ ਦੱਸਿਆ ਕਿ ਇਸ ਲੀਗ ਨਾਲ ਜੁੜਨ ਲਈ ਉਨ੍ਹਾਂ (ਸੁਰਜੀਤ ਸਿੰਘ) ਨਾਲ ਸੰਪਰਕ ਕਰਕੇ ਫਾਰਮ ਲਏ ਜਾਣ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਾਇਬ ਸੂਬੇਦਾਰ ਸਵਰਨ ਸਿੰਘ, ਪੇਟੀ ਆਫੀਸਰ ਸੁਰਜੀਤ ਸਿੰਘ, ਨਾਇਬ ਸੂਬੇਦਾਰ ਸੁਰਿੰਦਰ ਪਾਲ, ਸੂਬੇਦਾਰ ਲਖਵਿੰਦਰ ਸਿੰਘ, ਨਾਇਕ ਸੁੱਚਾ ਸਿੰਘ, ਨਾਇਕ ਕੁਲਜੀਤ ਸਿੰਘ, ਹਵਾਲਦਾਰ ਗੁਰਮੀਤ ਸਿੰਘ, ਹਵਾਲਦਾਰ ਹਰਪ੍ਰੀਤ ਸਿੰਘ, ਹਵਾਲਦਾਰ ਨਾਜਰ ਸਿੰਘ, ਹਵਾਲਦਾਰ ਸੋਹਣ ਲਾਲ, ਸੂਬੇਦਾਰ ਨਵਿੰਦਰ ਸਿੰਘ, ਹਵਾਲਦਾਰ ਸੁਲੱਖਣ ਸਿੰਘ ਆਦਿ ਹਾਜਰ ਸਨ।

## ਭਗਵਾਨ ਸ੍ਰੀ ਵਿਸ਼ਵਕਰਮਾ ਦਾ ਪ੍ਰਕਾਸ਼ ਉਤਸਵ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



**ਅਲਾਵਲਪੁਰ, ( ਮਦਨ ਬੰਗੜ)**- ਸ਼ਿਲਪ ਕਲਾ ਦੇ ਮਹਾਨ ਵਿਧਾਤਾ ਭਗਵਾਨ ਸ੍ਰੀ ਵਿਸ਼ਵਕਰਮਾ ਜੀ ਦੇ ਦੇ ਪ੍ਰਕਾਸ਼ ਉਤਸਵ ਸਬੰਧੀ ਸਮਾਗਮ ਪਿੰਡ ਦੂਹੜੇ ਨੇੜੇ ਧੀਰੋਵਾਲ ਸੜਕ 'ਤੇ ਸਥਿਤ ਭਗਵਾਨ ਵਿਸ਼ਵਕਰਮਾ ਭਵਨ ਅਸਥਾਨ ਬਾਬਾ ਲਾਲੋ ਜੀ ਵਿਖੇ ਬਹੁਤ ਹੀ ਸ਼ਰਧਾ ਅਤੇ ਉਤਸ਼ਾਹ ਨਾਲ ਆਯੋਜਿਤ ਕਰਵਾਇਆ ਗਿਆ। ਅਸਥਾਨ ਦੇ ਸੰਚਾਲਕ ਠੇਕੇਦਾਰ ਕਰਨੈਲ ਸਿੰਘ ਰਾਣਾ ਦੂਹੜੇ ਦੀ ਸਰਪਸਤੀ ਹੇਠ ਕਰਵਾਏ ਗਏ ਇਸ ਸਮਾਗਮ ਵਿੱਚ ਸ੍ਰੀ ਸੁਖਮਣੀ ਸਾਹਿਬ ਦੇ ਪਾਠਾਂ ਦੇ ਭੋਗ ਪਾਏ ਗਏ, ਉਪਰੰਤ ਰਾਗੀ ਜਥਾ ਜਰਨੈਲ ਸਿੰਘ ਖਾਲਸਾ ਅਤੇ ਸਰਵਣ ਸਿੰਘ ਵਲੋਂ ਆਪਣੇ ਰਸਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਰਨੈਲ ਸਿੰਘ ਰਾਣਾ ਦੂਹੜੇ ਨੇ ਆਖਿਆ ਕਿ ਭਗਵਾਨ ਸ੍ਰੀ ਵਿਸ਼ਵਕਰਮਾ ਜੀ ਨੇ ਆਪਣੀ ਸ਼ਿਲਪ ਕਲਾ ਤੇ ਅਧਿਆਤਮਕਤਾ ਦੇ ਗੂੜ ਗਿਆਨ ਦੁਆਰਾ ਸਮੁੱਚੀ ਮਾਨਵਤਾ ਲਈ ਕਲਿਆਨਕਾਰੀ ਕਾਰਜ ਕੀਤੇ। ਸਮਾਗਮ ਸਮੇਂ ਏ.ਕੇ. ਪਾਂਡੇ ਜੋਨਲ ਮੈਨੇਜਰ, ਕੁਲਵੰਤ ਸਿੰਘ, ਸਰਪੰਚ ਸੋਹਣ ਸਿੰਘ ਧੀਰੋਵਾਲ, ਮਨੋਹਰ ਸਿੰਘ ਚੱਡਾ, ਕਰਮਜੀਤ ਸਿੰਘ, ਪਾਲਾ, ਨੰਬਰਦਾਰ ਗੁਰਪ੍ਰੀਤ ਸਿੰਘ ਚੱਡਾ, ਗੁਰਦੀਪ ਸਿੰਘ ,ਰਣਜੀਤ ਸਿੰਘ ਆਦਿ ਨੂੰ ਅਣਥੱਕ ਸੇਵਾਵਾਂ ਲਈ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਗੁਰਵਿੰਦਰ ਬੰਟੀ, ਨਰਿੰਦਰ ਪਾਲ ਸਿੰਘ ਫੁੱਲ, ਕੁਲਵੰਤ ਸਿੰਘ ਪ੍ਰਧਾਨ ਟਰੱਕ ਯੂਨੀਅਨ ਆਦਿ ਹਾਜਰ ਸਨ। ਸਮਾਗਮ ਸਮੇਂ ਚਾਹ ਪਕੌੜੇ ਤੇ ਗੁਰੂ ਦੇ ਅਤੁੱਟ ਲੰਗਰ ਸੰਗਤਾਂ ਨੂੰ ਵਰਤਾਏ ਗਏ।

## ਸ਼ਰ ਮਾਰਸ਼ਲ ਸਕੂਲ ਵੈਂਸ ਅਵਾਨ ਨੇ 50 ਮੈਡਲ ਹਾਸਲ ਕਰਕੇ ਓਵਰਆਲ ਟਰਾਫੀ 'ਤੇ ਕੀਤਾ ਕਬਜ਼ਾ





**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)**- ਸਰ ਮਾਰਸ਼ਲ ਸਕੂਲ ਵੈਂਸ ਅਵਾਨ ਵਿਖੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਯਾਦ ਵਿੱਚ ਕਰਵਾਈ ਗਈ ਇੱਕ ਦਿਨਾ ਦੇ ਨਾਲ ਸਪੋਰਟਸ ਮੀਟ ਸਫਲਤਾ ਪੂਰਵਕ ਸੰਪਨ ਹੋ ਗਈ। ਸਰ ਮਾਰਸ਼ਲ ਸਿੱਖਿਆ ਸੰਸਥਾਵਾਂ ਦੇ ਪ੍ਰਧਾਨ ਰਜਿੰਦਰ ਸਿੰਘ ਮਾਰਸ਼ਲ ਦੀ ਪ੍ਰਧਾਨਗੀ ਹੇਠ, ਪ੍ਰਿੰਸੀਪਲ ਕਮਲਪ੍ਰੀਤ ਸਿੰਘ ਦੀ ਅਗਵਾਈ ਤੇ ਸਪੋਰਟਸ ਇੰਚਾਰਜ ਗੁਰਮੇਲ ਸਿੰਘ ਦੀ ਦੇਖ-ਰੇਖ ਹੇਠ ਕਰਵਾਏ ਗਏ ਇਹਨਾਂ ਖੇਡ ਮੁਕਾਬਲਿਆਂ ਵਿੱਚ ਸਰ ਮਾਰਸ਼ਲ ਸਕੂਲ ਬੈਂਸ ਅਵਾਨ, ਸਰ ਮਾਰਸਸ਼ ਕਾਨਵੈਂਟ ਸਕੂਲ ਨੈਣੋਵਾਲ ਵੈਦ ਅਤੇ ਸਰ ਮਾਰਸ਼ਲ ਸਕੂਲ ਭਲਿਆਲਾ ਦੇ ਖਿਡਾਰੀਆਂ ਨੇ ਭਾਗ ਲੈਂਦੇ ਹੋਏ ਆਪਣੀ ਖੇਡ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਕਰਵਾਏ ਗਏ ਖੋ-ਖੋ ,ਬਾਲੀਵਾਲ, ਰੱਸਾਕਸੀ ਅਤੇ ਟੈਨਿਸ ਮੁਕਾਬਲਿਆ ਵਿੱਚ ਮੇਜਬਾਨ ਸਰ ਮਾਰਸ਼ਲ ਸਕੂਲ ਵੈਸ ਅਵਾਨ ਨੇ 26 ਗੋਲਡ ਮੈਡਲ, 13 ਸਿਲਵਰ ਅਤੇ 11 ਬਰਾਊਜ ਮੈਡਲ ਹਾਸਲ ਕਰਕੇ ਓਵਰਆਲ ਟਰਾਫੀ 'ਤੇ ਕਬਜਾ ਕੀਤਾ । ਜਦ ਕਿ ਸਰ ਮਾਰਸ਼ਲ ਸਕੂਲ ਭਲਿਆਲਾ ਨੇ ਦੂਸਰਾ ਅਤੇ ਸਰ ਮਾਰਸ਼ਲ ਸਕੂਲ ਨੈਣੋਵਾਲ ਵੈਦ ਨੇ ਤੀਸਰਾ ਸਥਾਨ ਹਾਸਲ ਕੀਤਾ । ਇਸ ਮੌਕੇ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਕਰਦੇ ਹੋਏ ਸਰ ਮਾਰਸ਼ਲ ਐਜੂਕੇਸਨ ਸੁਸਾਇਟੀ ਦੇ ਪ੍ਰਧਾਨ ਰਜਿੰਦਰ ਸਿੰਘ ਮਾਰਸ਼ਲ ਨੇ ਕਿਹਾ ਕਿ ਖੇਡਾਂ ਸਾਡੇ ਜੀਵਨ ਦਾ ਇੱਕ ਅਨਿਖੜਵਾ ਅੰਗ ਹਨ ਅਤੇ ਖੇਡਾਂ ਵਿੱਚ ਭਾਗ ਲੈ ਕੇ ਅਸੀਂ ਜਿੱਥੇ ਆਪਣੇ ਸਰੀਰ ਨੂੰ ਤੰਦਰੁਸਤ ਰੱਖ ਸਕਦੇ ਹਾਂ ਉੱਥੇ ਹੀ ਆਪਣੀ ਜ਼ਿੰਦਗੀ ਵਿੱਚ ਉੱਚੇ ਮੁਕਾਮ ਵੀ ਹਾਸਲ ਕਰ ਸਕਦੇ ਹਾਂ। ਉਹਨਾਂ ਇਸ ਮੌਕੇ ਸਪੋਰਟਸ ਮੀਟ ਵਿੱਚ ਜੇਤੂ ਰਹੇ ਖਿਡਾਰੀਆਂ ਮੁਬਾਰਕਾਂ ਦੇਣ ਤੋਂ ਇਲਾਵਾ ਭਾਗ ਲੈਣ ਵਾਲੇ ਹੋਰਨਾਂ ਖਿਡਾਰੀਆਂ ਨੂੰ ਭਵਿੱਖ ਵਾਸਤੇ ਸ਼ੁੱਭਕਾਮਨਾਵਾਂ ਦਿੱਤੀਆ ।

ਇਸ ਮੌਕੇ ਕੁਲਵੰਤ ਸਿੰਘ ਮਾਰਸ਼ਲ, ਬਲਵਿੰਦਰ ਕੌਰ ਮਾਰਸ਼ਲ, ਕੁਲਵਿੰਦਰ ਕੌਰ ਮਾਰਸ਼ਲ, ਪ੍ਰਿੰਸੀਪਲ ਕਮਲਪ੍ਰੀਤ ਸਿੰਘ,ਪ੍ਰਿੰਸੀਪਲ ਪਰਮਿੰਦਰ ਸਿੰਘ, ਨੈਣੋਵਾਲ ਵੈਦ, ਪ੍ਰਿੰਸੀਪਲ ਰਮਨਦੀਪ ਸਿੰਘ ਸਰ ਮਾਰਸ਼ਲ ਸਕੂਲ ਭਲਿਆਲਾ, ਵਾਇਸ ਪ੍ਰਿੰਸੀਪਲ ਮੈਡਮ ਕੋਨੀਕਾ, ਵਾਈਸ ਪ੍ਰਿੰਸੀਪਲ ਸਰਬਜੀਤ ਕੌਰ, ਵਾਈਸ ਪ੍ਰਿੰਸੀਪਲ ਨਿਤਿਸ਼ ਡਡਵਾਲ, ਮੈਡਮ ਗਗਨਪ੍ਰੀਤ ਕੌਰ, ਸੁਖਲਿੰਦਰ ਪਾਲ ਸਿੰਘ,ਪ੍ਰਿੰਸੀ, ਮਨਦੀਪ ,ਟੀਨਾ, ਅਮਨਪ੍ਰੀਤ ਕੌਰ ਬਲਦੇਵ ਸਿੰਘ, ਮੈਡਮ ਪ੍ਰਿਅੰਕਾ ਗਗਨਦੀਪ ਕੌਰ, ਪ੍ਰਭਜੋਤ ਕੌਰ, ਜੈਸਮੀਨ ਕੌਰ, ਹਰਪ੍ਰੀਤ ਕੌਰ, ਨਵਨੀਤ ਕੌਰ ,ਮੈਡਮ ਭਾਵਨਾ, ਜਸਵਿੰਦਰ ਸਿੰਘ ਸੁਮਨਪ੍ਰੀਤ, ਸੰਦੀਪ ਅਤੇ ਅਮਨਪ੍ਰੀਤ ਵੀ ਮੌਜੂਦ ਸਨ।

## ਬਲੱਡ ਬੈਂਕ ਨੇ 55 ਲੋੜਵੰਦ ਔਰਤਾਂ ਨੂੰ ਰਾਸ਼ਨ ਵੰਡਿਆ



**ਫਗਵਾੜਾ ( ਡਾ.ਰਮਨ, ਢੱਡਾ )** ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ 179ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਬਲੱਡ ਬੈਂਕ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖ-ਰੇਖ ਹੇਠ ਕਰਵਾਇਆ ਗਿਆ। ਇਸ ਦੌਰਾਨ 55 ਲੋੜਵੰਦ ਔਰਤਾਂ ਨੂੰ ਇੱਕ ਮਹੀਨੇ ਦਾ ਰਾਸ਼ਨ ਵੰਡਦਿਆਂ ਰਘਬੋਤਰਾ ਨੇ ਕਿਹਾ ਕਿ ਦਾਨੀ ਸੱਜਣਾਂ ਦੇ ਭਰਪੂਰ ਸਹਿਯੋਗ ਨਾਲ ਇਹ ਉਪਰਾਲਾ ਪਿਛਲੇ ਪੰਦਰਾਂ ਸਾਲਾਂ ਤੋਂ ਨਿਰੰਤਰ ਜਾਰੀ ਹੈ ਅਤੇ ਭਵਿੱਖ ਵਿੱਚ ਵੀ ਯਤਨ ਜਾਰੀ ਰਹਿਣਗੇ। ਉਨ੍ਹਾਂ ਸਾਰਿਆਂ ਦੇ ਸਹਿਯੋਗ ਲਈ ਧੰਨਵਾਦ ਕਰਦਿਆਂ ਦੱਸਿਆ ਕਿ ਮਹੀਨਾਵਾਰ ਰਾਸ਼ਨ ਵੰਡ ਸਮਾਗਮ ਦੀ ਸਫ਼ਲਤਾ ਲਈ ਸਮਾਜ ਸੇਵਕ ਰਮੇਸ਼ ਗਾਬਾ, ਰਮੇਸ਼ ਦੁੱਗਲ, ਮਨੀਸ਼ ਬੱਤਰਾ, ਤਾਰਾ ਚੰਦ ਚੁੰਬਰ, ਅਵਤਾਰ ਸਿੰਘ ਕੋਛੜ, ਰਜਿੰਦਰ ਸਿੰਘ ਕੋਛੜ (ਖੰਡ ਵਾਲੇ), ਵਿਸ਼ਵਾਮਿੱਤਰ ਸ਼ਰਮਾ, ਰਾਜੀਵ ਕੁਮਰਾ, ਐਨ.ਆਰ.ਆਈ. ਸਤਪਾਲ ਵਰਮਾ, ਹਰਸ਼ ਵੀਰਜੀ ਛਾਬੜਾ, ਸੋਨੀ ਦੁੱਗਲ ਆਦਿ ਦਾ ਸਹਿਯੋਗ ਲਗਾਤਾਰ ਪ੍ਰਾਪਤ ਹੋ ਰਿਹਾ ਹੈ।

ਇਸ ਮੌਕੇ ਕ੍ਰਿਸ਼ਨ ਕੁਮਾਰ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਗੁਲਾਬ ਸਿੰਘ ਠਾਕੁਰ, ਗੁਲਸ਼ਨ ਕਪੂਰ ਆਦਿ ਹਾਜ਼ਰ ਸਨ।

## ਮੌਜੋਮਜਾਰਾ ਠੱਕਰਵਾਲ ਵਿਖੇ ਸੰਤ ਸਮਾਗਮ ਤੇ ਕੀਰਤਨ ਦਰਬਾਰ ਕਰਵਾਏ





**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਮੌਜੋਮਜਾਰਾ ਠੱਕਰਵਾਲ ਵਿਖੇ ਗੁਰਦੁਆਰਾ ਤਪ ਅਸਥਾਨ ਬ੍ਰਹਮ ਗਿਆਨੀ 108 ਸੰਤ ਬਾਬਾ ਦੂਲਾ ਸਿੰਘ ਜੀ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀਆਂ, ਪ੍ਰਵਾਸੀ ਭਾਰਤੀਆ ਅਤੇ ਇਲਾਕੇ ਦੇ ਸਹਿਯੋਗ ਨਾਲ ਡੇਰੇ ਵੱਲੋਂ ਬ੍ਰਹਮ ਗਿਆਨੀ 108 ਸੰਤ ਬਾਬਾ ਦੂਲਾ ਸਿੰਘ ਜੀ ਦੇ 185ਵੇਂ ਪ੍ਰਕਾਸ਼ ਦਿਹਾੜੇ ਮੌਕੇ ਮਹਾਨ ਸੰਤ ਸਮਾਗਮ ਅਤੇ ਕੀਰਤਨ ਦਰਬਾਰ ਸ਼ਰਧਾ ਭਾਵਨਾ ਨਾਲ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਹਰਕ੍ਰਿਸ਼ਨ ਸਿੰਘ ਸੋਢੀ ਠੱਕਰਵਾਲ ਪ੍ਰਧਾਨ ਨਿਰਮਲਾ ਸੰਤ ਮੰਡਲ ਪੰਜਾਬ ਦੀ ਅਗਵਾਈ ਹੇਠ ਕਰਵਾਏ ਗਏ। ਇਸ ਮੌਕੇ ਬਾਬਾ ਸਰਬਜੀਤ ਸਿੰਘ ਸਾਬੀ, ਬਾਬਾ ਗੁਰਪ੍ਰੀਤ ਸਿੰਘ ਗੋਪੀ ਨੇ ਦੱਸਿਆ ਕਿ ਸਮਾਗਮ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਮਹਾਨ ਸੰਤ ਸਮਾਗਮ ਅਤੇ ਕੀਰਤਨ ਦਰਬਾਰ ਕਰਵਾਏ ਗਏ। ਉਨ੍ਹਾਂ ਦੱਸਿਆ ਕਿ ਇਲਾਕੇ ਭਰ ਤੋਂ ਸਮਾਗਮ ਵਿੱਚ ਵੱਡੀ ਗਿਣਤੀ ਵਿਚ ਸਾਧੂ, ਸੰਤ ਮਹਾਂਪੁਰਸ਼ ਅਤੇ ਰਾਗੀ, ਢਾਡੀ, ਕਵੀਸਰੀ ਜਥੇ ਪ੍ਰਚਾਰਕ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਮਹਾਨ ਸੰਤ ਸਮਾਗਮ ਅਤੇ ਕੀਰਤਨ ਦਰਬਾਰ ਸੰਤ ਬਾਬਾ ਜੋਗਾ ਸਿੰਘ ਰਾਮੂ ਥਿਆੜਾ, ਭਾਈ ਇੰਦਰਜੀਤ ਸਿੰਘ ਦਿੱਲੀ, ਭਾਈ ਕੁਲਤਾਰ ਸਿੰਘ ਜਲੰਧਰ, ਭਾਈ ਮੇਜਰ ਸਿੰਘ ਹੀਰਾ ਇੰਟਰਨੈਸ਼ਨਲ ਢਾਡੀ ਜੱਥਾ, ਕਵੀਸ਼ਰੀ ਜੱਥਾ ਸਹੋਕੇ ਵਾਲੇ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਬੀਬੀ ਬਲਵੀਰ ਕੌਰ, ਬਾਬਾ ਗੁਰਪ੍ਰੀਤ ਸਿੰਘ ਗੋਪੀ, ਬਾਬਾ ਸਰਬਜੀਤ ਸਿੰਘ ਸਾਬੀ, ਦਰਸ਼ਨ ਸਿੰਘ ਰਾਜਾ, ਪ੍ਰਿੰਸੀਪਲ ਮੰਗਲ ਸਿੰਘ, ਰਣਵੀਰ ਸਿੰਘ ਰਾਣਾ, ਸੂਬੇਦਾਰ ਇੱਕਬਾਲ ਸਿੰਘ, ਹਰਭਜਨ ਸਿੰਘ ਫੌਜੀ, ਸਾਹਿਲ ਕੁਮਾਰ, ਸੁਦਰਸ਼ਨ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਸਮਾਗਮ ਦੌਰਾਨ ਚਾਹ ਪਕੌੜੇ ਅਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ।

## ਯੋਗਾ ਮੁਕਾਬਲੇ 'ਚ ਲੜਕੀਆਂ ਨੂੰ ਤੀਜਾ ਸਥਾਨ ਹਾਸਲ ਕੀਤਾ



**ਮਾਹਿਲਪੁਰ/ਸਫਰੀ** - ਸੰਤ ਬਾਬਾ ਹਰੀ ਸਿੰਘ ਮੈਮੋਰੀਅਲ ਕਾਲਜ ਫਾਰ ਵੋਮੈਨ ਚੇਲਾ ਮਖਸੂਸਪੁਰ ਜ਼ਿਲ੍ਹਾ ਹੁਸ਼ਿਆਰਪੁਰ ਵਲੋਂ ਪੰਜਾਬ ਯੂਨੀਵਰਸਿਟੀ ਇੰਟਰ ਕਾਲਜ ਨੇ ਯੋਗਾ ਮੁਕਾਬਲੇ ਵਿਚੋਂ ਤੀਸਰਾ ਸਥਾਨ ਹਾਸਿਲ ਕੀਤਾ। ਇਹ ਇਨਾਮ ਕਾਲਜ ਦੇ ਸਾਰੇ ਕਮੇਟੀ ਮੈਂਬਰ, ਪ੍ਰਿੰਸੀਪਲ ਮੈਡਮ ਸਰੂਪ ਰਾਣੀ ਅਤੇ ਸਰੀਰਕ ਸਿੱਖਿਆ ਦੀ ਅਧਿਆਪਕਾ ਮੈਡਮ ਰੇਖਾ ਰਾਣੀ (ਅਸਿਸਟੈਂਟ ਪ੍ਰੋਫੈਸਰ ਯੋਗਾ) ਯੋਗਾ ਟੀਮ ਦੀ ਕੋਚ ਦੀ ਮਿਹਨਤ ਸਦਕਾ, ਪਲਕ ਸਰਮਾ, ਕਿਰਨਪ੍ਰੀਤ, ਹਰਜਿੰਦਰ, ਪੂਨਮ, ਕੋਮਲ ਸੁਹਾਨ , ਅਤੇ ਸਿਮਰਨਪ੍ਰੀਤ ਕੌਰ ਦੀ ਮਿਹਨਤ ਨੇ ਮਾਣ ਪ੍ਰਾਪਤ ਕੀਤਾ।

ਪ੍ਰਿੰਸੀਪਲ ਮੈਡਮ ਸਰੂਪ ਰਾਣੀ ਨੇ ਕਿਹਾ ਕਿ ਆਓ ਅਸੀਂ ਸਾਰੇ , ਬੱਚਿਆਂ ਨੂੰ ਯੋਗਾ ਅਭਿਆਸ ਨਾਲ ਜੋੜੀਏ ਜਿਸ ਨਾਲ ਬੱਚੇ ਭਿਆਨਕ ਬਿਮਾਰੀਆਂ ਤੋਂ ਬਚ ਸਕਨ ਤੇ ਸਿਹਤਮੰਦ ਹੋਣ। ਬੱਚਿਆਂ ਦੀ ਇਸ ਜਿੱਤ ਨਾਲ ਇਲਾਕੇ ਵਿੱਚ ਕਾਫੀ ਵਾਹ-ਵਾਹ ਹੋ ਰਹੀ ਹੈ।

## ਮੋਬਾਈਲ ਮਾਰਕੀਟ 'ਚ 39 ਨੌਜਵਾਨਾਂ ਨੇ ਖ਼ੂਨਦਾਨ ਕੀਤਾ



**ਚੰਡੀਗੜ੍ਹ, ( ਕ੍ਰਿਸ਼ਨ ਗਰਗ )**—ਡੇਂਗੂ ਕਾਰਨ ਹਸਪਤਾਲਾਂ ਵਿੱਚ ਖੂਨ ਦੀ ਕਮੀ ਨੂੰ ਪੂਰਾ ਕਰਨ ਲਈ ਵਿਸਵਾਸ ਫਾਊਂਡੇਸਨ ਪੰਚਕੂਲਾ, ਐਚਡੀਐਫਸੀ ਬੈਂਕ ਅਤੇ ਰੈੱਡ ਕਰਾਸ ਯੂਟੀ ਚੰਡੀਗੜ੍ਹ ਵੱਲੋਂ ਮੋਬਾਈਲ ਮਾਰਕੀਟ ਸੈਕਟਰ 22ਬੀ ਚੰਡੀਗੜ੍ਹ ਵਿਖੇ ਖੂਨਦਾਨ ਕੈਂਪ ਲਗਾਇਆ ਗਿਆ। ਇਹ ਖੂਨਦਾਨ ਕੈਂਪ ਟਰੇਡਰਜ ਵੈਲਫੇਅਰ ਐਸੋਸੀਏਸਨ ਸੈਕਟਰ 22ਬੀ ਦੇ ਸਹਿਯੋਗ ਨਾਲ ਲਗਾਇਆ ਗਿਆ। ਕੈਂਪ ਵਿੱਚ 52 ਵਿਅਕਤੀਆਂ ਨੇ ਖੂਨਦਾਨ ਕਰਨ ਲਈ ਰਜਿਸਟ੍ਰੇਸਨ ਕਰਵਾਈ। ਡਾ: ਸ਼ਿਵਾਨੀ ਦੀ ਦੇਖ-ਰੇਖ ਹੇਠ ਕੁੱਲ 39 ਯੂਨਿਟ ਖੂਨ ਇਕੱਤਰ ਕੀਤਾ। ਵਿਸਵਾਸ ਫਾਊਂਡੇਸ਼ਨ ਦੀ ਪ੍ਰਧਾਨ ਸਾਧਵੀ ਨੀਲਿਮਾ ਵਿਸਵਾਸ ਨੇ ਦੱਸਿਆ ਕਿ ਟਰੇਡਰਜ ਵੈਲਫੇਅਰ ਐਸੋਸੀਏਸ਼ਨ ਸੈਕਟਰ 22ਬੀ ਦੇ ਪ੍ਰਧਾਨ ਸੁਭਾਸ ਨਾਰੰਗ ਨੇ ਖੂਨਦਾਨੀਆਂ ਨੂੰ ਬੈਜ ਦੇ ਕੇ ਕੈਂਪ ਦਾ ਉਦਘਾਟਨ ਕੀਤਾ ਅਤੇ ਖੂਨਦਾਨ ਕਰਨ ਲਈ ਆਏ ਲੋਕਾਂ ਨੂੰ ਪ੍ਰੇਰਿਤ ਵੀ ਕੀਤਾ। ਇਸ ਮੌਕੇ ਉਨ੍ਹਾਂ ਨਾਲ ਰੈੱਡ ਕਰਾਸ ਯੂਟੀ ਤੋਂ ਟਰੇਨਿੰਗ ਸੁਪਰਵਾਈਜਰ ਸੁਸੀਲ ਕੁਮਾਰ ਟਾਂਕ ਵੀ ਹਾਜਰ ਸਨ। ਉਨ੍ਹਾਂ ਕਿਹਾ ਕਿ ਲੋਕਾਂ ਵਿੱਚ ਇਹ ਗਲਤ ਧਾਰਨਾ ਹੈ ਕਿ ਖੂਨਦਾਨ ਕਰਨ ਨਾਲ ਸਰੀਰ ਵਿੱਚ ਕਮਜੋਰੀ ਆਉਂਦੀ ਹੈ। ਖੂਨਦਾਨ ਕਰਨ ਨਾਲ ਕੋਈ ਕਮਜੋਰੀ ਨਹੀਂ ਆਉਂਦੀ, ਸਗੋਂ ਹਰ ਵਿਅਕਤੀ ਨੂੰ 90 ਦਿਨਾਂ ਵਿੱਚ ਇੱਕ ਵਾਰ ਖੂਨਦਾਨ ਕਰਨਾ ਚਾਹੀਦਾ ਹੈ। ਇਸ ਨਾਲ ਲੋੜਵੰਦਾਂ ਦੀ ਮਦਦ ਹੁੰਦੀ ਹੈ ਅਤੇ ਸਰੀਰ ਵੀ ਤੰਦਰੁਸਤ ਰਹਿੰਦਾ ਹੈ। ਕੈਂਪ ਵਿੱਚ ਆਏ ਸਾਰੇ ਖੂਨਦਾਨੀਆਂ ਨੂੰ ਪ੍ਰਸ਼ੰਸਾ ਪੱਤਰ ਅਤੇ ਤੋਹਫੇ ਦੇ ਕੇ ਉਤਸ਼ਾਹਿਤ ਕੀਤਾ ਗਿਆ। ਇਸ ਮੌਕੇ ਰਿਸ਼ੀ ਸਰਲ ਵਿਸਵਾਸ, ਰਿਸ਼ੀ ਮੋਹਿਤ ਵਿਸਵਾਸ, ਰਮੇਸ਼ ਸੁਮਨ, ਰੈੱਡ ਕਰਾਸ ਸਟਾਫ ਅਤੇ ਵਿਸਵਾਸ ਫਾਊਂਡੇਸ਼ਨ ਦੇ ਹੋਰ ਪਤਵੰਤੇ ਸੱਜਣ ਹਾਜਰ ਸਨ।

## ਜਨਮ ਦਿਨ ਮੁਬਾਰਕ



ਇਕਮਜੋਤ ਸਿੰਘ, ਅੱਡਾ ਝਬਾਲ



ਗੁਰਸਿਫ਼ਤ ਕੌਰ, ਅੰਮ੍ਰਿਤਸਰ

## ਸ਼ਹਿਨਾਈਆਂ



ਕੁਲਦੀਪ ਸਿੰਘ ਤੇ ਪਵਨਦੀਪ ਕੌਰ ਵਾਸੀ ਮੋਰਿੰਡਾ ਨੇ ਆਪਣੇ ਵਿਆਹ ਦੀ 22ਵੀਂ ਵਰ੍ਹੇਗੰਢ ਮਨਾਈ



ਸਿਮਰਨਦੀਪ ਕੌਰ ਪੁੱਤਰੀ ਪ੍ਰਿਮੰਦਰ ਸਿੰਘ ਵਾਸੀ ਮਨਸੂਰਪੁਰ ਵਡਾਲਾ ਦਾ ਵਿਆਹ ਅੰਮ੍ਰਿਤਪਾਲ ਸਿੰਘ ਬੈਂਸ ਸਪੁੱਤਰ ਦਲਜੀਤ ਸਿੰਘ ਬੈਂਸ ਵਾਸੀ ਡੇਰਾ ਬਾਬਾ ਨਾਨਕ ਰੋਡ ਗੁਰਦਾਸਪੁਰ ਨਾਲ ਹੋਇਆ।

## ਐਲ ਪੀ ਯੂ ਦੇ ਸਕੂਲ ਆਫ ਹੋਟਲ ਮੈਨੇਜਮੈਂਟ ਵੱਲੋਂ ਅਮਰੀਕਨ ਬਲੂਬੇਰੀਜ਼ ਤੇ ਸੈਲੀਬ੍ਰਿਟੀ ਮਾਸਟਰ ਕਲਾਸ



**ਜਲੰਧਰ (ਸ਼ੈਲੀ ਅਲਬਰਟ)**—ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ. ਪੀ. ਯੂ.) ਦੇ ਸਕੂਲ ਆਫ ਹੋਟਲ ਮੈਨੇਜਮੈਂਟ ਐਂਡ ਟੂਰਿਜਮ ਨੇ ਅਮਰੀਕਨ ਬਲੂਬੇਰੀ 'ਤੇ ਸੈਲੀਬ੍ਰਿਟੀ ਮਾਸਟਰ-ਕਲਾਸ ਦਾ ਆਯੋਜਨ ਕੀਤਾ। ਵਿਸ਼ਵ ਪੱਧਰ 'ਤੇ "ਸੁਪਰ-ਫੂਡ" ਮੰਨੇ ਜਾਂਦੇ ਇਸ ਫਰੂਟ ਬਾਰੇ ਵਿਦਿਆਰਥੀਆਂ ਨੂੰ ਇਸਦੇ ਵੱਖ-ਵੱਖ ਸਿਹਤ ਲਾਭਾਂ ਅਤੇ ਸੁਆਦੀ ਪਕਵਾਨਾਂ ਬਾਰੇ ਸਿਖਾਇਆ ਗਿਆ। ਇੱਕ ਤਰੀਕੇ ਨਾਲ, ਸਕੂਲ ਨੇ ਆਪਣੇ ਵਿਦਿਆਰਥੀਆਂ ਨੂੰ ਰਸੋਈ ਰਚਨਾਤਮਕਤਾ, ਪੋਸ਼ਣ ਸੰਬੰਧੀ ਸਿੱਖਿਆ ਅਤੇ ਪ੍ਰੇਰਣਾ ਦਿੱਤੀ। ਇਸ ਦੇ ਲਈ ਮੁੰਬਈ ਤੋਂ ਮਸ਼ੂਰ ਸ਼ੈੱਫ ਰਾਖੀ ਵਾਸਵਾਨੀ ਅਤੇ ਹੈਲਥ ਨਿਊਟ੍ਰੀਨਿਸ਼ ਡਾ: ਅਸ਼ਨੀਕਪੂਰ ਨੇ ਐਲਪੀਯੂ ਦਾ ਦੌਰਾ ਕੀਤਾ ਅਤੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਕਿ ਬਲੂਬੇਰੀ ਖੁਰਾਕ ਫਾਈਬਰ, ਵਿਟਾਮਿਨ ਸੀ ਅਤੇ ਕੇ, ਮੈਂਗਨੀਜ਼, ਆਇਰਨ ਅਤੇ ਕਈ ਐਂਟੀਆਕਸੀਡੈਂਟਸ ਦਾ ਇੱਕ ਵਧੀਆ ਸਰੋਤ ਹੈ। ਸ਼ੈੱਫ ਵਾਸਵਾਨੀ ਨੇ ਬਲੂਬੇਰੀ ਦੇ ਨਾਲ ਸੁਆਦੀ ਪਕਵਾਨ ਤਿਆਰ ਕਰਕੇ ਆਪਣੀ ਰਸੋਈ ਦੀ ਬੇਹਤਰੀਨ ਸਕਤੀ ਦਾ ਪ੍ਰਦਰਸ਼ਨ ਕੀਤਾ। ਅਮਰੀਕਨ ਬਲੂਬੇਰੀਜ ਦੀ ਸਿਹਤ ਪੋਸ਼ਣ ਵਿਗਿਆਨੀ ਡਾ. ਅਸ਼ਨੀ ਕਪੂਰ ਨੇ ਵਿਦਿਆਰਥੀਆਂ ਨੂੰ ਬਲੂਬੇਰੀ ਨਾਲ ਜੁੜੇ ਕਈ ਚਿਕਿਤਸਕ ਅਤੇ ਸਿਹਤ ਲਾਭਾਂ ਬਾਰੇ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਇਹ ਬਹੁਤ ਸਾਰੇ ਪੌਸ਼ਟਿਕ ਤੱਤ ਪ੍ਰਦਾਨ ਕਰਦੇ ਹਨ, ਜੋ ਦਿਲ, ਦਿਮਾਗ, ਪਾਚਨ, ਅੱਖਾਂ ਅਤੇ ਚਮੜੀ ਦੇ ਲਾਭਾਂ ਸਮੇਤ ਸਿਹਤ 'ਤੇ ਵੱਖ-ਵੱਖ ਸਕਾਰਾਤਮਕ ਪ੍ਰਭਾਵਾਂ ਵਿੱਚ ਯੋਗਦਾਨ ਪਾਉਂਦੇ ਹਨ। ਇਹ ਆਪਣੇ ਐਂਟੀਆਕਸੀਡੈਂਟ ਅਤੇ ਐਂਟੀ-ਇਨਫਲਾਮੇਟਰੀ ਗੁਣਾਂ ਕਾਰਨ ਟਾਈਪ-2 ਡਾਇਬਟੀਜ ਪ੍ਰਬੰਧਨ, ਕੈਂਸਰ ਦੀ ਰੋਕਥਾਮ ਅਤੇ ਭਾਰ ਪ੍ਰਬੰਧਨ ਵਿੱਚ ਯੋਗਦਾਨ ਪਾ ਸਕਦੇ ਹਨ। ਇਸ ਮੌਕੇ 'ਤੇ, ਐਲਪੀਯੂ ਦੀ ਪ੍ਰੋ ਚਾਂਸਲਰ ਸ੍ਰੀਮਤੀ ਰਸਮੀ ਮਿੱਤਲ ਨੇ 'ਗਰੈਬ ਏ ਡੋਜ ਆਫ ਬਲੂ' ਸਿਰਲੇਖ ਵਾਲੀ ਕਿਤਾਬ ਰਿਲੀਜ ਕੀਤੀ। ਇਸ ਕਿਤਾਬ ਵਿੱਚ ਬਲੂਬੇਰੀ ਦੇ ਰਸੋਈ ਅਨੰਦ ਅਤੇ ਖਾਣਾ ਪਕਾਉਣ ਅਤੇ ਪਕਾਉਣਾ ਦੋਵਾਂ ਵਿੱਚ ਵਰਤੋਂ ਬਾਰੇ ਵਿਭਿੰਨ ਵੇਰਵੇ ਸ਼ਾਮਲ ਹਨ। ਸ੍ਰੀਮਤੀ ਮਿੱਤਲ ਨੇ ਵਿਦਿਆਰਥੀਆਂ ਨੂੰ ਆਪਣੇ ਕਿੱਤੇ ਨੂੰ ਲਗਨ ਨਾਲ ਅਪਣਾਉਂਦੇ ਰਹਿਣ ਲਈ ਪ੍ਰੇਰਿਤ ਕੀਤਾ। ਰਸੋਈ ਜਗਤ ਵਿੱਚ ਅਨੰਦ 'ਤੇ ਜ਼ੋਰ ਦਿੰਦੇ ਹੋਏ, ਸ੍ਰੀਮਤੀ ਮਿੱਤਲ ਨੇ ਵਿਦਿਆਰਥੀਆਂ ਦੀ ਰਚਨਾਤਮਕ ਭਾਵਨਾ ਦੀ ਵੀ ਸ਼ਲਾਘਾ ਕੀਤੀ। ਉਨਾਂ ਵਿਦਿਆਰਥੀਆਂ ਨੂੰ ਦੱਸਿਆ ਕਿ 'ਬਲੂਬੇਰੀ' ਇੰਨੇ ਹਲਕੇ ਅਤੇ ਸੁਆਦੀ ਹਨ ਕਿ ਉਹ ਹੋਰ ਬਹੁਤ ਸਾਰੀਆਂ ਚੀਜਾਂ ਨਾਲ ਚੰਗੀ ਤਰ੍ਹਾਂ ਮੇਲ ਖਾਂਦੇ ਹਨ। ਇਸ ਸਮੇਂ, ਦੋ ਫੂਡ ਬਲੌਗਰਜ ਵੀ ਸਮਾਗਮ ਦੇ ਸਾਰ ਨੂੰ ਹਾਸਲ ਕਰਨ ਲਈ ਮੌਜੂਦ ਸਨ। ਵਿਦਿਆਰਥੀਆਂ ਨੇ ਨਾ ਸਿਰਫ ਵੱਖ-ਵੱਖ ਕਿਸਮਾਂ ਦੀਆਂ ਬਲੂਬੇਰੀਆਂ ਬਾਰੇ ਸਿੱਖਿਆ, ਸਗੋਂ ਇਸ ਦੇ ਸੁਆਦ ਪ੍ਰੋਫਾਈਲ ਬਾਰੇ ਉਨ੍ਹਾਂ ਦੀ ਸਮਝ ਨੂੰ ਵਧਾਉਂਦੇ ਹੋਏ, ਵਿਸੇਸ ਸਮੱਗਰੀ ਨੂੰ ਸੁਆਦ ਕਰਨ ਦਾ ਮੌਕਾ ਵੀ ਮਿਲਿਆ। ਉਦਯੋਗਿਕ ਇੰਟਰਨਸ਼ਿਪ ਚੋਟੀ ਦੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੰਜ-ਸਿਤਾਰਾ ਹੋਟਲ ਬ੍ਰਾਂਡਾਂ ਜਿਵੇਂ ਕਿ ਲੀਲਾ ਪੈਲੇਸ ਅਤੇ ਰਿਜੋਰਟਸ, ਆਈ.ਟੀ.ਸੀ., ਤਾਜ, ਓਬਰਾਏ, ਹਯਾਤ, ਮੈਰੀਅਟ, ਹਿਲਟਨ, ਰੇਨੇਸੈਂਸ ਅਤੇ ਮੈਰੀਅਟ (ਮਲੇਸ਼ੀਆ), ਤਾਜ ਤਾਸੀ ਅਤੇ ਲੇ ਮੈਰੀਡੀਅਨ ਥਿੰਫੂ (ਭੂਟਾਨ), ਵੈਸਟੀਨ, ਟਰਟਲ ਬੇ ਰਿਜੋਰਟ (ਮੌਰੀਸਸ), ਤਾਜ ਐਕਸੋਟਿਕਾ (ਮਾਲਦੀਵਜ), ਸਾਂਗਰੀ-ਲਾ (ਥਾਈਲੈਂਡ), ਮੈਰੀਅਟ ਐਂਡ ਹਯਾਟ (ਅਮਰੀਕਾ), ਮਿਸ਼ੇਲਿਨ ਸਟਾਰ ਰੈਸਟੋਰੈਂਟ (ਐਲ ਔਬਰ ਗੇਡ ਟਰਾਮਾ) ਫਰਾਂਸ ਆਦਿ ਵਿੱਚ ਪ੍ਰਦਾਨ ਕੀਤੀ ਜਾਂਦੀ ਹੈ।

## ਸਰਕਾਰੀ ਕਾਲਜ 'ਚ ਐੱਨ ਐੱਸ ਐੱਸ ਤੇ ਸਟੂਡੈਂਟ ਕੌਂਸਲ ਵੱਲੋਂ ਇੱਕ ਰੋਜ਼ਾ ਕੈਂਪ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਸਰਕਾਰੀ ਕਾਲਜ, ਹੁਸ਼ਿਆਰਪੁਰ ਵਿੱਚ ਕਾਲਜ ਦੇ ਪ੍ਰਿੰਸੀਪਲ ਅਨੀਤਾ ਸਾਗਰ ਦੀ ਅਗਵਾਈ ਵਿੱਚ ਐਨ.ਐਸ.ਐਸ.ਇੰਚਾਰਜ ਵਿਜੇ ਕੁਮਾਰ ਅਤੇ ਰਣਜੀਤ ਕੁਮਾਰ ਅਤੇ ਕਾਲਜ ਸਟੂਡੈਂਟ ਕੌਂਸਲ ਦੀ ਇੰਚਾਰਜ ਵਿਦਿਆਰਥਣ ਸੁਖਮੀਨ ਬੰਗਾ ਦੇ ਸਹਿਯੋਗ ਨਾਲ ਇੱਕ ਰੋਜ਼ਾ ਕੈਂਪ ਲਗਾ ਕੇ ਕਾਲਜ ਦੀ ਸਫਾਈ ਕੀਤੀ ਗਈ। ਪ੍ਰੋ. ਵਿਜੇ ਕੁਮਾਰ ਨੇ ਇਸ ਮੌਕੇ ਵਿਦਿਆਰਥੀਆਂ ਨੂੰ ਸਫਾਈ ਦੇ ਮਹੱਤਵ 'ਤੇ ਚਾਨਣਾ ਪਾਉਂਦੇ ਹੋਏ ਯੁਵਾ ਵਰਗ ਨੂੰ ਵਿਸ਼ੇਸ਼ ਤੌਰ 'ਤੇ ਇਸ ਵੱਲ ਧਿਆਨ ਦੇਣ ਲਈ ਪ੍ਰੇਰਿਤ ਕੀਤਾ ਤਾਂਕਿ ਵਾਤਾਵਰਣ ਜਿਸ ਤਰ੍ਹਾਂ ਅੱਜਕਲ ਦੂਸ਼ਿਤ ਹੁੰਦਾ ਜਾ ਰਿਹਾ ਹੈ, ਮਨੁੱਖ ਨੂੰ ਕਈ ਤਰ੍ਹਾਂ ਦੀਆ ਬਿਮਾਰੀਆਂ ਲੱਗ ਰਹੀਆਂ ਹਨ, ਉਹਨਾਂ ਤੋਂ ਸਾਨੂੰ ਰਾਹਤ ਮਿਲ ਸਕੇ। ਕਾਲਜ ਦੇ ਲੱਗਭਗ 100 ਵਿਦਿਆਰਥੀਆਂ ਵੱਲੋਂ ਇਸ ਸਫਾਈ ਅਭਿਆਨ ਵਿੱਚ ਹਿੱਸਾ ਲਿਆ ਗਿਆ ਜਿਹਨਾਂ ਨੇ ਕਾਲਜ ਦੇ ਵੱਖ-ਵੱਖ ਥਾਵਾਂ ਦੀ ਸਫਾਈ ਕੀਤੀ। ਇਸ ਮੌਕੇ ਵਿਜੇ ਕੁਮਾਰ, ਰਣਜੀਤ ਕੁਮਾਰ, ਧਰਮਵੀਰ, ਕੁਲਵਿੰਦਰ ਕੌਰ, ਸਟੂਡੈਂਟ ਕੌਂਸਲ ਦੀ ਪ੍ਰਧਾਨ ਵਿਦਿਆਰਥਣ ਸੁਖਮੀਨ ਬੰਗਾ ਅਤੇ ਸਤਪਾਲ ਨੇ ਵੀ ਵਿਦਿਆਰਥੀਆਂ ਨਾਲ ਸਫਾਈ ਕਰਨ ਵਿੱਚ ਆਪਣਾ ਸਹਿਯੋਗ ਦਿੱਤਾ।



ਐਨ ਐਚ ਪੀ ਸੀ ਦੇ ਨਿਰਦੇਸ਼ਕ (ਤਕਨੀਕੀ) ਰਾਜ ਕੁਮਾਰ ਚੌਧਰੀ ਦਾ ਚੰਡੀਗੜ੍ਹ ਖੇਤਰ ਦਫ਼ਤਰ 'ਚ ਸਵਾਗਤ ਕਰਦੇ ਹੋਏ ਗਰੁੱਪ ਮਹਾਂ ਪ੍ਰਬੰਧਕ, ਨੰਨ੍ਹੇ ਰਾਮ, ਮਹਾਂਪ੍ਰਬੰਧਨ (ਵਿਧਿ) ਰੂਬੀ ਰੈਣਾ ਰਾਏ ਅਤੇ ਖੇਤਰੀ ਦਫ਼ਤਰ ਚੰਡੀਗੜ੍ਹ ਦੇ ਸੀਨੀਅਰ ਅਧਿਕਾਰੀ।

## ਬੀ ਡੀ ਪੀ ਓ ਦਫਤਰ ਵਿਖੇ ਪ੍ਰਕਾਸ਼ ਪੁਰਬ ਨੂੰ ਸਮਰਪਤ ਧਾਰਮਿਕ ਸਮਾਗਮ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**

ਪਹਿਲੀ ਪਾਤਸ਼ਾਹੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਬੀਡੀਪੀਓ ਦਫਤਰ ਸੁਲਤਾਨਪੁਰ ਲੋਧੀ ਵਿਖੇ ਬੀਡੀਪੀਓ ਜਸਜੀਤ ਕੌਰ ਦੀ ਅਗਵਾਈ 'ਚ ਇਕ ਧਾਰਮਿਕ ਸਮਾਗਮ ਆਯੋਜਿਤ ਕੀਤਾ ਗਿਆ। ਇਸ ਮੌਕੇ 'ਤੇ ਬੀਡੀਪੀਓ ਦਫਤਰ ਵਿਖੇ 554ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ। ਇਸ ਸਮਾਗਮ 'ਚ ਵੱਡੀ ਗਿਣਤੀ 'ਚ ਸਬ ਡਵੀਜਨ ਸੁਲਤਾਨਪੁਰ ਲੋਧੀ ਦੇ ਪੰਚ-ਸਰਪੰਚ ਆਦਿ ਸਮੇਤ ਬੀਡੀਪੀਓ ਦਫਤਰ ਦੇ ਹੋਰ ਅਧਿਕਾਰੀ ਅਤੇ ਕਰਮਚਾਰੀ ਪਰਵਾਰਾਂ ਸਮੇਤ ਸੰਗਤ ਰੂਪ 'ਚ ਸ਼ਾਮਿਲ ਹੋਏ । ਇਸ ਮੌਕੇ 'ਤੇ ਢਾਡੀ ਜਥੇ ਵੱਲੋਂ ਢਾਡੀ ਵਾਰਾਂ ਨਾਲ ਸੰਗਤ ਨੂੰ ਨਿਹਾਲ ਕੀਤਾ ਗਿਆ ਅਤੇ ਗੁਰੂ ਕੇ ਅਤੁੱਟ ਲੰਗਰ ਵਰਤਾਏ ਗਏ। ਇਸ ਮੌਕੇ ਸੀ ਡੀ ਪੀ ਓ ਰਾਜੀਵ ਢਾਂਡਾ, ਸੁਖਦੇਵ ਸਿੰਘ ਸੈਕਟਰੀ, ਕਸ਼ਮੀਰ ਸਿੰਘ, ਪਰਮਿੰਦਰ ਸਿੰਘ ਟੀਸੀ, ਬਲਵਿੰਦਰ ਸਿੰਘ, ਹਰਦੇਵ ਸਿੰਘ, ਹਰਨੇਕ ਸਿੰਘ, ਰਣਜੀਤ ਸਿੰਘ, ਰਛਪਾਲ ਸਿੰਘ, ਨਿਰਮਲ ਸਿੰਘ ਸਾਬਕਾ ਪੰਚਾਇਤ ਅਫਸਰ ਆਦਿ ਹਾਜ਼ਰ ਸਨ।

## ਗੁ: ਸਿੰਘ ਸ਼ਹੀਦਾਂ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਮਾਗਮ 22 ਤੋਂ 27 ਤੱਕ

**ਮੋਹਾਲੀ (ਗੁਰਜੀਤ ਬਿੱਲਾ)**



ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀਜ ਦੇ ਪ੍ਰਕਾਸ਼ ਪੁਰਬ ਸਮਾਗਮ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਏ ਜਾਣਗੇ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਮਿਤੀ 22 ਨਵੰਬਰ ਤੋਂ 27 ਨਵੰਬਰ ਤੱਕ ਰੋਜ਼ਾਨਾ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਜਾ ਰਿਹਾ ਹੈ ਜਿਸ ਵਿੱਚ ਭਾਈ ਸਰਬਜੀਤ ਸਿੰਘ ਲੁਧਿਆਣੇ ਵਾਲੇ, ਗਿਆਨੀ ਸਾਹਿਬ ਸਿੰਘ ਸ਼ਾਹਬਾਦ ਮਾਰਕੰਡੇ ਵਾਲੇ, ਭਾਈ ਪ੍ਰਿਤਪਾਲ ਸਿੰਘ ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਪਟਿਆਲੇ ਵਾਲੇ, ਸਿੰਘ ਸਾਹਿਬ ਗਿਆਨੀ ਗੁਰਪ੍ਰੀਤ ਸਿੰਘ ਸ੍ਰੀ ਦਰਬਾਰ ਸਾਹਿਬ ਜੀ ਅੰਮ੍ਰਿਤਸਰ ਵਾਲੇ, ਭਾਈ ਅਜਮੇਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਇੰਦਰਜੀਤ ਸਿੰਘ ਨਾਨਕਸਰ ਵਾਲੇ, ਬੀਬੀ ਜਸਲੀਨ ਕੌਰ ਜੀ ਜੱਸ ਅਤੇ ਸੰਗਰੂਰ ਵਾਲੀਆਂ ਬੀਬੀਆਂ ਦਾ ਇੰਟਰਨੈਸ਼ਨ ਢਾਡੀ ਜੱਥਾ, ਮੀਰੀ ਪੀਰੀ ਖਾਲਸਾ ਕੀਰਤਨੀ ਜੱਥਾ, ਸ਼ੇਰੇ ਪੰਜਾਬ ਕਵੀਸ਼ਰੀ ਜੱਥਾ, ਮਿਤਰ ਪਿਆਰੇ ਨੂੰ ਕੀਰਤਨੀ ਜੱਥਾ, ਬਾਬਾ ਦੀਪ ਸਿੰਘ ਕਵੀਸ਼ਰੀ ਜੱਥਾ, ਸੰਤ ਬਾਬਾ ਪਿਆਰਾ ਸਿੰਘ ਸਿਰਥਲੇ ਵਾਲੇ, ਸੰਤ ਬਾਬਾ ਕੁਲਦੀਪ ਸਿੰਘ ਅਤੇ ਉੱਚ ਕੋਟੀ ਦੇ ਸੰਤ ਵਿਦਵਾਨ ਸੰਗਤਾਂ ਨੂੰ ਹਰਜੱਸ ਸੁਨਾ ਕੇ ਨਿਹਾਲ ਕਰਨਗੇ। ਮਿਤੀ 26 ਨਵੰਬਰ ਨੂੰ ਨਗਰ ਕੀਰਤਨ ਦਾ ਆਯੋਜਨ ਕੀਤਾ ਜਾਵੇਗਾ। ਪ੍ਰਕਾਸ਼ ਪੁਰਬ ਵਾਲੇ ਦਿਨ 27 ਨਵੰਬਰ ਨੂੰ ਸਵੇਰੇ 09 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਵਿਸ਼ਾਲ ਅੰਮ੍ਰਿਤ ਸੰਚਾਰ ਦਾ ਆਯੋਜਨ ਸਵੇਰੇ 10:00 ਵਜੇ ਕੀਤਾ ਜਾਵੇਗਾ। ਇਸ ਦਿਨ ਸੱਚ ਖੰਡ ਵਾਸੀ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਦੀ ਪ੍ਰੇਰਨਾ ਸਦਕਾ ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਯਾਦਗਾਰੀ 31ਵਾਂ ਕੁਸ਼ਤੀ ਦੰਗਲ ਦੁਪਹਿਰ 1 ਵਜੇ ਅਰੰਭ ਹੋਵੇਗਾ। ਇਸ ਕੁਸ਼ਤੀ ਦੰਗਲ ਵਿੱਚ ਦੇਸ਼ ਵਿਦੇਸ਼ ਦੇ ਉੱਘੇ ਅਤੇ ਨਾਮੀ ਪਹਿਲਵਾਨ ਆਪਣੇ ਜੌਹਰ ਵਿਖਾਉਣਗੇ। ਗੁਰੂ ਕਾ ਲੰਗਰ ਇੰਨ੍ਹਾਂ ਸਮਾਗਮਾਂ ਵਿੱਚ ਅਤੁੱਟ ਵਰਤਾਇਆ ਜਾਵੇਗਾ।

## ਕਾਂਗਰਸੀ ਆਗੂ ਪਰਮਿੰਦਰ ਸਿੰਘ ਸੰਘੇੜਾ ਨੂੰ ਸਦਮਾ-ਪਿਤਾ ਦਾ ਦੇਹਾਂਤ



**ਬਿਲਗਾ (ਵਿਜੇ ਕੁਮਾਰ)**-ਨਗਰ ਪੰਚਾਇਤ ਬਿਲਗਾ ਦੇ ਸਾਬਕਾ ਵਾਇਸ ਪ੍ਰਧਾਨ ਪਰਮਿੰਦਰ ਸਿੰਘ ਸੰਘੇੜਾ ਨੂੰ ਉਸ ਸਮੇਂ ਭਾਰੀ ਸਦਮਾ ਲੱਗਾ ਜਦੋਂ ਬੁੱਧਵਾਰ 15 ਨਵੰਬਰ ਨੂੰ ਉਨ੍ਹਾਂ ਦੇ ਪਿਤਾ ਜੰਗ ਬਹਾਦਰ ਸਿੰਘ (82) ਪੁੱਤਰ ਸੈਕਰ ਸਿੰਘ ਦੀ ਤਬੀਅਤ ਰਾਤ ਨੂੰ ਅਚਾਨਕ ਖਰਾਬ ਹੋ ਗਈ। ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ ਜਿਥੇ ਉਹ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਗਏ। ਉਹ ਆਪਣੇ ਪਿਛੇ ਮਹਿੰਦਰ ਕੌਰ (ਪਤਨੀ), ਮਨਜੀਤ ਕੌਰ, ਅਵਜਿੰਦਰ ਕੌਰ (ਪੁੱਤਰੀਆਂ) ਅਤੇ ਦਲਬੀਰ ਸਿੰਘ, ਪਰਮਿੰਦਰ ਸਿੰਘ (ਪੁੱਤਰਾਨ) ਜੰਗ ਬਹਾਦਰ ਸਿੰਘ ਛੱਡ ਗਏ ਹਨ। ਸਸਕਾਰ 19 ਨਵੰਬਰ ਦਿਨ ਐਤਵਾਰ ਸਵੇਰੇ 10:00 ਵਜੇ ਸ਼ਮਸ਼ਾਨ ਘਾਟ ਨਗਰ ਬਿਲਗਾ ਵਿਖੇ ਕੀਤਾ ਜਾਵੇਗਾ ।

## ਕੰਧਾਲੀ ਨੌਰੰਗਪੁਰ 'ਚ 12ਵਾਂ ਭਗਵਤੀ ਜਾਗਰਣ ਅੱਜ

**ਅੱਡਾ ਸਰਾਂ (ਜਸਵੀਰ ਕਾਜਲ)**-ਨਜਦੀਕ ਪਿੰਡ ਕੰਧਾਲੀ ਨੌਰੰਗਪੁਰ ਵਿਖੇ ਬਾਬਾ ਸਿੱਧ ਚਰਨੋ ਕਲੱਬ ਵੱਲੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ 12ਵਾਂ ਸਾਲਾਨਾ ਭਗਵਤੀ ਜਾਗਰਣ ਅੱਜ ਸ਼ਨੀਵਾਰ ਨੂੰ ਕਰਵਾਇਆ ਜਾ ਰਿਹਾ ਹੈ । ਇਸ ਮੌਕੇ ਪ੍ਰਬੰਧਕਾਂ ਵਲੋਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਭਗਵਤੀ ਜਾਗਰਣ ਮੌਕੇ ਰਮੇਸ਼ ਬਿੱਟੂ ਪ੍ਰਤਾਪਪੁਰਾ ਜਲੰਧਰ ਜਾਗਰਣ ਪਾਰਟੀ ਮਾਤਾ ਜੀ ਦੀ ਮਹਿਮਾ ਦਾ ਗੁਣਗਾਨ ਕਰਨਗੇ । ਇਸ ਉਪਰੰਤ ਚਾਹ ਪਕੌੜਿਆਂ ਦਾ ਅਤੇ ਅਤੁੱਟ ਲੰਗਰ ਵੀ ਵਰਤਾਇਆ ਜਾਵੇਗਾ।

## ਬਿਜਲੀ ਦੀ ਖਰਾਬੀ ਕਾਰਨ ਰੇਲਾਂ ਰਹੀਆਂ ਦੋ ਘੰਟੇ ਬੰਦ



**ਫਿਲੌਰ (ਨਿਰਮਲ)** ਫਿਲੌਰ-ਲੁਧਿਆਣਾ ਵਿਚਕਾਰ ਹਾਈ ਪਾਵਰ ਵੋਲਟੇਜ ਬਿਜਲੀ ਦੀਆਂ ਤਾਰਾਂ ਵਿੱਚ ਆਈ ਖਰਾਬੀ ਕਾਰਨ ਇਥੇ ਰੇਲਵੇ ਦੀ ਆਵਾਜਾਈ ਬੰਦ ਰਹੀ ਜਿਸ ਕਾਰਨ ਲੰਬੀ ਦੂਰੀ ਦੇ ਯਾਤਰੀ ਬਹੁਤ ਪ੍ਰੇਸ਼ਾਨ ਹੋਏ। ਫਿਲੌਰ ਰੇਲਵੇ ਸਟੇਸ਼ਨ 'ਤੇ ਲਗਭਗ 1 ਘੰਟਾ 40 ਮਿੰਟ ਤੱਕ ਆਵਾਜਾਈ ਰਹੀ ਬੰਦ ਜਿਸ ਕਾਰਨ ਅੰਮ੍ਰਿਤਸਰ- ਦਿੱਲੀ ਜਾਣ ਵਾਲੀਆਂ ਗੱਡੀਆਂ ਪ੍ਰਭਾਵਿਤ ਹੋਈਆਂ।